20-JAN-PAGE-1.qxd 1/19/2024 9:07 PM Page 1

ਸ਼ਨੀਵਾਰ, 20 ਜਨਵਰੀ, 2024
7 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 231

# ਨਵਾਂ ਜ਼ਮਾਨਾ

DAILY NAWAN ZAMANA • SATURDAY, 20 JANUARY, 2024
ਜਲੰਧਰ
ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

# 'ਇੱਕ ਦੇਸ਼-ਇੱਕ ਚੋਣ' ਗੈਰ-ਜਮਹੂਰੀ : ਖੜਗੇ

## ਸਾਬਕਾ ਰਾਸ਼ਟਰਪਤੀ ਕੋਵਿੰਦ ਦੀ ਅਗਵਾਈ ਵਾਲੀ ਕਮੇਟੀ ਨੂੰ ਭੰਗ ਕਰਨ ਦੀ ਮੰਗ



**ਨਵੀਂ ਦਿੱਲੀ** : ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਇਕ ਦੇਸ਼, ਇਕ ਚੋਣ ਦੇ ਵਿਸ਼ੇ 'ਤੇ ਸਰਕਾਰ ਵੱਲੋਂ ਕਾਇਮ ਉੱਚ ਪੱਧਰੀ ਕਮੇਟੀ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਇਕ ਦੇਸ਼ ਵਿਚ ਇੱਕੋ ਸਮੇਂ ਚੋਣਾਂ ਦੀ ਧਾਰਨਾ ਦੀ ਕੋਈ ਥਾਂ ਨਹੀਂ ਹੈ। ਇਸ ਲਈ ਪਾਰਟੀ ਇਸ ਦਾ ਵਿਰੋਧ ਕਰਦੀ ਹੈ। ਕਮੇਟੀ ਦੇ ਸਕੱਤਰ ਨਿਤੇਨ ਚੰਦਰਾ ਨੂੰ ਭੇਜੇ ਸੁਝਾਅ 'ਚ ਖੜਗੇ ਨੇ ਇਹ ਵੀ ਕਿਹਾ ਕਿ ਨਾਲੋ-ਨਾਲ ਚੋਣਾਂ ਕਰਵਾਉਣ ਦਾ ਵਿਚਾਰ ਸੰਵਿਧਾਨ ਦੇ ਮੂਲ ਢਾਂਚੇ ਦੇ ਖਿਲਾਫ ਹੈ ਅਤੇ ਜੇ ਨਾਲੋ-ਨਾਲ ਚੋਣਾਂ ਦੀ ਵਿਵਸਥਾ ਨੂੰ ਲਾਗੂ ਕਰਨਾ ਹੈ ਤਾਂ ਇਸ 'ਚ ਵੱਡੇ ਬਦਲਾਅ ਕਰਨੇ ਹੋਣਗੇ। ਸਰਕਾਰ ਵੱਲੋਂ ਇੱਕੋ ਸਮੇਂ ਚੋਣਾਂ ਕਰਵਾਉਣ ਦੇ ਅਜਿਹੇ ਵਿਚਾਰ ਸੰਵਿਧਾਨ 'ਚ ਦਰਜ ਸੰਘਵਾਦ ਦੀ ਗਰੰਟੀ ਦੇ ਵਿਰੁੱਧ ਹਨ। ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਦੀ ਅਗਵਾਈ ਵਾਲੀ ਕਮੇਟੀ ਦੀ ਤਰਫੋਂ ਸੁਝਾਅ ਲਈ ਪਿਛਲੇ ਸਾਲ 18 ਅਕਤੂਬਰ ਨੂੰ ਕਾਂਗਰਸ ਪ੍ਰਧਾਨ ਨੂੰ ਪੱਤਰ ਲਿਖਿਆ ਗਿਆ ਸੀ। ਕਾਂਗਰਸ ਪ੍ਰਧਾਨ ਨੇ ਕਮੇਟੀ ਨੂੰ 17 ਨੁਕਤਿਆਂ 'ਤੇ ਆਪਣੇ ਸੁਝਾਅ ਭੇਜੇ ਹਨ। ਖੜਗੇ ਨੇ ਨਾਲੋ-ਨਾਲ ਚੋਣਾਂ ਦੇ ਵਿਚਾਰ ਨੂੰ ਗੈਰਜਮਹੂਰੀ ਦੱਸਦਿਆਂ ਕਿਹਾ ਹੈ ਕਿ ਇਸ ਬਾਰੇ ਬਣਾਈ ਕਮੇਟੀ ਨੂੰ ਭੰਗ ਕਰ ਦੇਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਸਾਬਕਾ ਰਾਸ਼ਟਰਪਤੀ ਕੋਵਿੰਦ ਨੂੰ ਦੇਸ਼ ਦੇ ਸੰਵਿਧਾਨ ਤੇ ਸੰਸਦੀ ਜਮਹੂਰੀਅਤ ਨੂੰ ਖਤਮ ਕਰਨ ਲਈ ਸਰਕਾਰ ਦੇ ਹੱਥਾਂ ਵਿਚ ਨਹੀਂ ਖੇਡਣਾ ਚਾਹੀਦਾ। ਉਨ੍ਹਾ ਇਹ ਵੀ ਕਿਹਾ ਕਿ ਲੱਗਦਾ ਹੈ ਕਿ ਕਮੇਟੀ ਆਪਣਾ ਮਨ ਪਹਿਲਾਂ ਹੀ ਬਣਾ ਚੁੱਕੀ ਹੈ ਤੇ ਸਲਾਹ-ਮਸ਼ਵਰੇ ਤਾਂ ਅੱਖਾਂ ਪੂੰਝਣ ਵਾਲੀ ਗੱਲ ਹੈ। ਸਰਕਾਰ, ਸੰਸਦ ਤੇ ਚੋਣ ਕਮਿਸ਼ਨ ਨੂੰ ਲੋਕਾਂ ਦੇ ਫਤਵੇ ਦਾ ਸਤਿਕਾਰ ਯਕੀਨੀ ਬਣਾਉਣ ਲਈ ਕੰਮ ਕਰਨਾ ਚਾਹੀਦਾ ਹੈ, ਨਾ ਕਿ ਨਾਲੋ-ਨਾਲ ਚੋਣਾਂ ਵਰਗੇ ਗੈਰਜਮਹੂਰੀ ਵਿਚਾਰਾਂ ਬਾਰੇ ਗੱਲਾਂ ਕਰਕੇ ਲੋਕਾਂ ਦਾ ਧਿਆਨ ਭਟਕਾਉਣਾ ਚਾਹੀਦਾ ਹੈ।

ਖੜਗੇ ਨੇ ਕਿਹਾ ਕਿ ਕਮੇਟੀ ਦੀ ਬਣਤਰ ਪੱਖਪਾਤੀ ਹੈ, ਕਿਉਂਕਿ ਇਸ ਵਿਚ ਆਪੋਜ਼ੀਸ਼ਨ ਪਾਰਟੀਆਂ ਨੂੰ ਢੁੱਕਵੀਂ ਨੁਮਾਇੰਦਗੀ ਨਹੀਂ ਦਿੱਤੀ ਗਈ ਜਦ ਕਈ ਰਾਜਾਂ ਵਿਚ ਆਪੋਜ਼ੀਸ਼ਨ ਦੀਆਂ ਸਰਕਾਰਾਂ ਹਨ, ਲੋਕ ਸਭਾ ਤੇ ਅਸੰਬਲੀਆਂ ਦੀਆਂ ਨਾਲੋ-ਨਾਲ ਚੋਣਾਂ ਨਾਲ ਉਨ੍ਹਾਂ ਦਾ ਨੁਕਸਾਨ ਹੋਵੇਗਾ।

ਉਨ੍ਹਾ ਕਿਹਾ ਕਿ ਪਿਛਲੇ 10 ਸਾਲਾਂ ਵਿਚ ਜਿੱਥੇ ਵੀ ਮੁੱਖ ਮੰਤਰੀ ਨੇ ਭਰੋਸਾ ਗੁਆਇਆ, ਉਹ ਇਕ ਖਾਸ ਪਾਰਟੀ ਕਰਕੇ ਗੁਆਇਆ ਕਿਉਂਕਿ ਉਸ ਨੇ ਦਲਬਦਲੀ ਕਰਵਾ ਕੇ ਲੋਕਾਂ ਦਾ ਫਤਵਾ ਚੁਰਾਇਆ। ਲੋਕ ਸਭਾ ਤੇ ਅਸੰਬਲੀਆਂ ਦੀਆਂ ਨਾਲੋ-ਨਾਲ ਚੋਣਾਂ ਨਾਲ ਕਈ ਅਸੰਬਲੀਆਂ ਨੂੰ ਅੱਧਵਾਟੇ ਭੰਗ ਕਰਨਾ ਪਵੇਗਾ। ਇਹ ਉਨ੍ਹਾਂ ਰਾਜਾਂ ਦੇ ਚੋਣਕਾਰਾਂ ਨਾਲ ਦਗਾ ਹੋਵੇਗਾ।

ਖੜਗੇ ਨੇ ਇਸ ਦਲੀਲ ਨੂੰ ਰੱਦ ਕੀਤਾ ਕਿ ਨਾਲੋ-ਨਾਲ ਚੋਣਾਂ ਨਾਲ ਪੈਸੇ ਦੀ ਬੱਚਤ ਹੋਵੇਗੀ। ਉਨ੍ਹਾ ਕਿਹਾ ਕਿ ਪਿਛਲੇ ਪੰਜ ਸਾਲਾਂ ਵਿਚ ਚੋਣਾਂ 'ਤੇ ਕੇਂਦਰੀ ਬੱਜਟ ਦਾ 0.02 ਫੀਸਦੀ ਤੋਂ ਵੀ ਘੱਟ ਖਰਚ ਹੋਇਆ। 2014 ਦੀਆਂ ਲੋਕ ਸਭਾ ਚੋਣਾਂ 'ਤੇ 3870 ਕਰੋੜ ਰੁਪਏ ਖਰਚ ਹੋਏ ਸਨ, ਜਿਸ ਨੂੰ ਕਮੇਟੀ ਬਹੁਤ ਦੱਸ ਰਹੀ ਹੈ। ਉਨ੍ਹਾ ਕਿਹਾ ਕਿ ਕਮੇਟੀ ਨੀਤੀ ਆਯੋਗ 'ਤੇ ਨਿਰਭਰ ਕਰ ਰਹੀ ਹੈ, ਜੋ ਕਿ ਨਾ ਸੰਵਿਧਾਨਕ ਤੇ ਨਾ ਸਟੈਚੁਰੀ ਬਾਡੀ ਹੈ। ਇਸੇ ਕਰਕੇ ਉਹ ਕਹਿ ਰਹੇ ਹਨ ਕਿ ਕਮੇਟੀ ਆਪਣਾ ਮਨ ਬਣਾ ਚੁੱਕੀ ਹੈ ਤੇ ਸਲਾਹ-ਮਸ਼ਵਰੇ ਦਿਖਾਵੇ ਲਈ ਕਰ ਰਹੀ ਹੈ।

# ਪੰਜਾਬ ਏਟਕ 26 ਦੇ ਮਾਰਚ ਤੇ 16 ਫਰਵਰੀ ਦੇ ਪੇਂਡੂ ਭਾਰਤ ਬੰਦ 'ਚ ਵਧ-ਚੜ੍ਹ ਕੇ ਹਿੱਸਾ ਲਵੇਗੀ : ਬਰਾੜ, ਧਾਲੀਵਾਲ

**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਏਟਕ ਨਾਲ ਸੰਬੰਧਤ ਸਭ ਜਥੇਬੰਦੀਆਂ 10 ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਸਾਂਝੇ ਤੌਰ 'ਤੇ ਲਏ ਫੈਸਲੇ ਅਨੁਸਾਰ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਕੀਤੇ ਜਾਣ ਵਾਲੇ ਪੜਾਅਵਾਰ ਸੰਘਰਸ਼ ਵਜੋਂ 26 ਜਨਵਰੀ ਨੂੰ ਕੀਤੇ ਜਾਣ ਵਾਲੇ ਮਾਰਚ 'ਚ ਸ਼ਮੂਲੀਅਤ ਕਰਨਗੀਆਂ ਅਤੇ 16 ਫਰਵਰੀ ਨੂੰ ਇਨ੍ਹਾਂ ਹੀ ਮੰਗਾਂ ਨੂੰ ਲੈ ਕੇ ਦੇਸ਼ ਵਿਆਪੀ ਪੇਂਡੂ ਭਾਰਤ ਬੰਦ ਅਤੇ ਉਦਯੋਗਿਕ ਹੜਤਾਲ ਦੀ ਸਫਲਤਾ ਲਈ ਜ਼ੋਰਦਾਰ ਤਿਆਰੀਆਂ ਕਰਨ ਲਈ ਲਾਮਬੰਦੀ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਧਾਲੀਵਾਲ ਅਤੇ ਬਰਾੜ ਨੇ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਨਿੱਜੀਕਰਨ ਅਤੇ ਵਿਸ਼ਵੀਕਰਨ ਦੀਆਂ ਨੀਤੀਆਂ ਤਹਿਤ ਕਿਸਾਨਾਂ ਅਤੇ ਹਰ ਵਰਗ ਦੇ ਮਜ਼ਦੂਰਾਂ ਦੀ ਆਰਥਕਤਾ ਉਪਰ ਜੋ ਲੁੱਟ ਦਾ ਹਮਲਾ ਸ਼ੁਰੂ ਕੀਤਾ ਹੋਇਆ ਹੈ, ਉਸ ਨਾਲ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਦੇ ਮੰਦੇ ਮਨਸੂਬੇ, ਐਮ.ਐਸ.ਪੀ. ਦੀ ਕਾਨੂੰਨੀ ਗਰੰਟੀ ਨਾ ਦੇਣਾ, ਖੇਤੀ ਲਾਗਤਾਂ ਵਿੱਚ ਬੇਸ਼ੁਮਾਰ ਵਾਧਾ, ਕਿਸਾਨਾਂ ਮਜ਼ਦੂਰਾਂ ਨੂੰ ਕਰਜ਼ਾ ਮੁਕਤ ਕਰਨ ਦੀ ਬਜਾਏ ਕਰਜ਼ ਜਾਲ ਵਿੱਚ ਫਸਾਉਣਾ, ਕਿਸਾਨਾਂ ਦੇ ਸੰਘਰਸ਼ਾਂ ਨੂੰ ਕੁਚਲਣ ਲਈ ਪ੍ਰਸ਼ਾਸਨਕ ਅਤੇ ਗੁੰਡਾਗਰਦੀ ਵਰਗੇ ਤਰੀਕੇ ਅਖਤਿਆਰ ਕਰਨਾ, ਲਖੀਮਪੁਰ ਖੀਰੀ ਦੇ ਸ਼ਹੀਦ ਕਿਸਾਨਾਂ ਦੇ ਮੁਜਰਮਾਂ ਨੂੰ ਸਜ਼ਾਵਾਂ ਨਾ ਦੇਣੀਆਂ ਆਦਿ ਮਸਲੇ ਚੁਣੌਤੀ ਬਣੇ ਹੋਏ ਹਨ। ਇਸੇ ਤਰ੍ਹਾਂ ਮਜ਼ਦੂਰਾਂ ਦੇ ਹੱਕ ਖੋਹਣ ਲਈ 44 ਲੇਬਰ ਕਾਨੂੰਨ ਖਤਮ ਕਰਕੇ ਲੇਬਰ ਵਿਰੋਧੀ 4 ਲੇਬਰ ਕੋਡ ਬਣਾਉਣੇ, ਘੱਟੋ ਘੱਟ ਉਜਰਤਾਂ 26000 ਪ੍ਰਤੀ ਮਹੀਨਾ ਨਾ ਕਰਨੀਆਂ, ਨਿਗੂਣੀਆਂ ਤਨਖਾਹਾਂ ਬਦਲੇ ਠੇਕੇਦਾਰੀ ਸਿਸਟਮ ਰਾਹੀਂ ਨੌਜਵਾਨ ਸ਼ਕਤੀ ਦਾ ਘੋਰ ਅਪਰਾਧ ਵਰਗਾ ਆਰਥਕ ਸ਼ੋਸ਼ਣ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਕਰਨਾ, ਪਬਲਿਕ ਸੈਕਟਰ ਦਾ ਅੰਨ੍ਹੇਵਾਹ ਨਿੱਜੀਕਰਨ ਅਤੇ ਕੌਡੀਆਂ ਦੇ ਭਾਅ ਵੇਚਣ ਦਾ ਸਿਲਸਿਲਾ ਬਾਦਸਤੂਰ ਜਾਰੀ ਰੱਖਣਾ, ਸਕੀਮ ਵਰਕਰਾਂ ਜੋ ਵੱਡੀ ਗਿਣਤੀ ਵਿੱਚ ਔਰਤਾਂ ਹਨ, ਉਨ੍ਹਾਂ ਨੂੰ ਘੱਟੋ -ਘੱਟ ਉਜਰਤਾਂ ਦੇ ਦਾਇਰੇ ਵਿੱਚ ਨਾ ਲਿਆਉਣਾ, ਸਮਾਜਕ ਸੁਰੱਖਿਆ ਸਕੀਮ ਦੇ ਬਜਟ ਵਿੱਚ ਕਟੌਤੀਆਂ ਕਰਨਾ, ਨਰੇਗਾ ਕਾਮਿਆਂ ਦੇ ਬਜਟ 'ਚ ਭਾਰੀ ਕੱਟ, ਡਰਾਈਵਰਾਂ ਵਿਰੁੱਧ ਨਫਰਤੀ ਵਾਤਾਵਰਣ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਐਕਸੀਡੈਂਟ ਕੇਸਾਂ ਵਿੱਚ 10 ਸਾਲ ਦੀ ਸਜ਼ਾ ਅਤੇ 7 ਲੱਖ ਰੁਪਏ ਜੁਰਮਾਨੇ ਦਾ ਕਾਨੂੰਨ ਲਿਆਉਣਾ, ਬਿਜਲੀ ਬਿੱਲ 2020 ਆਦਿ ਮਜ਼ਦੂਰ ਜਮਾਤ ਵਿਰੋਧੀ ਕਦਮਾਂ ਵਿਰੁੱਧ ਸਖਤ ਸੰਘਰਸ਼ ਸਮੇਂ ਦੀ ਅਹਿਮ ਲੋੜ ਹੈ ਅਤੇ ਇਸ ਦੇ ਨਾਲ ਨਾਲ ਇਸ ਸਰਕਾਰ ਵੱਲੋਂ ਸਮਾਜ ਵਿੱਚ ਨਫਰਤ ਫੈਲਾਉਣ ਅਤੇ ਡਰ ਭੈਅ ਦਾ ਮਾਹੌਲ ਪੈਦਾ ਕਰਨ ਦੇ ਵਿਰੁੱਧ ਵੀ ਅਵਾਜ਼ ਬੁਲੰਦ ਕੀਤੀ ਜਾਵੇਗੀ। ਪੰਜਾਬ ਏਟਕ ਦੇ ਆਗੂਆਂ ਨੇ ਸਾਰੀਆਂ ਜਥੇਬੰਦੀਆਂ ਨੂੰ ਜ਼ੋਰ ਦੇ ਕੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਅਤੇ ਟਰੇਡ ਯੂਨੀਅਨਾਂ ਦੀਆਂ ਧਿਰਾਂ ਨਾਲ ਲੋਕਲ ਪੱਧਰ 'ਤੇ ਰਾਬਤਾ ਕਾਇਮ ਕਰਕੇ ਇਸ ਸਾਂਝੇ ਸੱਦੇ ਦੀ ਕਾਮਯਾਬੀ ਲਈ ਵਿਉਂਤਬੰਦੀ ਕੀਤੀ ਜਾਵੇ।

## ਸਪਾ ਨੇ ਰਾਲੋਦ ਲਈ 7 ਸੀਟਾਂ ਛੱਡੀਆਂ



**ਲਖਨਊ** : 'ਇੰਡੀਆ' ਗੱਠਜੋੜ ਵਿਚ ਸ਼ਾਮਲ ਕਾਂਗਰਸ ਨਾਲ ਭਾਵੇਂ ਕੋਈ ਸਮਝੌਤਾ ਨਹੀਂ ਹੋ ਸਕਿਆ ਹੈ, ਪਰ ਸਮਾਜਵਾਦੀ ਪਾਰਟੀ (ਸਪਾ) ਨੇ ਯੂ ਪੀ ਤੋਂ ਲੋਕ ਸਭਾ ਲਈ ਰਾਸ਼ਟਰੀ ਲੋਕਦਲ (ਰਾਲੋਦ) ਨੂੰ 7 ਸੀਟਾਂ ਛੱਡੀਆਂ ਹਨ। ਸੂਬੇ ਦੀਆਂ 80 ਵਿੱਚੋਂ 65 ਸੀਟਾਂ ਸਮਾਜਵਾਦੀ ਪਾਰਟੀ ਲੜੇਗੀ ਤੇ 7 ਸੀਟਾਂ ਉਹ ਆਪਣੇ ਖਾਤੇ ਵਿੱਚੋਂ ਦੇਵੇਗੀ। ਦੱਸਿਆ ਜਾ ਰਿਹਾ ਹੈ ਕਿ ਰਾਲੋਦ ਲਈ ਬਾਗਪਤ, ਮਥੁਰਾ, ਮੁਜ਼ੱਫਰਨਗਰ, ਬਿਜਨੌਰ, ਮੇਰਠ, ਅਮਰੋਹਾ ਤੇ ਕੈਰਾਨਾ ਸੀਟ ਛੱਡੀ ਗਈ ਹੈ।

## ਮੋਇਤਰਾ ਨੇ ਬੰਗਲਾ ਛੱਡਿਆ



**ਨਵੀਂ ਦਿੱਲੀ** : ਟੀ ਐੱਮ ਸੀ ਦੀ ਸਾਬਕਾ ਲੋਕ ਸਭਾ ਮੈਂਬਰ ਮਹੂਆ ਮੋਇਤਰਾ ਨੇ 9ਬੀ ਟੈਲੀਗ੍ਰਾਫ ਲੇਨ ਬੰਗਲਾ ਸ਼ੁੱਕਰਵਾਰ ਸਵੇਰੇ 10 ਵਜੇ ਤੱਕ ਪੂਰੀ ਤਰ੍ਹਾਂ ਖਾਲੀ ਕਰ ਦਿੱਤਾ। ਇਹ ਦਾਅਵਾ ਮਹੂਆ ਦੇ ਵਕੀਲ ਨੇ ਕੀਤਾ। ਉਸ ਨੇ ਕਿਹਾ ਕਿ ਇਸ ਲਈ ਬੰਗਲਾ ਖਾਲੀ ਕਰਾਉਣ ਲਈ ਕੋਈ ਬੇਦਖਲੀ ਕਾਰਵਾਈ ਨਹੀਂ ਕੀਤੀ ਗਈ। ਇਸ ਤੋਂ ਪਹਿਲਾਂ ਅਸਟੇਟ ਡਾਇਰੈਕਟੋਰੇਟ ਨੇ ਮੋਇਤਰਾ ਨੂੰ ਸਰਕਾਰੀ ਰਿਹਾਇਸ਼ ਤੋਂ ਬਾਹਰ ਕੱਢਣ ਲਈ ਅਧਿਕਾਰੀਆਂ ਦੀ ਟੀਮ ਭੇਜੀ। ਵੀਰਵਾਰ ਮੋਇਤਰਾ ਦਿੱਲੀ ਹਾਈ ਕੋਰਟ ਤੋਂ ਕੋਈ ਰਾਹਤ ਪ੍ਰਾਪਤ ਕਰਨ 'ਚ ਅਸਫਲ ਰਹੀ ਸੀ। ਅਦਾਲਤ ਨੇ ਨੋਟਿਸ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ ਅਤੇ ਉਸ ਨੂੰ ਸਰਕਾਰੀ ਬੰਗਲਾ ਖਾਲੀ ਕਰਨ ਲਈ ਕਿਹਾ।

## ਬਿੰਦਰੂ 'ਤੇ ਹਮਲੇ ਦਾ ਦੂਜਾ ਮੁਲਜ਼ਮ ਗ੍ਰਿਫ਼ਤਾਰ

**ਪਟਿਆਲਾ** : ਐੱਸ ਐੱਸ ਪੀ ਵਰੁਣ ਸ਼ਰਮਾ ਨੇ ਸ਼ੁੱਕਰਵਾਰ ਦੱਸਿਆ ਕਿ ਮੋਗਾ ਦੇ ਕਬੱਡੀ ਖਿਡਾਰੀ ਹਰਵਿੰਦਰ ਬਿੰਦਰੂ 'ਤੇ ਧੂਰਕੋਟ 'ਚ ਹੋਏ ਜਾਨਲੇਵਾ ਹਮਲੇ 'ਚ ਦੂਜੇ ਮੁਲਜ਼ਮ ਯਸ਼ਮਾਨ ਸਿੰਘ ਯੱਸ਼ੂ ਉਰਫ ਅਮਨ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ 'ਚੋਂ ਦੋ ਪਿਸਟਲ ਤੇ 10 ਕਾਰਤੂਸ ਬਰਾਮਦ ਕੀਤੇ ਹਨ। ਉਹ ਗੈਂਗਸਟਰ ਲਾਰੈਂਸ ਬਿਸ਼ਨੋਈ ਤੇ ਜਗਦੀਪ ਸਿੰਘ ਜੱਗਾ ਧੂਰਕੋਟ ਦਾ ਨੇੜਲਾ ਹੈ। ਉਸ ਨੇ ਜੱਗੇ ਦੇ ਕਹਿਣ 'ਤੇ ਹੀ ਬਿੰਦਰੂ 'ਤੇ ਜਾਨਲੇਵਾ ਹਮਲਾ ਕੀਤਾ ਸੀ।

## ਪਾਦਰੀ ਗ੍ਰਿਫ਼ਤਾਰ

**ਤਿਰੁਅਨੰਤਪੁਰਮ** : ਜ਼ਿਲ੍ਹਾ ਤਿਰੁਅਨੰਤਪੁਰਮ 'ਚ ਗਿਰਜਾਘਰ ਦੇ 59 ਸਾਲਾ ਪਾਦਰੀ ਨੂੰ 13 ਸਾਲਾ ਮੁੰਡੇ ਦਾ ਜਿਨਸੀ ਸ਼ੋਸ਼ਣ ਕਰਨ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਗਿਆ ਹੈ। ਮੁੰਡਾ ਹਸਪਤਾਲ ਗਈ ਦਾਦੀ ਦੀ ਉਡੀਕ ਕਰ ਰਿਹਾ ਸੀ, ਜਿਸ ਦੌਰਾਨ ਪਾਦਰੀ ਨੇ ਉਸ ਨੂੰ ਵਰਗਲਾ ਲਿਆ ਤੇ ਆਪਣੇ ਘਰ ਲੈ ਗਿਆ।

## ਮਿਸ ਵਰਲਡ ਮੁਕਾਬਲਾ 28 ਸਾਲ ਬਾਅਦ ਭਾਰਤ 'ਚ

**ਨਵੀਂ ਦਿੱਲੀ** : ਭਾਰਤ 28 ਸਾਲਾਂ ਦੇ ਵਕਫੇ ਤੋਂ ਬਾਅਦ 71ਵੇਂ ਮਿਸ ਵਰਲਡ ਮੁਕਾਬਲੇ ਦੀ ਮੇਜਬਾਨੀ ਕਰੇਗਾ। ਇਸਤੋਂ ਪਹਿਲਾਂ 1996 'ਚ ਕੀਤੀ ਸੀ ਉਦੋਂ ਰੀਟਾ ਫਰੀਆ ਪਾਵੇਲ ਮਿਸ ਵਰਲਡ ਦਾ ਤਾਜ ਜਿੱਤਣ ਵਾਲੀ ਪਹਿਲੀ ਭਾਰਤੀ ਮਹਿਲਾ ਬਣੀ ਸੀ। ਇਸ ਵਾਰ ਇਹ ਮੁਕਾਬਲਾ 18 ਫਰਵਰੀ ਤੋਂ 9 ਮਾਰਚ ਵਿਚਕਾਰ ਹੋਵੇਗਾ। ਫਾਈਨਲ 9 ਮਾਰਚ ਨੂੰ ਮੁੰਬਈ ਦੇ ਜੀਓ ਵਰਲਡ ਕਨਵੈਨਸ਼ਨ ਸੈਂਟਰ 'ਚ ਹੋਵੇਗਾ।

# ਭਾਜਪਾ ਨਹੀਂ ਚਾਹੁੰਦੀ ਕਿ ਕਬਾਇਲੀਆਂ ਦੇ ਬੱਚੇ ਪੜ੍ਹ-ਲਿਖ ਜਾਣ : ਰਾਹੁਲ

**ਜੋਰਹਾਟ** : ਕਾਂਗਰਸ ਆਗੂ ਰਾਹੁਲ ਗਾਂਧੀ ਨੇ ਸ਼ੁੱਕਰਵਾਰ ਦੋਸ਼ ਲਾਇਆ ਕਿ ਭਾਜਪਾ ਆਦਿਵਾਸੀਆਂ ਨੂੰ ਜੰਗਲਾਂ ਤੱਕ ਮਹਿਦੂਦ ਰੱਖ ਕੇ ਸਿੱਖਿਆ ਤੇ ਹੋਰਨਾਂ ਮੌਕਿਆਂ ਤੋਂ ਵਿਰਵੇ ਰੱਖਣਾ ਚਾਹੁੰਦੀ ਹੈ। ਭਾਰਤ ਜੋੜੋ ਨਿਆਏ ਯਾਤਰਾ ਦੌਰਾਨ ਆਸਾਮ ਦੇ ਟਾਪੂ ਜ਼ਿਲ੍ਹੇ ਮਾਜੁਲੀ ਵਿਚ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਹੁਲ ਨੇ ਕਿਹਾ ਕਿ ਕਾਂਗਰਸ ਦੀ ਸੋਚ ਹੈ ਕਿ ਜੰਗਲਾਤ ਸੋਮਿਆਂ 'ਤੇ ਪਹਿਲਾ ਹੱਕ ਆਦਿਵਾਸੀਆਂ ਦਾ ਹੈ। "ਅਸੀਂ ਤੁਹਾਨੂੰ ਆਦਿਵਾਸੀ ਕਹਿੰਦੇ ਹਾਂ, ਜਿਸ ਦਾ ਮਤਲਬ ਹੈ ਕਿ ਮੂਲਵਾਸੀ ਤੁਸੀਂ ਹੋ। ਭਾਜਪਾ ਤੁਹਾਨੂੰ ਵਨਵਾਸੀ ਕਹਿੰਦੀ ਹੈ, ਜਿਸ ਦਾ ਮਤਲਬ ਹੈ ਕਿ ਉਹ ਲੋਕ, ਜਿਹੜੇ ਜੰਗਲਾਂ ਵਿਚ ਰਹਿੰਦੇ ਹਨ।" ਉਨ੍ਹਾ ਦੋਸ਼ ਲਾਇਆ ਕਿ ਆਸਾਮ ਵਿਚ ਕੁਲੀਸ਼ਨ ਸਰਕਾਰ ਦੀ ਅਗਵਾਈ ਕਰਨ ਵਾਲੀ ਭਾਜਪਾ ਕਬਾਇਲੀਆਂ ਨੂੰ ਜੰਗਲਾਂ ਤੱਕ ਮਹਿਦੂਦ ਰੱਖਣ ਚਾਹੁੰਦੀ ਹੈ। ਉਹ ਨਹੀਂ ਚਾਹੁੰਦੀ ਕਿ ਉਨ੍ਹਾਂ ਦੇ ਬੱਚੇ ਸਕੂਲਾਂ ਤੇ ਯੂਨੀਵਰਸਿਟੀਆਂ ਵਿਚ ਪੜ੍ਹਨ, ਅੰਗਰੇਜ਼ੀ ਸਿੱਖਣ ਤੇ ਬਿਜ਼ਨੈੱਸ ਕਰਨ। ਕਾਂਗਰਸ ਦੀ ਸੋਚ ਹੈ ਕਿ ਪਾਣੀ, ਜ਼ਮੀਨ ਤੇ ਜੰਗਲ ਦੇ ਮਾਲਕ ਕਬਾਇਲੀ ਹਨ। ਭਾਜਪਾ ਦੇਸ਼-ਭਰ ਵਿਚ ਕਬਾਇਲੀਆਂ ਦੀਆਂ ਜ਼ਮੀਨਾਂ ਖੋਹ ਰਹੀ ਹੈ। ਉਨ੍ਹਾਂ ਦਾ ਇਤਿਹਾਸ ਖਤਮ ਕਰ ਰਹੀ ਹੈ। ਇਹ ਯਾਤਰਾ ਆਸਾਮ ਵਿਚ 25 ਜਨਵਰੀ ਤੱਕ ਚੱਲਣੀ ਹੈ ਤੇ 17 ਜ਼ਿਲ੍ਹਿਆਂ ਵਿਚ 833 ਕਿੱਲੋਮੀਟਰ ਦਾ ਸਫਰ ਤੈਅ ਕਰੇਗੀ।



## ਆਸਾਮ ਦੇ ਮੁੱਖ ਮੰਤਰੀ ਰਾਹੁਲ ਦੀ ਯਾਤਰਾ ਤੋਂ ਘਬਰਾਏ : ਜੈਰਾਮ

**ਮਾਜੁਲੀ (ਆਸਾਮ)** : ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਸ਼ੁੱਕਰਵਾਰ ਸਵੇਰੇ ਦੋਸ਼ ਲਾਇਆ ਕਿ ਲੋਕਾਂ ਦੀ ਪ੍ਰਤੀਕਿਰਿਆ ਤੋਂ ਡਰੇ ਅਸਾਮ ਦੇ ਮੁੱਖ ਮੰਤਰੀ ਹਿਮੰਤਾ ਬਿਸਵਾ ਸ਼ਰਮਾ ਸੂਬੇ 'ਚ ਰਾਹੁਲ ਗਾਂਧੀ ਦੀ ਅਗਵਾਈ ਵਾਲੀ 'ਭਾਰਤ ਜੋੜੋ ਨਿਆਏ ਯਾਤਰਾ' ਨੂੰ ਪਟੜੀ ਤੋਂ ਲਾਹੁਣ ਦੀ ਕੋਸ਼ਿਸ਼ ਕਰ ਰਹੇ ਹਨ। ਰਮੇਸ਼ ਨੇ ਕਿਹਾ ਕਿ ਯਾਤਰਾ ਆਪਣੇ ਨਿਰਧਾਰਤ ਪ੍ਰੋਗਰਾਮ ਅਨੁਸਾਰ ਹੋਰ ਛੇ ਦਿਨ ਰਾਜ 'ਚ ਜਾਰੀ ਰਹੇਗੀ। ਉਨ੍ਹਾ ਨੇ ਯਾਤਰਾ ਦੇ ਮਾਜੁਲੀ ਦੀਪ 'ਤੇ ਪੁੱਜਣ ਤੋਂ ਬਾਅਦ ਐਕਸ 'ਤੇ ਕਿਹਾ-ਇਹ ਸਪੱਸ਼ਟ ਹੈ ਕਿ ਅਸਾਮ ਦੇ ਮੁੱਖ ਮੰਤਰੀ ਬੀਤੇ ਦੋ ਦਿਨ ਤੋਂ ਰਾਜ 'ਚ ਭਾਰਤ ਜੋੜੋ ਨਿਆਏ ਯਾਤਰਾ ਨੂੰ ਮਿਲ ਰਹੇ ਹੁੰਗਾਰੇ ਤੋਂ ਪ੍ਰੇਸ਼ਾਨ ਤੇ ਘਬਰਾਏ ਹੋਏ ਹਨ।

# ਬਲਾਤਕਾਰੀਆਂ ਨੂੰ ਸਰੰਡਰ ਕਰਨ ਲਈ ਹੋਰ ਵਕਤ ਨਹੀਂ ਮਿਲਿਆ



**ਨਵੀਂ ਦਿੱਲੀ** : ਬਿਲਕਿਸ ਬਾਨੋ ਬਲਾਤਕਾਰ ਤੇ ਕਤਲ ਮਾਮਲੇ 'ਚ ਸੁਪਰੀਮ ਕੋਰਟ ਨੇ ਆਤਮ ਸਮਰਪਣ ਲਈ ਸਮਾਂ ਵਧਾਉਣ ਦੀ ਮੰਗ ਕਰਨ ਵਾਲੇ ਦੋਸ਼ੀਆਂ ਦੀ ਪਟੀਸ਼ਨ ਸ਼ੁੱਕਰਵਾਰ ਖਾਰਜ ਕਰ ਦਿੱਤੀ। ਸੁਪਰੀਮ ਕੋਰਟ ਨੇ ਕਿਹਾ ਕਿ 11 ਦੋਸ਼ੀਆਂ ਵੱਲੋਂ ਆਤਮ ਸਮਰਪਣ ਲਈ ਸਮਾਂ ਵਧਾਉਣ ਦੇ ਦਿੱਤੇ ਗਏ ਕਾਰਨਾਂ 'ਚ ਕੋਈ ਦਮ ਨਹੀਂ ਹੈ। ਜਸਟਿਸ ਬੀ ਵੀ ਨਾਗਰਤਨਾ ਅਤੇ ਜਸਟਿਸ ਉੱਜਲ ਭੂਯਾਨ ਦੀ ਬੈਂਚ ਨੇ ਕਿਹਾ ਕਿ ਪਟੀਸ਼ਨਰਾਂ ਵੱਲੋਂ ਹੋਰ ਸਮਾਂ ਦੇਣ ਲਈ ਦਿੱਤੇ ਕਾਰਨਾਂ ਦਾ ਕੋਈ ਅਰਥ ਨਹੀਂ ਹੈ, ਕਿਉਂਕਿ ਇਹ ਕਾਰਨ ਕਿਸੇ ਵੀ ਤਰ੍ਹਾਂ ਉਨ੍ਹਾਂ ਨੂੰ ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਕਰਨ ਤੋਂ ਨਹੀਂ ਰੋਕਦੇ। ਇਸ ਲਈ ਇਹ ਪਟੀਸ਼ਨਾਂ ਖਾਰਜ ਕੀਤੀਆਂ ਜਾਂਦੀਆਂ ਹਨ। ਅਦਾਲਤ ਨੇ 11 ਦੋਸ਼ੀਆਂ ਨੂੰ 21 ਜਨਵਰੀ ਤੱਕ ਜੇਲ੍ਹ ਅਧਿਕਾਰੀਆਂ ਅੱਗੇ ਪੇਸ਼ ਹੋਣ ਲਈ ਕਿਹਾ ਸੀ।

# ਰਾਮ ਮੰਦਰ ਦਾ ਫੈਸਲਾ ਦੇਣ ਵਾਲੇ ਜੱਜਾਂ ਨੂੰ ਵੀ ਸੱਦਾ



**ਨਵੀਂ ਦਿੱਲੀ** : ਅਯੁੱਧਿਆ ਵਿਚ ਰਾਮ ਮੰਦਰ ਦੀ ਉਸਾਰੀ ਦਾ ਰਾਹ ਪੱਧਰਾ ਕਰਨ ਵਾਲਾ ਫੈਸਲਾ ਦੇਣ ਵਾਲੇ ਸੁਪਰੀਮ ਕੋਰਟ ਦੇ ਪੰਜ ਜੱਜਾਂ ਨੂੰ 22 ਜਨਵਰੀ ਨੂੰ ਰਾਮਲੱਲਾ ਦੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਵਿਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਹੈ। ਵੇਲੇ ਦੇ ਚੀਫ ਜਸਟਿਸ ਰੰਜਨ ਗੋਗੋਈ, ਸਾਬਕਾ ਚੀਫ ਜਸਟਿਸ ਐੱਸ ਏ ਬੋਬੜੇ, ਵਰਤਮਾਨ ਚੀਫ ਜਸਟਿਸ ਡੀ ਵਾਈ ਚੰਦਰਚੂੜ ਅਤੇ ਸਾਬਕਾ ਜੱਜਾਂ ਅਸ਼ੋਕ ਭੂਸ਼ਣ ਤੇ ਐੱਸ ਅਬਦੁੱਲ ਨਜ਼ੀਰ ਨੇ 9 ਨਵੰਬਰ 2019 ਵਿਚ ਫੈਸਲਾ ਦਿੱਤਾ ਸੀ। ਜਸਟਿਸ ਰੰਜਨ ਗੋਗੋਈ ਇਸ ਵੇਲੇ ਰਾਜ ਸਭਾ ਦੇ ਮੈਂਬਰ ਹਨ। ਜਸਟਿਸ ਨਜ਼ੀਰ ਆਂਧਰਾ ਦੇ ਗਵਰਨਰ ਹਨ। ਇਨ੍ਹਾਂ ਤੋਂ ਇਲਾਵਾ 50 ਦੇ ਕਰੀਬ ਸਾਬਕਾ ਚੀਫ ਜਸਟਿਸਾਂ, ਜੱਜਾਂ ਤੇ ਉੱਘੇ ਵਕੀਲਾਂ ਨੂੰ ਸੱਦਾ-ਪੱਤਰ ਘੱਲੇ ਗਏ ਹਨ।

## ਡੇਰਾ ਮੁਖੀ ਹੁਣ 50 ਦਿਨ ਦੀ ਪੈਰੋਲ 'ਤੇ

**ਚੰਡੀਗੜ੍ਹ** : ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਨੂੰ ਸ਼ੁੱਕਰਵਾਰ 50 ਦਿਨਾਂ ਦੀ ਪੈਰੋਲ ਮਿਲ ਗਈ। ਚਾਰ ਸਾਲਾਂ 'ਚ ਉਸ ਦੀ ਇਹ ਨੌਵੀਂ ਪੈਰੋਲ ਹੈ। ਉਹ ਰੋਹਤਕ ਦੀ ਸੁਨਾਰੀਆ ਜੇਲ੍ਹ 'ਚ ਬੰਦ ਹੈ। ਡੇਰਾ ਮੁਖੀ ਬਲਾਤਕਾਰ ਅਤੇ ਪੱਤਰਕਾਰ ਰਾਮ ਚੰਦਰ ਛਤਰਪਤੀ ਦੀ ਹੱਤਿਆ ਦੇ ਮਾਮਲੇ 'ਚ 20 ਸਾਲ ਦੀ ਸਜ਼ਾ ਭੁਗਤ ਰਿਹਾ ਹੈ। ਡੇਰਾ ਮੁਖੀ ਨੂੰ 29 ਦਿਨਾਂ ਵਿਚ ਦੂਜੀ ਵਾਰ ਪੈਰੋਲ ਮਿਲੀ ਹੈ। ਹੁਣ ਤੱਕ ਉਹ ਆਪਣੀ ਸਜ਼ਾ ਦੇ 32 ਮਹੀਨਿਆਂ 'ਚ 9 ਵਾਰ ਜੇਲ੍ਹ ਵਿੱਚੋਂ ਪੈਰੋਲ 'ਤੇ ਬਾਹਰ ਆ ਚੁੱਕਿਆ ਹੈ। ਪੈਰੋਲ ਦੌਰਾਨ ਉਹ ਪਿਛਲੀ ਵਾਰ ਦੀ ਤਰ੍ਹਾਂ ਹੀ ਯੂ ਪੀ ਦੇ ਬਾਗਪਤ ਆਸ਼ਰਮ 'ਚ ਰਹੇਗਾ। ਉਸ ਨੂੰ ਪਿਛਲੇ ਸਾਲ ਨਵੰਬਰ ਮਹੀਨੇ 'ਚ ਹੀ 21 ਦਿਨਾਂ ਦੀ ਪੈਰੋਲ ਮਿਲੀ ਸੀ ਅਤੇ ਉਹ 21 ਦਸੰਬਰ ਨੂੰ ਜੇਲ੍ਹ ਪਰਤਿਆ ਸੀ।

# ਭਾਜਪਾ ਨੂੰ ਬੈਲਟ ਪੇਪਰਾਂ 'ਤੋਂ ਝਿਜਕ ਕਿਉਂ : ਮਾਨ



**ਪਣਜੀ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੂੰ ਸਵਾਲ ਕੀਤਾ ਕਿ ਉਹ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ ਵੀ ਐੱਮ) ਦੀ ਬਜਾਏ ਬੈਲਟ ਪੇਪਰਾਂ ਰਾਹੀਂ ਚੋਣਾਂ ਕਰਵਾਉਣ ਤੋਂ ਕਿਉਂ ਝਿਜਕ ਰਹੀ ਹੈ। ਦੱਖਣੀ ਗੋਆ ਦੇ ਬੈਨੌਲਿਮ ਵਿਧਾਨ ਸਭਾ ਹਲਕੇ 'ਚ ਜਨ ਸਭਾ ਨੂੰ ਸੰਬੋਧਨ ਕਰਦੇ ਹੋਏ ਆਪ ਨੇਤਾ ਨੇ ਕਿਹਾ ਕਿ ਉਨ੍ਹਾ ਨੇ ਸੰਸਦ 'ਚ ਈ ਵੀ ਐੱਮ ਦਾ ਮੁੱਦਾ ਉਠਾਉਂਦਿਆਂ ਪੁੱਛਿਆ ਸੀ ਕਿ ਅਜਿਹਾ ਕਿਉਂ ਹੈ ਕਿ ਜਦੋਂ ਵੀ ਕੋਈ ਪਾਰਟੀ ਈ ਵੀ ਐੱਮਜ਼ ਵਿਰੁੱਧ ਬੋਲਦੀ ਹੈ ਤਾਂ ਭਾਜਪਾ ਇਨ੍ਹਾਂ ਮਸ਼ੀਨਾਂ ਦੇ ਸਮਰਥਨ 'ਚ ਆ ਜਾਂਦੀ ਹੈ? ਜੇ ਉਹ 'ਮੋਦੀ ਲਹਿਰ' ਵਿੱਚ ਵਿਸ਼ਵਾਸ ਰੱਖਦੇ ਹਨ ਤਾਂ ਉਹ ਈ ਵੀ ਐੱਮ ਦਾ ਸਮਰਥਨ ਕਿਉਂ ਕਰਦੇ ਹਨ? ਮਾਨ ਨੇ ਕਿਹਾ—ਇਸਦਾ ਮਤਲਬ ਹੈ ਕਿ ਕੁਝ ਹੈ, ਨਹੀਂ ਤਾਂ ਉਹ ਈ ਵੀ ਐੱਮ ਦਾ ਸਮਰਥਨ ਕਿਉਂ ਕਰਨਗੇ? ਜੇ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਮੋਦੀ ਦੀ ਮਕਬੂਲੀਅਤ 'ਤੇ ਭਰੋਸਾ ਹੈ ਤਾਂ ਉਨ੍ਹਾਂ ਨੂੰ ਬੈਲਟ ਪੇਪਰਾਂ ਰਾਹੀਂ ਚੋਣਾਂ ਕਰਵਾਉਣ ਦਿਓ। ਉਨ੍ਹਾ ਕਿਹਾ—ਈ ਵੀ ਐੱਮ 'ਤੇ ਸ਼ੰਕੇ ਖੜ੍ਹੇ ਕੀਤੇ ਗਏ ਹਨ। ਇਹ ਮੈਂ ਨਹੀਂ ਕਹਿ ਰਿਹਾ। ਇਹ ਤਾਂ ਆਮ ਲੋਕ ਕਹਿ ਰਹੇ ਹਨ। ਰੱਬ ਦੇਖ ਰਿਹਾ ਹੈ। ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ 'ਕੰਮ ਦੀ ਰਾਜਨੀਤੀ' ਕਰ ਰਹੀ ਹੈ। ਉਨ੍ਹਾ ਦੀ ਪਾਰਟੀ ਦਾ ਸ਼ਬਦ ਗਾਰੰਟੀ ਦੂਜਿਆਂ ਨੇ ਚੋਰੀ ਕਰ ਲਿਆ ਹੈ।

## ਡਰਾਈਵਰਨੀ ਬੁਰੀ ਫਸੀ

**ਨਿਊਯਾਰਕ** : ਅਮਰੀਕਾ 'ਚ ਅਧਿਕਾਰੀਆਂ ਨੂੰ ਹਦਵਾਣਿਆਂ ਦੇ ਡੱਬਿਆਂ 'ਚੋਂ ਕਰੀਬ 30 ਕਿੱਲੋ ਕੋਕੀਨ ਮਿਲਣ ਤੋਂ ਬਾਅਦ ਭਾਰਤੀ ਮੂਲ ਦੀ ਕੈਨੇਡੀਅਨ ਟਰੱਕ ਡਰਾਈਵਰ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਜੁਰਮ ਕਬੂਲ ਕੀਤਾ ਹੈ। ਓਂਟਾਰੀਓ ਦੀ ਰਹਿਣ ਵਾਲੀ ਕ੍ਰਿਸ਼ਮਾ ਕੌਰ ਜਗਰੂਪ (42) ਮੋਂਟਾਨਾ ਬਾਰਡਰ 'ਤੇ ਕੈਨੇਡਾ 'ਚ ਦਾਖਲ ਹੋਣ ਦੀ ਕੋਸ਼ਿਸ਼ ਕਰ ਰਹੀ ਸੀ, ਜਦੋਂ ਉਸ ਨੂੰ ਕਸਟਮ ਅਤੇ ਬਾਰਡਰ ਪ੍ਰੋਟੈਕਸ਼ਨ ਅਫਸਰਾਂ ਨੇ ਫੜ ਲਿਆ। ਉਸ ਨੂੰ ਵੱਧ ਤੋਂ ਵੱਧ 20 ਸਾਲ ਦੀ ਕੈਦ ਤੇ ਵੱਡਾ ਜੁਰਮਾਨਾ ਹੋ ਸਕਦਾ ਹੈ। ਜਗਰੂਪ ਦੀ ਸਜ਼ਾ ਦੇ ਐਲਾਨ ਲਈ 23 ਮਈ ਤੈਅ ਕੀਤੀ ਗਈ ਹੈ। ਉਸ ਨੂੰ ਜੁਲਾਈ 2021 'ਚ ਕਾਬੂ ਕੀਤਾ ਗਿਆ ਸੀ।

## ਕਣਕ ਦਾ ਉਤਪਾਦਨ ਚੰਗਾ ਰਹਿਣ ਦੀ ਆਸ

**ਨਵੀਂ ਦਿੱਲੀ** : ਕੇਂਦਰੀ ਖੇਤੀਬਾੜੀ ਮੰਤਰੀ ਅਰਜੁਨ ਮੁੰਡਾ ਨੇ ਕਿਹਾ ਹੈ ਕਿ ਇਸ ਸਾਲ ਦੇਸ਼ 'ਚ ਕਣਕ ਦਾ ਉਤਪਾਦਨ ਚੰਗਾ ਰਹਿਣ ਦੀ ਉਮੀਦ ਹੈ। ਅਕਤੂਬਰ 'ਚ ਸ਼ੁਰੂ ਹੋਈ ਮੁੱਖ ਹਾੜ੍ਹੀ ਦੀ ਫਸਲ ਕਣਕ ਦੀ ਬਿਜਾਈ ਮੁਕੰਮਲ ਹੋ ਗਈ ਹੈ। ਯੂ ਪੀ, ਮੱਧ ਪ੍ਰਦੇਸ਼ ਅਤੇ ਪੰਜਾਬ ਸਿਖਰਲੇ ਤਿੰਨ ਰਾਜ ਹਨ, ਜਿੱਥੇ ਸਭ ਤੋਂ ਵੱਧ ਰਕਬੇ 'ਚ ਕਣਕ ਦੀ ਕਾਸ਼ਤ ਕੀਤੀ ਜਾਂਦੀ ਹੈ। ਖੇਤੀ ਮੰਤਰਾਲੇ ਦੇ ਅੰਕੜਿਆਂ ਅਨੁਸਾਰ ਕਣਕ ਦੀ ਫਸਲ ਹੇਠ ਕੁੱਲ ਰਕਬਾ 336.96 ਲੱਖ ਹੈਕਟੇਅਰ ਰਿਹਾ, ਜਦੋਂ ਕਿ ਇੱਕ ਸਾਲ ਪਹਿਲਾਂ ਇਹ 335.67 ਲੱਖ ਹੈਕਟੇਅਰ ਸੀ।

## ਕਿਸ਼ਤੀ ਹਾਦਸੇ ਦੇ ਸੰਬੰਧ 'ਚ ਮੈਨੇਜਰ ਸਣੇ 3 ਹੋਰ ਗ੍ਰਿਫ਼ਤਾਰ

**ਵਡੋਦਰਾ** : ਗੁਜਰਾਤ ਦੇ ਵਡੋਦਰਾ ਸ਼ਹਿਰ ਦੇ ਬਾਹਰਵਾਰ ਹਰਨੀ ਝੀਲ 'ਚ ਕਿਸ਼ਤੀ ਹਾਦਸੇ ਦੇ ਇੱਕ ਦਿਨ ਬਾਅਦ ਸ਼ੁੱਕਰਵਾਰ ਠੇਕੇਦਾਰ ਦੇ ਮੈਨੇਜਰ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਵੀਰਵਾਰ ਨੂੰ ਹੋਏ ਇਸ ਹਾਦਸੇ 'ਚ 12 ਵਿਦਿਆਰਥੀਆਂ ਅਤੇ ਦੋ ਅਧਿਆਪਕਾਂ ਦੀ ਮੌਤ ਹੋ ਗਈ ਸੀ। ਹਰਨੀ ਪੁਲਸ ਨੇ ਕੋਟੀਆ ਪ੍ਰਾਜੈਕਟਸ ਦੇ ਭਾਈਵਾਲਾਂ ਸਮੇਤ 18 ਵਿਅਕਤੀਆਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਸੀ।

ਹਰਨੀ ਝੀਲ ਦੇ ਜ਼ੋਨ ਮੈਨੇਜਰ ਸ਼ਾਂਤੀ ਲਾਲ ਸੋਲੰਕੀ ਅਤੇ ਦੋ ਕਿਸ਼ਤੀ ਸੰਚਾਲਕਾਂ ਨਯਨ ਗੋਹਿਲ ਅਤੇ ਅੰਕਿਤ ਨੂੰ ਪਹਿਲਾਂ ਹੀ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ।

## ਅੱਜ-ਨਾਮਾ

ਕਿਸ਼ਤੀ ਡੁੱਬੀ ਆ ਸੁਣੀ ਗੁਜਰਾਤ ਅੰਦਰ,
ਮੌਤਾਂ ਹੋਈਆਂ ਦਾ ਬਹੁਤ ਹੀ ਦੁੱਖ ਮੀਆਂ।
ਅਧਿਆਪਕ ਦੋ ਤੇ ਨਾਲ ਕਈ ਮਰੇ ਬੱਚੇ,
ਬਚੇ ਸਨ ਹੋਰ ਕਈ ਮਸਾਂ ਮਨੁੱਖ ਮੀਆਂ।
ਇਹ ਸਪਾਟ ਹਨ ਜਿਹੜੇ ਚਲਾਉਣ ਵਾਲੇ,
ਰੱਖਦੇ ਸਿਰਫ ਉਹ ਪੈਸਾ ਹੀ ਮੁੱਖ ਮੀਆਂ।
ਭਾਣਾ ਵਰਤਿਆ ਕਹਿਣਾ ਈ ਬਹੁਤ ਸੌਖਾ,
ਬਹਿ ਗਈ ਜੜ੍ਹੀਂ ਮੁਨਾਫੇ ਦੀ ਭੁੱਖ ਮੀਆਂ।
ਸਮਰੱਥਾ ਕਿਸ਼ਤੀ ਦੀ ਕਿਸੇ ਵੀ ਨਾ ਵੇਖੀ,
ਦੁੱਗਣੇ ਕੀਤੇ ਪਏ ਗਾਹਕ ਸਵਾਰ ਮੀਆਂ।
ਦਿੱਤੇ ਕਮਾਈ ਦੇ ਲਾਲਚ ਨੇ ਮਾਰ ਲੋਕੀਂ,
ਰਹਿੰਦੀ ਕਿੱਥੇ ਆ ਸੁੱਤੀ ਸਰਕਾਰ ਮੀਆਂ।

-ਤੀਸ ਮਾਰ ਖਾਂ

# ਪੀ ਆਰ ਟੀ ਸੀ ਵਰਕਰਾਂ ਦੀ 24 ਨੂੰ ਪਟਿਆਲਾ 'ਚ ਵਿਸ਼ਾਲ ਕਨਵੈਨਸ਼ਨ

**ਪਟਿਆਲਾ** : ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਪੀ.ਆਰ.ਟੀ.ਸੀ. ਵਰਕਰਜ਼ ਐਕਸ਼ਨ ਕਮੇਟੀ ਵਿੱਚ ਸ਼ਾਮਲ 6 ਜਥੇਬੰਦੀਆਂ ਏਟਕ, ਇੰਟਕ, ਕਰਮਚਾਰੀ ਦਲ, ਐਸ.ਸੀ.ਬੀ.ਸੀ., ਸੀਟੂ ਅਤੇ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਦੇ ਨੁਮਾਇੰਦਿਆਂ ਸਰਵ ਸ੍ਰੀ ਨਿਰਮਲ ਸਿੰਘ ਧਾਲੀਵਾਲ, ਕਨਵੀਨਰ ਅਤੇ ਮੈਂਬਰਾਨ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖਟੜਾ, ਰਕੇਸ਼ ਕੁਮਾਰ ਦਾਤਾਰਪੁਰੀ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਨੇ ਦੱਸਿਆ ਕਿ ਪੀ.ਆਰ.ਟੀ.ਸੀ. ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀਆਂ ਵਰਕਰਾਂ ਅਤੇ ਅਦਾਰੇ ਦੀਆਂ ਮੁਸ਼ਕਲਾਂ ਸੰਬੰਧੀ ਅਪਣਾਈਆਂ ਬੇਰੁਖੀ ਅਤੇ ਵਰਕਰ ਵਿਰੋਧੀ ਨੀਤੀਆਂ ਵਿਰੁੱਧ 24 ਜਨਵਰੀ ਨੂੰ ਪਟਿਆਲਾ ਵਿਖੇ ਬੱਸ ਸਟੈਂਡ 'ਤੇ ਸੂਬਾਈ ਪੱਧਰ ਦੀ ਕਨਵੈਨਸ਼ਨ ਕੀਤੀ ਜਾ ਰਹੀ ਹੈ। ਜਿਸ ਵਿੱਚ ਵਰਕਰਾਂ ਦੀਆਂ ਅਤੇ ਅਦਾਰੇ ਦੀਆਂ ਮੰਗਾਂ ਅਤੇ ਮੁਸ਼ਕਲਾਂ ਸੰਬੰਧੀ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇਗਾ ਅਤੇ ਅਗਲੇ ਪੜਾਅ ਦੀ ਐਜੀਟੇਸ਼ਨ ਵਜੋਂ ਫਰਵਰੀ ਵਿੱਚ ਮੁੱਖ ਦਫਤਰ ਪਟਿਆਲਾ ਦੇ ਸਾਹਮਣੇ ਵਿਸ਼ਾਲ ਧਰਨਾ ਦੇਣ ਦੀ ਤਾਰੀਖ ਦਾ ਐਲਾਨ ਕੀਤਾ ਜਾਵੇਗਾ।ਜਿਨ੍ਹਾਂ ਮੰਗਾਂ ਦੀ ਅਣਦੇਖੀ ਕੀਤੇ ਜਾਣ ਦੇ ਵਿਰੋਧ ਵਿੱਚ ਵਰਕਰਾਂ ਵਿੱਚ ਰੋਸ ਅਤੇ ਚਿੰਤਾ ਪਾਈ ਜਾ ਰਹੀ ਹੈ, ਉਨ੍ਹਾਂ ਵਿੱਚ ਕੰਟਰੈਕਟ ਅਤੇ ਆਊਟਸੋਰਸ ਵਰਕਰਾਂ ਨੂੰ ਪੀ.ਆਰ.ਟੀ.ਸੀ. ਰੂਲਜ਼ 1981 ਮੁਤਾਬਕ ਰੈਗੂਲਰ ਕਰਨ ਦਾ ਅਮਲ ਸ਼ੁਰੂ ਕੀਤਾ ਜਾਣਾ, 500 ਨਵੀਆਂ ਬੱਸਾਂ ਆਪਣੀ ਮਾਲਕੀ ਵਾਲੀਆਂ ਪਾਉਣਾ, ਪੰਜਾਬ ਸਰਕਾਰ ਤੋਂ ਮੁਫ਼ਤ ਸਫਰ ਦਾ 300 ਕਰੋੜ ਰੁਪਿਆ ਲੈਣਾ, ਵਰਕਰਾਂ ਦੇ 170 ਕਰੋੜ ਰੁਪਏ ਦੇ ਬਕਾਇਆ ਦੀ ਅਦਾਇਗੀ ਕਰਨਾ, ਸੁਪਰਵਾਈਜ਼ਰੀ ਸਟਾਫ ਦੀਆਂ ਅਤੀ ਜ਼ਰੂਰੀ ਮੰਗਾਂ ਦਾ ਤੁਰੰਤ ਹੱਲ ਕਰਨਾ, ਪੈਨਸ਼ਨ ਸਕੀਮ 1992 ਤੋਂ ਵਾਂਝੇ ਰਹਿ ਗਏ ਬਜ਼ੁਰਗਾਂ ਨੂੰ ਪੈਨਸ਼ਨ ਦਾ ਲਾਭ ਦੇਣਾ, ਸੇਵਾ ਮੁਕਤ ਕਰਮਚਾਰੀਆਂ ਨੂੰ ਹਰ 2 ਸਾਲ ਬਾਅਦ ਐਲ.ਟੀ.ਸੀ. ਦਾ ਲਾਭ ਦੇਣਾ, ਕਿਲੋਮੀਟਰ ਸਕੀਮ ਅਧੀਨ ਬੱਸਾਂ ਪਾਉਣੀਆਂ ਬੰਦ ਕਰਨਾ, ਇਲੈਕਟਰੀਕਲ ਬੱਸਾਂ ਪਾਉਣ ਦੀ ਚਰਚਿਤ ਯੋਜਨਾ ਦਾ ਵਿਚਾਰ ਰੱਦ ਕਰਨਾ, ਕੰਟਰੈਕਟ/ਆਊਟਸੋਰਸ ਵਰਕਰਾਂ ਦੀ ਤਨਖਾਹ ਵਿੱਚ ਇਕਸਾਰਤਾ ਲਿਆਉਣੀ, ਬਦਲੀਆਂ ਸੰਬੰਧੀ ਸਪੱਸ਼ਟ ਨੀਤੀ ਬਣਾਉਣਾ ਆਦਿ ਸ਼ਾਮਲ ਹਨ।ਐਕਸ਼ਨ ਕਮੇਟੀ ਵੱਲੋਂ ਪੀ.ਆਰ.ਟੀ.ਸੀ. ਦੇ ਸਮੁੱਚੇ ਵਰਕਰਾਂ ਨੂੰ ਅਪੀਲ ਕੀਤੀ ਗਈ ਹੈ ਕਿ 24 ਜਨਵਰੀ ਨੂੰ ਵੱਡੀ ਗਿਣਤੀ ਵਿੱਚ ਇਸ ਕਨਵੈਨਸ਼ਨ ਵਿੱਚ ਪਹੁੰਚਿਆ ਜਾਵੇ ਤਾਂ ਕਿ ਪੰਜਾਬ ਸਰਕਾਰ ਅਤੇ ਪੀ.ਆਰ.ਟੀ.ਸੀ. ਦੀ ਮੈਨੇਜਮੈਂਟ ਦਾ ਧਿਆਨ ਆਪਣੀਆਂ ਮੰਗਾਂ ਵੱਲ ਖਿੱਚਿਆ ਜਾ ਸਕੇ।

## ਸਹਾਇਤਾ



ਕਾਮਰੇਡ ਰਛਪਾਲ ਸਿੰਘ ਬੜਾ ਪਿੰਡ ਦੀ ਦੋਹਤੀ ਅਤੇ ਅਮਨਦੀਪ ਕੌਰ ਤੇ ਸੁਖਪਾਲ ਸਿੰਘ ਗਿੱਲ ਦੀ ਸਪੁੱਤਰੀ ਅਵਨੂਰ ਦੇ ਚਾਰ ਸਾਲ ਦੀ ਹੋਣ 'ਤੇ ਪਰਵਾਰ ਵੱਲੋਂ 200 ਡਾਲਰ ਕਾਮਰੇਡ ਜਤਿੰਦਰ ਪਨੂੰ ਰਾਹੀਂ 'ਨਵਾਂ ਜ਼ਮਾਨਾ' ਨੂੰ ਸਹਾਇਤਾ ਵਜੋਂ ਦਿੱਤੇ ਗਏ ਹਨ। ਅਦਾਰਾ ਧੰਨਵਾਦ ਸਹਿਤ ਅਵਨੂਰ ਦੀ ਖੁਸ਼ੀਆਂ ਭਰਪੂਰ ਲੰਮੀ ਉਮਰ ਦੀ ਕਾਮਨਾ ਕਰਦਾ ਹੈ।

## ਸਰਦੂਲਗੜ੍ਹ ਵਿਖੇ ਦੁੱਧ ਉਤਪਾਦਕ ਜਾਗਰੂਕਤਾ ਸੈਮੀਨਾਰ



**ਮਾਨਸਾ (ਪਮਾਰ)**-ਸਰਦੂਲਗੜ੍ਹ ਵਿਖੇ ਨੈਸ਼ਨਲ ਲਾਈਵਸਟੌਕ ਮਿਸ਼ਨ ਅਧੀਨ ਦੁੱਧ ਉਤਪਾਦਕ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ, ਜਿਸ ਦਾ ਉਦਘਾਟਨ ਐੱਸ.ਡੀ.ਐੱਮ. ਸਰਦੂਲਗੜ੍ਹ ਸ੍ਰੀ ਨਿਤੇਸ਼ ਕੁਮਾਰ ਜੈਨ ਨੇ ਕੀਤਾ। ਸ੍ਰੀ ਨਿਤੇਸ਼ ਕੁਮਾਰ ਜੈਨ ਨੇ ਕਿਹਾ ਕਿ ਕਿਸਾਨਾਂ ਨੂੰ ਡੇਅਰੀ ਦੇ ਧੰਦੇ ਨੂੰ ਪ੍ਰਫੁਲਤ ਕਰਨ ਲਈ ਉਤਸ਼ਾਹਤ ਕਰਨ ਹਿੱਤ ਅਜਿਹੇ ਜਾਗਰੂਕਤਾ ਸੈਮੀਨਾਰ ਸਹਾਈ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਵੱਖ ਵੱਖ ਸਕੀਮਾਂ ਬਾਰੇ ਕਿਸਾਨਾਂ ਤੇ ਦੁੱਧ ਉਤਪਾਦਕਾਂ ਨੂੰ ਜਾਣੂ ਕਰਵਾਇਆ ਜਾਵੇ। ਡੇਅਰੀ ਵਿਕਾਸ ਅਫਸਰ ਸ੍ਰ. ਚਰਨਜੀਤ ਸਿੰਘ ਬਾਂਸਲ ਨੇ ਦੱਸਿਆ ਕਿ ਦੁੱਧ ਉਤਪਾਦਕ ਜਾਗਰੂਕਤਾ ਸੈਮੀਨਾਰ ਵਿੱਚ ਪਸ਼ੂ ਪਾਲਣ ਤੇ ਮੱਛੀ ਪਾਲਣ ਵਿਭਾਗ ਵੱਲੋਂ ਨੈਸ਼ਨਲ ਲਾਈਵਸਟੌਕ ਮਿਸ਼ਨ ਅਧੀਨ ਸਕੀਮਾਂ ਤੇ ਹੋਰ ਵਿਭਾਗੀ ਸਕੀਮਾਂ ਸਬੰਧੀ ਕਿਸਾਨਾਂ ਨੂੰ ਜਾਣੂ ਕਰਵਾਇਆ ਗਿਆ। ਸੈਮੀਨਾਰ ਵਿੱਚ ਆਸ ਪਾਸ ਦੇ ਪਿੰਡਾਂ ਤੋਂ 200 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਸਾਬਕਾ ਡੇਅਰੀ ਵਿਕਾਸ ਅਫਸਰ ਬਿੰਦਰ ਸਿੰਘ ਧਾਲੀਵਾਲ, ਵੈਟਰਨਰੀ ਅਫਸਰ ਪਟਿਆਲਾ ਡਾ. ਜੀਵਨ ਕੁਮਾਰ ਗੁਪਤਾ, ਮੱਛੀ ਪਾਲਣ ਅਫਸਰ ਪ੍ਰਭਦਿਆਲ ਸਿੰਘ, ਕੰਵਲਜੀਤ ਸਿੰਘ, ਸਤਵੀਰ ਕੌਰ, ਹਰਸ਼ਰਨ ਕੌਰ ਡੇਅਰੀ ਵਿਕਾਸ ਇੰਸਪੈਕਟਰ ਗ੍ਰੇਡ-2 ਤੇ ਮਨਿੰਦਰਪਾਲ ਸਿੰਘ ਮੌਜੂਦ ਸਨ।

# ਲੋਕ ਸੰਪਰਕ ਵਿਭਾਗ ਨੇ ਪ੍ਰਕਾਸ਼ ਪੁਰਬ 'ਤੇ ਦੂਜਾ ਧਾਰਮਿਕ ਸਮਾਗਮ ਕਰਵਾਇਆ

**ਚੰਡੀਗੜ੍ਹ (ਗੁਰਜੀਤ ਬਿੱਲਾ)**
ਪੰਜਾਬ ਦੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਵੱਲੋਂ ਇੱਥੇ ਪੰਜਾਬ ਸਿਵਲ ਸਕੱਤਰੇਤ-1 ਦੇ ਗੁਰਦੁਆਰਾ ਸਾਹਿਬ ਵਿਖੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਤੇ ਨਵੇਂ ਵਰ੍ਹੇ ਦੀ ਆਮਦ 'ਤੇ ਸਰਬੱਤ ਦੇ ਭਲੇ ਲਈ ਦੂਜਾ ਧਾਰਮਿਕ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਸੈਕਟਰ-11 ਦੇ ਹੈੱਡ ਗ੍ਰੰਥੀ ਭਾਈ ਤਰਸੇਮ ਸਿੰਘ ਵੱਲੋਂ ਸੰਗਤੀ ਰੂਪ ਵਿੱਚ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ ਅਤੇ ਉਪਰੰਤ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਮਨਜਿੰਦਰ ਸਿੰਘ ਦੇ ਜਥੇ ਵਲੋਂ ਰਸਭਿੰਨਾ ਸ਼ਬਦ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਗੁਰਦੁਆਰਾ ਸਾਹਿਬ ਸ਼ਾਹਪੁਰ ਸੈਕਟਰ-38 ਵੱਲੋਂ ਲੰਗਰ ਤਿਆਰ ਕਰਨ ਦੀ ਸੇਵਾ ਨਿਭਾਈ ਗਈ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਦੌਰਾਨ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਸਿਹਤ ਅਤੇ ਪਰਵਾਰ ਭਲਾਈ ਮੰਤਰੀ ਬਲਬੀਰ ਸਿੰਘ, ਮੁੱਖ ਮੰਤਰੀ ਦੇ ਓ.ਐਸ.ਡੀ (ਮੀਡੀਆ) ਆਦਿਲ ਆਜ਼ਮੀ, ਵਿਧਾਇਕਾ ਡਾ. ਇੰਦਰਜੀਤ ਕੌਰ ਮਾਨ, ਸਕੱਤਰ ਸੂਚਨਾ ਤੇ ਲੋਕ ਸੰਪਰਕ ਮਾਲਵਿੰਦਰ ਸਿੰਘ ਜੱਗੀ, ਡਾਇਰੈਕਟਰ ਭੁਪਿੰਦਰ ਸਿੰਘ, ਵਧੀਕ ਡਾਇਰੈਕਟਰ ਲੋਕ (ਪ੍ਰਬੰਧ) ਸੰਦੀਪ ਸਿੰਘ ਗਾੜ੍ਹਾ, ਸਪੈਸ਼ਲ ਡੀ.ਜੀ.ਪੀ (ਲਾਅ ਐਂਡ ਆਰਡਰ) ਅਰਪਿਤ ਸ਼ੁਕਲਾ, ਏ.ਡੀ.ਜੀ.ਪੀ (ਟ੍ਰੈਫਿਕ) ਏ.ਐਸ. ਰਾਏ ਤੋਂ ਇਲਾਵਾ ਸੂਚਨਾ ਤੇ ਲੋਕ ਸੰਪਰਕ ਵਿਭਾਗ ਅਤੇ ਪੰਜਾਬ ਸਿਵਲ ਸਕੱਤਰੇਤ ਦੇ ਸਟਾਫ ਨੇ ਇਸ ਸਮਾਗਮ ਵਿੱਚ ਭਰਵੀਂ ਹਾਜ਼ਰੀ ਲੁਆਈ। ਇਸ ਸਮਾਗਮ ਵਿੱਚ ਪੱਤਰਕਾਰ ਭਾਈਚਾਰਾ, ਪੰਜਾਬ ਸਿਵਲ ਸਕੱਤਰੇਤ-1, ਪੰਜਾਬ ਸਿਵਲ ਸਕੱਤਰੇਤ-2 ਦੇ ਵੱਖ-ਵੱਖ ਵਿਭਾਗਾਂ ਅਤੇ ਪੰਜਾਬ ਵਿਧਾਨ ਸਭਾ ਦੇ ਸਟਾਫ ਸਮੇਤ ਡੀ.ਆਈ.ਪੀ.ਆਰ. ਦੇ ਸੇਵਾਮੁਕਤ ਅਧਿਕਾਰੀਆਂ ਨੇ ਵੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਗੁਰਦੁਆਰਾ ਸਾਹਿਬ ਸ਼ਾਹਪੁਰ ਸੈਕਟਰ-38, ਕਮਲ ਸਾਊਂਡ ਧੂਰੀ ਅਤੇ ਸੀ.ਆਈ.ਐਸ.ਐਫ ਦਾ ਵਿਸ਼ੇਸ਼ ਸਹਿਯੋਗ ਰਿਹਾ।



## 26 ਦੀ ਟਰੈਕਟਰ ਪਰੇਡ 'ਚ ਕਿਰਤੀ ਕਿਸਾਨ ਯੂਨੀਅਨ ਕਰੇਗੀ ਸ਼ਮੂਲੀਅਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੰਯੁਕਤ ਕਿਸਾਨ ਮੋਰਚੇ ਵੱਲੋਂ ਮੋਦੀ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਖਿਲਾਫ ਦੇਸ਼ ਭਰ ਵਿੱਚ 26 ਜਨਵਰੀ ਨੂੰ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਟਰੈਕਟਰ ਮਾਰਚ ਕਰਕੇ ਸੰਘਰਸ਼ ਦਾ ਬਿਗਲ ਵਜਾ ਦਿੱਤਾ ਗਿਆ ਹੈ। ਇਸ ਸਬੰਧੀ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਤਿਆਰੀ ਮੀਟਿੰਗ ਭਾਈ ਮਹਾਂ ਸਿੰਘ ਹਾਲ ਵਿਖੇ ਕੀਤੀ ਗਈ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਤੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਕਿਹਾ ਕਿ ਫਸਲਾਂ ਦੇ ਵਾਜਬ ਭਾਅ ਨਾ ਮਿਲਣ ਕਰਕੇ ਪੂਰੇ ਦੇਸ਼ ਦੀ ਕਿਸਾਨੀ ਕਰਜ਼ੇ ਦੇ ਬੋਝ ਹੇਠਾਂ ਦੱਬੀ ਹੋਈ ਹੈ, ਕਿਉਂਕਿ ਰੋਜ਼ਾਨਾ ਵਰਤਣ ਵਾਲੀਆਂ ਚੀਜ਼ਾਂ ਤੋਂ ਇਲਾਵਾ ਖੇਤੀ ਦੀਆਂ ਲਾਗਤ ਕੀਮਤਾਂ, ਮਸ਼ੀਨਰੀ, ਖਾਦਾਂ, ਸਪਰੇਹਾਂ, ਬੀਜਾਂ, ਪੈਟਰੋਲ, ਡੀਜ਼ਲ ਆਦਿ ਦੀਆਂ ਕੀਮਤਾਂ 'ਚ ਲਗਾਤਾਰ ਹੋ ਰਹੇ ਅਥਾਹ ਵਾਧੇ ਦੇ ਮੁਕਾਬਲੇ ਫਸਲਾਂ ਦੇ ਭਾਅ ਵਿੱਚ ਨਗੂਣਾ ਵਾਧਾ ਹੁੰਦਾ ਹੈ। ਕੀਮਤਾਂ 'ਚ ਇਹ ਵੱਡਾ ਪਾੜਾ ਕਿਸਾਨੀ ਸੰਕਟ ਦਾ ਮੁੱਖ ਕਾਰਨ ਹੈ। ਉਨ੍ਹਾਂ ਕਿਹਾ ਕਿ ਫਸਲਾਂ ਦੇ ਭਾਅ ਡਾਕਟਰ ਸਵਾਮੀਨਾਥਨ ਦੇ ਫਾਰਮੂਲੇ ਸੀ ਟੂ ਪਲੱਸ ਫਿਫਟੀ ਅਨੁਸਾਰ ਲਾਗੂ ਕਰਨ ਤੋਂ ਇਲਾਵਾ ਕਿਸਾਨੀ 'ਤੇ ਕਰਜ਼ੇ ਦਾ ਬੋਝ ਕਦਾਚਿਤ ਹਲਕਾ ਨਹੀਂ ਹੋ ਸਕਦਾ। ਆਗੂਆਂ ਨੇ ਕਿਹਾ ਕਿ ਹਰ ਸਾਲ ਕਾਰਪੋਰੇਟ ਘਰਾਣਿਆਂ ਦੇ ਅਰਬਾਂ ਰੁਪਏ ਦੇ ਕਰਜ਼ੇ ਜੇਕਰ ਸਰਕਾਰ ਮਾਫ ਕਰ ਸਕਦੀ ਹੈ, ਤਾਂ ਘੱਟ ਭਾਅ ਮਿਲਣ ਕਰਕੇ ਕਿਸਾਨਾਂ ਸਿਰ ਚੜ੍ਹ ਕਰਜ਼ੇ 'ਤੇ ਲੀਕ ਕਿਉਂ ਨਹੀਂ ਮਾਰੀ ਜਾ ਸਕਦੀ? ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਵਿੱਤ ਸਕੱਤਰ ਸੁਖਪਾਲ ਸਿੰਘ ਰਾਮਗੜ੍ਹ ਚੁੰਘਾ, ਬਲਾਕ ਮਲੋਟ ਦੇ ਪ੍ਰਧਾਨ ਜਰਨੈਲ ਸਿੰਘ ਸਰਾਵਾਂ ਬੋਦਲਾ, ਸਕੱਤਰ ਗੁਰਚਰਨ ਸਿੰਘ ਬੁੱਟਰ, ਪ੍ਰੈੱਸ ਸਕੱਤਰ ਗੁਰਚਰਨ ਸਿੰਘ ਢਿੱਲੋਂ ਤੇ ਬਲਾਕ ਗਿੱਦੜਬਾਹਾ ਦੇ ਪ੍ਰਧਾਨ ਜਗਮੀਤ ਸਿੰਘ ਕੋਟਲੀ ਅਬਲੂ ਨੇ ਕਿਹਾ ਕਿ ਕਿਸਾਨੀ ਮੰਗਾਂ ਨੂੰ ਲੈ ਕੇ 26 ਜਨਵਰੀ ਨੂੰ ਕੀਤੇ ਜਾ ਰਹੇ ਟਰੈਕਟਰ ਮਾਰਚ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੇਗੀ।

ਪ੍ਰੋਗਰਾਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਜਥੇਬੰਦੀ ਵੱਲੋਂ ਜ਼ੋਰਦਾਰ ਤਿਆਰੀਆਂ ਵਿੱਢ ਦਿੱਤੀਆਂ ਗਈਆਂ ਹਨ। ਇਸ ਮੌਕੇ ਜ਼ਿਲ੍ਹਾ ਕਮੇਟੀ ਮੈਂਬਰ ਪ੍ਰਗਟ ਸਿੰਘ ਝਮੇਲਵਾਲੀ, ਰਣਜੀਤ ਸਿੰਘ, ਜਸਮਨਦੀਪ ਸਿੰਘ, ਜਗਸੀਰ ਸਿੰਘ ਥਾਂਦੇਵਾਲਾ, ਬਲਜੀਤ ਸਿੰਘ ਫੌਜੀ, ਚਮਕੌਰ ਸਿੰਘ ਤਖਤ ਮੱਲਾਨਾ, ਜਲੰਧਰ ਸਿੰਘ ਚੱਕ ਗਾਂਧਾ ਸਿੰਘ ਵਾਲਾ, ਲੱਖਾ ਸਿੰਘ ਬੜਿੰਗ, ਦਵਿੰਦਰ ਸਿੰਘ ਲਬਾਣੇ ਵਾਲੀ, ਜਸਵਿੰਦਰ ਸਿੰਘ, ਚਰਨਜੀਤ ਸਿੰਘ, ਸੁਖਵਿੰਦਰ ਸਿੰਘ ਵੜਿੰਗ, ਇਕਬਾਲ ਸਿੰਘ ਜੰਡ ਸਿੰਘ ਵਾਲਾ, ਕੁਲਦੀਪ ਸਿੰਘ, ਸਤਨਾਮ ਸਿੰਘ, ਹਰਦੀਪ ਸਿੰਘ, ਸੁਖਰਾਜ ਸਿੰਘ, ਗੁਰਮੀਤ ਸਿੰਘ, ਜਸਪਾਲ ਸਿੰਘ, ਰਾਜਵੀਰ ਸਿੰਘ ਆਦਿ ਆਗੂ ਹਾਜ਼ਰ ਸਨ।

## ਸ਼੍ਰੀ ਰਾਮ ਲੀਲ੍ਹਾ ਉਤਸਵ ਕਮੇਟੀ ਤੇ ਸ੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਵੱਲੋਂ 21 ਤੇ 22 ਦੇ ਸਮਾਗਮ ਸਬੰਧੀ ਕਾਰਡ ਜਾਰੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਅਯੁੱਧਿਆ ਧਾਮ 'ਚ ਸ੍ਰੀ ਰਾਮ ਜੀ ਦਾ ਮੰਦਰ ਬਣਨ ਦੀ ਖੁਸ਼ੀ ਵਿੱਚ ਪੂਰੇ ਦੇਸ਼ ਵਿੱਚ ਰੌਣਕਾਂ ਲੱਗੀਆਂ ਹੋਈਆਂ ਹਨ ਤੇ ਰਾਮ ਭਗਤਾਂ ਦੇ ਚਿਹਰੇ 'ਤੇ ਖੁਸ਼ੀਆਂ ਨਜ਼ਰ ਆ ਰਹੀਆਂ ਹਨ ਅਤੇ 22 ਜਨਵਰੀ ਨੂੰ ਅਯੁੱਧਿਆ ਵਿਖੇ ਪ੍ਰਾਣ ਪ੍ਰਤਿਸ਼ਠਾ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿੱਥੇ ਕਿ ਸ੍ਰੀ ਰਾਮ ਲੀਲ੍ਹਾ ਉਤਸਵ ਕਮੇਟੀ ਤੇ ਸ਼੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਬਾਘਾ ਪੁਰਾਣਾ ਤੇ ਸ਼ਹਿਰ ਵਾਸੀਆਂ ਦੇ ਸਾਹਿਯੋਗ ਨਾਲ ਅਯੁੱਧਿਆ ਧਾਮ ਵਿੱਚ ਰਾਮ ਮੰਦਰ ਬਣਨ ਦੀ ਖੁਸ਼ੀ ਵਿੱਚ ਬਾਘਾ ਪੁਰਾਣਾ ਸ਼੍ਰੀ ਸ਼ਿਵ ਮੰਦਰ ਵਿਖੇ ਇੱਕ ਸਮਾਗਮ ਕੀਤਾ ਜਾ ਰਿਹਾ ਹੈ ਅਤੇ ਸਮਾਗਮ ਦੇ ਸਬੰਧ 'ਚ ਸ਼੍ਰੀ ਰਾਮ ਲੀਲ੍ਹਾ ਉਤਸਵ ਕਮੇਟੀ ਤੇ ਸ਼੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਇਕ ਕਾਰਡ ਜਾਰੀ ਕੀਤਾ ਗਿਆ। ਇਸ ਮੌਕੇ ਵਿਜੇ ਸ਼ਰਮਾ, ਅਸ਼ਵਨੀ ਸ਼ਰਮਾ, ਰੋਸ਼ਨ ਲਾਲ ਰੋਸ਼ੀ, ਦੀਪਕ ਗਰਗ ਬੋਬੀ, ਸੰਦੀਪ ਗੋਇਲ ਠੰਡੂ, ਬਲਵਿੰਦਰ ਗਰਗ, ਵਿਜੇ ਬੰਟੀ ਜਿੰਦਲ, ਕ੍ਰਿਸ਼ਨ ਗਰਗ, ਮਨੋਜ ਕੁਮਾਰ ਗੋਇਲ ਨੇ ਦੱਸਿਆ ਕਿ 21 ਜਨਵਰੀ ਨੂੰ ਸਵੇਰੇ ਸ਼੍ਰੀ ਰਮਾਇਣ ਜੀ ਦਾ ਪਾਠ ਸਵੇਰੇ 9 ਵਜੇ ਆਰੰਭ ਕੀਤਾ ਜਾਵੇਗਾ ਤੇ ਸ਼ਹਿਰ ਵਿੱਚ ਦੁਪਹਿਰ 1 ਵਜੇ ਸ਼੍ਰੀ ਰਾਮ ਧਵਜ ਯਾਤਰਾ ਕੱਢੀ ਜਾਵੇਗੀ, ਜੋ ਕਿ ਸ਼੍ਰੀ ਸ਼ਿਵ ਮੰਦਰ ਤੋਂ ਰਵਾਨਾ ਹੋਵੇਗੀ ਅਤੇ ਪੂਰੇ ਸ਼ਹਿਰ ਦੀ ਪਰਿਕਰਮਾ ਕਰਦੇ ਹੋਏ ਵਾਪਸ ਸ਼ਿਵ ਮੰਦਰ ਪੁੱਜੇਗੀ ਅਤੇ 22 ਜਨਵਰੀ ਨੂੰ ਸ਼੍ਰੀ ਸ਼ਿਵ ਮੰਦਰ ਵਿਖੇ ਅਯੁੱਧਿਆ ਦਾ ਸਮਾਗਮ ਲਾਈਵ ਦਿਖਾਇਆ ਜਾਵੇਗਾ। ਰਾਕੇਸ਼ ਤੋਤਾ ਜਿੰਦਲ, ਬਿੰਦੂ ਜੈਦਕਾ, ਦੀਪਕ ਭੱਲਾ, ਤਿਲਕ ਰਾਜ ਬੱਬਰ, ਸੁਰਿੰਦਰ ਬਾਂਸਲ ਡੀ ਐੱਮ, ਮਨੋਹਰ ਲਾਲ ਗੋਇਲ, ਬਲਜਿੰਦਰ ਭੱਲਾ, ਵੇਦ ਪ੍ਰਕਾਸ਼ ਤਨੇਜਾ, ਪਵਨ ਗੁਪਤਾ, ਮਨੀ ਅਰੋੜਾ, ਅਜੇ ਪੁਰੀ, ਸੋਨੂੰ ਸਿੰਗਲਾ, ਚਤੁਰਭੁਜ, ਦੀਪਾ ਸ਼ਾਹੀ, ਅਰੁਣ ਬਾਂਸਲ, ਪਵਨ ਬਾਂਸਲ, ਅਰਵਿੰਦਰ ਵਰਮਾ ਨੇ ਕਿਹਾ ਕਿ 21 ਤੇ 22 ਜਨਵਰੀ ਨੂੰ ਆਪਣੇ ਘਰਾਂ ਵਿੱਚ 5-5 ਦੀਵੇ ਜ਼ਰੂਰ ਲਗਾਉਣ ਅਤੇ ਬਾਘਾ ਪੁਰਾਣਾ ਸ਼ਹਿਰ ਤੇ ਮੰਦਰ ਨੂੰ ਰੰਗ ਬਰੰਗੀਆਂ ਲਾਈਟਾਂ ਤੇ ਫੁੱਲਾਂ ਨਾਲ ਖੂਬ ਸਜਾਵਟ ਕੀਤੀ ਜਾ ਰਹੀ ਹੈ।

### ਰਾਗੀ ਚਰਨਜੀਤ ਸਿੰਘ ਚੰਨੀ ਦੇ ਦੇਹਾਂਤ 'ਤੇ ਦੁੱਖ ਪ੍ਰਗਟ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਡਾ. ਭੁਪਿੰਦਰ ਸਿੰਘ ਸਾਬਕਾ ਚੇਅਰਮੈਨ ਹੋਮਿਓਪੈਥੀ ਕੌਂਸਲ ਪੰਜਾਬ ਤੇ ਹਰਵਿੰਦਰ ਸਿੰਘ ਕਾਕਾ ਦੇ ਭਰਾ ਰਾਗੀ ਚਰਨਜੀਤ ਸਿੰਘ ਚੰਨੀ ਦਾ ਦੇਹਾਂਤ ਹੋ ਗਿਆ। ਇਸ ਦੁੱਖ ਦੀ ਘੜੀ ਵਿੱਚ ਗਿੱਦੜਬਾਹਾ ਦੇ ਸਾਬਕਾ ਵਿਧਾਇਕ ਰਘਬੀਰ ਸਿੰਘ ਪ੍ਰਧਾਨ, ਹਲਕਾ ਗਿੱਦੜਬਾਹਾ ਦੇ ਮੁੱਖ ਸੇਵਾਦਾਰ ਹਰਦੀਪ ਸਿੰਘ ਡਿੰਪੀ ਢਿੱਲੋਂ, ਯੂਥ ਆਗੂ ਅਭੈ ਢਿੱਲੋਂ, ਐਡਵੋਕੇਟ ਅਸ਼ੋਕ ਧੀਰ, ਅਸ਼ੋਕ ਬੁੱਟਰ, ਛਿੰਦੀ ਬਾਬਾ, ਸ਼ਿੰਪੀ ਬਾਂਸਲ, ਗੁਰਮੀਤ ਸਿੰਘ ਕਿੰਗਰਾ ਰਿਟਾ. ਐਸ ਪੀ, ਸ਼ੁਭਾਸ਼ ਜੈਨ ਲਿੱਲੀ, ਪਟਵਾਰੀ ਲਖਵੀਰ ਵਾਲੀਆ, ਜੋਗਿੰਦਰ ਸਿੰਘ ਸਮਾਘ, ਹਰੀ ਸਿੰਘ ਪ੍ਰਧਾਨ, ਬਾਬਾ ਜੀਤ ਸਿੰਘ, ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਦੇ ਪ੍ਰਧਾਨ ਬਲਬੀਰ ਸਿੰਘ, ਲਖਵੀਰ ਸਿੰਘ ਬਰਾੜ ਅਤੇ ਸਮੂਹ ਕਮੇਟੀ ਮੈਂਬਰ, ਕਾਲਾ ਸਿੰਘ ਪ੍ਰਧਾਨ ਸੁਖਮਨੀ ਸੇਵਾ ਸੁਸਾਇਟੀ ਗਿੱਦੜਬਾਹਾ ਤੇ ਸਮੂਹ ਮੈਬਰ ਤੋਂ ਇਲਾਵਾ ਸ਼ਹਿਰ ਦੀਆਂ ਸਮਾਜਸੇਵੀ, ਧਾਰਮਿਕ ਤੇ ਵਪਾਰਕ ਜਥੇਬੰਦੀਆਂ, ਬਾਰ ਐਸੋਸੀਏਸ਼ਨ ਗਿੱਦੜਬਾਹਾ ਦੇ ਵਕੀਲ ਭਾਈਚਾਰੇ ਨੇ ਡਾ. ਭੁਪਿੰਦਰ ਸਿੰਘ ਸਾਬਕਾ ਚੇਅਰਮੈਨ ਤੇ ਹਰਵਿੰਦਰ ਸਿੰਘ ਕਾਕਾ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸਵ. ਚਰਨਜੀਤ ਸਿੰਘ ਚੰਨੀ ਨਮਿਤ ਸ੍ਰੀ ਸਹਿਜ ਪਾਠ ਦਾ ਭੋਗ ਤੇ ਅੰਤਮ ਅਰਦਾਸ 19 ਜਨਵਰੀ ਨੂੰ ਕੋਟਕਪੂਰਾ-ਫ਼ਰੀਦਕੋਟ ਰੋਡ ਤੇ ਗੁਰਦੁਆਰਾ ਮਾਤਾ ਦਇਆ ਕੌਰ ਜੀ ਸੰਧਵਾਂ ਵਿਖੇ 12 ਵਜੇ ਤੋਂ 1 ਵਜੇ ਤੱਕ ਪਵੇਗਾ।



## ਮੁੱਖ ਮੰਤਰੀ ਦੇ ਹਲਕੇ 'ਚ ਖੰਡ ਮਿੱਲ ਦਾ ਬੰਦ ਹੋਣਾ ਮੰਦਭਾਗਾ : ਗੋਲਡੀ ਖੰਗੂੜਾ

**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**
ਸਾਬਕਾ ਹਲਕਾ ਵਿਧਾਇਕ, ਜ਼ਿਲ੍ਹਾ ਕਾਂਗਰਸ ਸੰਗਰੂਰ ਦੇ ਪ੍ਰਧਾਨ ਅਤੇ ਮੁੱਖ ਮੰਤਰੀ ਪੰਜਾਬ ਦੇ ਮੁਕਾਬਲੇ ਚੋਣ ਲੜਨ ਵਾਲੇ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਸਥਾਨਕ ਹਲਕੇ ਦਾ ਮਾਣ ਬਣੀ ਖੰਡ ਮਿੱਲ ਨੂੰ ਤੁਰੰਤ ਚਲਾਉਣ ਦੀ ਮੰਗ ਕਰਦਿਆਂ ਮੁੱਖ ਮੰਤਰੀ ਪੰਜਾਬ ਨੂੰ ਆਪਣੇ 'ਹਰੇ ਪੈਨ' ਨਾਲ ਮਿਸਾਲੀ ਫ਼ੈਸਲਾ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾ ਕਿਹਾ ਕਿ ਧੂਰੀ ਵਿੱਚ ਖੰਡ ਮਿੱਲ ਹੋਣ ਕਰਕੇ ਧੂਰੀ ਨੂੰ ਵਿਸ਼ਵ ਪੱਧਰ 'ਤੇ ਪਛਾਣ ਮਿਲੀ ਹੈ ਅਤੇ ਪੰਜਾਬ ਸਮੇਤ ਲਾਗਲੇ ਸੂਬਿਆਂ ਦੇ ਲੋਕ ਵੀ ਸਥਾਨਕ ਖੰਡ ਮਿੱਲ 'ਚ ਆਪਣਾ ਗੰਨਾ ਵੇਚਣ ਆਉਂਦੇ ਹਨ ਅਤੇ ਇਥੋਂ ਖਰੀਦਦਾਰੀ ਕਰਕੇ ਲੈ ਕੇ ਜਾਂਦੇ ਹਨ, ਜਿਸ ਦਾ ਫਾਇਦਾ ਇਥੋਂ ਦੇ ਵਪਾਰੀਆਂ ਨੂੰ ਮਿਲ ਰਿਹਾ ਹੈ, ਪਰ ਪੰਜਾਬ 'ਚ ਰੁਜ਼ਗਾਰ ਦੇਣ ਅਤੇ ਨਵੇਂ ਉਦਯੋਗਾਂ ਨੂੰ ਲਿਆਉਣ ਦੀਆਂ ਗੱਲਾਂ ਕਰਨ ਵਾਲੇ ਮੁੱਖ ਮੰਤਰੀ ਦੇ ਆਪਣੇ ਹਲਕੇ ਅੰਦਰ ਹੀ ਵਪਾਰੀਆਂ ਦੇ ਆਰਥਕ ਘਾਟੇ, ਕਿਸਾਨਾਂ ਲਈ ਗੰਨਾ ਵੇਚਣ ਦੇ ਇੱਕੋ ਇੱਕ ਸਾਧਨ ਅਤੇ ਮਿੱਲ ਵਿੱਚ ਕੰਮ ਕਰਦੇ ਸੈਂਕੜੇ ਕਾਮਿਆਂ ਦੇ ਰੁਜ਼ਗਾਰ ਖੁੱਸਣ ਦੇ ਮਾਮਲੇ 'ਤੇ ਮੁੱਖ ਮੰਤਰੀ ਨੇ ਇੱਕ ਸ਼ਬਦ ਵੀ ਬੋਲਣਾ ਮੁਨਾਸਿਬ ਨਹੀਂ ਸਮਝਿਆ।ਉਨ੍ਹਾ ਗੰਨਾ ਕਾਸ਼ਤਕਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਧੂਰੀ ਦੇ ਲੋਕਾਂ ਨੇ ਇੱਕ ਵਿਧਾਇਕ ਨੂੰ ਨਹੀਂ, ਸਗੋਂ ਮੁੱਖ ਮੰਤਰੀ ਨੂੰ ਵੋਟਾਂ ਪਾਈਆਂ ਹਨ ਅਤੇ ਧੂਰੀ ਹਲਕੇ 'ਚ ਖੰਡ ਮਿੱਲ ਦਾ ਬੰਦ ਹੋਣਾ ਇਲਾਕੇ ਲਈ ਸ਼ੁੱਭ ਨਹੀਂ ਹੈ। ਉਨ੍ਹਾ ਕਿਹਾ ਕਿ ਇੱਕ ਪਾਸੇ ਤਾਂ ਮੁੱਖ ਮੰਤਰੀ ਸ੍ਰੀ ਗੋਇੰਦਵਾਲ ਸਾਹਿਬ ਦੇ ਥਰਮਲ ਪਲਾਂਟ ਨੂੰ ਖਰੀਦਣ ਦੀਆਂ ਗੱਲਾਂ ਕਰਦੇ ਹਨ, ਪਰ ਦੂਜੇ ਪਾਸੇ ਉਨ੍ਹਾਂ ਦੇ ਆਪਣੇ ਹਲਕੇ ਅੰਦਰ ਹੀ ਬੰਦ ਹੋ ਰਹੀ ਖੰਡ ਮਿੱਲ ਨੂੰ ਚਲਾਉਣ ਸਬੰਧੀ ਸਰਕਾਰ ਕੁਝ ਨਹੀਂ ਕਰ ਰਹੀ।ਉਨ੍ਹਾ ਮੁੱਖ ਮੰਤਰੀ ਨੂੰ ਤੁਰੰਤ ਇਸ ਮਾਮਲੇ ਵਿੱਚ ਦਖਲ ਅੰਦਾਜ਼ੀ ਕਰਨ ਦੀ ਅਪੀਲ ਕੀਤੀ। ਕਿਉਂਕਿ ਖੰਡ ਮਿੱਲ ਨਾਲ ਇਲਾਕੇ ਦਾ ਹਰੇਕ ਵਿਅਕਤੀ ਸਿੱਧੇ ਅਸਿੱਧੇ ਤੌਰ 'ਤੇ ਜੁੜਿਆ ਹੋਇਆ ਹੈ।



## ਬਾਲ ਮਜ਼ਦੂਰੀ ਦੀ ਰੋਕਥਾਮ ਲਈ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋਂ ਅਚਨਚੇਤ ਚੈਕਿੰਗ

**ਲੁਧਿਆਣਾ (ਰਾਜ ਸਿੰਗਲਾ)**-ਬਾਲ ਮਜ਼ਦੂਰੀ ਦੀ ਰੋਕਥਾਮ ਲਈ ਜਾਰੀ ਮੁਹਿੰਮ ਤਹਿਤ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋਂ ਵੱਖ-ਵੱਖ ਥਾਵਾਂ 'ਤੇ ਅਚਨਚੇਤ ਚੈਕਿੰਗ ਦੌਰਾਨ ਬਾਲ ਮਜ਼ਦੂਰੀ ਕਰ ਰਹੇ ਬੱਚੇ ਨੂੰ ਰੈਸਕਿਊ ਕਰਵਾਇਆ ਗਿਆ ਹੈ।ਟੀਮ ਵਿੱਚ ਸ੍ਰੀਮਤੀ ਰਸ਼ਮੀ (ਜ਼ਿਲ੍ਹਾ ਬਾਲ ਸੁਰੱਖਿਆ ਅਫਸਰ), ਸ੍ਰੀ ਗੌਰਵ ਪੁਰੀ (ਡਿਪਟੀ ਡਾਇਰੈਕਟਰ ਆਫ ਫੈਕਟਰੀਜ਼), ਗੁਰਪਿੰਦਰ ਕੌਰ, (ਲੇਬਰ ਇੰਪੈਕਟਰ), ਰਮਨਦੀਪ ਸ਼ਰਮਾ (ਲੇਬਰ ਇੰਸਪੈਕਟਰ), ਹਰਮਿੰਦਰ ਸਿੰਘ (ਸਿੱਖਿਆ ਵਿਭਾਗ), ਹਰਦੇਵ ਸਿੰਘ (ਏ.ਐੱਚ.ਟੀ.ਯੂਨਿਟ) ਸ੍ਰੀ ਸਨਦੀਪ ਸਿੰਘ (ਬਚਪਨ ਬਚਾਓ ਅੰਦੋਲਨ) ਤੇ ਹੋਰ ਮੈਂਬਰ ਸ਼ਾਮਲ ਸਨ।ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਸ੍ਰੀਮਤੀ ਰਸ਼ਮੀ ਨੇ ਦੱਸਿਆ ਕਿ ਬਾਲ ਮਜ਼ਦੂਰੀ ਨੂੰ ਰੋਕਣ ਲਈ ਜ਼ਿਲ੍ਹਾ ਲੁਧਿਆਣਾ ਵਿੱਚ ਅਚਨਚੇਤ ਚੈਕਿੰਗ ਗਈ, ਜਿਨ੍ਹਾਂ ਵਿੱਚ ਪ੍ਰਿਆ ਕਲੋਨੀ, ਰਾਹੋਂ ਰੋਡ, ਬਾਜੜਾ, ਨੇੜੇ ਸਰਕਾਰੀ ਸਕੂਲ ਤੇ ਹੋਰ ਥਾਵਾਂ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ ਇੱਕ ਅਦਾਰੇ ਤੋਂ ਇੱਕ ਬੱਚੇ ਨੂੰ ਬਾਲ ਮਜ਼ਦੂਰੀ ਕਰਦੇ ਰੈਸਕਿਊ ਕਰਵਾਇਆ ਗਿਆ।ਉਨ੍ਹਾਂ ਇਹ ਵੀ ਦੱਸਿਆ ਕਿ ਬੱਚੇ ਨੂੰ ਬਾਲ ਭਲਾਈ ਕਮੇਟੀ ਲੁਧਿਆਣਾ ਦੇ ਸਾਹਮਣੇ ਪੇਸ਼ ਕੀਤਾ ਗਿਆ ਅਤੇ ਬਾਅਦ ਵਿੱਚ ਚਿਲਡਰਨ ਹੋਮ ਵਿੱਚ ਸ਼ਿਫਟ ਕਰ ਦਿੱਤਾ ਗਿਆ ਹੈ।



## ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਨੇ ਵਿਖਾਇਆ ਕਮਾਈ ਦਾ ਰਾਹ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਲੋਕਾਂ ਨੂੰ ਆਪਣਾ ਖੁਦ ਦਾ ਕਾਰੋਬਾਰ ਸ਼ੁਰੂ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ। ਇਸ ਤਹਿਤ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਧੀਨ ਬਹੁਤ ਸਾਰੇ ਲੋਕਾਂ ਨੂੰ ਰੋਜ਼ਗਾਰ ਨਾਲ ਜੋੜਿਆ ਜਾ ਰਿਹਾ ਹੈ।ਇਸੇ ਲੜੀ ਤਹਿਤ ਖੁੱਡੀਆਂ ਪ੍ਰੋਡਿਊਸਰ ਸੈਲਫ਼ ਹੈਲਪ ਗਰੁੱਪ ਵੱਲੋਂ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਵਧਾਉਣ ਲਈ ਰਸਾਇਣਕ ਖਾਦਾਂ ਦੀ ਥਾਂ ਗੰਡੋਆ ਖਾਦ ਦੀ ਵਰਤੋਂ ਕਰਨ ਸਬੰਧੀ ਪ੍ਰੇਰਿਤ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਖੁੱਡੀਆਂ ਗੁਲਾਬ ਸਿੰਘ ਦੀ ਵਸਨੀਕ ਸ੍ਰੀਮਤੀ ਪਰਮਜੀਤ ਕੌਰ ਅਨੁਸਾਰ ਉਹ ਪਿਛਲੇ ਤਿੰਨ ਮਹੀਨਿਆਂ ਤੋਂ ਗੰਡੋਆ ਖਾਦ ਦੀ ਵਿਕਰੀ ਕਰ ਰਹੇ ਹਨ, ਜਿਸ ਨਾਲ ਉਨ੍ਹਾ ਦੀ ਆਮਦਨ ਵਿੱਚ ਚੰਗਾ ਵਾਧਾ ਹੋਇਆ ਹੈ।ਉਨ੍ਹਾ ਕਿਹਾ ਕਿ ਇਹ ਗੰਡੋਆ ਖਾਦ ਅਮੀਨੀਆ ਫਟੀਡਾ ਹੈ, ਜੋ ਆਸਟ੍ਰੇਲੀਅਨ ਬਰੀਡ ਦੇ ਨਾਂ ਨਾਲ ਵੀ ਜਾਣੀ ਜਾਂਦੀ ਹੈ।ਉਨ੍ਹਾ ਅਨੁਸਾਰ ਜਿੱਥੇ ਇਹ ਖਾਦ ਜ਼ਮੀਨੀ ਤੱਤਾਂ ਨੂੰ ਨਸ਼ਟ ਹੋਣ ਤੋਂ ਬਚਾਉਂਦੀ ਹੈ, ਉੱਥੇ ਇਸ ਦੀ ਵਰਤੋਂ ਨਾਲ ਫ਼ਸਲ ਦੀ ਪੈਦਾਵਾਰ ਵਿੱਚ ਵੀ ਚੌਖਾ ਵਾਧਾ ਹੁੰਦਾ ਹੈ।ਉਨ੍ਹਾ ਦੱਸਿਆ ਕਿ ਕਿਸਾਨਾਂ ਵੱਲੋਂ ਫਸਲਾਂ ਵਿੱਚ ਜ਼ਿਆਦਾਤਰ ਯੂਰੀਆ ਦੀ ਵਰਤੋਂ ਕੀਤੀ ਜਾਂਦੀ ਹੈ, ਜਿਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਤਾਂ ਘੱਟਦੀ ਹੈ ਤੇ ਨਾਲ ਹੀ ਇਹ ਬਿਮਾਰੀਆਂ ਦਾ ਕਾਰਨ ਵੀ ਬਣਦੀ ਜਾ ਰਹੀ ਹੈ।ਉਨ੍ਹਾ ਅਨੁਸਾਰ ਇਸ ਖਾਦ ਤੋਂ ਉਨ੍ਹਾਂ ਵੱਲੋਂ ਇੱਕ ਵਰਮੀ ਵਾਸ਼ ਸਪਰੇ ਵੀ ਤਿਆਰ ਕੀਤੀ ਗਈ ਹੈ, ਜੋ ਕਿ ਗ੍ਰੋਥ ਪ੍ਰਮੋਟਰ ਦੇ ਨਾਂ ਨਾਲ ਵੀ ਜਾਣੀ ਜਾਂਦੀ ਹੈ, ਇਸ ਦੀ ਵਰਤੋਂ ਨਾਲ ਫਸਲਾਂ ਦੇ ਝਾੜ ਵਿੱਚ ਵਾਧਾ ਹੁੰਦਾ ਹੈ।

## 72 ਬੋਤਲਾਂ ਸ਼ਰਾਬ ਵੇਚਣ ਜਾ ਰਿਹਾ ਕਾਰ ਸਣੇ ਕਾਬੂ

**ਜਗਰਾਉਂ (ਅਮਿਤ ਖੰਨਾ)**-ਦੂਸਰੇ ਇਲਾਕਿਆਂ ਤੋਂ ਸ਼ਰਾਬ ਲਿਆ ਕੇ ਇਲਾਕੇ 'ਚ ਹੋਮ ਡਿਲੀਵਰੀ ਦੇਣ ਦਾ ਕਈ ਲੋਕਾਂ ਨੇ ਕਾਰੋਬਾਰ ਹੀ ਸ਼ੁਰੂ ਕੀਤਾ ਹੋਇਆ ਹੈ। ਪਰ ਪੁਲਸ ਜ਼ਿਲਾ ਲੁਧਿਆਣਾ ਦਿਹਾਤੀ ਦੇ ਐਸ ਐਸ ਪੀ ਨਵਨੀਤ ਸਿੰਘ ਵੱਲੋਂ ਚਲਾਈ ਗਈ ਅਜਿਹੇ ਹੋਮ ਡਿਲੀਵਰੀ ਦੇਣ ਵਾਲੇ ਤਸਕਰਾਂ ਉੱਪਰ ਸਖਤ ਮੁਹਿੰਮ ਅਧੀਨ ਅੱਜ ਇੱਕ ਹੋਰ ਅਜਿਹਾ ਹੀ ਤਸਕਰ ਪਕੜੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮਿਲੀ ਸੂਚਨਾ ਮੁਤਾਬਕ ਥਾਣਾ ਸਦਰ ਜਗਰਾਉਂ ਦੇ ਏਐਸਆਈ ਹਰਪਾਲ ਸਿੰਘ ਆਪਣੀ ਸਾਥੀ ਪਾਰਟੀ ਦੇ ਨਾਲ ਮੇਨ ਜੀ ਟੀ ਰੋਡ ਬੱਸ ਅੱਡਾ ਸਿੱਧਵਾਂ ਕਲਾਂ ਮੌਜੂਦ ਸਨ ਤਾਂ ਉਨ੍ਹਾਂ ਨੂੰ ਗੁਪਤ ਇਲਤਲਾਹ ਮਿਲੀ ਕਿ ਸੰਦੀਪ ਸਿੰਘ ਉਰਫ ਗਗਨ ਵਾਸੀ ਪੋਨਾ ਜੋ ਨਜਾਇਜ਼ ਸ਼ਰਾਬ ਵੇਚਣ ਦਾ ਧੰਦਾ ਕਰਦਾ ਹੈ ਅਤੇ ਆਪਣੀ ਕਾਰ ਪੀ ਵੀ 15 ਡੀ 5900 ਸ਼ੈਵਰਲੇਟ ਰਾਹੀਂ ਗਾਹਕਾਂ ਨੂੰ ਹੋਮ ਡਿਲੀਵਰੀ ਦੇਣ ਵਾਸਤੇ ਇਲਾਕੇ ਵਿੱਚ ਘੁੰਮ ਰਿਹਾ ਹੈ। ਜਿਸ ਨੂੰ ਮੌਕੇ 'ਤੇ ਕਾਬੂ ਕਰਕੇ ਉਸ ਦੇ ਕਬਜ਼ੇ ਵਿੱਚੋਂ 72 ਬੋਤਲਾਂ ਸ਼ਰਾਬ ਮਾਰਕਾ ਡਾਲਰ ਵਗੈਰਾ ਸਮੇਤ ਕਾਰ ਕਾਬੂ ਕਰਕੇ ਮੁਕੱਦਮਾ ਦਰਜ ਕੀਤਾ ਗਿਆ।

## ਕਰਮਜੀਤ ਸਿੰਘ ਅਲਹੌਰਾਂ ਤੇ ਦੀਪਕ ਗਰਗ ਆਪ 'ਚ ਸ਼ਾਮਲ



**ਨਾਭਾ (ਵਰਿੰਦਰ ਵਰਮਾ)**-ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਚਲਾਈਆਂ ਗਈਆਂ ਭਲਾਈ ਸਕੀਮਾਂ ਨੂੰ ਵੇਖਦੇ ਹੋਏ ਅਤੇ ਲੋਕ ਸਭਾ ਚੋਣਾਂ ਨੂੰ ਦੇਖਦੇ ਹੋਏ ਪੰਜਾਬ ਵਿੱਚ ਵੱਡੇ ਪੱਧਰ 'ਤੇ ਪੰਜਾਬ ਵਾਸੀ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਰਮਜੀਤ ਸਿੰਘ ਅਲਹੌਰਾਂ ਨੂੰ ਆਮ ਆਦਮੀ ਪਾਰਟੀ 'ਚ ਸ਼ਾਮਲ ਕਰਨਾ ਉਪਰੰਤ ਕੀਤਾ। ਉਨ੍ਹਾ ਕਿਹਾ ਕਿ ਨਾਭਾ ਹਲਕੇ 'ਚ ਵਿਕਾਸ ਕਾਰਜ ਵੱਡੇ ਪੱਧਰ 'ਤੇ ਚੱਲ ਰਹੇ ਹਨ। ਜਿਸ ਨੂੰ ਦੇਖਦੇ ਹੋਏ ਵੱਡੇ ਪੱਧਰ 'ਤੇ ਹਲਕੇ ਵਿੱਚ ਲੋਕ ਆਮ ਆਦਮੀ ਪਾਰਟੀ ਦੇ 'ਚ ਸ਼ਾਮਲ ਹੋ ਰਹੇ ਹਨ। ਉਨ੍ਹਾ ਦੱਸਿਆ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਦੇਖਦੇ ਹੋਏ ਅੱਜ ਕਰਮਜੀਤ ਸਿੰਘ ਅਲਹੌਰਾਂ ਅਤੇ ਦੀਪਕ ਗਰਗ ਅਕਾਲੀ ਦਲ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ। ਦੇਵ ਮਾਨ ਨੇ ਕਿਹਾ ਕਿ ਇਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਆਪ ਪਾਰਟੀ ਵਿੱਚ ਸ਼ਾਮਿਲ ਹੋਣ ਉਪਰੰਤ ਕਰਮਜੀਤ ਸਿੰਘ ਅਲਹੌਰਾਂ ਅਤੇ ਦੀਪਕ ਗਰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਾਂ। ਇਸ ਮੌਕੇ ਉਨ੍ਹ ਨਾਲ ਸੁਰਿੰਦਰ ਗੁਪਤਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਨਾਭਾ, ਸੁਖਵੰਤ ਸਿੰਘ ਕੌਲ, ਸਿਕੰਦਰ ਸਿੰਘ, ਰਜਨੀਸ਼ ਗਰਗ ਨਿਸ਼ੂ, ਤੇਜਿੰਦਰ ਸਿੰਘ ਖਹਿਰਾ, ਧਰਮਿੰਦਰ ਸਿੰਘ ਸੁਖੇਵਾਲ, ਮਨਪ੍ਰੀਤ ਸਿੰਘ ਕਾਲੀਆ, ਭੁਪਿੰਦਰ ਸਿੰਘ ਕੱਲਰ ਮਾਜਰੀ, ਰਮਨ ਜਿੰਦਲ ਭੋਲਾ, ਸਤਪਾਲ ਮਿੱਤਲ, ਜਸਵੀਰ ਸਿੰਘ ਵਜੀਦਪੁਰ, ਆਦਿ ਹਾਜ਼ਰ ਸਨ।

## ਹਰਿਆਣਾ ਰੋਡਵੇਜ਼ ਕਾਮੇ 24 ਦੇ ਚੱਕਾ ਜਾਮ 'ਤੇ ਦ੍ਰਿੜ੍ਹ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਹਰਿਆਣਾ ਰੋਡਵੇਜ਼ ਵਰਕਰਜ਼ ਯੂਨੀਅਨ (ਸਬੰਧਤ ਆਲ ਇੰਪਲਾਈਜ਼ ਯੂਨੀਅਨ) ਦੇ ਆਗੂ ਪ੍ਰਿਥਵੀ ਸਿੰਘ ਚਾਹਰ ਦਾ ਕਹਿਣਾ ਹੈ ਕਿ 24 ਜਨਵਰੀ ਨੂੰ ਕੀਤੀ ਜਾਣ ਵਾਲੀ ਹੜਤਾਲ ਦੇ ਸਬੰਧ ਵਿੱਚ ਸਾਂਝਾ ਮੋਰਚਾ ਦੀ ਰੋਡਵੇਜ਼ ਅਹਾਤੇ ਵਿੱਚ ਮੀਟਿੰਗ ਦੀ ਪ੍ਰਧਾਨਗੀ ਸੀਤਾ ਸਿੰਘ, ਮੋਹਨ ਲਾਲ ਸਹਾਰਨ, ਰਛਪਾਲ ਸਿੰਘ ਸੰਧੂ ਨੇ ਕੀਤੀ ਅਤੇ ਮੰਚ ਸੰਚਾਲਨ ਚਮਨ ਲਾਲ ਸਵਾਮੀ ਨੇ ਕੀਤਾ।ਇਸ ਮੌਕੇ ਸਾਂਝਾ ਮੋਰਚਾ ਸੂਬਾ ਕਮੇਟੀ ਦੇ ਸੀਨੀਅਰ ਆਗੂ ਆਜ਼ਾਦ ਸਿੰਘ ਗਿੱਲ, ਸੰਦੀਪ ਰੰਗਾ, ਕੁਲਦੀਪ ਪੱਬੜਾ ਨੇ ਵੀ ਮੁੱਖ ਤੌਰ 'ਤੇ ਸ਼ਮੂਲੀਅਤ ਕੀਤੀ।ਇਸ ਮੌਕੇ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਆਜ਼ਾਦ ਗਿੱਲ ਨੇ ਕਿਹਾ ਕਿ ਸਾਂਝਾ ਮੋਰਚੇ ਦੀ 30 ਨੁਕਾਤੀ ਮੰਗ ਪੱਤਰ ਨੂੰ ਲੈ ਕੇ ਸਰਕਾਰ ਨਾਲ ਕਈ ਵਾਰ ਗੱਲਬਾਤ ਹੋ ਚੁੱਕੀ ਹੈ ਪਰ ਹਰ ਵਾਰ ਇਸ ਨੂੰ ਰੱਦ ਕਰ ਦਿੱਤਾ ਗਿਆ ਹੈ।ਚਾਹਰ ਨੇ ਦੱਸਿਆ ਕਿ ਚਾਹੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਗੱਲ ਹੋਵੇ, ਡਰਾਈਵਰਾਂ ਤੇ ਕੰਡਕਟਰਾਂ ਦੀ ਤਨਖ਼ਾਹ ਵਿੱਚ ਗੜਬੜੀ ਦੂਰ ਕਰਨ ਜਾਂ ਰੋਡਵੇਜ਼ ਵਿੱਚ ਕੰਮ ਕਰਦੇ ਡੀ ਗਰੁੱਪ ਦੇ ਮੁਲਾਜ਼ਮਾਂ ਨੂੰ ਤਰੱਕੀਆਂ ਦੇਣ ਜਾਂ 2016 ਦੇ ਡਰਾਈਵਰਾਂ ਨੂੰ ਪੱਕੇ ਕਰਨ, ਪੁਰਾਣੀ ਪੈਨਸ਼ਨ ਨੀਤੀ ਬਹਾਲ ਕਰਨ ਦੀ ਗੱਲ ਹੋਵੇ ਜਾਂ ਮੁਲਾਜ਼ਮਾਂ ਦੀਆਂ ਛੁੱਟੀਆਂ ਦੀ ਗੱਲ ਹੋਵੇ, ਇਨ੍ਹਾਂ ਸਭ ਪ੍ਰਤੀ ਸਰਕਾਰ ਦਾ ਰਵੱਈਆ ਗੌਣ ਹੈ। ਜਿਸ ਕਾਰਨ 24 ਜਨਵਰੀ ਨੂੰ ਕੀਤੀ ਜਾਣ ਵਾਲੀ ਹੜਤਾਲ ਦੇ ਸਬੰਧ ਵਿੱਚ ਸਾਂਝਾ ਮੋਰਚਾ ਦੀ ਪੂਰੀ ਤਿਆਰੀ ਹੈ।

## ਕੈਲਾ ਸਕੂਲ ਦੇ ਵਿਦਿਆਰਥੀ ਦਸਤਾਰ ਮੁਕਾਬਲਿਆਂ 'ਚ ਜੇਤੂ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਪਿੰਡ ਕੈਲਾ ਦੀ ਨੌਜਵਾਨ ਸਭਾ ਵੱਲੋਂ ਸਰਬੰਸਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਏ 'ਦਸਤਾਰ ਬੰਦੀ ਮੁਕਾਬਲਿਆਂ' ਦੌਰਾਨ ਸਕੂਲ ਆਫ ਐਮੀਨੈਂਸ ਪਿੰਡ ਕੈਲਾ ਦੇ ਵਿਦਿਆਰਥੀ ਗੁਰਜੀਤ ਸਿੰਘ ਕੈਲਾ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਇਸੇ ਸਕੂਲ ਦਾ ਵਿਦਿਆਰਥੀ ਸ਼ੁੱਭਕਰਮਨ ਸਿੰਘ ਸ਼ੇਰਪੁਰ ਤਾਇਬਾਂ ਤੀਜੇ ਸਥਾਨ 'ਤੇ ਰਿਹਾ।ਇਸ ਮਾਨਮੱਤੀ ਪ੍ਰਾਪਤੀ ਉਪਰੰਤ ਸਕੂਲ ਪਹੁੰਚਣ 'ਤੇ ਸਕੂਲ ਮੁਖੀ ਅਮਰਬੀਰ ਸਿੰਘ ਦੀ ਅਗਵਾਈ ਵਿੱਚ 11ਵੀਂ ਜਮਾਤ ਦੇ ਇਨ੍ਹਾਂ ਦੋਹਾਂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਲੈਕਚਰਾਰ ਤੇਜਿੰਦਰ ਸਿੰਘ ਜਸ਼ਨ ਸਟੇਟ ਐਵਾਰਡੀ ਨੇ ਦੋਹਾਂ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਦਿਆਂ ਕਿਹਾ ਕਿ ਵੱਖ-ਵੱਖ ਪਿੰਡਾਂ ਦੇ ਬੱਚਿਆਂ ਦਰਮਿਆਨ ਹੋਏ ਮੁਕਾਬਲਿਆਂ ਵਿੱਚ ਇਸ ਮਾਨਮੱਤੀ ਪ੍ਰਾਪਤੀ ਨਾਲ ਜਿੱਥੇ ਸਕੂਲ ਆਫ ਐਮੀਨੈਂਸ ਕੈਲਾ ਦਾ ਨਾਂਅ ਰੌਸ਼ਨ ਹੋਇਆ ਹੈ, ਉੱਥੇ ਇਨ੍ਹਾਂ ਵਿਦਿਆਰਥੀਆਂ ਨੂੰ ਮੁਕਾਬਲੇ ਦੇ ਯੁੱਗ ਵਿੱਚ ਅੱਗੇ ਵਧਣ ਲਈ ਪ੍ਰੇਰਨਾ ਮਿਲੀ ਹੈ।

### ਗੁਰਦੁਆਰਾ ਸਾਹਿਬ 'ਚੋਂ ਸੋਨਾ ਚੋਰੀ ਕਰਨ ਵਾਲੇ ਮੁਲਾਜ਼ਮ 'ਤੇ ਸਖ਼ਤ ਕਾਰਵਾਈ ਹੋਵੇ : ਭੁੱਲਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਫਿਰੋਜ਼ਪੁਰ ਨੇ ਦੱਸਿਆ ਕਿ ਮੱਸਿਆ ਤੋਂ ਅਗਲੇ ਦਿਨ ਗੋਲਕ ਦੀ ਮਾਇਆ ਗਿਣਨ ਲੱਗਿਆਂ ਉਸ ਵਿੱਚ ਕਿਸੇ ਦਾਨੀ ਪੁਰਸ਼ ਵੱਲੋਂ ਦਾਨ ਕੀਤਾ ਸੋਨਾ ਤਕਰੀਬਨ 6 ਗਰਾਮ, ਜੋ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਨੇ ਗਿਣਤੀ ਸਮੇਂ ਚੋਰੀ ਕਰ ਲਿਆ ਸੀ, ਦਾ ਪਤਾ ਉਸ ਵੇਲੇ ਲੱਗਿਆ, ਜਦੋਂ ਮੁਲਾਜ਼ਮਾਂ ਨੇ ਗਿਣਤੀ ਕਰਨ ਦੀ ਵੀਡੀਓ ਦੇਖੀ ਤਾਂ ਉਸ ਸਮੇਂ ਸੋਨਾ ਚੋਰੀ ਕਰਦੇ ਮੁਲਾਜ਼ਮ ਗੁਰਚਰਨ ਸਿੰਘ ਸ਼ੇਰ ਖਾਂ ਦੀ ਚੋਰੀ ਫੜੀ ਗਈ।ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਵੱਲੋਂ ਦੋਸ਼ੀ ਮੁਲਾਜ਼ਮ ਤੋਂ ਸੋਨਾ ਚੋਰੀ ਬਰਾਮਦ ਕਰਕੇ ਲਿਖਤੀ ਪੜਤੀ ਖਾਨਾਪੂਰਤੀ ਕੀਤੀ ਗਈ।ਕੁਝ ਭਰੋਸੇਯੋਗ ਵਿਅਕਤੀਆਂ ਤੋਂ ਪਤਾ ਲੱਗਾ ਹੈ ਕਿ ਅਜੇ ਤੱਕ ਦੋਸ਼ੀ ਮੁਲਾਜ਼ਮ 'ਤੇ ਕਾਰਵਾਈ ਨਹੀਂ ਕੀਤੀ ਗਈ, ਕਿਉਂਕਿ ਇਸ ਨੂੰ ਬਚਾਉਣ ਵਾਸਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰਾਂ ਦਾ ਜ਼ੋਰ ਲੱਗ ਰਿਹਾ ਹੈ।ਪਹਿਲਾਂ ਵੀ ਇਸੇ ਤਰ੍ਹਾਂ ਗੁਰਦੁਆਰਾ ਸਾਹਿਬ ਦੇ ਮੈਨੇਜਰ/ਮੁਲਾਜ਼ਮਾਂ ਵੱਲੋਂ ਕਈ ਮੁਲਾਜ਼ਮਾਂ ਨੂੰ ਚੋਰੀ ਕਰਦਿਆਂ ਨੂੰ ਫੜਿਆ ਗਿਆ, ਪਰ ਉਨ੍ਹਾਂ ਦੀ ਪੁਸ਼ਤ ਪਨਾਹੀ ਕਰਨ ਵਾਲੇ ਗੁਰਦੁਆਰਾ ਪ੍ਰਬੰਧਕ ਸ਼੍ਰੋਮਣੀ ਕਮੇਟੀ ਮੈਂਬਰਾਂ ਦੀ ਸਿਫਾਰਸ਼ 'ਤੇ ਦੁਬਾਰਾ ਉਨ੍ਹਾਂ ਨੂੰ ਗੁਰਦੁਆਰਾ ਸਾਹਿਬ ਦੀ ਸੇਵਾ ਵਿੱਚ ਲਗਾਇਆ ਗਿਆ।ਇਥੋਂ ਪਤਾ ਲੱਗਦਾ ਹੈ ਕਿ ਹੁਣ ਗੁਰੂ ਘਰਾਂ ਵਿੱਚ ਚੋਰੀ ਕਰਨ ਵਾਲਿਆਂ ਦੀ ਪੁਸ਼ਤ ਪਨਾਹੀ ਕੌਣ ਕਰਦਾ ਹੈ।ਗੁਰਦੁਆਰਾ ਸਾਹਿਬ ਵਿੱਚੋਂ ਚੋਰੀਆਂ ਕਰਨ ਵਾਲਿਆਂ 'ਤੇ ਸਖਤ ਕਾਰਵਾਈ ਕੀਤੀ ਜਾਵੇ, ਜੇਕਰ ਨਾ ਕੀਤੀ ਗਈ ਤਾਂ ਚੋਰਾਂ ਦੀ ਪੁਸ਼ਤ ਪਨਾਹੀ ਕਰਨ ਵਾਲਿਆਂ ਦਾ ਚਿਹਰਾ ਸੰਗਤ ਸਹਾਮਣੇ ਲਿਆਂਦਾ ਜਾਵੇਗਾ।

### ਦੁਕਾਨ ਦਾ ਸ਼ਟਰ ਤੋੜ ਕੇ ਚੋਰੀ ਕਰਨ ਵਾਲਿਆਂ ਦੀ ਹੋਈ ਪਹਿਚਾਣ

**ਜਗਰਾਉਂ (ਅਮਿਤ ਖੰਨਾ)**-ਪਿਛਲੇ ਦਿਨੀਂ ਅੱਡਾ ਰਾਏਕੋਟ ਦੇ ਨੇੜੇ ਲਾਲਾਂ ਵਾਲੀ ਸੜਕ ਉੱਪਰ ਇੱਕ ਮੋਬਾਈਲਾਂ ਦੀ ਦੁਕਾਨ ਉੱਪਰ ਰਾਤ ਦੇ ਸਮੇਂ ਸ਼ਟਰ ਤੋੜ ਕੇ ਮੋਬਾਇਲ ਅਤੇ ਹੋਰ ਅਸੈਸਰੀ ਚੋਰੀ ਕਰ ਲਈ ਗਈ ਸੀ। ਜਿਸ ਦੀ ਸੂਚਨਾ ਦੁਕਾਨ ਮਾਲਕ ਵੱਲੋਂ ਥਾਣਾ ਸਿਟੀ ਜਗਰਾਉਂ ਨੂੰ ਦਿੱਤੀ ਗਈ ਸੀ ਅਤੇ ਥਾਣਾ ਸਿਟੀ ਜਗਰਾਉਂ ਵੱਲੋਂ ਅਣਪਛਾਤੇ ਚੋਰਾਂ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਸੀ। ਪਰ ਦੁਕਾਨ ਮਾਲਕ ਵੱਲੋਂ ਜਾਤੀ ਤੌਰ 'ਤੇ ਇਲਾਕੇ 'ਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਬਰੀਕੀ ਨਾਲ ਪੜਚੋਲ ਕੀਤੀ ਗਈ ਤਾਂ ਉਸ ਨੇ ਦੇਖਿਆ ਕਿ ਉਸ ਦੀ ਦੁਕਾਨ ਉੱਪਰ ਚੋਰੀ ਰਘਵੀਰ ਸਿੰਘ ਉਰਫ ਰਘੂ ਪੁੱਤਰ ਪਾਲੀ ਸਿੰਘ ਅਤੇ ਅਮੀਤ ਗਿੱਲ ਪੁੱਤਰ ਰਾਜੂ ਕੁਮਾਰ ਵਾਸੀਆਨ ਅੱਡਾ ਰਾਏਕੋਟ, 07 ਨੰਬਰ ਚੁੰਗੀ ਜਗਰਾਉਂ ਵੱਲੋਂ ਕੀਤੀ ਗਈ ਹੈ। ਜਿਸ 'ਤੇ ਪੁਲਸ ਥਾਣਾ ਸਿਟੀ ਜਗਰਾਉਂ ਨੇ ਦੱਸਿਆ ਕਿ ਦੋਸ਼ੀਆਂ ਨੂੰ ਮਾਮਲੇ ਵਿੱਚ ਨਾਮਜ਼ਦ ਕਰਕੇ ਇਨ੍ਹਾਂ ਕੋਲੋਂ ਦੋ ਮੋਬਾਇਲ ਫੋਨ ਵੀ ਬਰਾਮਦ ਕੀਤੇ ਗਏ ਹਨ।

## ਬਿਜਲੀ ਕਾਮਿਆਂ ਵੱਲੋਂ ਸਮੁੱਚੇ ਪੰਜਾਬ 'ਚ ਅਰਥੀ ਫੂਕ ਰੈਲੀਆਂ



**ਸਮਰਾਲਾ (ਸੁਰਜੀਤ ਸਿੰਘ)**
ਪੀ.ਐਸ.ਈ.ਬੀ.ਇੰਪਲਾਈਜ਼ ਜੁਆਇੰਟ ਫੋਰਮ 'ਚ ਸ਼ਾਮਲ ਬਿਜਲੀ ਮੁਲਾਜ਼ਮਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਟੈਕਨੀਕਲ ਸਰਵਿਸਜ਼ ਯੂਨੀਅਨ, ਪੀ.ਐਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਰਜਿ: ਇੰਪਲਾਈਜ਼ ਫੈਡਰੇਸ਼ਨ ਪੀ.ਐਸ.ਈ.ਬੀ. (ਸੁਰਿੰਦਰ ਸਿੰਘ ਪਹਿਲਵਾਨ), ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ, ਇੰਪਲਾਈਜ਼ ਫੈਡਰੇਸ਼ਨ (ਫਲਜੀਤ ਸਿੰਘ) ਮਨਿਸਟੀਰੀਅਲ ਸਰਵਿਸਜ਼ ਯੂਨੀਅਨ, ਥਰਮਲਜ਼ ਇੰਪਲਾਈਜ਼ ਕੋ-ਆਰਡੀਨੇਸ਼ਨ ਕਮੇਟੀ, ਹੈਡ ਆਫਿਸ ਇੰਪਲਾਈਜ਼ ਫੈਡਰੇਸ਼ਨ, ਵਰਕਰ ਫੈਡਰੇਸ਼ਨ (ਇੰਟਕ) ਅਤੇ ਸਬ ਸਟੇਸ਼ਨ ਵੈਲਫੇਅਰ ਐਸੋਸੀਏਸ਼ਨ ਦੇ ਸੂਬਾਈ ਆਗੂਆਂ ਸਰਬ ਸਾਥੀ ਕਰਮਚੰਦ ਭਾਰਦਵਾਜ ਭਾਰਦਵਾਜ, ਰਤਨ ਸਿੰਘ ਮਜਾਰੀ, ਬਲਦੇਵ ਸਿੰਘ ਮੰਢਾਲੀ, ਰਵੇਲ ਸਿੰਘ ਸਹਾਏਪੁਰ, ਕੌਰ ਸਿੰਘ ਸੋਹੀ, ਹਰਪਾਲ ਸਿੰਘ, ਜਗਜੀਤ ਸਿੰਘ ਕੋਟਲੀ, ਅਵਤਾਰ ਸਿੰਘ ਕੈਂਥ, ਗੁਰਪਿਆਰ ਸਿੰਘ, ਕੁਲਵਿੰਦਰ ਸਿੰਘ ਢਿੱਲੋਂ, ਜਗਜੀਤ ਸਿੰਘ ਕੰਡਾ, ਸੁਖਵਿੰਦਰ ਸਿੰਘ ਚਾਹਲ, ਜਰਨੈਲ ਸਿੰਘ ਔਲਖ ਆਦਿ ਨੇ ਦੱਸਿਆ ਕਿ ਸੀ ਆਰ ਏ 295/19 ਰਾਹੀਂ ਭਰਤੀ ਹੋਏ ਸਹਾਇਕ ਲਾਈਨਮੈਨਾਂ ਨਾਲ ਪਿਛਲੇ ਲੰਮੇ ਸਮੇਂ ਤੋਂ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਵੱਲੋਂ ਧੱਕੇਸ਼ਾਹੀ ਕੀਤੀ ਜਾ ਰਹੀ ਹੈ। ਮੈਨੇਜਮੈਂਟ ਵੱਲੋਂ ਇਨ੍ਹਾਂ ਦੀ ਭਰਤੀ ਦੀਆਂ ਸ਼ਰਤਾਂ ਵਿੱਚ ਸੋਧ ਕਰਕੇ ਸਾਰੇ ਦਸਤਾਵੇਜ਼ ਚੈਕ ਕਰਕੇ ਇਨ੍ਹਾਂ ਨੂੰ ਸਹਾਇਕ ਲਾਈਨਮੈਨ ਨਿਯੁਕਤ ਕੀਤਾ ਗਿਆ ਸੀ ਅਤੇ ਹੁਣ 3 ਸਾਲ ਦਾ ਪਰਖ਼ ਕਾਲ ਸਮਾਂ ਪੂਰਾ ਹੋਣ ਦੇ ਬਾਵਜੂਦ ਕਾਮਿਆਂ ਨੂੰ ਨਿਯੁਕਤੀ ਪੱਤਰ ਦੀਆਂ ਸ਼ਰਤਾਂ ਅਨੁਸਾਰ ਬਣਦੀ ਤਨਖਾਹ ਸਮੇਤ ਭੱਤੇ ਨਹੀਂ ਜਾਰੀ ਕੀਤੀ ਜਾ ਰਹੀ। ਕੋਰਟ ਦੇ ਫੈਸਲੇ ਦਾ ਹਵਾਲਾ ਦਿੰਦੇ ਹੋਏ ਜਿਨ੍ਹਾਂ ਕਾਮਿਆਂ ਵੱਲੋਂ ਤਜਰਬਾ ਸਰਟੀਫਿਕੇਟ ਦਾ ਲਾਭ ਵੀ ਨਹੀਂ ਲਿਆ ਗਿਆ, ਉਨ੍ਹਾਂ ਦੀ ਵੀ ਬਣਦੀ ਤਨਖਾਹ ਜਾਰੀ ਨਹੀਂ ਕੀਤੀ ਜਾ ਰਹੀ। ਹਾਈ ਕੋਰਟ ਦੇ ਸਟੇਟਸ ਕੋ ਦਾ ਹਵਾਲਾ ਦੇ ਕੇ ਸਾਥੀਆਂ ਨਾਲ ਬੇਇਨਸਾਫੀ ਕੀਤੀ ਜਾ ਰਹੀ ਹੈ। ਹੁਣ ਸਟੇਟਸ ਕੋ ਨੂੰ ਅੱਖੋਂ ਪਰੋਖੇ ਕਰਕੇ 25 ਕਾਮਿਆਂ ਨੂੰ ਬਰਖ਼ਾਸਤ ਕਰਨ ਦਾ ਇਕਪਾਸੜ ਫੈਸਲਾ ਕਰਕੇ ਸਾਥੀਆਂ ਨਾਲ ਵਧੀਕੀ ਕੀਤੀ ਜਾ ਰਹੀ ਹੈ। ਮੈਨੇਜਮੈਂਟ ਦੇ ਇਸ ਮੁਲਾਜ਼ਮ ਵਿਰੋਧੀ ਕਾਰਵਾਈਆਂ ਦੇ ਵਿਰੋਧ ਵਿੱਚ ਜੁਆਇੰਟ ਫੋਰਮ ਵੱਲੋਂ 19 ਜਨਵਰੀ ਨੂੰ ਸਮੁੱਚੇ ਪੰਜਾਬ ਦੇ ਉਪ ਮੰਡਲ/ਮੰਡਲ ਦਫ਼ਤਰਾਂ ਅੱਗੇ ਰੋਸ ਰੈਲੀਆਂ ਕਰਕੇ ਮੈਨੇਜਮੈਂਟ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਆਗੂਆਂ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਮੈਨੇਜਮੈਂਟ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕਰ ਰਹੀ। ਇਨ੍ਹਾਂ ਸਾਥੀਆਂ ਨਾਲ ਹੋ ਰਹੀ ਨਾ ਇਨਸਾਫੀ ਅਤੇ ਮੰਨੀਆਂ ਹੋਈਆਂ ਮੰਗਾਂ ਲਾਗੂ ਕਰਵਾਉਣ ਲਈ 6 ਫਰਵਰੀ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਅੱਗੇ ਵਿਸ਼ਾਲ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਜਾਵੇਗਾ।

### ਜਾਗਰੂਕਤਾ ਵੈਨ ਰਾਹੀਂ ਲੋਕਾਂ ਨੂੰ ਕਾਨੂੰਨੀ ਹੱਕਾਂ ਦੀ ਦਿੱਤੀ ਜਾ ਰਹੀ ਜਾਣਕਾਰੀ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਮੈਨ-ਕਮ-ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਅਰੁਣ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਕਾਨੂੰਨੀ ਹੱਕਾਂ ਦੀ ਜਾਣਕਾਰੀ ਦੇਣ ਵਾਸਤੇ ਜਾਗਰੂਕਤਾ ਵੈਨ ਰਾਹੀਂ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਲੋੜਵੰਦਾਂ ਨੂੰ ਕਾਨੂੰਨੀ ਸਹਾਇਤਾ ਲੈਣ ਸਬੰਧੀ ਕੈਂਪ ਵੀ ਲਗਾਏ ਜਾ ਰਹੇ ਹਨ।ਇਸੇ ਕੜੀ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਮਨਪ੍ਰੀਤ ਕੌਰ ਦੀ ਨਿਗਰਾਨੀ ਹੇਠ ਖਮਾਣੋਂ ਵਿਖੇ ਕਾਨੂੰਨੀ ਸਹਾਇਤਾ ਕੈਂਪ ਲਗਾਇਆ ਗਿਆ, ਜਿਸ ਵਿੱਚ ਮਨਪ੍ਰੀਤ ਕੌਰ ਨੇ ਵੱਖ-ਵੱਖ ਸਕੀਮਾਂ ਅਤੇ ਸਹੂਲਤਾਂ ਜਿਵੇਂ ਅਦਾਲਤਾਂ 'ਚ ਵਕੀਲਾਂ ਦੀਆਂ ਮੁਫਤ ਸੇਵਾਵਾਂ, ਮੁਫਤ ਕਾਨੂੰਨੀ ਸਲਾਹ ਮਸ਼ਵਰਾ, ਲੋਕ ਅਦਾਲਤਾਂ, ਸਮਝੌਤਾ ਸਦਨ/ਰਾਜ਼ੀਨਾਮਾ ਕੇਂਦਰ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਨ ਸਬੰਧੀ ਜਾਣਕਾਰੀ ਦਿੱਤੀ ਗਈ।

## ਸ਼ਹਿਰ ਦੀਆਂ ਮੁਸ਼ਕਲਾਂ ਦਾ ਮੁੱਦਾ ਚੁੱਕਿਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਕਾਂਗਰਸੀ ਆਗੂ ਐਡਵੋਕੇਟ ਜਸਵਿੰਦਰ ਸਿੰਘ ਜੱਸ ਬੱਜੋਆਣਾ ਜਿਥੇ ਅਪਣੇ ਵਰਕਰਾਂ ਨੂੰ ਦੁੱਖ-ਸੁੱਖ ਵਿੱਚ ਮਿਲਦੇ-ਜੁਲਦੇ ਰਹਿੰਦੇ ਹਨ, ਉਥੇ ਰਾਮਪੁਰਾ ਹਲਕੇ ਦੇ ਮੁੱਖ ਮੁੱਦਿਆਂ, ਜਿਵੇਂ ਮਹਿਰਾਜ ਨਗਰ ਦੀ ਪਿਛਲੇ ਲੰਬੇ ਸਮੇਂ ਤੋਂ ਟੁੱਟੀ ਸੜਕ, ਸੀਵਰੇਜ ਦੀ ਸਮੱਸਿਆ, ਫੂਲ ਰੋਡ ਵਾਲੀ ਸੜਕ ਦੀ ਖਸਤਾ ਹਾਲਤ ਤੇ ਪਿਛਲੇ ਸਾਲ ਹੋਈ ਗੜ੍ਹੇਮਾਰੀ ਕਾਰਨ ਕਣਕ ਦੀ ਖ਼ਰਾਬ ਹੋਈ ਫ਼ਸਲ ਦਾ ਪੂਰਾ ਮੁਆਵਜ਼ਾ ਨਾ ਮਿਲਣ ਦੇ ਮੁੱਦਾ ਨੂੰ ਵਿਰੋਧੀ ਧਿਰ ਦੇ ਨੇਤਾ ਕੋਲ ਉਠਾਇਆ ਹੈ।ਇਸ ਮੌਕੇ ਗੁਰਮੀਤ ਸਿੰਘ ਮਹਿਰਾਜ ਮੀਤ ਪ੍ਰਧਾਨ ਕਾਂਗਰਸ, ਭਰਤ ਕੁਮਾਰ ਬੁਰਜ ਗਿੱਲ ਸਾਬਕਾ ਹਲਕਾ ਪ੍ਰਧਾਨ, ਬੂਟਾ ਬੁਰਜ ਗਿੱਲ, ਮਨਪ੍ਰੀਤ ਮਹਿਰਾਜ ਤੇ ਪੁਸ਼ਪਿੰਦਰ ਸਿੰਘ ਹਾਜ਼ਰ ਸਨ।

## ਠੀਕਰੀਵਾਲਾ ਵਿਖੇ ਨਗਰ ਕੀਰਤਨ ਸਜਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਰਜਾ ਮੰਡਲ ਲਹਿਰ ਦੇ ਬਾਨੀ ਅਮਰ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੀ ਸਾਲਾਨਾ ਬਰਸੀ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ, ਜਿਸ ਦਾ ਪਿੰਡ ਵਾਸੀਆਂ ਵੱਲੋਂ ਥਾਂ-ਥਾਂ ਸਵਾਗਤੀ ਗੇਟ ਬਣਾ ਕੇ ਭਰਵਾਂ ਸਵਾਗਤ ਕੀਤਾ।ਹਜ਼ੂਰੀ ਰਾਗੀ ਭਾਈ ਮਹਿੰਦਰ ਸਿੰਘ, ਗਿਆਨੀ ਪਰਮਿੰਦਰ ਸਿੰਘ, ਗਿ: ਮੇਘ ਸਿੰਘ, ਗਿ: ਮਹਿੰਦਰ ਸਿੰਘ,ਗਿ: ਜੋਗਿੰਦਰ ਸਿੰਘ ਦੇ ਰਾਗੀ ਜਥੇ ਨੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਸੀਰ ਸਿੰਘ ਔਲਖ, ਸਕੱਤਰ ਹਰਪਾਲ ਸਿੰਘ ਬੈਂਸ, ਸਰਪੰਚ ਕਿਰਨਜੀਤ ਸਿੰਘ ਹੈਪੀ ਨੇ ਦੱਸਿਆ ਕਿ ਅਖੀਰਲੇ ਦਿਨ 20 ਜਨਵਰੀ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ, ਭਾਕਿਯੂ ਕਾਦੀਆਂ ਦੇ ਸੂਬਾਈ ਪ੍ਰਧਾਨ ਹਰਮੀਤ ਸਿੰਘ ਕਾਦੀਆਂ, ਭਾਕਿਯੂ ਡਕੌਂਦਾ ਦੇ ਸੂਬਾ ਪ੍ਰਧਾਨ ਬੂਟਾ ਸਿੰਘ ਬੁਰਜ ਗਿੱਲ, ਨਰੈਣ ਦੱਤ, ਮਨਜੀਤ ਸਿੰਘ ਧਨੇਰ ਤੇ ਹੋਰ ਪਾਰਟੀਆਂ ਦੇ ਆਗੂ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨਗੇ।

# ਪੰਜਾਬ ਸਰਕਾਰ ਦੇ ਲੱਖ ਯਤਨਾਂ ਸਦਕਾ ਪੰਜਾਬੀ ਭਾਸ਼ਾ ਦਾ ਇੰਝ ਹੋ ਰਿਹਾ ਵਿਕਾਸ

**ਸੰਗਰੂਰ (ਪ੍ਰਵੀਨ ਸਿੰਘ)**
ਅਕਸਰ ਭਗਵੰਤ ਸਿੰਘ ਮਾਨ ਮਾਂ ਬੋਲੀ ਪੰਜਾਬੀ ਭਾਸ਼ਾ ਨੂੰ ਪ੍ਰਫੁਲਤ ਕਰਨ ਤੇ ਸਿੱਖਿਆ ਨੂੰ ਮਿਆਰੀ ਬਣਾਉਣ ਲਈ ਅਧਿਆਪਕਾਂ ਨੂੰ ਵਿਦੇਸ਼ 'ਚ ਟ੍ਰੇਨਿੰਗ ਲੈਣ ਲਈ ਭੇਜਦੇ ਹਨ। ਮਾਨ ਦੇ ਇਨ੍ਹਾਂ ਯਤਨਾਂ ਦੇ ਬਾਵਜੂਦ ਸੰਗਰੂਰ ਦੀਆਂ ਸੜਕਾਂ 'ਤੇ ਪੰਜਾਬੀ ਅਤੇ ਅੰਗਰੇਜ਼ੀ ਭਾਸ਼ਾ ਵਿੱਚ ਲਿਖੇ ਹੋਏ ਬੋਰਡ ਕੁਝ ਵੱਖਰਾ ਹੀ ਬਿਆਨ ਕਰਦੇ ਹਨ। ਸ਼ਹਿਰ ਸੰਗਰੂਰ ਦੇ ਦੁਆਲੇ ਸੜਕ 'ਤੇ ਲੱਗੇ ਇਨ੍ਹਾਂ ਬੋਰਡਾਂ ਨੂੰ ਜੇਕਰ ਗਹੁ ਨਾਲ ਦੇਖਿਆ ਜਾਵੇ ਤਾਂ ਉਨ੍ਹਾਂ ਤੋਂ ਪਤਾ ਲਗਦਾ ਹੈ ਕਿ ਇਹ ਕਿਸੇ ਜ਼ਿਆਦਾ ਹੀ ਪੜ੍ਹੇ ਲਿਖੇ ਦੁਆਰਾ ਲਿਖੇ ਗਏ ਹਨ।ਇਨ੍ਹਾਂ ਬੋਰਡਾਂ 'ਤੇ ਲਿਖੀ ਪੰਜਾਬੀ ਤੇ ਅੰਗਰੇਜ਼ੀ ਭਾਸ਼ਾ ਦਾ ਇੱਕ ਛੋਟਾ ਜਿਹਾ ਨਮੂਨਾ ਦੇਖਣ ਤੋਂ ਪਤਾ ਲੱਗ ਜਾਵੇਗਾ ਕਿ ਅਸੀਂ ਪੰਜਾਬੀ ਅਤੇ ਅੰਗਰੇਜ਼ੀ ਭਾਸ਼ਾਵਾਂ ਨੂੰ ਕਿੰਨਾ ਪਿਆਰ ਕਰਦੇ ਹਾਂ। ਬਾਈਪਾਸ ਤੋਂ ਉਭਾਵਾਲ ਨੂੰ ਜਾਣ ਵਾਲੀ ਸੜਕ ਉੱਤੇ ਲੱਗੇ ਸਾਇਨ ਬੋਰਡਾਂ 'ਤੇ ਉਭਾਵਾਲ ਨੂੰ ਪੰਜਾਬੀ ਵਿੱਚ ਉੱਭਾਵਾਲ ਤੇ ਦੂਸਰੇ ਬੋਰਡ ਤੇ ਉੱਭਾਬਲ ਲਿਖਿਆ ਗਿਆ ਹੈ। ਡਾ. ਨਰਵਿੰਦਰ ਸਿੰਘ ਕੌਸ਼ਲ (ਡੀਨ) ਰਿਟਾ. ਕੁਰੂਕਸ਼ੇਤਰਾ ਯੂਨੀਵਰਸਿਟੀ ਦਾ ਕਹਿਣਾ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਭਾਸ਼ਾ ਵਿਭਾਗ ਨੂੰ ਅਜਿਹੇ ਸਾਇਨ ਬੋਰਡਾਂ ਵੱਲ ਤੁਰੰਤ ਧਿਆਨ ਦੇਣਾ ਬਣਦਾ ਹੈ। ਜੇਕਰ ਇਹ ਸਾਰੇ ਅੱਖਾਂ ਮੀਚ ਕੇ ਹੀ ਬੈਠੇ ਰਹਿਣਗੇ ਤਾਂ ਨਾ ਪੰਜਾਬੀ ਅਤੇ ਨਾ ਹੀ ਅੰਗਰੇਜ਼ੀ ਭਾਸ਼ਾ ਦਾ ਵਿਕਾਸ ਅਤੇ ਸਹੀ ਉਚਾਰਨ ਹੋ ਸਕੇਗਾ। ਸੇਵਾ ਮੁਕਤ ਅਧਿਆਪਕ ਪਰਮਵੇਦ ਦਾ ਕਹਿਣਾ ਹੈ ਕਿ ਭਾਸ਼ਾਵਾਂ ਦਾ ਇਸ ਤਰ੍ਹਾਂ ਦਾ ਹਾਲ ਪੰਜਾਬ ਸਰਕਾਰ ਨਾ ਕਰਾਵੇ, ਤੁਰੰਤ ਧਿਆਨ ਦੇਵੇ। ਗਿਆਨੀ ਹਰੀਸ਼ ਅਰੋੜਾ ਸੇਵਾ ਮੁਕਤ ਅਧਿਆਪਕ ਦਾ ਕਹਿਣਾ ਹੈ ਕਿ ਭਾਸ਼ਾਵਾਂ ਦਾ ਉਚਾਰਨ ਤੇ ਗਿਆਨ ਜਿਨ੍ਹਾਂ ਕੌਮਾਂ ਨੂੰ ਨਹੀਂ ਹੈ ਉਹ ਵਿਕਾਸ ਨਹੀਂ ਕਰ ਸਕਦੀਆਂ।ਡਾ. ਭਗਵੰਤ ਸਿੰਘ ਦਾ ਕਹਿਣਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਮਾਨ ਵੱਲੋਂ ਇਹ ਹਦਾਇਤਾਂ ਸਨ ਕਿ ਸੜਕਾਂ 'ਤੇ ਲੱਗੇ ਸਾਇਨ ਬੋਰਡਾਂ 'ਤੇ ਸ਼ੁੱਧ ਭਾਸ਼ਾਵਾਂ ਲਿਖੀਆਂ ਹੋਣੀਆਂ ਚਾਹੀਦੀਆਂ ਹਨ ਪਰ ਇਥੇ ਨਾ ਪੰਜਾਬੀ ਠੀਕ ਹੈ ਤੇ ਨਾ ਹੀ ਅੰਗਰੇਜ਼ੀ ਭਾਸ਼ਾ।ਸਰਕਾਰ ਇਨ੍ਹਾਂ 'ਤੇ ਬਣਦੀ ਕਾਰਵਾਈ ਕਰੇ।ਵੈਟਰਨ ਪੱਤਰਕਾਰ ਫਤਿਹ ਪ੍ਰਭਾਕਰ ਦਾ ਕਹਿਣਾ ਹੈ ਕਿ ਜੇਕਰ ਅਸੀਂ ਮਾਂ ਬੋਲੀ ਪੰਜਾਬੀ ਅਤੇ ਹੋਰ ਭਾਸ਼ਾਵਾਂ ਸਹੀ ਨਹੀਂ ਲਿਖਦੇ ਤਾਂ ਉਨ੍ਹਾਂ ਦਾ ਉਚਾਰਨ ਕਦੇ ਵੀ ਸਹੀ ਨਹੀਂ ਕਰ ਸਕਾਂਗੇ।




**ਉੱਤਰ ਰੇਲਵੇ**
ਆਜ਼ਾਦੀ ਕਾ ਅੰਮ੍ਰਿਤ ਮਹੋਤਸਵ
**ਖੁਲੀ ਟੈਂਡਰ ਸੂਚਨਾ**
ਸੀ. ਮੰਡਲ ਵਿਦੁਤ ਇੰਜੀਨੀਅਰ/ਟੀ.ਆਰ.ਡੀ., ਉ. ਰੇ., ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਈ-ਟੈਂਡਰ ਆਖਰੀ ਮਿਤੀ 12.02.2024 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ 12.02.2024 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਟੈਂਡਰ ਦੀ ਕੀਮਤ (₹) | ਟੈਂਡਰ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|---|---|
| 524-ਟੀ.ਆਰ.ਡੀ. — ਫਿਰੋਜ਼ਪੁਰ 2023-24 | ਫਿਰੋਜ਼ਪੁਰ ਮੰਡਲ ਦੇ ਬਡਗਾਮ (BDGM) ਯਾਰਡ ਵਿਚ ਨਵੀਂ ਵਾਸ਼ਿੰਗ ਲਾਇਨ ਨੰਬਰ 10 ਦੀ ਓਐਚਈ ਦੇ ਸਬੰਧ ਵਿਚ ਟੀਆਰਡੀ ਕੰਮ। | ₹ 1,63,29,558.87p | ਸਿਫ਼ਰ | 12.02.2024 15:00 ਵਜੇ ਤਕ | 2,31,700/- | 06 ਮਹੀਨੇ | 12.02.2024 15:00 ਵਜੇ ਦੇ ਬਾਦ | www.ireps.gov.in |

# ਟੈਂਡਰਕਰਤਾ ਕ੍ਰਿਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਗੈਰ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੈਂਟ ਗੇਟਵੇ ਦੇ ਦੁਵਾਰਾ ਤੋਂ ਨਕਦ ਵਿਚ ਜਾਂ ਭਾਰਤ ਦੇ ਕਿਸੀ ਅਨੁਸੂਚਿਤ ਵਾਣਿਜਿਯਕ ਬੈਂਕ ਤੋਂ ਬੈਂਕ ਗਰੰਟੀ ਬਾਂਡ ਦੇ ਰੂਪ ਵਿਚ ਜਾਂ ਟੈਂਡਰ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਧ ਹੈ। ਬੋਲੀ ਦੀ ਵੈਧਤਾ ਸਮੇਂ ਦੇ ਬਾਦ 90 ਦਿਨਾਂ ਦੇ ਲਈ ਅਪੂਰਣ ਅਤੇ ਅਮਾਨਯ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸਦੇ ਲਈ ਠੇਕੇਦਾਰ ਦਾ ਰੇਲਵੇ ਉਤੇ ਕੋਈ ਦਾਵਾ ਨਹੀਂ ਹੋਵੇਗਾ। ਨੰ:- 524-ਟੀ.ਆਰ.ਡੀ.-ਫਿਰੋਜ਼ਪੁਰ-2023-24 ਮਿਤੀ : 19.01.2024
237/2024
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ੋਨ ਬਾਬਾ ਬੀਰ ਸਿੰਘ ਦੀ ਸੇਰੋਂ ਵਿਖੇ ਕਨਵੈਨਸ਼ਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਹੇਠ ਅੱਜ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਬੀਰ ਸਿੰਘ ਦੀ ਕਨਵੈਨਸ਼ਨ ਪਿੰਡ ਸੇਰੋਂ ਦੇ ਗੁਰਦੁਆਰਾ ਬਾਬਾ ਸਿਧਾਨਾ ਜੀ ਦੇ ਦੀਵਾਨ ਹਾਲ ਵਿਚ ਕੀਤੀ ਗਈ। ਕਨਵੈਨਸ਼ਨ ਵਿਚ ਜ਼ੋਨ ਦੇ ਸਾਰੇ ਪਿੰਡਾਂ ਵਿਚੋਂ ਵੱਡੀ ਗਿਣਤੀ ਵਿਚ ਕਿਸਾਨਾਂ, ਮਜ਼ਦੂਰਾਂ ਤੇ ਬੀਬੀਆਂ ਨੇ ਹਿੱਸਾ ਲਿਆ। ਕਨਵੈਨਸ਼ਨ ਵਿਚ 11 ਫਰਵਰੀ ਨੂੰ ਦਿੱਲੀ ਵਿਚ ਲੱਗਣ ਵਾਲੇ ਪੱਕੇ ਕਿਸਾਨੀ ਮੋਰਚੇ ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ ਗਈ। ਇਸ ਮੋਰਚੇ ਵਿਚ ਜਾਣ ਵਾਲਿਆ ਲਈ ਪੂਰਾ ਰੋਡ ਮੈਪ ਤਿਆਰ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ, ਜ਼ਿਲ੍ਹਾ ਖਜਾਨਚੀ ਫਤਿਹ ਸਿੰਘ ਪਿੱਦੀ ਤੇ ਜ਼ੋਨ ਪ੍ਰਧਾਨ ਸੁਖਵਿੰਦਰ ਸਿੰਘ ਦੁੱਗਲਵਾਲਾ ਬਲਜਿੰਦਰ ਸਿੰਘ ਸ਼ੇਰੋਂ ਨੇ ਕਿਹਾ ਕਿ ਭਾਵੇਂ ਦੇਸ਼ ਨੂੰ ਆਜ਼ਾਦ ਹੋਇਆਂ 70 ਸਾਲ ਤੋਂ ਵੱਧ ਸਮਾਂ ਹੋ ਗਿਆ ਹੈ ਪਰ ਅੱਜ ਵੀ ਦੇਸ਼ ਵਿਚ ਕਿਸਾਨਾਂ ਮਜ਼ਦੂਰਾਂ ਤੇ ਹਰ ਤਰ੍ਹਾਂ ਦੇ ਕਿਰਤੀਆਂ ਦਾ ਬੁਰਾ ਹਾਲ ਹੈ, ਕਿਸਾਨਾਂ ਦੀ ਖੇਤੀ ਖੋਹ ਕੇ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਦੇਣ ਦੀ ਤਿਆਰੀ ਕੀਤੀ ਜਾ ਰਹੀ ਹੈ ਜਿਸ ਤਹਿਤ ਦੇਸ਼ ਦੀ ਸਰਕਾਰ ਵਲੋਂ 2020 ਵਿਚ ਤਿੰਨ ਖੇਤੀ ਕਾਨੂੰਨ ਲਿਆਂਦੇ ਗਏ ਸੀ, ਪਰ ਦੇਸ਼ ਭਰ ਵਿਚ ਕਿਸਾਨਾਂ ਮਜ਼ਦੂਰਾਂ ਦੇ ਦਿੱਲੀ ਵਿਚ ਲੜੇ 13 ਮਹੀਨੇ ਦੇ ਅੰਦੋਲਨ ਦੌਰਾਨ 700 ਸ਼ਹੀਦਾਂ ਦੇ ਲਹੂ ਵੀਟਵੇਂ ਸੰਘਰਸ਼ ਨੇ ਕਾਨੂੰਨ ਤਾਂ ਵਾਪਸ ਮੋੜ ਦਿੱਤੇ ਪਰ ਸਰਕਾਰਾਂ ਵੱਲੋਂ ਕੀਤੇ ਲਿਖ਼ਤੀ ਵਾਅਦੇ ਅਜੇ ਵੀ ਪੂਰੇ ਨਹੀਂ ਕੀਤੇ ਗਏ, ਕਿਰਤੀ ਮਜ਼ਦੂਰਾਂ ਲਈ ਸਰਕਾਰਾਂ ਨੇ 8 ਘੰਟੇ ਕੰਮ ਦੀ ਥਾਂ ਉਤੇ 12 ਘੰਟੇ ਕੰਮ ਦੇ ਕਾਨੂੰਨ ਬਣਾ ਦਿੱਤੇ, ਪੰਜਾਬ ਵਿਚ ਚੱਲ ਰਹੇ ਮੰਡੀਕਰਨ ਪ੍ਰਬੰਧ ਨੂੰ ਨਕਾਰਾ ਬਣਾਉਣ ਤੇ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ 6 ਹਜ਼ਾਰ ਕਰੋੜ ਦਾ ਆਰਡੀਐੱਫ ਬੰਦ ਕਰਕੇ ਤੇ ਸਾਮਰਾਜੀਆਂ ਦੇ ਸਾਈਲੋਜ ਗੋਦਾਮ ਚਲਾਉਣਾ, ਪੰਜਾਬ ਦੇ ਪਾਣੀਆਂ ਉਤੇ ਰਿਪੇਰੀਅਨ ਕਾਨੂੰਨਾਂ ਅਨੁਸਾਰ ਪਾਣੀ ਦਾ ਹਿੱਸਾ ਨਾਂਹ ਮਿਲਣਾ, ਪੰਜਾਬ ਭਰ ਵਿਚ ਸਾਰੀਆਂ ਪੀਡਬਲਓਡੀ ਸੜਕਾਂ ਨੂੰ ਐੱਨਐੱਚ ਵਿਚ ਤਬਦੀਲ ਕਰਕੇ ਸਾਰੀਆਂ ਸੜਕਾਂ ਉੱਤੇ ਵੱਡੀਆਂ ਸਾਮਰਾਜੀ ਕੰਪਨੀਆਂ ਦਾ ਕਬਜ਼ਾ ਕਰਵਾ ਕੇ ਸਾਰੇ ਪੰਜਾਬ ਵਿਚ ਕਰੋੜਾਂ ਰੁਪਏ ਦੀ ਰੋਜ਼ਾਨਾ ਟੋਲ ਉਗਰਾਹੀ ਕਰਨੀ, ਪੰਜਾਬ ਦੇ ਦਰਿਆਵਾਂ ਵਿਚੋਂ ਨਿਕਲਣ ਵਾਲੀ ਰੇਤਾ ਤੇ ਸਰਕਾਰੀ ਕਬਜ਼ਾ, ਦਰਿਆਵਾਂ ਨਹਿਰਾਂ ਦੇ ਢਾਂਚੇ ਨੂੰ ਤਹਿਸ ਨਹਿਸ਼ ਕਰਨ, ਪੀਣ ਵਾਲੇ ਪਾਣੀ, ਵਿਦਿਆ ਸਿਹਤ ਤੇ ਵੀ ਸਾਮਰਾਜੀ ਕੰਪਨੀਆਂ ਦਾ ਕਬਜ਼ਾ ਹੋਣਾ ਅਤੇ ਨਸ਼ੇ ਕਾਰਨ ਨੌਜਵਾਨਾਂ ਦੀ ਤਬਾਹੀ। ਅਸਥਿਰਤਾ ਦਾ ਮਹੌਲ ਬਣਿਆ ਹੋਇਆ ਜਿਸ ਕਾਰਨ ਪੰਜਾਬ ਸਮੇਤ ਉੱਤਰੀ ਭਾਰਤ ਦੀਆਂ 18 ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ 11 ਫਰਵਰੀ ਨੂੰ ਦਿੱਲੀ ਵਿਚ ਪੱਕੇ ਮੋਰਚੇ ਲਗਾਏ ਜਾ ਰਹੇ ਜਿਨ੍ਹਾਂ ਵਿਚੋਂ ਪੰਜਾਬ ਵਿਚ ਲੱਖਾਂ ਕਿਸਾਨ ਮਜ਼ਦੂਰ ਟਰੈਕਟਰ ਟਰਾਲੀਆਂ ਤੇ ਇਕ ਸਾਲ ਦਾ ਰਸਦ ਪਾਣੀ ਨਾਲ ਲੈ ਕੇ ਜਾਣਗੇ ਤੇ ਕੇਂਦਰ ਸਰਕਾਰ ਦੇ ਤਾਨਾਸ਼ਾਹੀ ਸਰਕਾਰੀ ਰਵਈਏ ਦਾ ਮੂੰਹ ਤੋੜਵਾਂ ਜਵਾਬ ਦੇਣਗੇ ਤੇ 2020 ਦੇ ਮੋਰਚੇ ਦੀ ਬਕਾਇਆ ਮੰਗਾਂ ਦੀ ਪੂਰਤੀ ਤੱਕ ਸੰਘਰਸ਼ ਦੀ ਲਾਟ ਨੂੰ ਜਾਗਦੀ ਰੱਖਣਗੇ।ਇਸ ਲਈ ਭਾਵੇਂ ਹੋਰ ਸ਼ਹੀਦੀ ਦੇ ਜਾਮ ਪੀਣੇ ਪੈਣ। ਇਸ ਲਈ 11 ਫਰਵਰੀ ਨੂੰ ਪੰਜਾਬ ਭਰ ਵਿਚੋਂ ਪੂਰੇ ਰੋਹ ਤੇ ਉਤਸ਼ਾਹ ਨਾਲ ਕਿਸਾਨ ਮਜ਼ਦੂਰ ਦਿੱਲੀ ਵੱਲ ਨੂੰ ਚਾਲੇ ਪਾਉਣਗੇ।ਇਸ ਮੌਕੇ ਦਵਿੰਦਰ ਕੌਰ ਪਿੱਦੀ, ਜਸਪਾਲ ਕੌਰ ਸ਼ਹਾਬਪੁਰ,ਅਮਰੀਕ ਕੌਰ ਸ਼ੇਰੋਂ, ਰਾਜ ਕੌਰ ਸ਼ੇਰੋਂ, ਜਸਬੀਰ ਕੌਰ, ਦਰਸ਼ਨ ਸਿੰਘ ਲਾਵਲਪੁਰ, ਹਰਦੀਪ ਸਿੰਘ ਸੰਘੇ, ਗੁਰਵਿੰਦਰ ਸਿੰਘ ਪੰਡੋਰੀ, ਬਲਜੀਤ ਸਿੰਘ ਵੇਗਮਪੁਰ, ਹਰਪ੍ਰੀਤ ਸਿੰਘ ਬੰਗਾਲੀਪੁਰ, ਫਤਿਹ ਸਿੰਘ ਪਿੱਦੀ, ਅਮਨਦੀਪ ਸਿੰਘ ਸ਼ੇਰੋਂ, ਸਤਨਾਮ ਸਿੰਘ ਸ਼ੇਰੋਂ, ਸੁਖਦੇਵ ਸਿੰਘ ਸ਼ਹਾਬਪੁਰ, ਅਵਤਾਰ ਸਿੰਘ, ਜਲਵਿੰਦਰ ਸਿੰਘ ਰੈਸੀਆਣਾ ਕੁਲਵਿੰਦਰ ਸਿੰਘ ਨੌਰੰਗਾਬਾਦ, ਮੇਜ਼ਰ ਸਿੰਘ ਦੁੱਗਲਵਾਲਾ ਗਿਆਨਦੀਪ ਸਿੰਘ ਬਾਗੜੀਆਂ ਆਦਿ ਹਾਜ਼ਰ ਸਨ।



# 9 ਦਿਨਾਂ ਤੋਂ ਲਾਪਤਾ ਨੌਜਵਾਨ ਦੀ ਲਾਸ਼ ਨਹਿਰ 'ਚੋਂ ਮਿਲੀ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਥਾਣਾ ਧਾਰੀਵਾਲ ਅਧੀਨ ਪੈਂਦੇ ਪਿੰਡ ਬੱਲ ਦੇ ਰਹਿਣ ਵਾਲੇ ਨੌਜਵਾਨ ਦੇ ਭੇਦਭਰੀ ਹਾਲਤ ਵਿੱਚ ਪਿਛਲੇ 9 ਦਿਨਾਂ ਤੋਂ ਲਾਪਤਾ ਹੋਣ ਬਾਅਦ ਅੱਜ ਸ਼ਾਮ ਨੂੰ ਉਸਦੀ ਲਾਸ਼ ਧਾਰੀਵਾਲ ਸ਼ਹਿਰ ਵਿੱਚੋਂ ਲੰਘਦੀ ਅੱਪਰਬਾਰੀ ਦੋਆਬ ਨਹਿਰ ਵਿੱਚੋਂ ਮਿਲੀ। ਦੱਸਣਯੋਗ ਹੈ ਕਿ ਨਹਿਰ ਵਿੱਚ ਕੁੱਝ ਦਿਨ ਤੋਂ ਪਿੱਛੋਂ ਪਾਣੀ ਬੰਦ ਹੋਣ ਕਾਰਨ ਪਾਣੀ ਬਿਲਕੁਲ ਨਾ ਮਾਤਰ ਹੋਣ ਕਰਕੇ ਰੇਲਵੇ ਲਾਈਨ ਪੁਲ ਤੋਂ ਥੋੜੀ ਦੂਰੀ ਤੇ ਨਹਿਰ ਵਿੱਚ ਪਈ ਇਹ ਲਾਸ਼ ਮਿਲੀ। ਮ੍ਰਿਤਕ ਦੀ ਸ਼ਨਾਖਤ ਪਲਵਿੰਦਰ ਸਿੰਘ (26) ਪੁੱਤਰ ਲੇਟ ਕੁਲਦੀਪ ਸਿੰਘ ਵਾਸੀ ਪਿੰਡ ਬੱਲ ਵਜੋਂ ਹੋਈ। ਮ੍ਰਿਤਕ ਦੇ ਛੋਟੇ ਭਰਾ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਪਲਵਿੰਦਰ ਸਿੰਘ ਮਿਹਨਤ ਮਜ਼ਦੂਰੀ ਕਰਦਾ ਸੀ। ਉਹ 10 ਜਨਵਰੀ ਨੂੰ ਸਵੇਰੇ ਘਰੋਂ ਕੰਮ ਤੇ ਗਿਆ ਪਰ ਵਾਪਿਸ ਸ਼ਾਮ ਨੂੰ ਜਦੋਂ ਘਰ ਨਾ ਪਰਤਿਆ। ਉਸ ਦਿਨ ਤੋਂ ਉਸਦਾ ਕੋਈ ਪਤਾ ਥਹੁ ਨਾ ਲੱਗਣ ਤੇ ਇਸ ਸਬੰਧੀ ਥਾਣਾ ਧਾਰੀਵਾਲ ਦੀ ਪੁਲਸ ਨੂੰ ਸੂਚਨਾ ਦਿੱਤੀ ਸੀ। ਮ੍ਰਿਤਕ ਆਪਣੇ ਪਿੱਛੇ ਮਾਤਾ ਸੁਖਵਿੰਦਰ ਕੌਰ, ਪਤਨੀ ਨਵਨੀਤ ਕੌਰ ਅਤੇ 2 ਸਾਲ ਦਾ ਬੇਟਾ ਗੁਰਬਾਜ ਸਿੰਘ ਛੱਡ ਗਿਆ। ਥਾਣਾ ਧਾਰੀਵਾਲ ਦੀ ਪੁਲਸ ਨੇ ਵਿਭਾਗੀ ਕਾਰਵਾਈ ਕਰਕੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਗੁਰਦਾਸਪੁਰ ਭੇਜ ਦਿੱਤਾ ਹੈ।


ਮ੍ਰਿਤਕ ਪਲਵਿੰਦਰ ਸਿੰਘ ਦੀ ਫਾਈਲ ਫੋਟੋ।

# 2 ਕਰੋੜ ਦੀ ਲਾਗਤ ਨਾਲ ਜ਼ਿਲ੍ਹਾ ਪਠਾਨਕੋਟ 'ਚ ਬਣਾਇਆ ਜਾ ਰਿਹੈ ਡੇਅਰੀ ਟ੍ਰੇਨਿੰਗ ਸੈਂਟਰ: ਕਟਾਰੂਚੱਕ

**ਪਠਾਨਕੋਟ (ਦਵਿੰਦਰ ਸਿੰਘ)**



ਪੰਜਾਬ ਸਰਕਾਰ ਲੋਕ ਹਿੱਤ ਨੂੰ ਧਿਆਨ ਵਿੱਚ ਰੱਖ ਕੇ ਵਿਕਾਸ ਕਾਰਜ ਕਰਦੀ ਆ ਰਹੀ ਹੈ ਅਤੇ ਮੈਨੂੰ ਇਹ ਦੱਸਦਿਆਂ ਹੋਰ ਵੀ ਖੁਸ਼ੀ ਹੋ ਰਹੀ ਹੈ ਕਿ ਜ਼ਿਲ੍ਹਾ ਪਠਾਨਕੋਟ ਵਿੱਚ 2 ਕਰੋੜ ਰੁਪਏ ਖਰਚ ਕਰਕੇ ਡੇਅਰੀ ਟ੍ਰੇਨਿੰਗ ਸੈਂਟਰ ਪਠਾਨਕੋਟ ਵਿਖੇ ਬਣਾਇਆ ਜਾ ਰਿਹਾ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਖੁਸ਼ੀਨਗਰ ਵਿਖੇ ਆਯੋਜਿਤ ਦੁੱਧ ਉਤਪਾਦਕ ਸੈਮੀਨਾਰ ਦੌਰਾਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਠਾਕੁਰ ਭੁਪਿੰਦਰ ਸਿੰਘ, ਬਲਾਕ ਪ੍ਰਧਾਨ ਸੁਰਿੰਦਰ ਸ਼ਾਹ, ਰਵਿੰਦਰ ਕੌਰ (ਡੀ ਡੀ ਆਈ 2) , ਜਗਦੀਸ਼ ਸਿੰਘ (ਡੀ ਡੀ ਆਈ 2), ਕੇ. ਪੀ. ਸਿੰਘ (ਡ.ਫ.ਸ ), ਰਣਜੀਤ ਸਿੰਘ( ਜੂ.ਸ.) ਅਤੇ ਹੋਰ ਪਾਰਟੀ ਕਾਰਜਕਰਤਾ ਹਾਜ਼ਰ ਸਨ।ਇਸ ਸੈਮੀਨਾਰ ਦੌਰਾਨ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖ ਕੇ ਵਿਕਾਸ ਕਾਰਜ ਕਰਦੀ ਆ ਰਹੀ ਹੈ।ਜ਼ਿਕਰਯੋਗ ਹੈ ਕਿ ਅੱਜ ਜ਼ਿਲਾ ਪਠਾਨਕੋਟ ਵਿਖੇ ਡੇਅਰੀ ਵਿਕਾਸ ਵਿਭਾਗ, ਪੰਜਾਬ ਅਤੇ ਨੈਸ਼ਨਲ ਲਾਈਵਸਟੋਕ ਮਿਸ਼ਨ ਦੀਆਂ ਸਕੀਮਾਂ ਸਬੰਧੀ ਪਿੰਡ ਖੁਸ਼ੀਨਗਰ ਬਲੌਕ ਨਰੋਟ ਜੈਮਲ ਸਿੰਘ ਵਿਖੇ ਬਲਾਕ ਪੱਧਰੀ ਦੁੱਧ ਉਤਪਾਦਕ ਜਾਗਰੂਕਤਾ ਸੈਮੀਨਾਰ ਆਯੋਜਿਤ ਕੀਤਾ ਜਿਸ ਵਿੱਚ ਹਰਵਿੰਦਰ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸਮੇਤ ਹੋਰ ਮਾਹਿਰਾਂ ਨੇ ਡੇਅਰੀ ਦੇ ਧੰਦੇ ਨਾਲ ਜੁੜੇ ਕਿਸਾਨਾਂ ਨੂੰ ਮਿਸ਼ਨ ਦੀਆਂ ਵੱਖ-ਵੱਖ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ।ਇਸ ਸੈਮੀਨਾਰ ਵਿਚ 200 ਤੂੰ ਵੱਧ ਦੁੱਧ ਉਤਪਾਦਕਾਂ ਦੁਆਰਾ ਭਾਗ ਲਿਆ ਗਿਆ। ਇਸ ਸੈਮੀਨਾਰ ਵਿੱਚ ਡਾ: ਸੁਰਿੰਦਰ ਸਿੰਘ ਕੇ. ਵੀ. ਕੇ. ਘੋਹ, ਬਲਵਿੰਦਰ ਜੀਤ ਸਿੰਘ ਰਿਟਾਇਰਡ ਡਿਪਟੀ ਡਾਇਰੈਕਟਰ ਬਲਕਾਰ ਸਿੰਘ (ਵੇਰਕਾ) ਡਾ: ਮਿਨੂ (ਵੈਟਰਨਰੀ ਅਫਸਰ) ਨੇ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੰਦੇ ਹੋਏ ਕਿਸਾਨਾਂ ਨੂੰ ਜਾਗਰੂਕ ਕੀਤਾ। ਇਸ ਸੈਮੀਨਾਰ ਵਿਚ ਪਿੰਡ ਖ਼ੁਸ਼ੀਨਗਰ ਦੇ ਸਰਪੰਚ, ਮੈਂਬਰ ਪੰਚਾਇਤ ਆਦਿ ਹਾਜ਼ਰ ਸਨ ।

# ਏ ਡੀ ਸੀ ਨੇ ਗਣਤੰਤਰ ਦਿਵਸ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਨਰਿੰਦਰਜੀਤ)**

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਪਰਮਜੀਤ ਕੌਰ ਨੇ ਕਿਹਾ ਕਿ 26 ਜਨਵਰੀ ਨੂੰ ਗਣਤੰਤਰ ਦਿਵਸ ਗੁਰੂ ਨਾਨਕ ਸਟੇਡੀਅਮ ਵਿਖੇ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਹ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਗੇਤੇ ਪ੍ਰਬੰਧਾਂ ਲਈ ਅਧਿਕਾਰੀਆਂ ਨਾਲ ਕੀਤੀ ਗਈ ਮੀਟਿੰਗ ਦੌਰਾਨ ਸੰਬੋਧਨ ਕਰ ਰਹੇ ਸਨ। ਵਧੀਕ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ 26 ਜਨਵਰੀ ਦੇ ਮਹੱਤਵਪੂਰਨ ਦਿਹਾੜੇ ਨੂੰ ਮਨਾਉਣ ਲਈ ਸੌਂਪੀ ਗਈ ਜ਼ਿੰਮੇਵਾਰੀ ਪੂਰੀ ਜ਼ਿੰਮੇਵਾਰੀ ਅਤੇ ਤਨਦੇਹੀ ਨਾਲ ਨਿਭਾਈ ਜਾਵੇ, ਤਾਂ ਜੋ ਕਿਸੇ ਕਿਸਮ ਦੀ ਕੋਈ ਕਮੀ ਪੇਸ਼ੀ ਨਾ ਰਹਿ ਸਕੇ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਊਣਤਾਈ ਸਹਿਣਯੋਗ ਨਹੀਂ ਹੋਵੇਗੀ। ਉਨ੍ਹਾਂ ਦੱਸਿਆ ਕਿ ਸਮਾਗਮ ਦੀ ਫੁੱਲ ਡਰੈਸ ਰਿਹਰਸਲ 24 ਜਨਵਰੀ ਨੂੰ ਹੋਵੇਗੀ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਦੇਸ਼ ਲਈ ਆਪਣਾ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਆਜ਼ਾਦੀ ਘੁਲਾਟੀਆਂ ਦਾ ਸਨਮਾਨ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕੀਤਾ ਜਾਵੇਗਾ। ਉਨ੍ਹਾਂ ਗਣਤੰਤਰ ਦਿਵਸ 'ਤੇ ਜਿਥੇ ਜ਼ਿਲ੍ਹਾ ਪੁਲਸ ਨੂੰ ਸੁਰੱਖਿਆ ਪ੍ਰਬੰਧਾਂ ਸਬੰਧੀ ਉਚਿਤ ਬੰਦੋਬਸਤ ਕਰਨ ਲਈ ਕਿਹਾ, ਉਥੇ ਪਾਰਕਿੰਗ ਦੇ ਪੁਖਤਾ ਪ੍ਰਬੰਧ ਕਰਨ ਦੀ ਵੀ ਹਦਾਇਤ ਕੀਤੀ। ਇਸ ਮੌਕੇ ਸਹਾਇਕ ਕਮਿਸ਼ਨਰ ਜਨਰਲ ਗੁਰਸਿਮਰਨ ਕੌਰ ਨੇ ਕਿਹਾ ਕਿ ਸਾਰੇ ਅਧਿਕਾਰੀ ਆਪਣੀ ਡਿਊਟੀ ਨੂੰ ਤਨਦੇਹੀ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਗਣਤੰਤਰ ਦਿਵਸ ਸਮਾਗਮ ਵਾਲੇ ਸਥਾਨ 'ਤੇ ਸਾਫ-ਸਫਾਈ, ਪੀਣ ਵਾਲੇ ਪਾਣੀ, ਆਰਜ਼ੀ ਟੁਆਇਲਟ ਆਦਿ ਦੇ ਪ੍ਰਬੰਧਾਂ ਤੋਂ ਇਲਾਵਾ ਸਿਹਤ ਵਿਭਾਗ ਵਲੋਂ ਮੈਡੀਕਲ ਟੀਮ ਤਾਇਨਾਤ ਕਰਨ ਦਾ ਪ੍ਰਬੰਧ ਵੀ ਯਕੀਨੀ ਬਣਾਇਆ ਜਾਵੇ। ਉਨ੍ਹਾਂ ਜ਼ਿਲ੍ਹਾ ਪੁਲਸ ਨੂੰ ਸਮਾਗਮ ਦੌਰਾਨ ਕੀਤੇ ਜਾਣ ਵਾਲੇ ਮਾਰਚ ਪਾਸਟ ਲਈ ਪੁਲਸ ਟੁਕੜੀਆਂ ਦਾ ਉਚੇਚਾ ਅਭਿਆਸ ਕਰਵਾਉਣ ਲਈ ਵੀ ਆਖਿਆ। ਉਨ੍ਹਾਂ ਦੱਸਿਆ ਕਿ ਇਸ ਮੌਕੇ ਵੱਖ-ਵੱਖ ਵਿਭਾਗਾਂ ਵਲੋਂ ਤਿਆਰ ਕੀਤੀਆਂ ਝਾਕੀਆਂ ਵੀ ਕੱਢੀਆਂ ਜਾਣਗੀਆਂ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਝਾਕੀਆਂ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਦਰਸਾਉਂਦੀਆਂ ਹੋਈਆਂ ਹੋਣੀਆਂ ਚਾਹੀਦੀਆਂ ਹਨ ਅਤੇ ਗਣਤੰਤਰ ਦਿਵਸ ਵਾਲੇ ਦਿਨ ਸਾਰੀਆਂ ਝਾਕੀਆਂ ਸਮੇਂ ਸਿਰ ਤਰਤੀਬ ਅਨੁਸਾਰ ਲਗਾਈਆਂ ਜਾਣ। ਮੀਟਿੰਗ 'ਚ ਰੀਜਨਲ ਟਰਾਂਸਪੋਰਟ ਸਕੱਤਰ ਅਰਸ਼ਦੀਪ ਸਿੰਘ, ਐਕਸੀਅਨ ਇੰਦਰਜੀਤ ਸਿੰਘ, ਏ.ਡੀ.ਸੀ.ਪੀ ਪਰਵਿੰਦਰ ਕੌਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਕੁਲਦੀਪ ਕੌਰ, ਜਨਰਲ ਉਦਯੋਗ ਇੰਦਰਜੀਤ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੰਦੀਪ ਮਲਹੋਤਰਾ ਤੋਂ ਇਲਾਵਾ ਹੋਰ ਵੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਲੋਕ ਏਕਤਾ ਲਹਿਰ ਦੇ ਪ੍ਰਧਾਨ ਬਲਵੀਰ ਸਿੰਘ ਸ਼ਾਹ ਨੂੰ ਸਦਮਾ, ਪਿਤਾ ਦਾ ਦਿਹਾਂਤ

**ਪੱਟੀ, (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ)**

ਕਸਬਾ ਹਰੀਕੇ ਪੱਤਣ ਦੀ ਲੋਕ ਏਕਤਾ ਲਹਿਰ ਦੇ ਪ੍ਰਧਾਨ ਬਲਵੀਰ ਸਿੰਘ ਸ਼ਾਹ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਚਾਨਣ ਸਿੰਘ ਉਰਫ ਚੰਨੇ ਸ਼ਾਹ (80) ਦਾ ਸੰਖੇਪ ਬਿਮਾਰੀ ਕਾਰਨ ਦੇਹਾਂਤ ਹੋ ਗਿਆ। ਕੁਝ ਦਿਨ ਨਿੱਜੀ ਹਸਪਤਾਲ ਤੋਂ ਇਲਾਜ ਕਰਾਉਣ ਮਗਰੋਂ ਘਰ ਆਏ ਚਾਨਣ ਸਿੰਘ ਨੇ ਅੱਜ ਤੜਕਸਾਰ ਆਖਰੀ ਸਾਹ ਲਿਆ ਜਿਨ੍ਹਾਂ ਦਾ ਅੰਤਿਮ ਸੰਸਕਾਰ ਰਿਸ਼ਤੇਦਾਰਾਂ ਅਤੇ ਸਨੇਹੀਆਂ ਦੀ ਹਾਜ਼ਰੀ 'ਚ ਕਸਬੇ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ। ਬਲਵੀਰ ਸਿੰਘ ਸ਼ਾਹ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਸਰਪੰਚ ਰੋਸ਼ਨ ਲਾਲ, ਸਰਪੰਚ ਬੋਹੜ ਸਿੰਘ, ਠੇਕੇਦਾਰ ਗੁਰਮੇਜ ਸਿੰਘ, ਨੰਬਰਦਾਰ ਗੁਰਦਰਸ਼ਨ ਸਿੰਘ, ਜਗਰੂਪ ਸਿੰਘ ਪੰਨੂ, ਕਾਨੂੰਨਗੋ ਗੁਰਨੇਕ ਸਿੰਘ ਪੰਨੂ, ਫੂਲਾ ਸਿੰਘ ਰੰਧਾਵਾ, ਪ੍ਰਧਾਨ ਸਵਰਨ ਸਿੰਘ ਖਹਿਰਾ, ਗੁਰਸੇਵਕ ਸਿੰਘ ਉੱਪਲ, ਪ੍ਰਧਾਨ ਜਗਜੀਤ ਸਿੰਘ ਜੋਨੀ, ਪਰਮਜੀਤ ਸਿੰਘ ਟੀਨਾ, ਨਿਰਮਲ ਸਿੰਘ ਨਿੰਮਾ, ਪ੍ਰੀਤਮ ਸਿੰਘ ਨਿੱਕਾ, ਅੰਗਰੇਜ ਸਿੰਘ ਗਿੱਲ, ਗੁਲਸ਼ਨ ਮਲਹੋਤਰਾ, ਸੁਖਬੀਰ ਸਿੰਘ, ਸਾਹਿਬ ਸਿੰਘ ਹਰੀਕੇ, ਜਥੇਦਾਰ ਜੋਰਾਵਰ ਸਿੰਘ, ਰਣਜੀਤ ਸਿੰਘ ਬਿੱਟੂ, ਬਾਬਾ ਸੁਰਿੰਦਰ ਸਿੰਘ, ਗੁਰਪ੍ਰੀਤ ਸਿੰਘ ਕਿਰਤੋਵਾਲ, ਠੇਕੇਦਾਰ ਸ਼ਿਵ ਕੁਮਾਰ ਸ਼ਰਮਾ, ਅਸ਼ਵਨੀ ਕੁਮਾਰ ਭੋਲਾ ਅਰੋੜਾ, ਸਤਨਾਮ ਸਿੰਘ, ਜਥੇਦਾਰ ਬਗੀਚਾ ਸਿੰਘ, ਸੁਖਵਿੰਦਰ ਸਿੰਘ ਸੰਧੂ, ਮਾਸਟਰ ਕੁਲਦੀਪ ਸਿੰਘ, ਸੰਜੀਵ ਕੁੰਦਰਾ, ਕੰਵਲਜੀਤ ਸਿੰਘ ਸੰਧੂ, ਸੰਜੂ ਬਾਵਾ, ਅਵਤਾਰ ਸਿੰਘ ਸੋਨਾ, ਜਗਤਾਰ ਸਿੰਘ ਰਾਜਾ, ਡਾਕਟਰ ਜੋਗਾ ਸਿੰਘ, ਸ਼ੇਰ ਸਿੰਘ ਬਿੱਟੂ, ਹੀਰਾ ਭਾਟੀਆ, ਮਿਸਤਰੀ ਸੁਖਵਿੰਦਰ ਸਿੰਘ, ਮਾਸਟਰ ਗੁਰਬਖਸ਼ ਸਿੰਘ, ਪ੍ਰਧਾਨ ਗੁਰਸ਼ਰਨ ਸਿੰਘ, ਕੁਲਦੀਪ ਸਿੰਘ ਪਨੇਸਰ, ਪਵਨ ਕੁਮਾਰ, ਦਲਜੀਤ ਸਿੰਘ ਖਹਿਰਾ, ਬਲਵੰਤ ਸਿੰਘ, ਸੁਖਦੇਵ ਸਿੰਘ, ਡਾਕਟਰ ਇਕਬਾਲ ਸਿੰਘ, ਸੁਖਚੈਨ ਸਿੰਘ, ਮਹਾਂਬੀਰ ਸਿੰਘ ਨਿਸ਼ਾਨ ਸਿੰਘ ਮਰੜ੍ਹ, ਕਿਰਪਾਲ ਸਿੰਘ ਮਾਨ, ਰੋਬਿਨਪ੍ਰੀਤ ਸਿੰਘ ਸ਼ਾਮਲ ਸਨ ।



# ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦਾ ਵਿਸ਼ਾਲ ਇਕੱਠ ਹੋਇਆ

**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)**

ਸਤਨਾਮ ਸਿੰਘ ਚੱਕ ਔਲ ਸੁਰਜੀਤ ਸਿੰਘ ਦੁਧਰਾਏ,ਤਰਸੇਮ ਸਿੰਘ ਕਾਮਲਪੁਰਾ, ਅਜੀਤ ਕੌਰ ਕੋਟਰਜ਼ਾਦਾ ਤੇ ਕੁਲਵੰਤ ਸਿੰਘ ਮੱਲੂਨੰਗਲ ਆਗੂਆਂ ਦੀ ਪ੍ਰਧਾਨਗੀ ਹੇਠ ਹੋਇਆ ਜਿਸ ਵਿਚ ਮੌਜੂਦਾ ਦੇਸ਼ ਤੇ ਪੰਜਾਬ ਦੀ ਰਾਜਨੀਤਿਕ ਅਵਸਥਾ ਤੇ ਬੋਲਦਿਆ ਪਾਰਟੀ ਦੇ ਸੀਨੀਅਰ ਆਗੂ ਤੇ ਜਮੂਹਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਦੱਸਿਆ ਕਿ ਮੋਦੀ ਸਰਕਾਰ ਵੱਲੋ ਨਵਉਦਾਰਵਾਦੀ ਆਰਥਿਕ ਨੀਤੀਆਂ ਲਾਗੂ ਕਰਨ ਨਾਲ ਦੇਸ਼ ਵਿੱਚ ਬੇਰੁਜ਼ਗਾਰੀ, ਮਹਿੰਗਾਈ ਤੇ ਭਰਿਸ਼ਟਾਚਾਰ ਵੱਧ ਰਿਹਾ ਹੈ ਅਤੇ ਆਰਐੱਸਐੱਸ ਦੀ ਵਿਚਾਰਧਾਰਾ ਤੇ ਕੰਮ ਕਰਦੀ ਬੀਜੇਪੀ ਦੀ ਸਰਕਾਰ ਦੇਸ਼ ਦੇ ਧਰਮਨਿਰਪੱਖ ਜਮੂਹਰੀ ਤੇ ਸੰਘਾਤਮਕ ਤਾਣੇ-ਬਾਣੇ ਨੂੰ ਤਬਾਹ ਕਰਕੇ ਇਕ ਧਰਮ ਅਧਾਰਤ ਕਟੜ ਦੇਸ਼ ਬਣਾਉਣ ਦੀ ਦਿਸ਼ਾ ਵਿੱਚ ਤੇਜ਼ੀ ਨਾਲ਼ ਅੱਗੇ ਵਧ ਰਹੀ ਹੈ! ਜਿਸ ਤਬਾਹਕੁੰਨ ਮਕਸਦ ਨੂੰ ਪੂਰਾ ਕਰਨ ਲਈ ਦੇਸ਼ ਦੇ ਸਿਧਾਂਤ ਨੂੰ ਬਦਲਣ ਜਾ ਰਹੀ ਹੈ! ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਅਜਿਹਾ ਕਰਨ ਦੀ ਕੋਝੀ ਮੰਸ਼ਾ ਤਹਿਤ ਦੇਸ਼ ਦੀਆਂ ਧਾਰਮਿਕ ਘੱਟ ਗਿਣਤੀਆਂ, ਦਲਤ ਤੇ ਪੱਛੜੇ ਸਮਾਜ ਔਰਤਾਂ ਅਤੇ ਅਗਾਂਹਵਧੂ ਸੋਚ ਵਾਲੇ ਜਮਹੂਰੀਅਤ ਪਸੰਦ ਤੇ ਖੱਬੇ ਪੱਖੀ ਆਗੂਆਂ 'ਤੇ ਹਰ ਤਰ੍ਹਾਂ ਦਾ ਜਬਰ ਢਾਹਿਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਕੁਕਰਮਾਂ ਨੂੰ ਰੋਕਣ ਲਈ ਵੱਡਾ ਏਕਾ ਉਸਾਰ ਕੇ ਵੱਡੇ ਸੰਘਰਸ਼ ਵਿੱਢੇ ਜਾਣ ਅਤੇ ਇਸ ਦੇ ਨਾਲ ਨਾਲ ਲੋਕਾਂ ਨੂੰ ਸੱਦਾ ਦਿੱਤਾ ਜਾਵੇ ਕਿ 2024 ਦੀਆਂ ਪਾਰਲੀਮੈਂਟ ਚੋਣਾਂ 'ਚ ਭਾਜਪਾ ਹਰਾਓ ਤੇ ਦੇਸ਼ ਬਚਾਓ ਦੇ ਇਤਿਹਾਸਿਕ ਨਾਹਰੇ ਨੂੰ ਅਮਲ 'ਚ ਲਿਆਉਣ ਲਈ ਵਿਚਾਰਧਾਰਿਕ ਜਨਤਕ ਸਰਗਰਮੀਆਂ ਤੇਜ਼ ਕੀਤੀਆਂ ਜਾਣ ! ਮੀਟਿੰਗ ਨੇ ਨਿਰਣਾ ਲਿਆ ਕਿ 30 ਜਨਵਰੀ ਨੂੰ ਮਹਾਤਮਾ ਗਾਂਧੀ ਦੀ ਸ਼ਹਾਦਤ ਵਾਲੇ ਦਿਨ ਜ਼ਿਲ੍ਹਾ ਪੱਧਰ ਤੇ ਸੰਵਿਧਾਨ ਬਚਾਓ ਦਿਵਸ ਵਜੋਂ ਅੰਮ੍ਰਿਤਸਰ ਵਿਖੇ ਸੈਮੀਨਾਰ ਕੀਤਾ ਜਾਵੇਗਾ। ਇਸੇ ਤਰ੍ਹਾਂ 21 ਜਨਵਰੀ ਨੂੰ ਲੈਨਿਨ ਦੇ 100ਵੇਂ ਸ਼ਹੀਦੀ ਦਿਵਸ ਤੇ ਵੀ ਜ਼ਿਲ੍ਹਾ ਪੱਧਰੀ ਵਿਚਾਰ ਗੋਸ਼ਟੀ ਕੀਤੀ ਜਾਵੇਗੀ। ਪਾਰਟੀ ਦੇ ਸੂਬਾ ਕਮੇਟੀ ਮੈਂਬਰ ਸੀਤਲ ਸਿੰਘ ਤਲਵੰਡੀ ਤੇ ਕੁਲਵੰਤ ਸਿੰਘ ਮੱਲੂਨੰਗਲ ਨੇ ਇਸ ਸਮੇਂ ਦੱਸਿਆ ਕਿ 21 ਫਰਵਰੀ ਨੂੰ ਪਾਰਟੀ ਵੱਲੋਂ ਜਿਹੜੀ ਮਾਝਾ ਤੇ ਦੋਆਬਾ ਦੀ ਇਕੱਠੀ ਰੈਲੀ ਕੀਤੀ ਜਾ ਰਹੀ ਹੈ ਉਸ ਵਿੱਚ ਅੰਮ੍ਰਿਤਸਰ ਜਿਲ੍ਹੇ ਵਿੱਚੋਂ ਦੋ ਹਜਾਜ਼ਰ ਲੋਕ ਸ਼ਾਮਲ ਹੋਣਗੇ। ਇਸ ਸਮੇਂ ਜਨਤਕ ਜਥੇਬੰਦੀਆਂ ਜਮੂਹਰੀ ਕਿਸਾਨ ਸਭਾ ਪੰਜਾਬ, ਦਿਹਾਤੀ ਮਜ਼ਦੂਰ ਸਭਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂਆਂ ਨੇ ਫੈਸਲਾ ਕੀਤਾ ਕਿ 26 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਆਯੋਜਿਤ ਟਰੈਕਟਰ ਪਰੇਡ ਵਿਚ ਇਨਾਂ ਜਥੇਬੰਦੀਆਂ ਵੱਲੋਂ 100 ਟਰੈਕਟਰਾਂ ਨੂੰ ਸ਼ਾਮਿਲ ਕਰਵਾਇਆ ਜਾਵੇਗਾ। ਇਸ ਵਿਸ਼ਾਲ ਇਕੱਠ 'ਚ ਇਹ ਵੀ ਫੈਸਲਾ ਲਿਆ ਗਿਆ ਕਿ 16 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਪੇਂਡੂ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਕੋਈ ਕਸਰ ਬਾਕੀ ਛੱਡੀ ਨਹੀਂ ਜਾਵੇਗੀ। ਇਕੱਠ ਵਿੱਚ ਹੋਰਨਾਂ ਤੋਂ ਇਲਾਵਾ ਬਲਬੀਰ ਸਿੰਘ ਕੱਕੜ, ਸੁਰਜੀਤ ਸਿੰਘ ਭੂਰੇ ਗਿੱਲ, ਗੁਰਪਾਲ ਗਿੱਲ ਸੈਦਪੁਰ, ਬਲਕਾਰ ਸਿੰਘ ਗੁਲਗੜ੍ਹ , ਸੁਖਰਾਜ ਸਿੰਘ ਭੋਏਵਾਲੀ, ਸੰਤੋਖ ਸਿੰਘ, ਸਾਹਬ ਸਿੰਘ ਮੱਲੂਨੰਗਲ, ਰਮੇਸ਼ ਸਿੰਘ ਅਜਨਾਲਾ, ਰਜਿੰਦਰ ਸਿੰਘ ਭਲਾ ਪਿੰਡ, ਬਲਤੇਜ ਸਿੰਘ ਚਮਿਆਰੀ, ਬਿਕਰਮਜੀਤ ਸਿੰਘ ਕੋਹਾਲੀ ਅਤੇ ਕਰਨੈਲ ਸਿੰਘ ਭਿੰਡੀ ਸੈਦਾਂ ਹਾਜ਼ਰ ਸਨ।



# ਪੰਜਾਬ ਸਮੇਤ ਪੂਰੇ ਦੇਸ਼ 'ਚ ਕਾਂਗਰਸ ਦੀ ਚੱਲ ਰਹੀ ਹਵਾ : ਪਾਹੜਾ

**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਜ਼ਿਲ੍ਹਾ ਕਾਂਗਰਸ ਕਮੇਟੀ ਦੀ ਮੀਟਿੰਗ ਸਥਾਨਕ ਕਾਂਗਰਸ ਭਵਨ ਵਿੱਚ ਹੋਈ। ਜਿਸ ਵਿੱਚ ਹਲਕਾ ਗੁਰਦਾਸਪੁਰ ਦੇ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਅਤੇ ਹਲਕਾ ਫਤਿਹਗੜ੍ਹ ਚੂੜੀਆਂ ਦੇ ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਆਉਣ ਵਾਲੀਆਂ ਲੋਕ ਸਭਾ ਚੋਣਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਵਿਧਾਇਕ ਪਾਹੜਾ ਨੇ ਕਿਹਾ ਕਿ ਪੰਜਾਬ ਸਮੇਤ ਪੂਰੇ ਦੇਸ਼ ਵਿੱਚ ਕਾਂਗਰਸ ਪਾਰਟੀ ਦੀ ਹਵਾ ਚੱਲ ਰਹੀ ਹੈ। ਕਾਂਗਰਸ ਪਾਰਟੀ ਦੇਸ਼ ਦੀ ਸਭ ਤੋਂ ਪੁਰਾਣੀ ਪਾਰਟੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਜਿੱਤ ਹੋਵੇਗੀ ਅਤੇ ਕੇਂਦਰ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ। ਉਨ੍ਹਾਂ ਵਰਕਰਾਂ ਨੂੰ ਕਿਹਾ ਕਿ ਉਹ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵਰਕਰ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕਰਨ ਅਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਹਰ ਘਰ ਤੱਕ ਪਹੁੰਚਾਉਣ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ ਹੋਏ ਵਿਕਾਸ ਕਾਰਜਾਂ ਨੂੰ ਗਿਣ ਕੇ ਆਪਣੀ ਪਿੱਠ ਥਪਥਪਾਉਂਦੀ ਹੈ, ਪਰ ਲੋਕ ਭਲੀਭਾਂਤ ਜਾਣਦੇ ਹਨ ਕਿ ਕਿਸ ਪਾਰਟੀ ਨੇ ਵਿਕਾਸ ਕਰਵਾਇਆ ਹੈ। ਵਿਧਾਇਕ ਬਾਜਵਾ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਡੀ ਲੀਡ ਨਾਲ ਲੋਕ ਸਭਾ ਚੋਣਾਂ ਜਿੱਤੇਗੀ। ਲੋਕ ਕੇਂਦਰ ਅਤੇ ਪੰਜਾਬ ਸਰਕਾਰਾਂ ਦੀਆਂ ਨੀਤੀਆਂ ਤੋਂ ਦੁਖੀ ਹਨ। ਹੁਣ ਉਹ ਕਾਂਗਰਸ ਪਾਰਟੀ ਨੂੰ ਸੱਤਾ ਵਿੱਚ ਦੇਖਣਾ ਚਾਹੁੰਦੀ ਹੈ, ਕਿਉਂਕਿ ਉਹ ਜਾਣਦੀ ਹੈ ਕਿ ਪੰਜਾਬ ਸਮੇਤ ਦੇਸ਼ ਵਿੱਚ ਜਿੰਨੇ ਵੀ ਵਿਕਾਸ ਕਾਰਜ ਹੋਏ ਹਨ, ਉਹ ਕਾਂਗਰਸ ਦੀ ਸਰਕਾਰ ਵੇਲੇ ਹੀ ਹੋਏ ਹਨ। ਜਦੋਂ ਕਿ ਬਾਕੀ ਪਾਰਟੀਆਂ ਨੇ ਸਿਰਫ ਲੁੱਟ-ਖਸੁੱਟ ਹੀ ਕੀਤੀ ਹੈ। ਉਨ੍ਹਾਂ ਪਾਰਟੀ ਦੀ ਜਿੱਤ ਯਕੀਨੀ ਬਣਾਉਣ ਲਈ ਵਰਕਰਾਂ ਨੂੰ ਲਾਮਬੰਦ ਕੀਤਾ।



# ਕੇਂਦਰ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਕਿਸਾਨ ਜਥੇਬੰਦੀਆਂ ਵੱਲੋਂ ਟਰੈਕਟਰ ਮਾਰਚ 26 ਨੂੰ

**ਤਰਨਤਾਰਨ (ਪ੍ਰਿਤਪਾਲ ਸਿੰਘ)**

ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਗਾਂਧੀ ਪਾਰਕ ਤਰਨਤਾਰਨ ਵਿਖੇ ਅੰਮ੍ਰਿਤਪਾਲ ਸਿੰਘ ਜੌੜਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਦਲਜੀਤ ਸਿੰਘ ਦਿਆਲਪੁਰਾ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਹਰਜੀਤ ਸਿੰਘ ਰਵੀ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਮੁਗ਼ਲ ਚੱਕ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਏਕਤਾ ਦੇ ਸੂਬਾ ਮੀਤ ਪ੍ਰਧਾਨ ਭੁਪਿੰਦਰ ਸਿੰਘ ਪੰਡੋਰੀ ਤਖ਼ਤ ਮੱਲ, ਕੌਮੀ ਕਿਸਾਨ ਯੂਨੀਅਨ ਦੇ ਆਗੂ ਗੁਰਚਰਨ ਸਿੰਘ ਸਭਰਾ, ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਦਲਵਿੰਦਰ ਸਿੰਘ ਪੰਨੂ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਆਗੂ ਨਿਰਪਾਲ ਸਿੰਘ ਜੌਣੇਕੇ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਆਗੂ ਸੁਖਦੇਵ ਸਿੰਘ ਤੁੜ ਅਤੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਹਾਜ਼ਰ ਹੋਏ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਜਨਤਾ ਪਾਰਟੀ ਦੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਦੇ ਕੀਤੇ ਲਿਖਤੀ ਵਾਅਦਿਆਂ ਤੋਂ ਮੁੱਕਰ ਕੇ ਕਿਸਾਨ ਮਾਰੂ ਨੀਤੀਆਂ ਨੂੰ ਲਾਗੂ ਕਰਨ ਦੀਆਂ ਘਿਨਾਉਣੀਆਂ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ ਜਿਨ੍ਹਾਂ ਦਾ ਸੰਯੁਕਤ ਕਿਸਾਨ ਮੋਰਚਾ ਭਾਰਤ ਲਗਾਤਾਰ ਵਿਰੋਧ ਕਰਦਾ ਆ ਰਿਹਾ ਹੈ ਜਿਸ ਦੀ ਲੜੀ ਤਹਿਤ ਮੋਰਚੇ ਵੱਲੋਂ ਪੂਰੇ ਭਾਰਤ ਵਿਚ ਜ਼ਿਲਿਆਂ ਅਤੇ ਤਹਿਸੀਲਾਂ ਵਿਚ 26 ਜਨਵਰੀ ਨੂੰ ਟਰੈਕਟਰ ਮਾਰਚ ਕਰਨ ਦਾ ਸੱਦਾ ਦਿੱਤਾ ਹੈ ਇਸ ਸੱਦੇ ਨੂੰ ਲਾਗੂ ਕਰਨ ਲਈ ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਵੱਲੋਂ ਸੈਂਕੜੇ ਟਰੈਕਟਰਾਂ ਨਾਲ ਤਰਨਤਾਰਨ ਜ਼ਿਲ੍ਹੇ ਵਿੱਚ ਤਰਨਤਾਰਨ , ਪੱਟੀ , ਖਡੂਰ ਸਹਿਬ ਅਤੇ ਭਿੱਖੀਵਿੰਡ ਤਹਿਸੀਲਾਂ ਵਿਚ 26 ਜਨਵਰੀ ਨੂੰ ਟਰੈਕਟਰ ਮਾਰਚ ਕੀਤਾ ਜਾਵੇਗਾ ਕਿਸਾਨ ਆਗੂਆਂ ਨੇ ਕਿਹਾ ਮੋਰਚੇ ਦੀਆਂ ਤਹਿ ਕੀਤੀਆਂ ਅੱਠ ਮੰਗਾਂ ਸਮੇਤ ਕਿਸਾਨ ਅੰਦੋਲਨ ਦੌਰਾਨ ਕਿਸਾਨਾਂ ਤੇ ਦਰਜ ਕੀਤੇ ਝੂਠੇ ਪਰਚੇ ਅਤੇ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨ ਪਰਿਵਾਰਾਂ ਦੇ ਵਾਰਸਾਂ ਨੂੰ ਨੌਕਰੀਆਂ ਦਿਵਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇੱਕ ਵੱਖਰੇ ਮਤੇ ਰਾਹੀਂ ਸਲਵਿੰਦਰ ਸਿੰਘ ਪੱਧਰੀ ਤੇ ਕਾਤਲਾਨਾ ਹਮਲਾ ਕਰਨ ਵਾਲਿਆਂ ਤੇ ਐੱਸਐੱਸਪੀ ਵੱਲੋਂ ਕੀਤੀ ਜਾ ਰਹੀ ਢਿੱਲੀ ਕਾਨੂੰਨੀ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਮੀਟਿੰਗ ਵਿੱਚ ਜਗੀਰ ਸਿੰਘ ਗੰਡੀਵਿੰਡ, ਸਤਪਾਲ ਸਿੰਘ ਨੱਥੋਕੇ, ਹਰਵਿੰਦਰ ਸਿੰਘ ਵਲੀਪੁਰ, ਤਰਸੇਮ ਸਿੰਘ ਪੰਡੋਰੀ, ਅਨੂਪ ਸਿੰਘ ਭੋਲਾ, ਭਰਾਤਰੀ ਜਥੇਬੰਦੀ ਦੇ ਸੂਬਾ ਸਕੱਤਰ ਨਰਭਿੰਦਰ ਸਿੰਘ ਪੱਧਰੀ ਅਤੇ ਭਗਵੰਤ ਸਿੰਘ ਵੀ ਹਾਜ਼ਰ ਸਨ।



# ਤਹਿਸੀਲਦਾਰ ਨੇ ਗਣਤੰਤਰ ਦਿਵਸ ਸਮਾਗਮ ਦੀ ਰਿਹਰਸਲ ਦਾ ਲਿਆ ਜਾਇਜ਼ਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਤਹਿਸੀਲਦਾਰ ਹਰਸਿਮਰਨ ਸਿੰਘ ਵੱਲੋਂ ਸਥਾਨਕ ਕਸਬੇ ਦੀ ਦਾਣਾ ਮੰਡੀ ਵਿਖੇ 26 ਜਨਵਰੀ ਨੂੰ ਸਬ ਡਵੀਜ਼ਨ ਪੱਧਰ ਤੇ ਮਨਾਏ ਜਾ ਰਹੇ 75ਵੇਂ ਗਣਤੰਤਰ ਦਿਵਸ ਮੌਕੇ ਸਮਾਗਮ ਵਿੱਚ ਹਿੱਸਾ ਲੈਣ ਵਾਲੇ ਸਕੂਲੀ ਬੱਚਿਆ ਦੀ ਦੂਸਰੀ ਰਿਹਰਸਲ ਦਾ ਜਾਇਜ਼ਾ ਲਿਆ ਅਤੇ ਸਮਾਗਮ ਵਾਲੀ ਜਗ੍ਹਾ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਪ੍ਰਸ਼ਾਸਨਿਕ ਅਧਿਕਾਰੀਆ ਵੱਲੋਂ ਰਿਹਰਸਲ ਕਰਨ ਵਾਲੇ ਸਕੂਲੀ ਬੱਚਿਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ। ਇਸ ਮੌਕੇ ਤਹਿਸੀਲਦਾਰ ਹਰਸਿਮਰਨ ਸਿੰਘ ਨੇ ਚੋਣਵੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 26 ਜਨਵਰੀ ਨੂੰ ਡੇਰਾ ਬਾਬਾ ਨਾਨਕ ਵਿਖੇ ਗਣਤੰਤਰ ਦਿਵਸ ਸਮਾਗਮ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ, ਜਿਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਾਰੇ ਸਰਕਾਰੀ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਹਾਜ਼ਰੀ ਲਾਜ਼ਮੀ ਹੈ ਅਤੇ ਸਾਰੇ ਆਪਣਾ ਫ਼ਰਜ਼ ਸਮਝਦੇ ਹੋਏ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋਣ। ਇਸਦੇ ਨਾਲ ਹੀ ਉਨ੍ਹਾਂ ਸਬ ਡਵੀਜ਼ਨ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋ ਕੇ ਰੌਣਕਾਂ ਨੂੰ ਵਧਾਉਣ।



ਇਸ ਮੌਕੇ ਰੀਡਰ ਸਰਬਜੀਤ ਸਿੰਘ, ਰੀਡਰ ਸੰਜੀਵ ਕੁਮਾਰ, ਸਟੇਜ ਸਕੱਤਰ ਮਾਸਟਰ ਪਲਵਿੰਦਰ ਸਿੰਘ ਰੰਧਾਵਾ, ਅਵਤਾਰ ਸਿੰਘ, ਡੀ. ਪੀ. ਰਾਮ ਸਰੂਪ, ਡੀ. ਪੀ. ਅਨਿਲ ਕੁਮਾਰ, ਡੀ. ਪੀ. ਬਿਕਰਮਜੀਤ ਸਿੰਘ, ਪੀ. ਟੀ. ਰਾਜਵਿੰਦਰ ਕੌਰ, ਮੈਡਮ ਨੇਹਾ, ਮੈਡਮ ਪ੍ਰਿਤਪਾਲ ਕੌਰ, ਮੈਡਮ ਸਵੇਤਾ, ਮੈਡਮ ਜੋਤੀ ਦੇਵੀ, ਮੈਡਮ ਰਣਬੀਰ ਕੌਰ, ਮੈਡਮ ਅਨੀਤਾ, ਮਾਸਟਰ ਆਤਮਜੀਤ ਸਿੰਘ ਅਤੇ ਮਾਸਟਰ ਜੁਗਰਾਜ ਸਿੰਘ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਲਈ ਵੋਟਾਂ ਬਣਾਉਣ ਹਿੱਤ ਵਿਸ਼ੇਸ਼ ਕੈਂਪਾਂ ਦਾ ਸਲਿਸਿਲਾ ਜਾਰੀ

**ਪਠਾਨਕੋਟ: (ਦਵਿੰਦਰ ਸਿੰਘ)**- ਡਿਪਟੀ ਕਮਿਸ਼ਨਰ ਹਰਬੀਰ ਸਿੰਘ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਐਸ.ਜੀ.ਪੀ.ਸੀ. (ਚੋਣ ਬੋਰਡ) ਹਲਕਾ 110 ਦੇ ਰਿਵਾਇਜ਼ਿੰਗ ਅਥਾਰਟੀ-ਕਮ- ਉਪ ਮੰਡਲ ਮੈਜਿਸਟਰੇਟ, ਪਠਾਨਕੋਟ ਮੇਜਰ ਡਾ. ਸਮਿਤ ਮੁੱਧ ਨੇ ਦੱਸਿਆ ਕਿ ਸਾਲ 2011 ਦੀਆਂ ਸ਼੍ਰੋਮਣੀ ਕਮੇਟੀ ਚੋਣਾਂ ਦੌਰਾਨ 32,421 ਵੋਟਾਂ ਰਜਿਸਟਰਡ ਹੋਈਆਂ ਸਨ। ਪ੍ਰੰਤੂ ਇਸ ਵਾਰ ਅੱਜ ਤੱਕ 15,162 ਵੋਟਾਂ ਹੀ ਰਜਿਸਟਰਡ ਹੋਈਆਂ ਹਨ। ਇਸ ਲਈ ਕੇਸਧਾਰੀ ਸਿੱਖਾਂ ਦੀਆਂ ਵੋਟਾਂ ਬਣਾਉਣ ਲਈ ਚੋਣ ਬੋਰਡ ਹਲਕਾ 110 ਪਠਾਨਕੋਟ ਵਿੱਚ ਪੈਂਦੇ ਸਮੁੱਚੇ ਜ਼ਿਲ੍ਹਾ ਪਠਾਨਕੋਟ ਅਤੇ ਦੀਨਾਨਗਰ ਤਹਿਸੀਲ ਵਿੱਚ ਮਿਤੀ 20, 21 ਜਨਵਰੀ, 3 ਅਤੇ 4 ਫਰਵਰੀ ਨੂੰ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਜੋ ਕੋਈ ਫਾਰਮ ਨੰ. 3(1) ਵਿੱਚ ਦਰਜ ਸ਼ਰਤਾਂ ਪੂਰੀਆਂ ਕਰਦਾ ਹੈ ਉਹ ਉਕਤ ਮਿਤੀਆਂ ਨੂੰ ਆਪਣੇ ਇਲਾਕੇ ਦੇ ਬੀ.ਐਲ.ਓ./ ਪਟਵਾਰੀ/ਪੰਚਾਇਤ ਸਕੱਤਰ/ ਨਗਰ ਨਿਗਮ/ਨਗਰ ਕੌਂਸਲ ਜਾਂ ਨਗਰ ਪੰਚਾਇਤ ਦੇ ਕਰਮਚਾਰੀਆਂ ਨੂੰ ਜਾਂ ਆਪਣੇ ਨੇੜਲੇ ਬੀ.ਡੀ.ਪੀ.ਓ. ਦਫ਼ਤਰ/ਨਗਰ ਨਿਗਮ ਦਫ਼ਤਰ/ਨਗਰ ਕੌਂਸਲ ਦਫ਼ਤਰ/ਨਗਰ ਪੰਚਾਇਤ ਦਫ਼ਤਰ/ਤਹਿਸੀਲ ਦਫ਼ਤਰ ਜਾਂ ਸਿੱਧੇ ਤੌਰ 'ਤੇ ਐਸ.ਡੀ.ਐਮ. ਪਠਾਨਕੋਟ ਦੇ ਦਫ਼ਤਰ ਫਾਰਮ ਜਮ੍ਹਾਂ ਕਰਵਾ ਸਕਦਾ ਹੈ। ਉਨ੍ਹਾਂ ਗੁਰਦੁਆਰਿਆਂ ਦੇ ਪ੍ਰਧਾਨਾਂ/ਸਮਾਜ ਸੇਵੀ ਸੰਸਥਾਵਾਂ ਅਤੇ ਐਨ.ਜੀ.ਓਜ਼. ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਉਪਰੋਕਤ ਕੈਂਪਾਂ ਦਾ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਅਤੇ ਆਪਣੇ-ਆਪਣੇ ਏਰੀਏ ਵਿੱਚ ਕੇਸਧਾਰੀ ਸਿੱਖਾਂ ਨੂੰ ਵੋਟਾਂ ਬਣਾਉਣ ਲਈ ਪ੍ਰੇਰਿਤ ਕੀਤਾ ਜਾਵੇ।

# ਸ਼ੈਰੀ ਕਲਸੀ ਨੇ ਸੁਖਮਨੀ ਕਾਲੋਨੀ 'ਚ ਸੜਕ ਦਾ ਨਿਰਮਾਣ ਸ਼ੁਰੂ ਕਰਵਾਇਆ



**ਬਟਾਲਾ, (ਡਾ. ਮਲਵਿੰਦਰ ਸਿੰਘ)**

ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਉਮਰਪੁਰਾ ਵਿਖੇ ਸੁਖਮਨੀ ਕਾਲੋਨੀ ਵਿਖੇ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਕਾਲੋਨੀ ਵਾਸੀਆ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਲੋਕ ਇਸ ਸਮੱਸਿਆ ਨਾਲ ਜੂਝ ਰਹੇ ਸਨ ਪਰ ਹੁਣ ਸੜਕ ਬਣ ਜਾਣ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰਨਾ ਅਤੇ ਹਲਕੇ ਅੰਦਰ ਵਿਕਾਸ ਕਾਰਜ ਕਰਵਾਉਣਾ, ਉਨਾਂ ਦੀ ਪਹਿਲੀ ਤਰਜੀਹ ਹੈ ਅਤੇ ਪਾਰਦਰਸ਼ੀ ਢੰਗ ਨਾਲ ਹਲਕੇ ਅੰਦਰ ਵਿਕਾਸ ਕੰਮ ਤੇਜ਼ਗਤੀ ਨਾਲ ਚੱਲ ਰਹੇ ਹਨ। ਉਨਾਂ ਕਿਹਾ ਕਿ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨਾਂ ਦੀਆਂ ਮੁਸ਼ਕਿਲਾਂ ਸੁਣਕੇ ਹੱਲ ਕਰ ਰਹੇ ਹਨ। ਕਲਸੀ ਨੇ ਅੱਗੇ ਕਿਹਾ ਕਿ ਜਦੋ ਦਾ ਲੋਕਾਂ ਨੇ ਉਨਾਂ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ, ਉਨਾਂ ਵੱਲੋਂ ਨਿਰੰਤਰ ਹਲਕੇ ਅਤੇ ਖਾਸਕਰਕੇ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਅੰਦਰ ਚਹੁੰਪੱਖੀ ਵਿਕਾਸ ਕਾਰਜ ਕਰਵਾਏ ਗਏ ਹਨ।ਉਨਾਂ ਦੱਸਿਆ ਕਿ ਸ਼ਹਿਰ ਵਿਚਲੀਆਂ ਸੜਕਾਂ ਨੂੰ ਚੋੜਾ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਅਵਾਜਾਈ ਦੌਰਾਨ ਕੋਈ ਮੁਸ਼ਕਿਲ ਪੇਸ਼ ਨਾ ਆਵੇ ।ਸ਼ਹਿਰ ਵਿਚਲੇ ਚੋਂਕ ਖੁੱਲ੍ਹੇ ਕੀਤੇ ਗਏ ਹਨ।ਬਟਾਲਾ ਸ਼ਹਿਰ ਦੇ ਐਂਟਰੀ ਪੁਆਇਟਾਂ 'ਤੇ ਸ਼ਾਨਦਾਰ ਗੇਟਾਂ ਦੀ ਉਸਾਰੀ ਕਰਵਾਈ ਜਾ ਰਹੀ ਹੈ ।ਸੀਵਰੇਜ ਦੀ ਸਮੱਸਿਆ ਹੱਲ ਕੀਤੀ ਗਈ ਹੈ ਅਤੇ ਸ਼ਹਿਰ ਦੀਆਂ ਵਾਰਡਾਂ ਵਿੱਚ ਵਿਕਾਸ ਕਾਰਜ ਚੱਲ ਰਹੇ ਹਨ।ਉਨਾਂ ਦੁਹਰਾਇਆ ਕਿ ਬਟਾਲਾ ਨੂੰ ਵਿਕਾਸ ਪੱਖੋ ਨਮੂਨੇ ਦਾ ਹਲਕਾ ਬਣਾਇਆ ਜਾਵੇਗਾ।

# ਕਾਮਰੇਡ ਰਚਨਾ ਦੇਵੀ ਦੀ ਅੰਤਿਮ ਅਰਦਾਸ ਭਲਕੇ

**ਪਠਾਨਕੋਟ (ਦਵਿੰਦਰ ਸਿੰਘ)**-ਜਮਹੂਰੀ ਕਿਸਾਨ ਸਭਾ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਬਲਵੰਤ ਸਿੰਘ ਘੋਹ ਨੇ ਦੁਖੀ ਹਿਰਦੇ ਨਾਲ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਤਹਿਸੀਲ ਪਠਾਨਕੋਟ ਦੇ ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਕਾਮਰੇਡ ਬਲਵੀਰ ਸਿੰਘ ਪਿੰਡ ਬੇਹੜੀ ਬਜ਼ੁਰਗ ਦੀ ਧਰਮ ਪਤਨੀ ਰਚਨਾ ਦੇਵੀ ਦਾ ਲੰਮੀ ਬੀਮਾਰੀ ਤੋਂ ਬਾਅਦ 9 ਜਨਵਰੀ 2024 ਨੂੰ ਦਿਹਾਂਤ ਹੋ ਗਿਆ ਸੀ। ਉਨ੍ਹਾਂ ਦੀ ਅੰਤਿਮ ਅਰਦਾਸ 21 ਜਨਵਰੀ ਦਿਨ ਐਤਵਾਰ ਨੂੰ ਪਿੰਡ ਬੇਹੜੀ ਬਜ਼ੁਰਗ, ਸ਼ਰਮਾ ਪੈਲੇਸ, ਫਿਰੋਜ਼ਪੁਰ ਲਾਗੇ ਸੁਜਾਨਪੁਰ ਪਠਾਨਕੋਟ ਵਿਖੇ 1-00 ਵਜੇ ਹੋਵੇਗੀ। ਸਭ ਨੂੰ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।



## ਸੋਨੂੰ ਚੀਮਾ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਬੀਤੇ ਦਿਨੀਂ ਮਾਘੀ ਵਾਲੇ ਦਿਨ ਅਣਪਛਾਤੇ ਕਾਤਲਾਂ ਵਲੋਂ ਗੋਲੀਆਂ ਮਾਰ ਕੇ ਕਤਲ ਕੀਤੇ ਗਏ ਹਲਕਾ ਤਰਨ ਤਾਰਨ ਦੇ ਰਾਜਨੀਤਕ ਆਗੂ ਸਰਪੰਚ ਸੋਨੂੰ ਚੀਮਾ ਦੀ ਮੌਤ ਨਾਲ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਰਿੰਦਰਜੀਤ ਸਿੰਘ ਲਾਲੀ ਐਨ ਆਰ ਆਈ ਅਤੇ ਦਿਆਲ ਚੰਦ ਨੇ ਕਿਹਾ ਕਿ ਜਿਥੇ ਸਰਪੰਚ ਸੋਨੂੰ ਚੀਮਾ ਪਿਛਲੇ ਤੀਹ ਸਾਲਾਂ ਤੋਂ ਇਲਾਕੇ ਦੀ ਸੇਵਾ ਵਿੱਚ ਹਾਜ਼ਰ ਰਹਿੰਦਿਆਂ ਪਿੰਡ ਚੀਮਾ, ਅੱਡਾ ਝਬਾਲ, ਝਬਾਲ ਪੁਖਤਾ ਸਮੇਤ ਆਸ ਪਾਸ ਦੇ ਪਿੰਡਾਂ 'ਚ ਵਿਕਾਸ ਕਾਰਜਾਂ ਨੂੰ ਪਹਿਲ ਦਿੰਦੇ ਸਨ, ਉਥੇ ਹੀ ਇਲਾਕਾ ਵਾਸੀਆਂ ਲਈ ਇੱਕ ਮਸੀਹਾ ਦੇ ਰੂਪ 'ਚ ਹਰੇਕ ਤਰ੍ਹਾਂ ਦੇ ਕੰਮ ਲੋਕ ਭਲਾਈ ਤੇ ਗਰੀਬ ਪਰਵਾਰਾਂ ਦੀ ਮਦਦ ਲਈ ਹਮੇਸ਼ਾ ਤਤਪਰ ਰਹਿੰਦੇ ਸਨ। ਪਰ ਜ਼ਾਲਮਾਂ ਨੇ ਲੋਕਾਂ ਨੂੰ ਸਮਰਪਤ ਸੋਨੂੰ ਚੀਮਾ ਦੇ ਰੂਪ 'ਚ ਵੱਡੀ ਸੰਸਥਾ ਨੂੰ ਹੀ ਖਤਮ ਕਰ ਦਿੱਤਾ ਜਿਸ ਦੀ ਘਾਟ ਕਦੇ ਵੀ ਪੂਰੀ ਨਹੀਂ ਹੋ ਸਕਦੀ। ਬਰਿੰਦਰਜੀਤ ਸਿੰਘ ਲਾਲੀ ਤੇ ਸ੍ਰੀ ਦਿਆਲ ਚੰਦ ਨੇ ਪੰਜਾਬ ਸਰਕਾਰ ਅਤੇ ਪੁਲਸ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਸਰਪੰਚ ਸੋਨੂੰ ਚੀਮਾ ਦੇ ਕਾਤਲਾਂ ਨੂੰ ਜਲਦ ਗ੍ਰਿਫ਼ਤਾਰ ਕਰਕੇ ਜੇਲ੍ਹ 'ਚ ਭੇਜਿਆ ਜਾਵੇ।

# ਸ਼ਿਵ ਕੁਮਾਰ ਬਟਾਲਵੀ ਸੱਭਿਆਚਾਰਕ ਕੇਂਦਰ ਵਿਖੇ ਗਣਤੰਤਰ ਦਿਵਸ ਦੀਆਂ ਰਿਹਰਸਲਾਂ ਜ਼ੋਰਾਂ 'ਤੇ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਗਣਤੰਤਰ ਦਿਵਸ ਮਨਾਉਣ ਦੀਆਂ ਤਿਆਰੀਆਂ ਪੂਰੇ ਜੋਸ਼ ਤੇ ਉਤਸ਼ਾਹ ਨਾਲ ਕੀਤੀਆਂ ਜਾ ਰਹੀਆਂ ਹਨ। ਡਾ. ਸ਼ਾਇਰੀ ਭੰਡਾਰੀ, ਐਸ.ਡੀ.ਐਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੱਜ ਸਤੀਸ਼ ਕੁਮਾਰ, ਨਾਇਬ ਤਹਿਸੀਲਦਾਰ ਵਲੋਂ ਸ਼ਿਵ ਕੁਮਾਰ ਬਟਾਲਵੀ ਸੱਭਿਆਚਾਰਕ ਕੇਂਦਰ ਬਟਾਲਾ ਵਿਖੇ ਚੱਲ ਰਹੀਆਂ ਰਿਹਰਸਲਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਸ਼ਸ਼ੀ ਭੂਸ਼ਨ ਵਰਮਾ ਐਮ ਡੀ ਐਫ.ਸੀ ਵਰਮਾ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਭੰਡਾਰੀ ਗੇਟ ਬਟਾਲਾ, ਨੀਟਾ ਭਾਟੀਆ, ਡਾ. ਸਤਿੰਦਰਜੀਤ ਕੌਰ ਤੇ ਸਕੂਲਾਂ ਦੇ ਨੁਮਾਇੰਦੇ ਮੌਜੂਦ ਸਨ। ਗਣਤੰਤਰ ਦਿਵਸ ਮੌਕੇ ਪੇਸ਼ ਕੀਤੇ ਜਾਣ ਵਾਲੇ ਸੱਭਿਆਚਰਕ ਸਮਾਗਮ ਲਈ ਚੱਲ ਰਹੀਆਂ ਰਿਹਰਸਲਾਂ ਵਿਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵਲੋਂ ਦੇਸ਼ ਭਗਤੀ 'ਤੇ ਅਧਾਰਤ ਸ਼ਾਨਦਾਰ ਕੋਰੀਓਗ੍ਰਾਫੀ, ਸੋਲੋ ਡਾਂਸ ਤੇ ਭੰਗੜਾ ਦੀਆਂ ਪੇਸ਼ਕਾਰੀਆਂ ਦਿੱਤੀਆਂ ਗਈਆਂ। ਇਸ ਮੌਕੇ ਨਾਇਬ ਤਹਿਸੀਲਦਾਰ ਸਤੀਸ਼ ਕੁਮਾਰ ਨੇ ਸਬੰਧਤ ਸਕੂਲਾਂ ਦੇ ਇੰਚਾਰਜਾਂ ਨੂੰ ਹੋਰ ਸਖ਼ਤ ਮਿਹਨਤ ਨਾਲ ਬੱਚਿਆਂ ਦੀ ਤਿਆਰੀ ਕਰਵਾਉਣ ਲਈ ਕਿਹਾ। ਉਨ੍ਹਾਂ ਦੱਸਿਆ ਕਿ 22 ਜਨਵਰੀ ਨੂੰ ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸੱਭਿਆਚਾਰਕ ਕੇਂਦਰ ਬਟਾਲਾ ਵਿਖੇ ਸਵੇਰੇ 10.00 ਵਜੇ ਦੁਬਾਰਾ ਰਿਹਰਸਲ ਹੋਵੇਗੀ ਤੇ ਟੀਮਾਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 24 ਜਨਵਰੀ ਨੂੰ ਸਮਾਗਮ ਵਾਲੀ ਥਾਂ ਰਾਜੀਵ ਗਾਂਧੀ ਸਟੇਡੀਅਮ, ਪੋਲੀਟੈਕਨਿਕ ਕਾਲਜ ਬਟਾਲਾ ਵਿਖੇ ਫੁੱਲ ਡਰੈੱਸ ਰਿਹਰਸਲ ਸਵੇਰੇ 10 ਵਜੇ ਹੋਵੇਗੀ।

# ਵਪਾਰੀ ਵਨ ਟਾਈਮ ਸੈਟਲਮੈਂਟ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ : ਚੇਅਰਮੈਨ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**

ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦੀਆਂ ਨੀਤੀਆਂ ਆਮ ਆਦਮੀ ਦੀਆਂ ਮੰਗਾਂ ਅਨੁਸਾਰ ਬਣਾਈਆਂ ਗਈਆਂ ਹਨ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ ਅਤੇ ਪੰਜਾਬ ਦੀ ਆਰਥਿਕਤਾ ਨੂੰ ਇੱਕ ਵੱਡਾ ਹੁੰਗਾਰਾ ਮਿਲੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਰਾਜ ਟਰੇਡ ਕਮਿਸ਼ਨ ਦੇ ਚੇਅਰਮੈਨ ਅਨਿਲ ਠਾਕੁਰ ਵੱਲੋਂ ਅੱਜ ਅੰਮ੍ਰਿਤਸਰ ਦੇ ਵਪਾਰੀਆਂ ਨਾਲ ਮੀਟਿੰਗ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਵਿਕਾਸ ਵਿੱਚ ਉਦਯੋਗਾਂ ਅਤੇ ਉਦਯੋਗਪਤੀਆਂ ਦੀ ਅਹਿਮ ਭੂਮਿਕਾ ਹੈ ਅਤੇ ਪੰਜਾਬ ਵਿੱਚ ਸਨਅਤਕਾਰਾਂ ਨੂੰ ਬਿਜਲੀ ਦੇਣ ਤੋਂ ਇਲਾਵਾ ਉਨ੍ਹਾਂ ਦੀ ਮੰਗ ਅਨੁਸਾਰ ਸਨਅਤੀ ਨੀਤੀ ਵਿੱਚ ਬਦਲਾਅ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਾਡੀ ਮਨਸ਼ਾ ਹੈ ਕਿ ਵਪਾਰੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ ਅਤੇ ਉਨਾਂ ਦੀਆਂ ਮੁਸ਼ਕਲਾਂ ਦਾ ਹੱਲ ਹੇਠਲੇ ਪੱਧਰ 'ਤੇ ਹੀ ਹੋ ਸਕੇ। ਉਨਾਂ ਵਪਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵਨ ਟਾਈਮ ਸੈਟਲਮੈਂਟ (ਓ.ਟੀ.ਐਸ.) ਸਕੀਮ ਦਾ ਵੱਧ ਤੋਂ ਵੱਧ ਲਾਭ ਲੈਣ। ਅਨਿਲ ਠਾਕੁਰ ਨੇ ਕਿਹਾ ਕਿ ਉਦਯੋਗਪਤੀਆਂ ਲਈ ਸਿਰਫ ਸਕੀਮਾਂ ਹੀ ਸ਼ੁਰੂ ਨਹੀਂ ਕੀਤੀਆਂ ਸਗੋਂ ਉਨ੍ਹਾਂ ਨੂੰ ਪੰਜਾਬ ਵਿੱਚ ਕਾਰੋਬਾਰ ਕਰਨ ਲਈ ਵਧੀਆ ਮਾਹੌਲ ਵੀ ਮੁਹੱਈਆ ਕਰਵਾਇਆ ਜਾ ਰਿਹਾ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਸਟੇਟ ਕਮਿਸ਼ਨ ਦੇ ਮੈਂਬਰ ਸ਼ੀਤਲ ਜੁਨੇਜਾ ਨੇ ਕਿਹਾ ਕਿ ਵਪਾਰੀਆਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਵਪਾਰੀਆਂ ਨੂੰ ਉਨਾਂ ਦੇ ਕਾਰੋਬਾਰ ਨਾਲ ਸਬੰਧਤ ਕਈ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਿਸ ਨਾਲ ਉਨ੍ਹਾਂ ਨੂੰ ਦਫ਼ਤਰਾਂ ਦੇ ਚੱਕਰ ਨਹੀਂ ਮਾਰਨੇ ਪੈਂਦੇ। ਜਿਸ ਕਾਰਨ ਉਨ੍ਹਾਂ ਨੂੰ ਸਾਰੀਆਂ ਸਹੂਲਤਾਂ ਇੱਕੋ ਹੀ ਖਿੜਕੀ ਰਾਹੀਂ ਦੇ ਦਿੱਤੀਆਂ ਜਾਂਦੀਆਂ ਹਨ। ਇਸ ਮੌਕੇ ਵੱਖ-ਵੱਖ ਵਪਾਰੀਆਂ ਵਲੋਂ ਆਪਣੀਆਂ ਮੁਸ਼ਕਲਾਂ ਨੂੰ ਚੇਅਰਮੈਨ ਦੇ ਧਿਆਨ ਵਿੱਚ ਲਿਆਂਦਾ ਗਿਆ ਅਤੇ ਮੌਕੇ 'ਤੇ ਹੀ ਚੇਅਰਮੈਨ ਨੇ ਐਕਸਾਈਜ਼ ਵਿਭਾਗ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਉਨਾਂ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਮੀਟਿੰਗ ਵਿੱਚ ਜਸਕਰਨ ਬਦੇਸ਼ਾ, ਅਨਿਲ ਭਾਰਦਵਾਜ, ਡਿਪਟੀ ਕਮਿਸ਼ਨਰ ਸਟੇਟ ਟੈਕਸ ਰਾਜਵਿੰਦਰ ਕੌਰ, ਸਹਾਇਕ ਕਮਿਸ਼ਨਰ ਸਟੇਟ ਟੈਕਸ ਅਜੈ ਕੁਮਾਰ, ਸੰਜੀਵ ਗੁਪਤਾ, ਮਹੇਸ਼ ਗੁਪਤਾ, ਇਕਬਾਲ ਸਿੰਘ ਭੁੱਲਰ, ਰਾਜੀਵ ਖਹਿਰਾ ਜ਼ਿਲ੍ਹਾ ਪ੍ਰਧਾਨ ਟਰੇਡਵਿੰਗ, ਰਾਜਾ ਇਕਬਾਲ, ਪਵਨਜੀਤ ਗੋਲਡੀ ਜਾਇੰਟ ਸਕੱਤਰ, ਦਿਕਸ਼ਿਤ ਧਵਨ, ਜਸਪ੍ਰੀਤ ਸਿੰਘ, ਮੋਹਿਤ ਅਗਰਵਾਲ, ਡਾ. ਇੰਦਰਪਾਲ ਤੋਂ ਇਲਾਵਾ ਹੋਰ ਪ੍ਰਮੁੱਖ ਸ਼ਖ਼ਸ਼ੀਅਤਾਂ ਹਾਜ਼ਰ ਸਨ।

# ਅਗਨੀਵੀਰ ਭਰਤੀ ਰੈਲੀ ਸਬੰਧੀ ਸੀ-ਪਾਈਟ ਕੈਂਪ 'ਚ ਮੁਫ਼ਤ ਸਿਖਲਾਈ ਸ਼ੁਰੂ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵੱਲੋਂ ਜ਼ਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਦੇ ਨੌਜਵਾਨਾਂ ਨੂੰ ਭਾਰਤੀ ਫੌਜ ਦੀ ਅਗਨੀਵੀਰ ਭਰਤੀ ਰੈਲੀ ਸਬੰਧੀ ਸਿਖਲਾਈ ਦੇਣ ਲਈ ਕੈਂਪ ਸ਼ੁਰੂ ਕਰ ਦਿੱਤਾ ਗਿਆ ਹੈ। ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਦੇ ਇੰਚਾਰਜ ਕੁਲਦੀਪ ਸਿੰਘ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ 2024-2025 ਲਈ ਆਰਮੀ ਵਿੱਚ ਅਗਨੀਵੀਰ ਦੀ ਭਰਤੀ ਲਈ ਰਜਿਸਟ੍ਰੇਸ਼ਨ 8 ਫਰਵਰੀ 2024 ਤੋਂ 21 ਮਾਰਚ 2024 ਤੱਕ ਕੀਤੀ ਜਾਣੀ ਹੈ। ਜਿਹੜੇ ਨੌਜਵਾਨ ਆਰਮੀ ਵਿੱਚ ਜਾਣ ਦੇ ਚਾਹਵਾਨ ਹਨ ਉਹ ਆਪਣਾ ਰਜਿਸਟ੍ਰੇਸ਼ਨ 8 ਫਰਵਰੀ 2024 ਤੋਂ 21 ਮਾਰਚ 2024 ਤੱਕ ਆਰਮੀ ਦੀ ਵੈੱਬਸਾਈਟ www.joinindianarmy.nic 'ਤੇ ਸਿਰਫ ਆਨਲਾਈਨ ਕਰ ਸਕਦੇ ਹਨ। ਕੁਲਦੀਪ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਰਮੀ ਅਗਨੀਵੀਰ ਭਰਤੀ ਦੀ ਲਿਖਤੀ ਅਤੇ ਸਰੀਰਕ ਸਿਖਲਾਈ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਵਿਖੇ ਮੁਫਤ ਦਿੱਤੀ ਜਾ ਰਹੀ ਹੈ। ਸਿਖਲਾਈ ਦੌਰਾਨ ਯੁਵਕਾਂ ਨੂੰ ਮੁਫਤ ਰਿਹਾਇਸ਼ ਅਤੇ ਖਾਣਾ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਚਾਹਵਾਨ ਯੁਵਕ ਆਪਣੇ ਸਾਰੇ ਅਸਲ ਸਰਟੀਫਿਕੇਟ ਤੇ ਉਨ੍ਹਾਂ ਦੀਆਂ 2-2 ਫੋਟੋ ਕਾਪੀਆਂ ਅਤੇ 4 ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਕੈਂਪ ਵਿੱਚ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ 62830-31125, 94674-56808, 94174-20125 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਝਾਮਕਾ ਖੁਰਦ ਦੇ ਦਰਜਨਾਂ ਪਰਵਾਰ ਭਾਜਪਾ 'ਚ ਸ਼ਾਮਲ



**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਵਿਧਾਨ ਸਭਾ ਹਲਕਾ ਤਰਨਤਾਰਨ ਦੇ ਪਿੰਡ ਝਾਮਕਾ ਖੁਰਦ ਵਿਖੇ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਜ਼ਿਲੇ ਦੇ ਮੀਤ ਪ੍ਰਧਾਨ ਰਾਣਾ ਗੁਲਬੀਰ ਸਿੰਘ ਦੀ ਸੁਚੱਜੀ ਪ੍ਰੇਰਨਾ ਸਦਕਾ ਸਾਹਿਬ ਸਿੰਘ ਦੇ ਗ੍ਰਹਿ ਵਿਖੇ ਦਰਜਨਾਂ ਪਰਿਵਾਰਾਂ ਨੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਮੂਲੀਅਤ ਕਰ ਲਈ। ਸ਼ਾਮਲ ਹੋਣ ਵਾਲੇ ਪਰਿਵਾਰਾਂ ਵਿੱਚ ਮੁਖਤਾਰ ਸਿੰਘ, ਕਾਰਜ ਸਿੰਘ, ਗੁਰਦੀਪ ਸਿੰਘ, ਪ੍ਰਤਾਪ ਸਿੰਘ, ਸੁਖਦੇਵ ਸਿੰਘ, ਗੁਰਮੀਤ ਸਿੰਘ, ਦਿਲਬਾਗ ਸਿੰਘ, ਬਲਦੇਵ ਸਿੰਘ, ਮਾਹਨ ਸਿੰਘ, ਤਰਸੇਮ ਸਿੰਘ, ਬਲਕਾਰ ਸਿੰਘ, ਲਵਦੀਪ ਸਿੰਘ, ਬਲਜਿੰਦਰ ਸਿੰਘ ਤੋਂ ਇਲਾਵਾ ਪਿੰਡ ਝਾਮਕਾ ਖੁਰਦ ਦੇ ਦਰਜਨਾਂ ਪਰਿਵਾਰਕ ਮੁਖੀਆਂ ਨੂੰ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਸੰਧੂ ਵੱਲੋਂ ਵਿਸ਼ੇਸ਼ ਤੌਰ ਤੇ ਪਾਰਟੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਸ਼ਾਮਲ ਹੋਣ ਵਾਲੇ ਸਾਰੇ ਹੀ ਪਰਿਵਾਰਾਂ ਨੂੰ ਯਕੀਨ ਦੁਆਇਆ ਕਿ ਭਾਜਪਾ ਦੀ ਮਜ਼ਬੂਤੀ ਲਈ ਉਹ ਕੰਮ ਕਰਨ, ਲੋਕਾਂ ਦੇ ਕੰਮ ਕਾਜ ਅਤੇ ਮੁਸ਼ਕਿਲਾਂ ਹੱਲ ਕਰਨ ਦੇ ਉਹ ਹਮੇਸ਼ਾ ਹੀ ਪਾਬੰਦ ਰਹਿਣਗੇ ਅਤੇ ਮਿਹਨਤ ਕਰਨ ਵਾਲੇ ਸਾਰੇ ਹੀ ਆਗੂਆਂ ਦਾ ਪਾਰਟੀ ਹਮੇਸ਼ਾ ਮਾਨ ਸਨਮਾਨ ਕਰਦੀ ਹੈ।ਇਸ ਮੌਕੇ ਸਾਬਕਾ ਚੇਅਰਮੈਨ ਜ਼ਿਲਾ ਪ੍ਰੀਸ਼ਦ ਰਣਜੀਤ ਸਿੰਘ ਮੀਆਂਵਿੰਡ, ਜ਼ਿਲਾ ਮੀਤ ਪ੍ਰਧਾਨ ਰਾਣਾ ਗੁਲਬੀਰ ਸਿੰਘ, ਜਨਰਲ ਸਕੱਤਰ ਸੁਰਜੀਤ ਸਿੰਘ ਸਾਗਰ, ਜਨਰਲ ਸਕੱਤਰ ਸ਼ਿਵ ਕੁਮਾਰ ਸੋਨੀ, ਜਨਰਲ ਸਕੱਤਰ ਹਰਪ੍ਰੀਤ ਸਿੰਘ ਸਿੰਦਬਾਦ, ਅਵਤਾਰ ਸਿੰਘ ਬੰਟੀ ਜਨਰਲ ਸਕੱਤਰ ਐੱਸਸੀ ਮੋਰਚਾ, ਹਰਪ੍ਰੀਤ ਸਿੰਘ ਹੈਪੀ ਮੀਤ ਪ੍ਰਧਾਨ ਐੱਸਸੀ ਮੋਰਚਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਦਸਮ ਪਾਤਸ਼ਾਹ ਦਾ ਪ੍ਰਕਾਸ਼ ਦਿਹਾੜਾ ਮਨਾਇਆ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**-ਬੀਤੇ ਦਿਨੀਂ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਗੁਰਦੁਆਰਾ ਸਿੰਘ ਸਭਾ (ਰਜਿ) ਕਾਹਨੂੰਵਾਨ ਰੋਡ, ਸ਼ਾਸਤਰੀਨਗਰ, ਬਟਾਲਾ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਗਿਆ। ਗੁਰਦੁਆਰਾ ਸਿੰਘ ਸਭਾ ਕਮੇਟੀ ਜਿਨ੍ਹਾਂ ਵਿੱਚ ਸੁਲੱਖਣ ਸਿੰਘ ਪ੍ਰਧਾਨ, ਕਰਤਾਰ ਸਿੰਘ ਸੀਨੀਅਰ ਮੀਤ ਪ੍ਰਧਾਨ, ਬਾਵਾ ਸਿੰਘ ਸਕੱਤਰ ਜਨਰਲ, ਪ੍ਰੀਤਮ ਸਿੰਘ ਜਨਰਲ ਸਕੱਤਰ , ਕੁਲਦੀਪ ਸਿੰਘ, ਥਾਣੇਦਾਰ ਹਰਪਾਲ ਸਿੰਘ ਮੀਤ ਪ੍ਰਧਾਨ, ਡਾਕਟਰ ਕਸ਼ਮੀਰ ਸਿੰਘ ਵੱਲੋਂ ਸ਼ਖਸੀਅਤਾਂ ਨੂੰ ਜਿਨਾਂ ਵਿੱਚ ਡਾਕਟਰ ਮਲਵਿੰਦਰ ਸਿੰਘ ਚੇਅਰਮੈਨ ਪ੍ਰੈਸ ਫੀਲਡ ਐਸੋਸੀਏਸ਼ਨ (ਰਜਿ) ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਉਪਰੰਤ ਗੁਰੂ ਦਾ ਅਤੁੱਟ ਲੰਗਰ ਛਕਾਇਆ ਗਿਆ।



ਨਵਾਂ ਜ਼ਮਾਨਾ

ਸ਼ਨੀਵਾਰ, 20 ਜਨਵਰੀ 2024

# ਆਰਥਿਕਤਾ ਦਾ ਸੱਚ

ਕੌਮਾਂਤਰੀ ਮੁਦਰਾ ਫੰਡ (ਆਈ ਐੱਮ ਐੱਫ਼) ਨੇ ਭਾਰਤ ਨੂੰ ਚੇਤਾਵਨੀ ਦਿੱਤੀ ਹੈ ਕਿ ਉਸ ਦਾ ਸਰਕਾਰੀ ਕਰਜ਼ਾ ਜੀ ਡੀ ਪੀ ਤੋਂ ਵੀ ਵਧ ਗਿਆ ਹੈ। ਇਹ ਕਿਸੇ ਵੀ ਦੇਸ਼ ਦੀ ਅਰਥਵਿਵਸਥਾ ਦੇ ਸੰਕਟ ਵਿੱਚ ਫਸ ਜਾਣ ਦੀ ਸਥਿਤੀ ਨੂੰ ਪੇਸ਼ ਕਰਦਾ ਹੈ। ਪਿਛਲੇ ਸਾਲ ਅਮਰੀਕੀ ਸਰਕਾਰ ਨੂੰ ਦੋ ਵਾਰ ਅਜਿਹੀ ਸਥਿਤੀ ਦਾ ਸਾਹਮਣਾ ਕਰਨਾ ਪਿਆ ਸੀ। ਅਮਰੀਕੀ ਸਰਕਾਰ ਨੇ ਕਰਜ਼ੇ ਦੀ ਹੱਦ ਪਾਰ ਕਰ ਲਈ ਸੀ, ਜਿਸ ਕਾਰਨ ਸਰਕਾਰੀ ਕੰਮਕਾਜ ਬੰਦ ਹੋਣ ਦੀ ਸਥਿਤੀ ਬਣ ਗਈ ਸੀ। ਇਸ ਸੰਕਟ ਵਿੱਚੋਂ ਨਿਕਲਣ ਲਈ ਸਰਕਾਰ ਤੇ ਵਿਰੋਧੀ ਧਿਰ ਨੂੰ ਮਿਲ ਕੇ ਲੱਭਣਾ ਪਿਆ ਸੀ।

ਵਿਸ਼ਵ ਬੈਂਕ ਤੇ ਕੌਮਾਂਤਰੀ ਮੁਦਰਾ ਫੰਡ ਦੇ ਪੈਮਾਨੇ ਅਨੁਸਾਰ ਕਿਸੇ ਵੀ ਦੇਸ਼ ਦੇ ਸਰਵਜਨਕ ਕਰਜ਼ੇ ਦਾ ਪੱਧਰ ਜੀ ਡੀ ਪੀ ਦੇ 60 ਫ਼ੀਸਦੀ ਤੋਂ ਵੱਧ ਨਹੀਂ ਹੋਣਾ ਚਾਹੀਦਾ। ਇਸ ਤੋਂ ਉੱਪਰ ਜਾਣ ਉੱਤੇ ਖ਼ਤਰੇ ਦੀ ਘੰਟੀ ਵੱਜਣੀ ਸ਼ੁਰੂ ਹੋ ਜਾਂਦੀ ਹੈ। ਕਰਜ਼ੇ ਤੇ ਜੀ ਡੀ ਪੀ ਦਾ ਅਨੁਪਾਤ ਮੋਦੀ ਸਰਕਾਰ ਦੌਰਾਨ 2016 ਵਿੱਚ ਵਿਗੜਨਾ ਸ਼ੁਰੂ ਹੋਇਆ ਸੀ। 2016 ਵਿੱਚ ਕਰਜ਼ਾ ਜੀ ਡੀ ਪੀ ਦਾ 45 ਫ਼ੀਸਦੀ ਸੀ, ਕੋਵਿਡ ਤੋਂ ਪਹਿਲਾਂ 2020 ਵਿੱਚ ਇਹ 60 ਫ਼ੀਸਦੀ ਹੋ ਗਿਆ ਸੀ। ਇਸੇ ਤਰ੍ਹਾਂ ਹੀ ਸੂਬਿਆਂ ਦਾ ਕਰਜ਼ਾ 2016 ਦੇ 25 ਫ਼ੀਸਦੀ ਤੋਂ ਵਧ ਕੇ 31 ਫ਼ੀਸਦੀ ਹੋ ਗਿਆ ਸੀ। ਇਸ ਤਰ੍ਹਾਂ ਕੋਰੋਨਾ ਮਹਾਂਮਾਰੀ ਸ਼ੁਰੂ ਹੋਣ ਤੋਂ ਪਹਿਲਾਂ ਹੀ ਕੇਂਦਰ ਤੇ ਰਾਜਾਂ ਦਾ ਕਰਜ਼ਾ ਜੀ ਡੀ ਪੀ ਦੇ 91 ਫ਼ੀਸਦੀ ਤੱਕ ਪੁੱਜ ਗਿਆ ਸੀ। ਲਾਕਡਾਊਨ ਨੇ ਸਥਿਤੀ ਨੂੰ ਹੋਰ ਗੰਭੀਰ ਬਣਾ ਦਿੱਤਾ ਸੀ। ਅੱਜ ਹਾਲਤ ਇਹ ਹੈ ਕਿ ਸਰਕਾਰ ਨੂੰ ਆਪਣੀ ਕੁੱਲ ਆਮਦਨ ਦਾ 48 ਫ਼ੀਸਦੀ ਕਰਜ਼ੇ ਦੇ ਵਿਆਜ ਨੂੰ ਚੁਕਾਉਣ ਵਿੱਚ ਦੇਣਾ ਪੈਂਦਾ ਹੈ।

ਇਸ ਸਮੇਂ ਭਾਰਤ ਦੁਨੀਆ ਦੇ ਉਨ੍ਹਾਂ ਦੇਸ਼ਾਂ ਵਿੱਚ ਸ਼ਾਮਲ ਹੋ ਗਿਆ ਹੈ, ਜਿਨ੍ਹਾਂ ਨੂੰ ਸੰਕਟਗ੍ਰਸਤ ਕਿਹਾ ਜਾਂਦਾ ਹੈ। ਇਨ੍ਹਾਂ ਦੇਸ਼ਾਂ ਵਿੱਚ ਵੈਨਜ਼ੁਏਲਾ, ਇਟਲੀ, ਪੁਰਤਗਾਲ ਤੇ ਗਰੀਸ ਵਰਗੀਆਂ ਬਿਮਾਰ ਅਰਥਵਿਵਸਥਾਵਾਂ ਸ਼ਾਮਲ ਹਨ। ਗਰੀਸ ਡਿਫਾਲਟ ਹੋ ਚੁੱਕਾ ਹੈ, ਪੁਰਤਗਾਲ ਸੰਕਟ 'ਚ ਹੈ, ਇਟਲੀ 2009 ਵਿੱਚ ਹੀ ਜ਼ਖਮੀ ਹੋ ਗਿਆ ਸੀ ਤੇ ਵੈਨਜ਼ੁਏਲਾ ਦਰਦ ਝੱਲ ਰਿਹਾ ਹੈ। ਆਈ ਐੱਮ ਐੱਫ਼ ਨੇ ਦੋ ਸਾਲ ਪਹਿਲਾਂ ਵੀ ਭਾਰਤ ਨੂੰ ਚੇਤਾਵਨੀ ਦਿੱਤੀ ਸੀ, ਪਰ ਭਾਰਤ ਨੇ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ।

ਸਾਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਅਸੀਂ ਜੋ ਆਪਣੀ ਬੱਚਤ ਦਾ ਪੈਸਾ ਬੈਂਕਾਂ ਵਿੱਚ ਰੱਖਦੇ ਹਾਂ, ਬੈਂਕਾਂ ਉਸ ਨੂੰ ਕਰਜ਼ ਦੇ ਰੂਪ ਵਿੱਚ ਸਰਕਾਰਾਂ, ਕੰਪਨੀਆਂ ਤੇ ਆਮ ਲੋਕਾਂ ਨੂੰ ਦਿੰਦੀਆਂ ਹਨ। ਆਈ ਐੱਮ ਐੱਫ਼ ਸਿਰਫ਼ ਕੇਂਦਰ ਤੇ ਰਾਜਾਂ ਵੱਲੋਂ ਲਏ ਕਰਜ਼ੇ ਦੀ ਹੀ ਗੱਲ ਕਰਦਾ ਹੈ, ਜਦੋਂ ਕਿ ਕਰਜ਼ੇ ਦਾ ਤਾਣਾ-ਬਾਣਾ ਲੰਮਾ ਹੈ। ਇਸ ਵਿੱਚ ਕੰਪਨੀਆਂ ਦਾ ਕਰਜ਼ਾ, ਹੋਮ ਲੋਨ ਤੇ ਪਰਸਨਲ ਲੋਨ ਆਦਿ ਮਿਲਾ ਕੇ ਇੱਕ ਲੰਮੀ-ਚੌੜੀ ਕਰਜ਼ ਦੀ ਦੁਨੀਆ ਬਣ ਜਾਂਦੀ ਹੈ। ਕੌਮਾਂਤਰੀ ਮੁਦਰਾ ਫੰਡ ਨੇ ਆਪਣੀ ਸਾਲਾਨਾ ਰਿਪੋਰਟ ਵਿੱਚ ਕਿਹਾ ਹੈ ਕਿ ਭਾਰਤ ਵਿੱਚ ਬੈਂਕਾਂ ਤੇ ਸਰਕਾਰ ਦਾ ਗਠਜੋੜ ਬਣਿਆ ਹੋਇਆ ਹੈ। ਸਰਕਾਰਾਂ ਵੱਡੀਆਂ-ਵੱਡੀਆਂ ਯੋਜਨਾਵਾਂ ਲਈ ਅੰਧਾ-ਧੁੰਦ ਕਰਜ਼ੇ ਲੈਂਦੀਆਂ ਹਨ। ਬੈਂਕਾਂ ਨੂੰ ਕਿਹਾ ਜਾਂਦਾ ਹੈ ਕਿ ਉਹ ਸਰਕਾਰ ਦੇ ਪ੍ਰੋਗਰਾਮਾਂ ਵਿੱਚ ਪੈਸੇ ਲਾਉਣ ਤੇ ਸਰਕਾਰੀ ਬਾਂਡ ਖਰੀਦਣ। ਇਸ ਤੋਂ ਬਿਨਾਂ ਸਰਕਾਰ ਛੋਟੀਆਂ ਬੱਚਤਾਂ, ਡਾਕਘਰ ਬੱਚਤ ਯੋਜਨਾ ਤੇ ਪ੍ਰਾਵੀਡੈਂਟ ਫੰਡ ਦਾ ਪੈਸਾ ਵੀ ਵਰਤ ਲੈਂਦੀ ਹੈ।

ਕਿਸੇ ਵੀ ਦੇਸ਼ ਵਿੱਚ ਉਸ ਦੇਸ਼ ਦੇ ਲੋਕਾਂ ਵੱਲੋਂ ਕਰਜ਼ਾ ਕੱਢ ਕੇ ਕੀਤੀ ਗਈ ਸ਼ੁੱਧ ਬੱਚਤ ਉਸ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੁੰਦੀ ਹੈ। ਭਾਵ ਜੋ ਬੱਚਤ ਕਰਜ਼ੇ ਤੋਂ ਵੱਖਰੀ ਹੁੰਦੀ ਹੈ, ਉਹੀ ਦੇਸ਼ ਦੇ ਕੰਮ ਆਉਂਦੀ ਹੈ। ਇਹ ਬੱਚਤ ਬੈਂਕਾਂ ਵਿੱਚ ਜਮ੍ਹਾਂ ਹੁੰਦੀ ਹੈ। ਇਸੇ ਵਿੱਚੋਂ ਸਰਕਾਰਾਂ ਕਰਜ਼ਾ ਲੈਂਦੀਆਂ ਹਨ। ਇਸ ਬਾਰੇ ਸਭ ਤੋਂ ਹੈਰਾਨ ਕਰਨ ਵਾਲਾ ਸੱਚ ਇਹ ਹੈ ਕਿ ਅੱਜ ਭਾਰਤੀ ਪਰਵਾਰਾਂ ਦੀ ਸ਼ੁੱਧ ਬੱਚਤ ਪਿਛਲੇ 50 ਸਾਲਾਂ ਦੇ ਸਭ ਤੋਂ ਹੇਠਲੇ ਪੱਧਰ 'ਤੇ ਪਹੁੰਚ ਚੁੱਕੀ ਹੈ। ਸਮੁੱਚੇ ਤੌਰ 'ਤੇ ਅੱਜ ਹਰ ਪਰਵਾਰ ਜੋ ਬਚਾਅ ਰਿਹਾ ਹੈ, ਉਸ ਤੋਂ ਵੱਧ ਉਹ ਕਰਜ਼ ਵਿੱਚ ਡੁੱਬਿਆ ਹੋਇਆ ਹੈ।

ਭਾਰਤ ਸਰਕਾਰ ਲਈ ਇਹ ਚੰਗੀ ਗੱਲ ਹੈ ਕਿ ਉਸ ਉੱਪਰ ਬਦੇਸ਼ੀ ਕਰਜ਼ੇ ਦਾ ਵੱਡਾ ਬੋਝ ਨਹੀਂ। ਪਰ ਹੁਣ ਹਾਲਤ ਇਹ ਹੈ ਸਰਕਾਰ ਬਦੇਸ਼ੀ ਬਜ਼ਾਰ ਵਿੱਚ ਬ੍ਰਾਂਡ ਲੈ ਕੇ ਸ਼ਾਮਲ ਹੋਣ ਦੀ ਤਿਆਰੀ ਕਰ ਰਹੀ ਹੈ। ਕਰਜ਼ਾ ਤਾਂ ਕਰਜ਼ਾ ਹੁੰਦਾ ਹੈ, ਭਾਵੇਂ ਉਹ ਦੇਸੀ ਹੋਵੇ ਜਾਂ ਬਦੇਸ਼ੀ। ਇਹ ਕੈਂਸਰ ਵਾਂਗ ਕਦੇ ਖ਼ਤਮ ਨਹੀਂ ਹੁੰਦਾ। ਇਹ ਹੋਰ ਵੀ ਖ਼ਤਰਨਾਕ ਸਥਿਤੀ ਹੈ, ਜਦੋਂ ਦੇਸੀ ਕਰਜ਼ੇ ਦੀ ਸਥਿਤੀ ਵਿਸਫੋਟਕ ਹੋ ਚੁੱਕੀ ਹੈ, ਸਰਕਾਰ ਬਦੇਸ਼ੀ ਕਰਜ਼ਾ ਚੁੱਕਣ ਦੇ ਰਾਹ ਪੈ ਗਈ ਹੈ। ਇਹ ਠੀਕ ਹੈ ਕਿ ਸਰਕਾਰਾਂ ਆਪਣੇ ਬੈਂਕਾਂ ਤੋਂ ਪੈਸਾ ਲੈ ਕੇ ਦੀਵਾਲੀਆ ਨਹੀਂ ਹੁੰਦੀਆਂ, ਪਰ ਬੈਂਕਾਂ ਡੁੱਬ ਜਾਂਦੀਆਂ ਹਨ ਤੇ ਲੋਕਾਂ ਦਾ ਪੈਸਾ ਵੀ। ਇਸ ਦਾ ਇੱਕੋ-ਇੱਕ ਹੱਲ ਇਹੋ ਹੈ ਕਿ ਸਰਕਾਰ ਆਪਣੇ ਖਰਚੇ ਘੱਟ ਕਰੇ। ਪਰ ਸਰਕਾਰ ਤਾਂ ਧਰਮ ਯੁੱਧ ਵਿੱਚ ਫਸੀ ਹੋਈ ਹੈ। ਲਾਭਕਾਰੀ ਯੋਜਨਾਵਾਂ ਦੀ ਥਾਂ ਧਾਰਮਿਕ ਅਡੰਬਰਾਂ ਉੱਤੇ ਧਨ ਦੀ ਵਰਖਾ ਕਰ ਰਹੀ ਹੈ। ਆਮ ਲੋਕਾਂ ਦੀ ਆਮਦਨ ਵਧੇ, ਇਸ ਲਈ ਸਰਕਾਰ ਕੋਲ ਕੋਈ ਦਿਸ਼ਾ ਨਕਸ਼ਾ ਨਹੀਂ ਹੈ। ਹੁਣ ਸਰਕਾਰ ਚੋਣਾਂ ਵਿੱਚ ਜਾ ਰਹੀ ਹੈ, ਇਸ ਲਈ ਬੱਚਤ ਦਾ ਸਵਾਲ ਹੀ ਨਹੀਂ । ਅਗਲੀ ਸਰਕਾਰ ਜਦੋਂ ਜੁਲਾਈ ਵਿੱਚ ਬੱਜਟ ਪੇਸ਼ ਕਰੇਗੀ ਤਾਂ ਪਤਾ ਲੱਗੇਗਾ ਕਿ ਅਰਥਵਿਵਸਥਾ ਕਿੱਥੇ ਪੁੱਜ ਚੁੱਕੀ ਹੈ।

-ਚੰਦ ਫਤਿਹਪੁਰੀ

# ਧਾਰਮਿਕ ਤੇ ਸਿਆਸੀ ਆਗੂਆਂ ਲਈ ਧਰਮ ਵੋਟਾਂ ਤੇ ਨੋਟਾਂ ਦਾ ਚੰਗਾ ਜ਼ਰੀਆ



ਪਵਨ ਕੁਮਾਰ ਕੌਸ਼ਲ

ਦੇਵਤਿਆਂ/ਧਰਮ ਗੁਰੂਆਂ ਨੂੰ ਭਾਰਤ ਵਿੱਚ ਵਿਸ਼ੇਸ਼ ਮਨੁੱਖਾਂ ਵਜੋਂ ਸਤਿਕਾਰਿਆ ਜਾਂਦਾ ਹੈ ਅਤੇ ਅਕਸਰ ਉਨ੍ਹਾਂ ਦੇ ਪੈਰੋਕਾਰਾਂ ਦੁਆਰਾ ਉਨ੍ਹਾਂ ਦੀ ਪੂਜਾ ਕੀਤੀ ਜਾਂਦੀ ਹੈ। ਕੁਝ ਧਰਮੀ ਅਧਿਆਤਮਿਕਤਾ ਦੇ ਸਥਾਪਤ ਸਕੂਲਾਂ ਤੋਂ ਆਉਂਦੇ ਹਨ, ਪਰ ਅਕਸਰ ਉਹ ਕਿਸੇ ਧਾਰਮਿਕ ਆਦੇਸ਼ ਨਾਲ ਸੰਬੰਧਤ ਨਹੀਂ ਹੁੰਦੇ । ਹਾਲ ਹੀ ਦੇ ਸਾਲਾਂ ਵਿੱਚ ਬਹੁਤ ਸਾਰੇ ਅਧਿਆਤਮਿਕ ਗੁਰੂਆਂ ਨੇ ਭਾਰਤ ਤੋਂ ਬਾਹਰ ਪੈਰੋਕਾਰ ਬਣਾਏ ਹਨ, ਜਿਸ ਨਾਲ ਉਨ੍ਹਾਂ ਦੀ ਪ੍ਰਸਿੱਧੀ ਅਤੇ ਦੌਲਤ ਵਿੱਚ ਵਾਧਾ ਹੋਇਆ ਹੈ। ਬਹੁਤ ਸਾਰੇ ਬਾਬਿਆਂ ਤੇ ਗੁਰੂਆਂ ਨੂੰ ਕਤਲ, ਬਲਾਤਕਾਰ, ਟੈਕਸ ਚੋਰੀ ਅਤੇ ਧੋਖਾਧੜੀ ਸਮੇਤ ਕਈ ਹੋਰ ਜੁਰਮਾਂ ਲਈ ਦੋਸ਼ੀ ਪਾਉਣ ਦੇ ਬਾਵਜੂਦ ਬਹੁ ਗਿਣਤੀ ਲੋਕ ਆਪੂ ਬਣੇ ਦੇਵਤਿਆਂ ਅਤੇ ਗੁਰੂਆਂ ਵੱਲ ਝੁਕਦੇ ਰਹਿੰਦੇ ਹਨ।

ਭਾਰਤ ਵਿੱਚ ਅਤੇ ਭਾਰਤੀ ਜੇਲ੍ਹਾਂ ਵਿੱਚ ਇਨ੍ਹਾਂ ਅਖੌਤੀ ਦੇਵਤਿਆਂ ਦੀ ਕੋਈ ਕਮੀ ਨਹੀਂ। ਹਰ ਸਾਲ ਕੋਈ ਨਾ ਕੋਈ ਨਵਾਂ ਸਵੈ-ਘੋਸ਼ਿਤ ਮਸੀਹਾ ਪ੍ਰਗਟ ਹੁੰਦਾ ਹੈ ਅਤੇ ਭੋਲੇ-ਭਾਲੇ ਲੋਕ ਆਪਣੀਆਂ ਸਮਾਜਿਕ, ਆਰਥਿਕ ਲੋੜਾਂ ਅਤੇ ਬਿਮਾਰ ਮਾਨਸਿਕਤਾ ਲਈ ਉਨ੍ਹਾਂ ਕੋਲ ਇਕੱਠੇ ਹੁੰਦੇ ਰਹਿੰਦੇ ਹਨ। ਕੁੱਝ ਵੀ ਮਿਲਣ ਦੀ ਬਜਾਏ ਜਿਹੜਾ ਵੀ ਉਨ੍ਹਾਂ ਕੋਲ ਹੁੰਦਾ ਹੈ, ਉਹ ਭੀ ਗਵਾ ਬੈਠਦੇ ਹਨ। ਪਿਛਲੇ ਦਹਾਕੇ ਦੌਰਾਨ ਗੁਰਮੀਤ ਰਾਮ ਰਹੀਮ ਸਿੰਘ ਅਤੇ ਆਸਾਰਾਮ ਬਾਪੂ ਵਰਗੇ ਦੇਵਤਿਆਂ ਦੀਆਂ ਖ਼ਬਰਾਂ ਅਤੇ ਉਨ੍ਹਾਂ ਦੀਆਂ ਨਾਪਾਕ ਗਤੀਵਿਧੀਆਂ ਨੇ ਪ੍ਰਾਈਮ ਟਾਈਮ ਟੈਲੀਵਿਜ਼ਨ ਸਲੋਟਾਂ 'ਤੇ ਕਬਜ਼ਾ ਕਰ ਲਿਆ ਹੈ। ਭਾਵੇਂ ਕਿ ਅਜਿਹੇ ਗੁਰੂਆਂ ਨੂੰ ਕਤਲ, ਬਲਾਤਕਾਰ, ਟੈਕਸ ਚੋਰੀ ਅਤੇ ਧੋਖਾਧੜੀ ਵਰਗੇ ਅਪਰਾਧਾਂ ਲਈ ਫਸਾਉਣ ਦੀਆਂ ਰਿਪੋਰਟਾਂ ਦਾ ਪਰਦਾ ਫਾਸ਼ ਕੀਤਾ ਜਾਂਦਾ ਹੈ। ਭਾਰਤ ਦਾ ਇਹਨਾਂ ਬਾਬਿਆਂ ਨਾਲ ਗੈਰ-ਸਿਹਤਮੰਦ ਜਨੂੰਨ ਜਾਰੀ ਹੈ।

'ਧਾਰਮਿਕ ਦੁੱਖ, ਇੱਕੋ ਸਮੇਂ ਅਸਲ ਦੁੱਖਾਂ ਦਾ ਪ੍ਰਗਟਾਵਾ ਅਤੇ ਅਸਲ ਦੁੱਖਾਂ ਦਾ ਵਿਰੋਧ ਹੈ। ਧਰਮ ਦੱਬੇ-ਕੁਚਲੇ ਪ੍ਰਾਣੀ ਦਾ ਸਾਹ, ਇੱਕ ਬੇਰਹਿਮ ਸੰਸਾਰ ਦਾ ਦਿਲ ਅਤੇ ਰੂ-ਰਹਿਤ ਹਾਲਤਾਂ ਦੀ ਰੂਹ ਹੈ। ਇਹ ਲੋਕਾਂ ਦੀ ਅਫੀਮ ਹੈ।' ( ਕਾਰਲ ਮਾਰਕਸ)

ਇਹ ਭੁੱਲ ਜਾਣਾ ਬੁਰਜੂਆਜੀ ਦੀ ਸੌੜੀ ਮਾਨਸਿਕਤਾ ਹੋਵੇਗੀ ਕਿ ਧਰਮ ਦਾ ਜੂਲਾ ਜੋ ਮਨੁੱਖਤਾ ਉੱਤੇ ਭਾਰੂ ਹੈ, ਸਮਾਜ ਦੇ ਅੰਦਰਲੇ ਆਰਥਿਕ ਜੂਲੇ ਦਾ ਸਿਰਫ਼ ਇੱਕ ਉਤਪਾਦ ਅਤੇ ਪ੍ਰਤੀਬਿੰਬ ਹੈ। ਪੂੰਜੀਵਾਦ ਦੀਆਂ ਹਨੇਰੀਆਂ ਤਾਕਤਾਂ ਦੇ ਵਿਰੁੱਧ ਆਪਣੇ ਸੰਘਰਸ਼ ਦੁਆਰਾ ਪ੍ਰਕਾਸ਼ਤ ਨਾ ਹੋਣ ਵਾਲੇ ਕਿਰਤੀ ਨੂੰ ਕੋਈ ਵੀ ਪੈਂਫਲਟ ਜਾਂ ਪ੍ਰਚਾਰ ਦੀ ਕੋਈ ਵੀ ਮਾਤਰਾ ਰੋਸ਼ਨ ਨਹੀਂ ਕਰ ਸਕਦੀ। ਧਰਤੀ ਉੱਤੇ ਸਵਰਗ ਦੀ ਸਿਰਜਣਾ ਲਈ ਦੱਬੇ-ਕੁਚਲੇ ਵਰਗ ਦੇ ਇਸ ਸੱਚਮੁੱਚ ਇਨਕਲਾਬੀ ਸੰਘਰਸ਼ ਵਿੱਚ ਏਕਤਾ ਸਾਡੇ ਲਈ ਸਵਰਗ ਵਿੱਚ ਫਿਰਦੌਸ ਬਾਰੇ ਪ੍ਰੋਲੇਤਾਰੀ ਵਿਚਾਰਾਂ ਦੀ ਏਕਤਾ ਨਾਲੋਂ ਵੱਧ ਮਹੱਤਵਪੂਰਨ ਹੈ। (ਵੀ ਆਈ ਲੈਨਿਨ)

ਜੇਕਰ ਅਸੀਂ ਭਾਰਤ ਵਿੱਚ ਧਰਮ ਪ੍ਰਚਾਰਕਾਂ ਦੀ ਗੱਲ ਕਰੀਏ ਤਾਂ ਸਾਨੂੰ ਬਹੁ-ਗਿਣਤੀ 'ਚ ਪਾਖੰਡੀ ਅਤੇ ਅਪਰਾਧਕ ਪਿਛੋਕੜ ਵਾਲੇ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਨਾਜਾਇਜ਼ ਫਾਇਦਾ ਉੱਠਾ ਕਿ ਕੁਕਰਮ ਨੂੰ ਜਨਮ ਦਿੰਦੇ ਹਨ। ਇਨ੍ਹਾਂ ਦਾ ਸੰਖੇਪ ਜਿਹਾ ਵਰਨਣ ਕੀਤਾ ਗਿਆ ਹੈ।

2013 ਦੇ ਰੇਪ ਕੇਸ ਵਿੱਚ ਆਪੂ ਬਣੇ ਗੌਡਮੈਨ ਆਸਾਰਾਮ ਨੂੰ ਦੋਸ਼ੀ ਕਰਾਰ ਦਿੱਤਾ ਗਿਆ ਹੈ ਅਤੇ ਉਹ ਜੇਲ੍ਹ ਭੁਗਤ ਰਿਹਾ ਹੈ।

ਗੌਡਮੈਨ ਜਲੇਬੀ ਬਾਬਾ, ਜਿਸ ਨੂੰ 120 ਔਰਤਾਂ ਨਾਲ ਬਲਾਤਕਾਰ ਕਰਨ ਅਤੇ 14 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ। ਰਿਪੋਰਟਾਂ ਅਨੁਸਾਰ ਜਲੇਬੀ ਬਾਬਾ ਆਪਣੀਆਂ ਹਰਕਤਾਂ ਦੀਆਂ ਵੀਡੀਓ ਵੀ ਬਣਾਉਂਦਾ ਸੀ ਅਤੇ ਉਨ੍ਹਾਂ ਵੀਡੀਓਜ਼ ਦੀ ਵਰਤੋਂ ਪੀੜਤਾਂ ਨੂੰ ਬਲੈਕਮੇਲ ਕਰਨ ਲਈ ਕਰਦਾ ਸੀ। ਕਥਿਤ ਤੌਰ 'ਤੇ ਲਗਭਗ 120 ਅਜਿਹੇ ਵੀਡੀਓ ਬਰਾਮਦ ਕੀਤੇ ਗਏ ਹਨ।

ਬਲਾਤਕਾਰ ਦੇ ਦੋਸ਼ੀ ਨਿਤਿਆਨੰਦ ਨੇ ਆਪਣਾ 'ਸਭ ਤੋਂ ਮਹਾਨ ਹਿੰਦੂ ਰਾਸ਼ਟਰ' ਬਣਾਇਆ, ਇਸ ਦਾ ਨਾਂਅ ਕੈਲਾਸਾ ਰੱਖਿਆ। ਕੈਲਾਸਾ ਦੀ ਵੈੱਬਸਾਈਟ ਤੋਂ ਪਤਾ ਲਗਦਾ ਹੈ ਕਿ ਇਸ ਦਾ ਆਪਣਾ ਪਾਸਪੋਰਟ ਹੈ ਅਤੇ ਕੋਈ ਵੀ ਨਵੇਂ ਰਾਸ਼ਟਰ ਦਾ ਨਾਗਰਿਕ ਬਣਨ ਲਈ ਅਰਜ਼ੀ ਦੇ ਸਕਦਾ ਹੈ।

ਸਵੈ-ਸਟਾਇਲਡ ਗੌਡਮੈਨ ਰਾਮਪਾਲ ਕਤਲ ਦੇ ਦੋ ਮਾਮਲਿਆਂ ਵਿੱਚ ਦੋਸ਼ੀ ਹੁਣ ਜੇਲ੍ਹ ਦੀ ਹਵਾ ਮਾਣ ਰਿਹਾ ਹੈ। ਨਾਬਾਲਗ ਨਾਲ ਬਲਾਤਕਾਰ ਦੇ ਦੋਸ਼ ਵਿੱਚ ਸਵੈ-ਸਟਾਈਲ ਗੌਡਮੈਨ ਆਸ਼ੂ ਮਹਾਰਾਜ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਹੌਜ਼ ਖਾਸ ਥਾਣੇ ਵਿੱਚ ਉਸ ਉਪਰ ਇੱਕ ਕੇਸ ਦਰਜ ਕੀਤਾ ਗਿਆ ਸੀ ਅਤੇ ਜਾਂਚ ਨੂੰ ਟਰਾਂਸਫਰ ਕਰ ਦਿੱਤਾ ਗਿਆ ਸੀ। ਔਰਤਾਂ ਨੂੰ ਚੁੰਮਣ ਨਾਲ ਠੀਕ ਕਰਨ ਦਾ ਦਾਅਵਾ ਕਰਨ ਵਾਲਾ ਬਾਬਾ ਆਸਾਮ 'ਚ ਗ੍ਰਿਫਤਾਰ ਕੀਤਾ ਗਿਆ ਸੀ।

ਇੱਕ ਸਵੈ-ਸ਼ੈਲੀ ਵਾਲੇ ਦੇਵਤਾ ਰਾਮ ਪ੍ਰਕਾਸ਼ ਚੌਹਾਨ ਉਰਫ਼ ਕਿਸਿੰਗ ਬਾਬਾ ਦਾਅਵਾ ਕਰਦਾ ਹੈ ਕਿ ਉਸ ਨੂੰ ਭਗਵਾਨ ਵਿਸ਼ਨੂੰ ਦਾ ਆਸ਼ੀਰਵਾਦ ਹੈ ਅਤੇ ਉਹ ਆਪਣੇ 'ਚਮਤਕਾਰੀ ਚੁੰਬਨ' ਨਾਲ ਸਮੱਸਿਆਵਾਂ ਨੂੰ ਹੱਲ ਕਰ ਸਕਦਾ ਹੈ।

ਡੇਰਾ ਸੱਚਾ ਸੌਦਾ ਦੇ ਮੁਖੀ ਰਾਮ ਰਹੀਮ ਗੁਰਮੀਤ ਸਿੰਘ 'ਤੇ ਡੇਰੇ ਦੇ ਸਿਰਸਾ ਸਥਿਤ ਹੈੱਡਕੁਆਰਟਰ 'ਤੇ ਡੇਰੇ ਦੀਆਂ ਮਹਿਲਾ ਪੈਰੋਕਾਰਾਂ ਦਾ ਜਿਨਸੀ ਸ਼ੋਸ਼ਣ ਕਰਨ ਦੇ ਦੋਸ਼ ਲੱਗੇ ਸਨ ਅਤੇ ਇੱਕ ਬਲਾਤਕਾਰ ਦੇ ਦੋਸ਼ ਵਿੱਚ ਉਮਰ ਕੈਦ ਦੀ ਸਜਾ ਭੁਗਤ ਰਿਹਾ ਹੈ।

ਜਯੇਂਦਰ ਸਰਸਵਤੀ ਸਵਾਮੀਗਲ —ਕਾਂਚੀ ਕਾਮਾਕੋਟੀ ਪੀਠਮ ਦੇ 69ਵੇਂ ਸ਼ੰਕਰਾਚਾਰੀਆ, ਜੈਏਂਦਰ ਸਰਸਵਤੀ ਸਵਾਮੀਗਲ ਨੂੰ ਨਵੰਬਰ 2004 ਵਿੱਚ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਇੱਕ ਮੰਦਰ ਦੇ ਪ੍ਰਬੰਧਕ ਸ਼ੰਕਰਰਾਮਨ ਦੀ ਹੱਤਿਆ ਵਿੱਚ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ ਗਿਆ ਸੀ। 26 ਅਕਤੂਬਰ 2005 ਨੂੰ ਸੁਪਰੀਮ ਕੋਰਟ ਨੇ ਕੇਸ ਨੂੰ ਤਾਮਿਲਨਾਡੂ ਤੋਂ ਪਾਂਡੀਚੇਰੀ ਤਬਦੀਲ ਕਰ ਦਿੱਤਾ।

ਪ੍ਰੇਮਾਨੰਦ—ਤਾਮਿਲਨਾਡੂ ਦੇ ਤਿਰੂਚਿਰਾਪੱਲੀ ਆਸ਼ਰਮ ਦੇ ਸਵਾਮੀ ਪ੍ਰੇਮਾਨੰਦ 'ਤੇ 13 ਔਰਤਾਂ ਨਾਲ ਬਲਾਤਕਾਰ ਕਰਨ ਦਾ ਦੋਸ਼ ਸੀ। ਉਸ 'ਤੇ ਸ੍ਰੀ ਲੰਕਾਈ ਪੁਰਸ਼ ਦੀ ਹੱਤਿਆ ਕਰਨ ਦਾ ਦੋਸ਼ ਸੀ। ਮੈਡੀਕਲ ਟੈਸਟਾਂ ਵਿੱਚ 13 ਲੜਕੀਆਂ ਨਾਲ ਬਲਾਤਕਾਰ ਦੀ ਪੁਸ਼ਟੀ ਵੀ ਹੋਈ ਹੈ।

ਸਵਾਮੀ ਸਦਾਚਾਰੀ—ਕਿਸੇ ਸਮੇਂ ਦੇ ਪ੍ਰਭਾਵਸ਼ਾਲੀ ਦੇਵਤਾ, ਜਿਸ ਨੂੰ ਪ੍ਰਧਾਨ ਮੰਤਰੀ ਦੀ ਰਿਹਾਇਸ਼ 'ਤੇ ਰਸਮਾਂ ਨਿਭਾਉਣ ਬਾਰੇ ਮੰਨਿਆ ਜਾਂਦਾ ਹੈ, ਨੂੰ ਉਦੋਂ ਹੀ ਗ੍ਰਿਫਤਾਰ ਕੀਤਾ ਗਿਆ ਸੀ, ਜਦੋਂ ਉਹ ਸੱਤਾਧਾਰੀਆਂ ਦੇ ਪੱਖ ਤੋਂ ਬਾਹਰ ਹੋ ਗਿਆ ਸੀ। ਉਹ ਵੇਸਵਾਵਾਂ ਦਾ ਧੰਦਾ ਚਲਾਉਣ ਦੇ ਦੋਸ਼ ਵਿਚ ਜੇਲ੍ਹ ਵਿਚ ਰਹਿ ਚੁੱਕਾ ਹੈ। ਗਿਆਨਚੈਤਨਿਆ ਤਿੰਨ ਕਤਲਾਂ ਦੇ ਦੋਸ਼ ਵਿੱਚ 14 ਸਾਲ ਜੇਲ੍ਹ ਵਿੱਚ ਕੱਟ ਚੁੱਕਾ ਹੈ।

ਇਤਿਹਾਸਕ ਤੌਰ 'ਤੇ ਭਾਰਤੀ ਸਿਆਸਤਦਾਨਾਂ ਨੇ ਆਪੂ ਬਣੇ ਅਧਿਆਤਮਕ ਗੁਰੂਆਂ ਨਾਲ ਇੱਕ ਆਰਾਮਦਾਇਕ ਰਿਸ਼ਤਾ ਕਾਇਮ ਰੱਖਿਆ ਹੈ। ਇੰਦਰਾ ਗਾਂਧੀ ਦੀ ਦੇਵਰਾਹ ਬਾਬਾ ਦੀ ਫੇਰੀ ਤੋਂ ਲੈ ਕੇ ਰਾਮਦੇਵ ਦੀ ਭਾਜਪਾ ਨੇਤਾਵਾਂ ਨਾਲ ਮੇਲ-ਮਿਲਾਪ, ਇਨ੍ਹਾਂ ਬਾਬਿਆਂ ਨੂੰ ਸਿਆਸੀ ਸਰਪ੍ਰਸਤੀ ਦੀ ਕਹਾਣੀ ਦੱਸਦੀ ਹੈ।

ਚੰਦਰਾਸਵਾਮੀ-ਨੇਮੀ ਚੰਦ ਜੈਨ ਜਾਂ ਚੰਦਰਾਸਵਾਮੀ (1948 - 2017), ਜਿਸ ਨੇ ਇੱਕ ਜੋਤਸ਼ੀ, ਇਲਾਜ ਕਰਨ ਵਾਲਾ ਅਤੇ ਇੱਕ ਤਾਂਤਰਿਕ ਹੋਣ ਦਾ ਦਾਅਵਾ ਕੀਤਾ ਸੀ, 'ਤੇ ਵਿੱਤੀ ਬੇਨਿਯਮੀਆਂ ਦਾ ਦੋਸ਼ ਲਗਾਇਆ ਗਿਆ ਸੀ ਅਤੇ 1996 ਵਿੱਚ ਇੱਕ ਲੰਡਨ-ਅਧਾਰਤ ਵਪਾਰੀ ਨੂੰ ਧੋਖਾ ਦੇਣ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦੀ ਹੱਤਿਆ ਵਿੱਚ ਉਸ ਦੀ ਸ਼ਮੂਲੀਅਤ ਲਈ ਜੈਨ ਕਮਿਸ਼ਨ ਦੁਆਰਾ ਉਸ ਨੂੰ ਸਮਰਪਿਤ ਇੱਕ ਖੰਡ ਵੀ ਸੀ। ਚੰਦਰਾਸਵਾਮੀ ਚੋਟੀ ਦੇ ਸਿਆਸਤਦਾਨਾਂ ਨਾਲ ਆਪਣੇ ਕਥਿਤ ਸੰਬੰਧਾਂ ਲਈ ਮਸ਼ਹੂਰ ਸੀ। 23 ਮਈ ਨੂੰ ਉਸ ਦੀ ਮੌਤ ਹੋ ਗਈ।

ਰਾਧੇ ਮਾਂ - ਇੱਕ ਸ਼ਰਧਾਲੂ ਸੋਪ ਓਪੇਰਾ ਤੋਂ ਸਿੱਧੀ ਲਾਲ ਅਤੇ ਸੋਨੇ ਦੇ ਕੱਪੜੇ ਵਿੱਚ ਉੱਤਰੀ ਭਾਰਤੀ ਦੁਲਹਨ ਦੀ ਤਰ੍ਹਾਂ ਪਹਿਨਣ ਵਾਲੀ ਰਾਧੇ ਮਾਂ ਉਸ ਸਮੇਂ ਮੁਸੀਬਤ ਵਿੱਚ ਆ ਗਈ, ਜਦੋਂ ਮੁੰਬਈ ਦੀ ਇੱਕ ਔਰਤ ਨੇ ਉਸ ਦੇ ਪਤੀ ਦੇ ਪਰਵਾਰ 'ਤੇ ਮਾਨਸਿਕ ਤੌਰ 'ਤੇ ਤਸ਼ੱਦਦ ਕਰਨ ਲਈ ਉਕਸਾਉਣ ਦਾ ਦੋਸ਼ ਲਗਾਇਆ। ਰਾਧੇ ਮਾਂ 'ਤੇ ਵੀ ਅਸ਼ਲੀਲਤਾ ਅਤੇ ਧੋਖਾਧੜੀ ਦਾ ਮਾਮਲਾ ਦਰਜ ਕੀਤਾ ਗਿਆ ਸੀ, ਜਦੋਂ 2015 ਵਿੱਚ ਸਤਿਸੰਗਾਂ ਦੌਰਾਨ ਉਸ ਦੇ ਆਲੇ-ਦੁਆਲੇ ਘੁੰਮਣ ਦੀਆਂ ਵੀਡੀਓ ਸਾਹਮਣੇ ਆਈਆਂ ਸਨ।

ਇੱਛਾਧਾਰੀ ਸੰਤ ਸਵਾਮੀ ਭੀਮਾਨੰਦ -ਸਵਾਮੀ ਕਥਿਤ ਤੌਰ 'ਤੇ ਸੈਕਸ ਰੈਕੇਟ ਚਲਾਉਂਦਾ ਸੀ ਅਤੇ ਉਸ ਨੂੰ ਦੋ ਵਾਰ ਦਿੱਲੀ ਅਤੇ ਬਾਅਦ ਵਿੱਚ ਮੁੰਬਈ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। 46 ਸਾਲਾ ਇੱਛਾਧਾਰੀ ਸੰਤ ਸਵਾਮੀ ਭੀਮਾਨੰਦ ਮਹਾਰਾਜਾ ਚਿਤਰਕੂਟ ਵਾਲੇ ਜਾਂ ਸ਼ਿਵ ਮੂਰਤ ਦਿਵੇਦੀ ਨੂੰ ਲਗਭਗ 2,000 ਲੋਕਾਂ ਨੇ ਸਮਰਥਨ ਦਿੱਤਾ, ਜਦੋਂ ਜਾਂਚਕਰਤਾਵਾਂ ਨੇ 'ਚਿਤਰਕੂਟ' ਆਸ਼ਰਮ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ। ਉਸ ਨੂੰ 1997 ਵਿੱਚ ਸੈਕਸ ਰੈਕੇਟ ਚਲਾਉਣ ਅਤੇ 1998 ਵਿੱਚ ਚੋਰੀ ਦੀ ਜਾਇਦਾਦ ਪ੍ਰਾਪਤ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ।

ਅੱਜ ਵੀ ਬਹੁਤ ਸਾਰੇ ਰਾਜਨੀਤਕਾਂ ਨੇ ਅਜਿਹੇ ਅਧਿਆਤਮਕ ਗੁਰੂਆਂ ਨਾਲ ਸੰਬੰਧ ਰੱਖੇ ਹੋਏ ਹਨ ਅਤੇ ਚੋਣਾ ਦੌਰਾਨ ਉਨ੍ਹਾਂ ਦੀ ਵਰਤੋਂ ਕਰਦੇ ਹਨ। ਭਾਰਤ ਦੀ ਰਾਜਨੀਤੀ ਵਿੱਚ ਇਨ੍ਹਾਂ ਅਧਿਆਤਮਕ ਗੁਰੂਆਂ ਦੀ ਵਧੇਰੇ ਲੋੜ ਪੈਂਦੀ ਹੈ। ਅਜੋਕਾ ਸਮਾਜ ਪੂਰੀ ਤਰ੍ਹਾਂ ਮਜ਼ਦੂਰ ਜਮਾਤ ਦੀ ਵਿਸ਼ਾਲ ਗਿਣਤੀ ਉਪਰ ਸਰਮਾਏਦਾਰਾਂ ਅਤੇ ਜਗੀਰਦਾਰਾਂ ਦੀ ਇਕ ਛੋਟੀ ਜਿਹੀ ਘੱਟ ਗਿਣਤੀ, ਦੁਆਰਾ ਸ਼ੋਸ਼ਣ ਉੱਤੇ ਆਧਾਰਤ ਹੈ।

ਧਰਮ ਅਧਿਆਤਮਿਕ ਜ਼ੁਲਮ ਦਾ ਇੱਕ ਰੂਪ ਹੈ, ਜੋ ਹਰ ਜਗ੍ਹਾ ਜਨਤਾ ਉੱਤੇ ਬਹੁਤ ਜ਼ਿਆਦਾ ਭਾਰ ਪਾਉਂਦਾ ਹੈ, ਦੂਜਿਆਂ ਲਈ ਉਹਨਾਂ ਦੇ ਸਥਾਈ ਕੰਮ ਦੇ ਬੋਝ ਉੱਤੇ, ਲੋੜ ਅਤੇ ਅਲੱਗ-ਥਲੱਗਤਾ ਦੁਆਰਾ।

ਧਰਮ ਨੂੰ ਇੱਕ ਨਿੱਜੀ ਮਾਮਲਾ ਐਲਾਨਿਆ ਜਾਣਾ ਚਾਹੀਦਾ ਹੈ। ਇਹਨਾਂ ਸ਼ਬਦਾਂ ਵਿੱਚ ਸਮਾਜਵਾਦੀ ਆਮ ਤੌਰ 'ਤੇ ਧਰਮ ਪ੍ਰਤੀ ਆਪਣੇ ਰਵੱਈਏ ਦਾ ਪ੍ਰਗਟਾਵਾ ਕਰਦੇ ਹਨ, ਪਰ ਕਿਸੇ ਗਲਤਫਹਿਮੀ ਨੂੰ ਰੋਕਣ ਲਈ ਇਹਨਾਂ ਸ਼ਬਦਾਂ ਦੇ ਅਰਥਾਂ ਨੂੰ ਸਹੀ ਤਰ੍ਹਾਂ ਪਰਿਭਾਸ਼ਿਤ ਕਰਨਾ ਚਾਹੀਦਾ ਹੈ। ਜਿੱਥੋਂ ਤੱਕ ਰਾਜ ਦਾ ਸਬੰਧ ਹੈ, ਧਰਮ ਨੂੰ ਨਿੱਜੀ ਮਾਮਲਾ ਮੰਨਿਆ ਜਾਵੇ।

# ਸੰਪਰਕ : 98550-04500

# ਅਜ਼ਾਦੀ ਦੀ ਪਹਿਲੀ ਲੜਾਈ ਚਾਬੀਆਂ ਦਾ ਮੋਰਚਾ

ਧਰਮਿੰਦਰ ਸਿੰਘ (ਚੱਬਾ)



ਚਾਬੀਆਂ ਦਾ ਮੋਰਚਾ ਕੀ ਸੀ। ਇਹ ਮੋਰਚਾ ਲਾਉਣ ਦੀ ਲੋੜ ਕਿਉਂ ਪਈ। ਆਓ ਇਹ ਸਾਰਾ ਇਤਿਹਾਸ ਜਾਣਦੇ ਹਾਂ। ਗੱਲ ਇਸ ਤਰ੍ਹਾਂ ਹੈ ਕਿ ਭਾਵੇਂ 20 ਅਪ੍ਰੈਲ 1921 ਨੂੰ ਸਰਕਾਰ ਨੇ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਪ੍ਰਬੰਧ ਸਿੱਖਾਂ ਦੇ ਹਵਾਲੇ ਕਰ ਦਿੱਤਾ ਸੀ, ਪਰ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਤੋਸ਼ਾਖਾਨੇ ਦੀਆਂ ਚਾਬੀਆਂ ਉਸ ਸਮੇਂ ਦੇ ਡੀ.ਸੀ ਮਿਸਟਰ ਕਰੈਕ ਨੇ ਆਪਣੇ ਪਾਸ ਰੱਖ ਲਈਆਂ ਸਨ। 7 ਨਵੰਬਰ 1921 ਨੂੰ ਤਿੰਨ ਵਜੇ ਦੇ ਕਰੀਬ ਲਾਲਾ ਅਮਰਨਾਥ ਈ.ਏ.ਸੀ ਅਤੇ ਕੋਤਵਾਲ ਪੁਲਸ ਨੇ ਕਮੇਟੀ ਦੇ ਸਕੱਤਰ ਸਾਹਿਬ ਕੋਲੋਂ ਤੋਸ਼ਾਖਾਨੇ ਦੀਆਂ ਚਾਬੀਆਂ ਲੈ ਲਈਆਂ ਸਨ ਤੇ ਜਾਣ ਲੱਗੇ ਮੰਗਣ 'ਤੇ ਰਸੀਦ ਦੇ ਗਏ ਸਨ, ਜਿਸ ਵਿੱਚ ਲਿਖਿਆ ਸੀ ਕਿ "ਦੋ ਥੈਲੀਆਂ ਵਿੱਚ 53 ਚਾਬੀਆਂ ਵਸੂਲ ਪਾਈਆਂ।" ਉਹਨਾਂ ਨੇ ਇਹ ਚਾਬੀਆਂ ਅੰਮ੍ਰਿਤਸਰ ਦੇ ਡੀ.ਸੀ ਮਿਸਟਰ ਕਰੈਕ ਪਾਸ ਜਮ੍ਹਾਂ ਕਰਵਾ ਦਿੱਤੀਆਂ ਸਨ।

ਸੋਹਨ ਸਿੰਘ ਜੋਸ਼ ਲਿਖਦੇ ਹਨ ਕਿ 'ਡਿਪਟੀ ਕਮਿਸ਼ਨਰ ਦੀ ਇਹ ਮੂਰਖਤਾ ਗੁਰਦੁਆਰਿਆਂ ਦੀ ਅਜ਼ਾਦੀ ਦੀ ਤਹਿਰੀਕ ਲਈ ਬੜੀ ਕਾਰਗਰ ਤੇ ਲਾਭਦਾਇਕ ਸਾਬਿਤ ਹੋਈ। ਉਸ ਦੇ ਇਸ ਕਾਰੇ ਨੇ ਸਿੱਖਾਂ ਦੇ ਗੁੱਸੇ ਨੂੰ ਤਪਾ ਕੇ ਲਾਲ ਸੂਹਾ ਕਰ ਦਿੱਤਾ। ਉਹ ਪਹਿਲਾਂ ਹੀ ਸਮਝੀ ਬੈਠੇ ਸਨ ਕਿ ਗੌਰਮਿੰਟ ਸਿੱਧੇ ਹੱਥੀਂ ਗੁਰਦੁਆਰੇ ਪੰਥ ਦੇ ਹਵਾਲੇ ਨਹੀਂ ਕਰੇਗੀ। ਇਹ ਲੜ ਕੇ ਅਤੇ ਕੁਰਬਾਨੀਆਂ ਦੇ ਕੇ ਹੀ ਹਾਸਲ ਕੀਤੇ ਜਾਣਗੇ। ਇਸ ਦਾ ਸਬੂਤ ਖੁਦ ਡੀ.ਸੀ ਨੇ ਦਰਬਾਰ ਸਾਹਿਬ ਦੀਆਂ ਚਾਬੀਆਂ ਖੋਹ ਕੇ ਮੁਹੱਈਆ ਕਰ ਦਿੱਤਾ ਸੀ।' ਉਸ ਸਮੇਂ ਹੋਂਦ ਵਿੱਚ ਆਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 29 ਅਕਤੂਬਰ 1921 ਨੂੰ ਇੱਕ ਮਤਾ ਪਾਸ ਕਰਕੇ ਤੋਸ਼ਾਖਾਨੇ ਦੀਆਂ ਚਾਬੀਆਂ ਦੀ ਸਰਕਾਰ ਤੋਂ ਮੰਗ ਕੀਤੀ, ਪਰ ਸਰਕਾਰ ਨੇ ਇਹ ਚਾਬੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍. ਖੜਕ ਸਿੰਘ ਦੇ ਹਵਾਲੇ ਕਰਨ ਤੋਂ ਕੋਰੀ ਨਾਂਹ ਕਰ ਦਿੱਤੀ।

ਸੋਹਨ ਸਿੰਘ ਜੋਸ਼ ਅਕਾਲੀ ਮੋਰਚਿਆਂ ਦਾ ਇਤਿਹਾਸ ਵਿੱਚ ਲਿਖਦੇ ਹਨ ਕਿ 'ਸਰਕਾਰ ਨਹੀਂ ਚਾਹੁੰਦੀ ਸੀ ਕਿ ਦਰਬਾਰ ਸਾਹਿਬ ਦਾ ਪ੍ਰਬੰਧ ਕਿਸੇ ਦੂਜੇ ਕੋਲ ਚਲਾ ਜਾਵੇ।' 26 ਨਵੰਬਰ 1921 ਨੂੰ ਡੀ.ਸੀ ਨੇ ਅਜਨਾਲੇ ਵਿੱਚ ਇੱਕ ਇਕੱਠ ਕਰਨ ਦਾ ਫੁਰਮਾਨ ਜਾਰੀ ਕੀਤਾ, ਜਿਸ ਦੇ ਟਾਕਰੇ 'ਤੇ ਅਜਨਾਲੇ ਵਿੱਚ 26 ਨਵੰਬਰ ਨੂੰ ਹੀ ਸ਼੍ਰੋਮਣੀ ਕਮੇਟੀ ਨੇ ਵੀ ਜਲਸਾ ਕਰਨ ਦਾ ਐਲਾਨ ਕਰ ਦਿੱਤਾ, ਪਰ ਸਰਕਾਰ ਨੇ ਇਹ ਜਲਸਾ ਕਰਨ ਤੋਂ ਪਹਿਲਾਂ ਹੀ 24 ਨਵੰਬਰ ਨੂੰ ਲਾਹੌਰ, ਅੰਮ੍ਰਿਤਸਰ ਤੇ ਸ਼ੇਖੂਪੁਰੇ ਵਿੱਚ 'ਸੈਡੀਸ਼ਨ ਮੀਟਿੰਗ ਐਕਟ' ਲਾਗੂ ਕਰਨ ਦਾ ਐਲਾਨ ਕਰ ਦਿੱਤਾ। ਕੁੱਝ ਮੁਖੀ ਸਿੱਖਾਂ ਨੇ ਡੀ.ਸੀ ਨਾਲੋਂ ਹਟਵਾ ਗਾਲਿਆਂ ਦੇ ਖੂਹ ਕੋਲ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰ ਕੇ ਦੀਵਾਨ ਆਰੰਭ ਕਰ ਦਿੱਤਾ। ਉੱਥੇ ਜਲਸਾ ਕਰਨ ਦੇ ਆਰੋਪ ਵਿੱਚ ਕਈ ਸਿੱਖਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇਸ ਗ੍ਰਿਫਤਾਰੀ ਦੀ ਖਬਰ ਤੁਰੰਤ ਸ਼੍ਰੋਮਣੀ ਕਮੇਟੀ ਨੂੰ ਭੇਜੀ ਗਈ ਤਾਂ ਉਸੇ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸ੍. ਖੜਕ ਸਿੰਘ, ਸਕੱਤਰ ਸ੍. ਮਹਿਤਾਬ ਸਿੰਘ ਤੇ ਕੁੱਝ ਹੋਰ ਮੁਖੀ ਸਿੱਖ ਤੁਰੰਤ ਅਜਨਾਲੇ ਜਲਸੇ ਵਾਲੀ ਜਗ੍ਹਾ 'ਤੇ ਪਹੁੰਚੇ। ਉੱਥੇ ਪਹੁੰਚ ਕੇ ਉਹਨਾਂ ਨੇ ਵੀ ਭਾਸ਼ਨ ਦਿੱਤੇ। ਸਰਕਾਰ ਨੇ ਜਲਸੇ ਰੋਕੂ ਕਾਨੂੰਨ ਅਧੀਨ ਪ੍ਰਧਾਨ ਸਮੇਤ ਕਈ ਸਿੱਖਾਂ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਭੇਜ ਦਿੱਤਾ। ਬਾਅਦ ਵਿੱਚ ਵੀ ਕਈ ਸਿੱਖਾਂ ਨੂੰ ਜੇਲ੍ਹ ਭੇਜ ਕੇ 6-6 ਮਹੀਨੇ ਦੀ ਕੈਦ ਕਰ ਦਿੱਤੀ ਜਾਂਦੀ ਸੀ।

6 ਦਸੰਬਰ ਨੂੰ ਇਸੇ ਵਿਰੋਧ ਵਿੱਚ ਇੱਕ ਮਤਾ ਪਾਸ ਕੀਤਾ ਗਿਆ ਕਿ ਚਾਬੀਆਂ ਵਾਪਸ ਲੈਣ ਲਈ ਉਸ ਵੇਲੇ ਤੱਕ ਕੋਈ ਵੀ ਪ੍ਰਬੰਧ ਨਾ ਮੰਨਿਆ ਜਾਏ, ਜਦੋਂ ਤੱਕ ਚਾਬੀਆਂ ਦੇ ਸੰਬੰਧ ਵਿੱਚ ਗ੍ਰਿਫਤਾਰ ਕੀਤੇ ਸਾਰੇ ਸਿੱਖ ਰਿਹਾਅ ਨਹੀਂ ਕੀਤੇ ਜਾਂਦੇ। ਉਸ ਵਕਤ ਚਾਬੀਆਂ ਦੇ ਮੋਰਚੇ ਵਿੱਚ ਕਾਫੀ ਤੇਜ਼ੀ ਆ ਗਈ ਸੀ। ਇਸ ਕੰਮ ਲਈ ਹਰ ਥਾਂ ਅੰਦੋਲਨ ਹੋਣੇ ਸ਼ੁਰੂ ਹੋ ਗਏ ਸਨ। ਸਰਕਾਰ ਬੜੀ ਕੁੜਿੱਕੀ ਵਿੱਚ ਫਸੀ ਮਹਿਸੂਸ ਕਰ ਰਹੀ ਸੀ। ਸਰਕਾਰ ਨੇ ਦਰਬਾਰ ਸਾਹਿਬ ਦੇ ਤੋਸ਼ਾਖਾਨੇ ਦੀਆਂ ਚਾਬੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਵਾਲੇ ਕਰਨ ਦੀ ਸੋਚੀ। ਸ਼੍ਰੋਮਣੀ ਕਮੇਟੀ ਨੇ ਇਹ ਚਾਬੀਆਂ ਲੈਣ ਤੋਂ ਪਹਿਲਾਂ ਸਰਕਾਰ ਅੱਗੇ ਇੱਕ ਸ਼ਰਤ ਰੱਖੀ ਕਿ ਪਹਿਲਾਂ ਸਾਰੇ ਕੈਦੀ ਰਿਹਾਅ ਕੀਤੇ ਜਾਣ। 5 ਜਨਵਰੀ 1921 ਨੂੰ ਸ਼੍ਰੋਮਣੀ ਕਮੇਟੀ ਨੂੰ ਚਾਬੀਆਂ ਸਰਕਾਰ ਨੇ ਕਮੇਟੀ ਦੇ ਹਵਾਲੇ ਕਰਨੀਆਂ ਚਾਹੀਆਂ, ਪਰ ਕਮੇਟੀ ਨੇ ਦਸ਼ਮੇਸ਼ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਕਰਕੇ ਚਾਬੀਆਂ ਲੈਣ ਤੋਂ ਇਨਕਾਰ ਕਰ ਦਿੱਤਾ।

ਅੰਤ ਸ਼੍ਰੋਮਣੀ ਕਮੇਟੀ ਤੇ ਸਿੱਖਾਂ ਅੱਗੇ ਸਰਕਾਰ ਨੂੰ ਝੁਕਣਾ ਪਿਆ। ਜਨਵਰੀ 11, 1922 ਨੂੰ ਸਰ ਜਾਨ ਐਨਾਰਡ ਨੇ ਪੰਜਾਬ ਲੈਜਿਸਲੇਟਿਵ ਕੌਂਸਲ ਵਿੱਚ ਐਲਾਨ ਕਰ ਦਿੱਤਾ ਕਿ 'ਸਰਕਾਰ ਨੇ ਦਰਬਾਰ ਸਾਹਿਬ ਨਾਲੋਂ ਆਪਣਾ ਸੰਬੰਧ ਵਾਪਸ ਲੈਣ ਦਾ ਫੈਸਲਾ ਕਰ ਲਿਆ ਹੈ ਅਤੇ ਉਹ ਗੁਰਦੁਆਰੇ ਦਾ ਪ੍ਰਬੰਧ ਗੁਰਦੁਆਰਾ ਸ਼੍ਰੋਮਣੀ ਕਮੇਟੀ ਦੇ ਹੱਥਾਂ ਵਿੱਚ ਦੇ ਰਹੀ ਹੈ। ਜਨਵਰੀ 16, 1922 ਨੂੰ ਇਸ ਸੰਬੰਧੀ ਕਾਨੂੰਨੀ ਕਦਮ ਚੁੱਕੇ ਜਾਣਗੇ ਤੇ ਕੈਦੀ ਛੱਡਣ ਦਾ ਆਦੇਸ਼ ਵੀ ਦੇ ਦਿੱਤਾ'। ਲੱਗਭੱਗ ਕੋਈ 193 ਸਿੱਖ ਗ੍ਰਿਫਤਾਰ ਕੀਤੇ ਜਾ ਚੁੱਕੇ ਸਨ, ਜਿਨ੍ਹਾਂ ਵਿੱਚੋਂ 150 ਦੇ ਕਰੀਬ ਸਿੱਖ ਰਿਹਾਅ ਕਰ ਦਿੱਤੇ ਗਏ।

ਅੰਤ 19 ਜਨਵਰੀ 1922 ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਹਮਣੇ ਇੱਕ ਭਾਰੀ ਇਕੱਠ ਕੀਤਾ ਗਿਆ। ਸਰਕਾਰ ਤਰਫੋਂ ਡਿਸਟ੍ਰਿਕਟ ਜੱਜ ਨੇ ਚਾਬੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍. ਖੜਕ ਸਿੰਘ ਦੇ ਹਵਾਲੇ ਕੀਤੀਆਂ। ਸ੍. ਖੜਕ ਸਿੰਘ ਨੇ ਸੰਗਤ ਤੋਂ ਇਜਾਜ਼ਤ ਲੈ ਕੇ ਸਰਕਾਰ ਪਾਸੋਂ ਚਾਬੀਆਂ ਲੈ ਲਈਆਂ। ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰਿਆਂ ਨਾਲ ਸਾਰਾ ਅਕਾਸ਼ ਗੂੰਜ ਉੱਠਿਆ। ਚਾਰੇ ਪਾਸਿਉਂ ਇਸ ਜਿੱਤ ਲਈ ਸਿੱਖਾਂ ਨੂੰ ਵਧਾਈਆਂ ਮਿਲਣ ਲੱਗੀਆਂ। ਗੰਡਾ ਸਿੰਘ ਲਿੱਖਦੇ ਹਨ ਕਿ ਮਹਾਤਮਾ ਗਾਂਧੀ ਨੇ ਵੀ ਸ੍. ਖੜਕ ਸਿੰਘ ਨੂੰ ਵਧਾਈ ਦਾ ਤਾਰ ਭੇਜਿਆ। ਜਿਸ ਵਿੱਚ ਲਿਖਿਆ ਸੀ ਕਿ ' ਹਿੰਦੋਸਤਾਨ ਦੀ ਅਜ਼ਾਦੀ ਲਈ ਪਹਿਲੀ ਲੜਾਈ ਜਿੱਤ ਲਈ ਗਈ। ਵਧਾਈਆਂ ਹੋਣ।' ਇਸ ਤਰ੍ਹਾਂ ਭਾਰੀ ਜਦੋ-ਜਹਿਦ ਕਰਕੇ ਸਰਕਾਰ ਪਾਸੋਂ ਦਰਬਾਰ ਸਾਹਿਬ ਦੇ ਤੋਸ਼ਾਖਾਨੇ ਦੀਆਂ ਚਾਬੀਆਂ ਲੈ ਕੇ ਸਿੱਖਾਂ ਨੇ ਅਜ਼ਾਦੀ ਦੀ ਪਹਿਲੀ ਲੜਾਈ ਜਿੱਤੀ ਸੀ।

email:dharmindersinghchab-
ba@gmail.com

# ਕਬੱਡੀ ਮੇਲਿਆਂ ਦਾ ਸ਼ਿੰਗਾਰ ਸੀ ਦੇਵੀ ਦਿਆਲ

ਸਰਵਣ ਸਿੰਘ (ਪ੍ਰਿੰਸੀਪਲ)



ਬੜਾ ਅਫਸੋਸ ਹੈ ਦੇਵੀ ਦਿਆਲ ਵੀ ਸਰਵਣ ਸਿੰਘ ਰਮੀਦੀ ਦੇ ਰਾਹ ਤੁਰ ਗਿਆ। ਦੋਵੇਂ ਕਬੱਡੀ ਦੇ ਧਨੰਤਰ ਖਿਡਾਰੀ ਤੇ ਕਬੱਡੀ ਦੇ ਮੁੱਢਲੇ ਕੋਚ ਸਨ। ਕਬੱਡੀ ਮੇਲਿਆਂ ਵਿਚ ਦੇਵੀ ਦਿਆਲ ਦੀ ਝੰਡੀ ਹੁੰਦੀ ਸੀ। ਉਹ ਵੀਹ ਸਾਲ ਤੇਜ਼-ਤਰਾਰ ਕਬੱਡੀ ਖੇਡਿਆ। 1967 ਵਿਚ ਮੈਂ ਉਸ ਨੂੰ ਪਹਿਲੀ ਵਾਰ ਸਮਰਾਲੇ ਕਾਲਜ ਦੇ ਖੇਡ ਮੈਦਾਨ ਵਿਚ ਵੇਖਿਆ ਸੀ। ਉਥੇ ਅਸੀਂ ਢੁੱਡੀਕੇ ਕਾਲਜ ਦੀ ਟੀਮ ਲੈ ਕੇ ਗਏ ਸਾਂ। ਉਦੋਂ ਉਹ ਬੀ. ਏ. ਦਾ ਵਿਦਿਆਰਥੀ ਸੀ। ਸੂਰਜ ਦੀ ਲਿਸ਼ਕੋਰ ਵਿਚ ਉਹਦਾ ਭਖਿਆ ਹੋਇਆ ਗੋਰਾ ਰੰਗ ਲਾਟ ਵਾਂਗ ਜਗ ਰਿਹਾ ਸੀ। ਉਹ ਏਨਾ ਫੁਰਤੀਲਾ ਤੇ ਤਕੜਾ ਨਿਕਲਿਆ ਕਿ ਉਸ ਨੇ ਸਾਡੇ ਜਾਫੀਆਂ ਨੂੰ ਅਸਲੋਂ ਰੋਲ ਦਿੱਤਾ। ਉਹਦੇ ਸਡੌਲ ਸਰੀਰ ਵਰਗਾ ਜੁੱਸਾ ਸ਼ਾਇਦ ਹੀ ਕਿਸੇ ਹੋਰ ਕਬੱਡੀ ਖਿਡਾਰੀ ਦਾ ਹੋਵੇ। ਪੌਣੇ ਛੇ ਫੁੱਟ ਕੱਦ, ਪੰਜਾਸੀ ਕਿੱਲੋ ਵਜ਼ਨ ਤੇ ਗੋਲ ਗੁੰਦਵੇਂ ਪੱਠਿਆਂ ਵਾਲਾ ਗੋਰਾ ਨਿਛੋਹ ਬਦਨ। ਪੱਟਾਂ ਦੀਆਂ ਘੁੱਗੀਆਂ ਤੇ ਡੌਲਿਆਂ ਦੀਆਂ ਮੱਛਲੀਆਂ ਰਾਹ ਜਾਂਦਿਆਂ ਤੋਂ ਸਿਫਤਾਂ ਕਰਾਉਂਦੀਆਂ। ਉਹ ਤੇਜ਼ੀ ਨਾਲ ਕਬੱਡੀ ਪਾਉਂਦਾ, ਜਿਵੇਂ ਸੌ ਮੀਟਰ ਦੀ ਦੌੜ ਲਾ ਰਿਹਾ ਹੋਵੇ। ਜਾਫੀਆਂ ਕੋਲ ਜਾ ਕੇ ਇਕ-ਦੋ ਨਿੱਕੀਆਂ ਨਿੱਕੀਆਂ ਚੁੰਗੀਆਂ ਭਰਦਾ ਤੇ ਬਿਜਲੀ ਦੇ ਕਰੰਟ ਵਾਂਗ ਜਾਫੀ ਨੂੰ ਛੋਹ ਕੇ ਪੰਦਰਾਂ ਸਕਿੰਟਾਂ 'ਚ ਈ ਆਪਣੇ ਪਾੜੇ ਪਰਤ ਆਉਂਦਾ। ਦੇਵੀ ਦਿਆਲ ਨੂੰ ਰੋਕਣਾ ਰਾਕਟ ਨੂੰ ਹੱਥ ਪਾਉਣਾ ਸੀ।

ਦੇਵੀ ਦਿਆਲ ਦਾ ਜਨਮ 2 ਦਸੰਬਰ 1947 ਨੂੰ ਪਿੰਡ ਕੁੱਬਾ ਤਹਿਸੀਲ ਸਮਰਾਲਾ ਵਿਚ ਹੋਇਆ ਸੀ। ਉਹ ਅੱਠਵੀਂ ਤੱਕ ਆਪਣੇ ਪਿੰਡ ਪੜ੍ਹਿਆ ਤੇ ਦਸਵੀਂ ਖਾਲਸਾ ਸਕੂਲ ਘੁਲਾਲ ਤੋਂ ਕੀਤੀ। ਕਬੱਡੀ ਦੇ ਖਿਡਾਰੀ ਆਮ ਕਰ ਕੇ ਦਸ-ਬਾਰਾਂ ਜਮਾਤਾਂ ਪੜ੍ਹਦੇ ਹਨ, ਪਰ ਦੇਵੀ ਦਿਆਲ ਨੇ ਐੱਮ.ਏ. ਪਾਸ ਕੀਤੀ। ਮਾਲਵਾ ਕਾਲਜ ਸਮਰਾਲਾ ਪਿੱਛੋਂ ਉਹ ਸਰਕਾਰੀ ਕਾਲਜ ਲੁਧਿਆਣਾ ਤੇ ਡੀ.ਏ.ਵੀ. ਕਾਲਜ ਜਲੰਧਰ 'ਚ ਪੜ੍ਹਿਆ, ਜਿੱਥੇ ਕਬੱਡੀ ਦੀਆਂ ਟਰਾਫੀਆਂ ਜਿਤਾਉਂਦਾ ਰਿਹਾ। ਉਹਦੇ ਨਾਂਅ ਦੀ ਏਨੀ ਦਹਿਸ਼ਤ ਸੀ ਕਿ ਮੈਚ ਤੋਂ ਪਹਿਲਾਂ ਹੀ ਵਿਰੋਧੀ ਖਿਡਾਰੀ ਦਿਲ ਛੱਡ ਜਾਂਦੇ।

ਉਹਦੀ ਗੁੱਡੀ ਕਿਲ੍ਹਾ ਰਾਇਪੁਰ ਦੀਆਂ ਖੇਡਾਂ ਵਿਚ ਚੜ੍ਹੀ ਸੀ। ਐਟਮ ਬੰਬ ਕਹਾਉਂਦਾ ਤੋਖੀ ਉਦੋਂ ਢਲ ਰਿਹਾ ਸੀ, ਪਰ ਦੇਵੀ ਚੜ੍ਹ ਰਿਹਾ ਸੀ। 1973 ਵਿਚ ਇੰਗਲੈਂਡ ਦੀ ਟੀਮ ਪੰਜਾਬ ਵਿਚ ਕਬੱਡੀ ਮੈਚ ਖੇਡਣ ਆਈ ਤਾਂ ਪਹਿਲਾ ਟੈਸਟ ਮੈਚ ਵਾਰ ਹੀਰੋਜ਼ ਸਟੇਡੀਅਮ ਸੰਗਰੂਰ ਵਿਚ ਖੇਡਿਆ ਗਿਆ। ਕਬੱਡੀ ਉਦੋਂ ਸਾਹ ਨਾਲ ਪਾਈ ਜਾਂਦੀ ਸੀ। ਦੇਵੀ ਨੇ ਪਹਿਲੀ ਕਬੱਡੀ ਪਾਈ ਤਾਂ ਇੰਗਲੈਂਡ ਦੇ ਜਾਫੀ ਹਿੰਮਤ ਸੋਹੀ ਨੇ ਉਸ ਦੇ ਵੱਟ ਕੇ ਧੌਲ ਮਾਰੀ, ਜੋ ਉਹਦੀ ਪੁੜਪੁੜੀ ਵਿਚ ਵੱਜੀ। ਉਹ ਘੁਮੇਟਣੀ ਖਾ ਕੇ ਡਿੱਗ ਪਿਆ ਤੇ ਮੈਚ ਖੇਡਣ ਦੇ ਕਾਬਲ ਨਾ ਰਿਹਾ। ਇੰਗਲੈਂਡ ਦੀ ਟੀਮ 62-60 ਅੰਕਾਂ ਨਾਲ ਮੈਚ ਜਿੱਤੀ। ਜੇਕਰ ਉਹ ਖੇਡਣੋਂ ਆਰੀ ਨਾ ਹੁੰਦਾ ਤਾਂ ਨਤੀਜਾ ਹੋਰ ਹੀ ਹੁੰਦਾ।

ਫਿਰ ਉਹ ਪੰਜਾਬ ਦੀ ਟੀਮ ਨਾਲ ਇੰਗਲੈਂਡ ਕਬੱਡੀ ਖੇਡਣ ਗਿਆ। ਮਾਰਚ ਪਾਸਟ ਵੇਲੇ ਖਿਡਾਰੀਆਂ ਦੇ ਪੱਗਾਂ ਬੱਧੀਆਂ ਸਨ। ਦੇਵੀ ਦਿਆਲ ਵੀ ਗੁਲਾਬੀ ਪੱਗ ਬੰਨ੍ਹ ਕੇ ਢੁੱਕਾ। ਦਰਸ਼ਕ ਵਾਰ-ਵਾਰ ਪੁੱਛਦੇ, "ਇਹਨਾਂ 'ਚ ਦੇਵੀ ਦਿਆਲ ਕਿਹੜਾ ਹੋਇਆ ਬਈ? ਪੱਗ ਨਾਲ ਉਹ ਦੇਵੀ ਨੂੰ ਦੇਵੀ ਦਿਆਲ ਨਹੀਂ ਸਨ ਸਮਝ ਰਹੇ। ਉਹ ਵਾਰ-ਵਾਰ ਆਖਦੇ, "ਇਹ ਤਾਂ ਨਕਲੀ ਦੇਵੀ ਦਿਆਲ ਆ। ਸਾਨੂੰ ਅਸਲੀ ਦੇਵੀ ਦਿਆਲ ਦਿਖਾਓ!"

ਆਖਰ ਦੇਵੀ ਦਿਆਲ ਨੇ ਪੱਗ ਉਤਾਰੀ ਤੇ ਅਸਲੀ ਨਕਲੀ ਦਾ ਭੁਲੇਖਾ ਦੂਰ ਕੀਤਾ। ਉਨ੍ਹਾਂ ਦਿਨਾਂ 'ਚ ਉਹ ਢੁੱਡੀਕੇ ਦੇ ਖੇਡ ਮੇਲੇ ਵਿਚ ਕਬੱਡੀ ਖੇਡਣ ਆਇਆ ਤਾਂ ਮੈਨੂੰ ਇੰਗਲੈਂਡ ਦੀਆਂ ਗੱਲਾਂ ਦੱਸਣ ਲੱਗ ਪਿਆ। ਆਖਣ ਲੱਗਾ, "ਪ੍ਰੋਫੈਸਰ ਸਾਹਿਬ, ਏਥੇ ਤਾਂ ਸੁੱਕੇ ਹੱਡ ਰਗੜਾਈ ਦੇ ਆ। ਕਬੱਡੀ ਖੇਡਣ ਦੀ ਲੱਜਤ ਤਾਂ ਇੰਗਲੈਂਡ ਵਿਚ ਆਉਂਦੀ ਆ। ਉੱਥੋਂ ਮੈਨੂੰ ਪੰਜ ਹਜਾਰ ਪੌਂਡ ਮਿਲੇ। ਉੱਥੇ ਤਾਂ ਕਿਸੇ ਕਬੱਡੀ ਖਿਡਾਰੀ ਦਾ ਵਿਆਹ-ਮੰਗਣਾ ਵੀ ਹੋਵੇ ਤਾਂ ਹਜ਼ਾਰ-ਹਜ਼ਾਰ ਪੌਂਡ ਸ਼ਗਨਾਂ ਦੇ ਈ ਹੋ ਜਾਂਦੇ ਆ। ਮੈਂ ਤਾਂ ਖੈਰ ਵਿਆਹਿਆ ਹੋਇਆ ਸੀ। ਇੰਗਲੈਂਡ 'ਚ ਮੈਨੂੰ ਕਈ ਮਾਪਿਆਂ ਨੇ ਕਿਹਾ, "ਕਬੱਡੀ ਦੇ ਚੰਗੇ ਖਿਡਾਰੀਆਂ ਦੀ ਦੱਸ ਪਾ, ਅਸੀਂ ਧੀਆਂ ਵਿਆਹੁਣ ਨੂੰ ਤਿਆਰ ਆਂ!"

1970 ਵਿਚ ਉਹ ਪੰਜਾਬ ਪੰਚਾਇਤੀ ਰਾਜ ਖੇਡ ਪ੍ਰੀਸ਼ਦ ਦਾ ਕਬੱਡੀ ਕੋਚ ਬਣ ਗਿਆ ਸੀ। 2005 ਵਿਚ ਜ਼ਿਲ੍ਹਾ ਖੇਡ ਅਫਸਰ ਦੀ ਪਦਵੀ ਤੋਂ ਰਿਟਾਇਰ ਹੋਇਆ। 1974 ਵਿਚ ਪੰਜਾਬ ਦੀ ਜਿਹੜੀ ਟੀਮ ਵਲਾਇਤ ਕਬੱਡੀ ਖੇਡਣ ਗਈ, ਉਹਦਾ ਉਹ ਮੀਤ ਕਪਤਾਨ ਸੀ। ਇੰਗਲੈਂਡ ਜਿਸ ਨੂੰ ਬੀਅਰ ਸ਼ਰਾਬ ਦਾ ਘਰ ਕਿਹਾ ਜਾਂਦਾ ਹੈ ਉਥੇ ਵੀ ਦੇਵੀ ਦਿਆਲ ਬੀਅਰ ਸ਼ਰਾਬ ਪੀਣੋਂ ਬਚਿਆ ਰਿਹਾ ਸੀ। ਮੈਂ ਉਸ ਦੇ ਸੋਹਣੇ ਪਾਲੇ ਹੋਏ ਜੁੱਸੇ ਦਾ ਰਾਜ ਜਾਣਨ ਲਈ ਉਸ ਦੀ ਖਾਧ ਖੁਰਾਕ ਪੁੱਛੀ ਤਾਂ ਉਹਨੇ ਦੱਸਿਆ ਸੀ ਕਿ ਉਹ ਦੁੱਧ ਅਤੇ ਫਲਾਂ ਦਾ ਜੂਸ ਪੀਂਦਾ ਹੈ। ਆਂਡੇ ਤੇ ਮੀਟ ਖਾ ਲੈਂਦਾ ਹੈ। ਮੁੱਠੀ ਭਰ ਬਦਾਮ ਵੀ ਚੱਬਦਾ ਹੈ। ਮੈਂ ਆਖਿਆ, "ਬਦਾਮ ਤਾਂ ਬਹੁਤ ਮਹਿੰਗੇ ਹੁੰਦੇ ਹਨ।" ਉਸ ਦਾ ਜਵਾਬ ਸੀ, "ਸ਼ਰਾਬ ਨਾਲੋਂ ਤਾਂ ਫੇਰ ਵੀ ਸਸਤੇ ਪੈਂਦੇ ਹਨ।"

ਜਦੋਂ ਉਹ ਰਿਟਾਇਰ ਹੋ ਕੇ ਕੁੱਬੇ ਦੇ ਵਰਿਆਮ ਸਟੇਡੀਅਮ ਵਿਚ ਕਬੱਡੀ ਅਕੈਡਮੀ ਚਲਾਉਣ ਲੱਗਾ ਤਾਂ ਉਸ ਨਾਲ ਡਾਢਾ ਮਾੜਾ ਭਾਣਾ ਵਰਤ ਗਿਆ। ਹੋਣੀ ਨੇ ਉਹਦਾ ਇਕੋ-ਇਕ ਜੁਆਨ ਪੁੱਤਰ ਟੋਨੀ ਅਲੰਕਾਰ ਉਹਤੋਂ ਖੋਹ ਲਿਆ। ਟੋਨੀ ਉੱਭਰਦਾ ਕੌਡਿਆਲ ਸੀ, ਜਿਸ ਤੋਂ ਬੜੀਆਂ ਆਸਾਂ ਸਨ, ਪਰ ਕੈਂਸਰ ਦੀ ਚੰਦਰੀ ਬਿਮਾਰੀ ਉਸ ਨੂੰ ਲੈ ਬੈਠੀ। ਉਸ ਦੀ ਯਾਦ ਵਿਚ ਦੇਵੀ ਦਿਆਲ ਟੋਨੀ ਅਲੰਕਾਰ ਕਬੱਡੀ ਅਕੈਡਮੀ ਚਲਾ ਰਿਹਾ ਸੀ ਕਿ ਹੁਣ ਆਪ ਵੀ ਚਲਾਣਾ ਕਰ ਗਿਆ। ਪ੍ਰਮਾਤਮਾ ਉਹਦੀ ਆਤਮਾ ਨੂੰ ਸ਼ਾਂਤੀ ਦੇਵੇ ਅਤੇ ਪਰਵਾਰ ਦੇ ਜੀਆਂ ਤੇ ਦੋਸਤਾਂ-ਮਿੱਤਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

20-JAN-PAGE-5.qxd 1/19/2024 9:11 PM Page 1



# ਸੈਂਕੜੇ ਕਿਸਾਨਾਂ ਨੇ ਵਿਧਾਇਕ ਦੀ ਰਿਹਾਇਸ਼ ਅੱਗੇ ਪੁਲਸ ਸਿਆਸੀ ਗੁੰਡਾ ਗੱਠਜੋੜ ਦਾ ਫ਼ੂਕਿਆ ਪੁਤਲਾ

## ਡੀ ਐੱਸ ਪੀ ਦਫ਼ਤਰ ਅੱਗੇ ਲੱਗਿਆ ਪੱਕਾ ਮੋਰਚਾ ਜਿੱਤ ਤੱਕ ਰਹੇਗਾ ਜਾਰੀ : ਗੁਰਦੀਪ ਰਾਮਪੁਰਾ



**ਬੁਢਲਾਡਾ (ਅਸ਼ੋਕ ਲਾਕੜਾ)**

ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਅਗਵਾਈ ਹੇਠ ਬੁਢਲਾਡਾ ਦੇ ਡੀ ਐੱਸ ਪੀ ਦਫਤਰ ਅੱਗੇ ਚੱਲ ਰਹੇ ਪੱਕੇ ਮੋਰਚੇ ਦੇ ਚੌਦਵੇਂ ਦਿਨ ਸੈਂਕੜੇ ਕਿਸਾਨਾਂ ਤੇ ਬੀਬੀਆਂ ਨੇ ਆਮ ਆਦਮੀ ਪਾਰਟੀ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦੀ ਰਿਹਾਇਸ਼ ਤੱਕ ਰੋਹ ਭਰਪੂਰ ਮੁਜ਼ਾਹਰਾ ਕੀਤਾ ਤੇ ਪੁਲਸ ਸਿਆਸੀ ਗੁੰਡਾ ਗੱਠਜੋੜ ਦਾ ਪੁਤਲਾ ਫ਼ੂਕਿਆ।

ਕਿਸਾਨਾਂ ਦੇ ਮਾਰਚ ਦੀ ਅਗਵਾਈ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਦੀ ਸੂਬਾ ਲੀਡਰਸ਼ਿਪ ਤੇ ਸਹਿਯੋਗੀ ਜਥੇਬੰਦੀਆਂ ਦੇ ਆਗੂਆਂ ਨੇ ਕੀਤੀ।ਕਿਸਾਨ ਬੀਬੀਆਂ ਜਥੇਬੰਦੀ ਦੇ ਝੰਡੇ ਹੱਥਾਂ ਵਿੱਚ ਫੜ ਕੇ ਨਾਹਰੇ ਮਾਰਦੀਆਂ ਮਾਰਚ ਵਿੱਚ ਸ਼ਾਮਲ ਹੋਈਆਂ।

ਇਸ ਮੌਕੇ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਕੁੱਲਰੀਆਂ ਦੇ ਕਿਸਾਨਾਂ ਨੂੰ ਜ਼ਮੀਨ ਦੇ ਮਾਲਕੀ ਹੱਕ ਦਿਵਾਉਣ ਤੇ ਕਿਸਾਨਾਂ 'ਤੇ ਜਾਨਲੇਵਾ ਹਮਲੇ ਕਰਨ ਵਾਲੇ ਦੋਸ਼ੀਆਂ ਖਿਲਾਫ ਕਾਨੂੰਨੀ ਕਾਰਵਾਈ ਕਰਵਾਉਣ ਲਈ ਛੇ ਜਨਵਰੀ ਤੋਂ ਪੱਕਾ ਮੋਰਚਾ ਜਾਰੀ ਹੈ।ਸੂਬੇ ਦੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਦਾ ਕਹਿਣਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬੇਸ਼ਰਮੀ ਤੇ ਧੱਕੇਸ਼ਾਹੀ ਵਿੱਚ ਪਿਛਲੀਆਂ ਸਰਕਾਰਾਂ ਨੂੰ ਵੀ ਮਾਤ ਕਰ ਦਿੱਤਾ ਹੈ। ਦੱਸਣਯੋਗ ਹੈ ਕਿ ਐੱਸ ਐੱਸ ਪੀ ਮਾਨਸਾ ਨੇ 19 ਦਸੰਬਰ ਤੋਂ ਪਹਿਲਾਂ ਪਹਿਲਾਂ ਕਿਸਾਨਾਂ 'ਤੇ ਜਾਨਲੇਵਾ ਹਮਲਾ ਕਰਨ ਵਾਲੇ ਦੋਸ਼ੀਆਂ ਖਿਲਾਫ ਕਾਨੂੰਨੀ ਕਾਰਵਾਈ ਕਰਨ ਦਾ ਵਾਅਦਾ ਕੀਤਾ ਸੀ, ਪਰ ਲੱਗਭੱਗ ਇੱਕ ਮਹੀਨਾ ਹੋਰ ਬੀਤ ਜਾਣ 'ਤੇ ਵੀ ਕੋਈ ਕਾਰਵਾਈ ਨਹੀਂ ਕੀਤੀ ਗਈ।ਇਸ ਮੌਕੇ ਸਹਿਯੋਗੀ ਜਥੇਬੰਦੀਆਂ ਭਾਕਿਯੂ (ਏਕਤਾ) ਉਗਰਾਹਾਂ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ ਦਿਆਲਪੁਰਾ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਮਲਕੀਤ ਸਿੰਘ ਮੰਦਰਾਂ ਨੇ ਬੋਲਦਿਆਂ ਕਿਹਾ ਕਿ ਕਾਸ਼ਤਕਾਰ ਕਿਸਾਨਾਂ ਦੇ ਜ਼ਮੀਨਾਂ 'ਤੇ ਕਬਜ਼ੇ ਹਰ ਹੀਲੇ ਬਹਾਲ ਰੱਖੇ ਜਾਣਗੇ ਤੇ ਅੰਤਿਮ ਜਿੱਤ ਤੱਕ ਮੋਰਚੇ ਦੀ ਹਮਾਇਤ ਜਾਰੀ ਰੱਖਾਂਗੇ।

ਅੱਜ ਚੌਦਵੇਂ ਦਿਨ ਦੇ ਧਰਨੇ ਨੂੰ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ, ਮੱਖਣ ਸਿੰਘ ਭੈਣੀ ਬਾਘਾ ਤੋਂ ਇਲਾਵਾ ਮਾਨਸਾ ਜ਼ਿਲ੍ਹੇ ਦੇ ਪ੍ਰਧਾਨ ਲਖਵੀਰ ਸਿੰਘ ਅਕਲੀਆ, ਜਨਰਲ ਸਕੱਤਰ ਬਲਵਿੰਦਰ ਸ਼ਰਮਾ, ਦੇਵੀ ਰਾਮ ਰੰਘੜਿਆਲ, ਇਦਰਜੀਤ ਸਿੰਘ ਜ਼ਿਲ੍ਹਾ ਸੈਕਟਰੀ ਲੁਧਿਆਣਾ, ਤਾਰਾ ਸਿੰਘ, ਸੱਤਪਾਲ ਸਿੰਘ ਵਰ੍ਹੇ, ਜਗਜੀਤ ਸਿੰਘ ਹਸਨਪੁਰ, ਜਸਪ੍ਰੀਤ ਕੌਰ ਕੁਲਰੀਆਂ ਤੇ ਉਗਰਾਹਾਂ ਦੇ ਜਗਸੀਰ ਸਿੰਘ ਦੋਦੜਾ ਨੇ ਵੀ ਸੰਬੋਧਨ ਕੀਤਾ।

# ਬਿਜਲੀ ਕਾਮਿਆਂ ਵੱਲੋਂ ਅਰਥੀ ਫੂਕ ਮੁਜ਼ਾਹਰਾ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੀ.ਐੱਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ ਪੰਜਾਬ ਦੇ ਸੱਦੇ 'ਤੇ ਅਰਥੀ ਫੂਕ ਰੋਸ ਰੈਲੀ ਪ੍ਰਧਾਨ ਨਾਨਕ ਚੰਦ ਮਹਿਰੋਕ ਦੀ ਪ੍ਰਧਾਨਗੀ ਹੇਠ ਗੁਰੂ ਹਰਸਹਾਏ ਦੇ ਦਫ਼ਤਰ ਦੇ ਗੇਟ ਅੱਗੇ ਹੋਈ, ਜਿਸ ਵਿੱਚ ਜੰਮ ਕੇ ਪਾਵਰਕਾਮ ਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ।ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਸੀ ਆਰ ਏ 295/19 ਰਾਹੀਂ ਭਰਤੀ ਕੀਤੇ ਸਹਾਇਕ ਲਾਇਨਮੈਨਾਂ ਦੇ ਮਸਲੇ ਨੂੰ ਹੱਲ ਨਹੀਂ ਕਰ ਰਹੀ, ਬਲਕਿ ਇਨ੍ਹਾਂ ਕਾਮਿਆਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਇਸ ਤੋਂ ਬਿਨਾਂ ਬਿਜਲੀ ਕਾਮਿਆਂ ਦੀਆਂ ਮੰਨੀਆਂ ਹੋਈਆਂ ਮੰਗਾਂ ਵੀ ਲਾਗੂ ਨਹੀਂ ਕੀਤੀਆਂ ਜਾ ਰਹੀਆਂ, ਜਿਸ ਕਰਕੇ ਬਿਜਲੀ ਕਾਮਿਆਂ ਵਿੱਚ ਭਾਰੀ ਰੋਸ ਤੇ ਗੁੱਸਾ ਹੈ।ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਸਰਕਲ ਸਕੱਤਰ ਇੰਜ. ਸ਼ਿੰਗਾਰ ਮਹਿਰੋਕ ਤੇ ਸਬ ਡਵੀਜ਼ਨ ਪ੍ਰਧਾਨ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਹੁਣ 3 ਸਾਲ ਦਾ ਪਰਖ ਕਾਲ ਸਮਾਂ ਖਤਮ ਹੋਣ ਦੇ ਬਾਵਜੂਦ ਸਾਥੀਆਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਦੀਆਂ ਸ਼ਰਤਾਂ ਅਨੁਸਾਰ ਪੂਰੀ ਤਨਖਾਹ ਸਮੇਤ ਭੱਤੇ ਜਾਰੀ ਨਹੀਂ ਕੀਤੇ ਜਾ ਰਹੇ।ਕੋਰਟ ਦੇ ਫੈਸਲੇ ਦਾ ਬਹਾਨਾ ਬਣਾ ਕੇ ਜਿਨ੍ਹਾਂ ਸਾਥੀਆਂ ਵੱਲੋਂ ਤਜਰਬਾ ਸਰਟੀਫਿਕੇਟ ਨਿਯੁਕਤੀ ਸਮੇਂ ਲਗਾਇਆ ਵੀ ਨਹੀਂ ਗਿਆ, ਉਨ੍ਹਾਂ ਨੂੰ ਵੀ ਰੈਗੂਲਰ ਕਰਕੇ ਪੂਰੀ ਤਨਖਾਹ ਸਮੇਤ ਭੱਤੇ ਜਾਰੀ ਨਹੀਂ ਕੀਤੇ ਗਏ, ਜਦੋਂਕਿ ਪਰਖ਼ ਕਾਲ ਸਮਾਂ ਲੰਘੇ ਨੂੰ ਇਕ ਸਾਲ ਉੱਪਰ ਹੋ ਗਿਆ ਹੈ।ਹੁਣ ਹਾਈ ਕੋਰਟ ਦੇ ਹੁਕਮਾਂ ਨੂੰ ਅੱਖੋਂ ਪਰੋਖੇ ਕਰਕੇ 25 ਸਾਥੀਆਂ ਨੂੰ ਪਰਖ ਕਾਲ ਦਾ ਸਮਾਂ ਸਫਲਤਾ ਪੂਰਵਕ ਸੰਪੰਨ ਹੋਣ 'ਤੇ ਵੀ ਨਿਯੁਕਤੀ ਪੱਤਰ ਵਿਚਲੀਆਂ ਸ਼ਰਤਾਂ ਨੂੰ ਅੱਖੋਂ ਪਰੋਖੇ ਕਰਕੇ ਬਰਖਾਸਤ ਕਰਨ ਦਾ ਇਕ ਪਾਸਾ ਫ਼ੈਸਲਾ ਕਰ ਲਿਆ ਹੈ ਤੇ ਸਾਡੀ ਜਥੇਬੰਦੀ ਇਸ ਫ਼ੈਸਲੇ ਦਾ ਸਖ਼ਤ ਵਿਰੋਧ ਕਰਦੀ ਹੈ। ਵੱਖ ਵੱਖ ਬੁਲਾਰਿਆਂ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਮੰਗ ਕੀਤੀ ਕਿ ਸਾਰੇ ਸਾਥੀਆਂ ਦੀਆਂ ਪੂਰੀਆਂ ਤਨਖ਼ਾਹਾਂ ਸਮੇਤ ਸਾਰੇ ਭੱਤੇ ਜਾਰੀ ਕੀਤੇ ਜਾਣ ਤੇ 25 ਸਾਥੀਆਂ ਨੂੰ ਬਰਖਾਸਤ ਕਰਨ ਵਾਲਾ ਫੈਸਲਾ ਵਾਪਸ ਲਿਆ ਜਾਵੇ।ਰੈਲੀ ਨੂੰ ਵੱਖ ਵੱਖ ਬੁਲਾਰਿਆਂ ਬਲਵੀਰ ਕੁਮਾਰ, ਜਸਵਿੰਦਰ ਪਾਲ, ਸੰਦੀਪ ਕੁਮਾਰ, ਬਲਕਾਰ ਚੰਦ ਆਦਿ ਨੇ ਸੰਬੋਧਨ ਕੀਤਾ।

# ਬਿਜਲੀ ਕੱਟਾਂ ਖਿਲਾਫ ਬੀ ਕੇ ਯੂ ਏਕਤਾ ਡਕੌਂਦਾ ਵੱਲੋਂ ਐੱਸ ਡੀ ਓ ਨੂੰ ਮੰਗ ਪੱਤਰ

## ਸੰਘਰਸ਼ ਕਰਨ ਦੀ ਦਿੱਤੀ ਚਿਤਾਵਨੀ



**ਬੁਢਲਾਡਾ (ਅਸ਼ੋਕ ਲਾਕੜਾ)**

ਇੱਥੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਬਲਾਕ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ ਦੀ ਅਗਵਾਈ ਹੇਠ ਇਕੱਠੇ ਹੋ ਕੇ ਐਕਸੀਅਨ ਦਫਤਰ ਬੁਢਲਾਡਾ ਦੇ ਐੱਸ ਡੀ ਓ ਕੇਵਲ ਸਿੰਘ ਛੀਨਾ ਰਾਹੀਂ ਮੰਗ ਪੱਤਰ ਦਿੱਤਾ ਗਿਆ, ਜਿਸ ਰਾਹੀਂ ਮੰਗ ਕੀਤੀ ਗਈ ਕਿ ਘਰੇਲੂ ਬਿਜਲੀ ਸਪਲਾਈ ਦਾ ਬਹੁਤ ਬੁਰਾ ਹਾਲ ਹੈ, ਲੰਮੇ ਲੰਮੇ ਕੱਟ ਲਗਾਏ ਜਾਣ ਕਾਰਨ ਪੀਣ ਵਾਲੇ ਪਾਣੀ ਦੀ ਦਿੱਕਤ ਅਤੇ ਦੁਕਾਨਦਾਰਾਂ ਤੇ ਵਰਕਸ਼ਾਪਾਂ ਵਾਲੇ ਮਿਸਤਰੀਆਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਸੋ ਇਨ੍ਹਾਂ ਸਮੱਸਿਆਵਾਂ ਨੂੰ ਵੇਖਦੇ ਹੋਏ ਘਰੇਲੂ ਬਿਜਲੀ ਸਪਲਾਈ 24 ਘੰਟੇ ਨਿਰਵਿਘਨ ਦਿੱਤੀ ਜਾਵੇ।

ਦੂਸਰਾ ਖੇਤੀਬਾੜੀ ਟਿਊਬਵੈੱਲਾਂ ਨੂੰ ਵਾਰੀ ਮੁਤਾਬਕ ਜੋ ਸ਼ਡਿਊਲ ਹੈ, ਬਿਜਲੀ ਸਪਲਾਈ ਦਿੱਤੀ ਜਾਵੇ।ਇਸ ਵਿੱਚ ਨਜਾਇਜ਼ ਕੱਟ ਲਗਾਉਣੇ ਬੰਦ ਕੀਤੇ ਜਾਣ, ਕਿਉਂਕਿ ਜਦੋਂ ਕੱਟ ਲਗਾਇਆ ਜਾਂਦਾ ਹੈ, ਦੁਬਾਰਾ ਬਿਜਲੀ ਆਉਣ 'ਤੇ ਫਿਰ ਕਣਕ ਦੀ ਫਸਲ ਵਿੱਚੋਂ ਦੀ ਪਾਣੀ ਦੁਆਰਾ ਛੱਡਣਾ ਪੈਂਦਾ ਹੈ, ਜਿਸ ਕਾਰਨ ਪਾਣੀ ਤੇ ਬਿਜਲੀ ਦੀ ਬਰਬਾਦੀ ਹੁੰਦੀ ਹੈ ਅਤੇ ਕਣਕ ਦੀ ਫਸਲ ਦਾ ਵੀ ਨੁਕਸਾਨ ਹੁੰਦਾ ਹੈ।ਸੋ ਇਸ ਲਈ ਖੇਤੀਬਾੜੀ ਸੈਕਟਰ ਲਈ ਨਿਰਵਿਘਨ ਬਿਜਲੀ ਸਪਲਾਈ ਸ਼ਡਿਊਲ ਅਨੁਸਾਰ ਹੀ ਦਿੱਤੀ ਜਾਵੇ।ਜੇਕਰ ਆਮ ਖਪਤਕਾਰਾਂ ਤੇ ਕਿਸਾਨਾਂ ਦੀ ਇਸ ਮੁੱਖ ਸਮੱਸਿਆ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਜਥੇਬੰਦੀ ਵੱਲੋਂ ਜਨਤਕ ਸੰਘਰਸ਼ ਕੀਤਾ ਜਾਵੇਗਾ, ਜਿਸ ਦੀ ਜ਼ੁੰਮੇਵਾਰੀ ਸਬੰਧਤ ਵਿਭਾਗ ਤੇ ਸਰਕਾਰ ਦੀ ਹੋਵੇਗੀ।ਇਸ ਮੌਕੇ ਬਲਾਕ ਮੀਤ ਪ੍ਰਧਾਨ ਜਗਰਾਜ ਸਿੰਘ ਅਹਿਮਦਪੁਰ ਤੇ ਬਲਾਕ ਖਜ਼ਾਨਚੀ ਨਛੱਤਰ ਸਿੰਘ, ਬਲਾਕ ਜਨਰਲ ਸਕੱਤਰ ਜਗਰੂਪ ਸਿੰਘ ਮਘਾਣੀਆ, ਦਰਸ਼ਨ ਸਿੰਘ ਮਾਨ, ਜਸਵੰਤ ਸਿੰਘ, ਰਛਪਾਲ ਸਿੰਘ ਆਦਿ ਹਾਜ਼ਰ ਸਨ।

# ਜੇਲ੍ਹ 'ਚ 43 ਹਜ਼ਾਰ ਫੋਨ ਕਾਲ ਮਾਮਲੇ 'ਚ ਵੱਡਾ ਖੁਲਾਸਾ, ਫਿਰ ਹਰਕਤ 'ਚ ਪੁਲਸ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਜੇਲ੍ਹ ਦੇ 43 ਹਜ਼ਾਰ ਦੇ ਫ਼ੋਨ ਕਾਲ ਘੁਟਾਲੇ ਸਬੰਧੀ ਪੁਲਸ ਵੱਲੋਂ ਕੀਤੀ ਗਈ ਜਾਂਚ ਵਿੱਚ ਵੱਡੇ ਖੁਲਾਸੇ ਹੋਏ ਹਨ।ਪੁਲਸ ਨੇ 3 ਨਸ਼ਾ ਤਸਕਰਾਂ ਵੱਲੋਂ ਵੱਖ-ਵੱਖ ਨੰਬਰਾਂ 'ਤੇ ਕੀਤੀਆਂ 4200 ਫ਼ੋਨ ਕਾਲਾਂ ਤੇ 5000 ਬੈਂਕ ਲੈਣ-ਦੇਣ ਨੂੰ ਟਰੇਸ ਕੀਤਾ ਹੈ। ਪੁਲਸ ਡਰੱਗ ਮਨੀ ਦਾ ਪਤਾ ਲਗਾਉਣ ਲਈ ਹਰ ਇੱਕ ਕਾਲਰ ਤੇ ਪੈਸੇ ਪ੍ਰਾਪਤ ਕਰਨ ਵਾਲੇ ਦੀ ਪਛਾਣ ਕਰਨ ਲਈ ਜਾਂਚ ਕਰ ਰਹੀ ਹੈ।ਜਾਂਚ ਟੀਮ ਨਾਲ ਜੁੜੇ ਇੱਕ ਅਧਿਕਾਰੀ ਨੇ ਕਿਹਾ ਕਿ ਉਹ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਇਨ੍ਹਾਂ ਵਿੱਚੋਂ ਕਿੰਨੀਆਂ ਕਾਲਾਂ ਪਰਿਵਾਰ, ਦੋਸਤਾਂ ਜਾਂ ਨਸ਼ਾ ਤਸਕਰਾਂ ਨੂੰ ਕੀਤੀਆਂ ਗਈਆਂ ਸਨ।ਜ਼ਿਕਰਯੋਗ ਹੈ ਕਿ ਇਹ ਮਾਮਲਾ ਪਿਛਲੇ ਸਾਲ ਨਵੰਬਰ 'ਚ ਉਸ ਸਮੇਂ ਸਾਹਮਣੇ ਆਇਆ ਸੀ, ਜਦੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਜੇਲ 'ਚ ਮੋਬਾਇਲ ਫੋਨ ਦੀ ਵਰਤੋਂ ਤੇ ਨਸ਼ਾ ਤਸਕਰੀ 'ਤੇ ਰਿਪੋਰਟ ਮੰਗੀ ਸੀ।ਇਸ ਤੋਂ ਬਾਅਦ ਜਾਂਚ ਦੌਰਾਨ ਪੁਲਸ ਨੂੰ ਪਤਾ ਲੱਗਾ ਕਿ ਜੇਲ੍ਹ ਵਿੱਚੋਂ 43 ਹਜ਼ਾਰ ਤੋਂ ਵੱਧ ਫ਼ੋਨ ਕਾਲਾਂ ਕਿਵੇਂ ਕੀਤੀਆਂ ਗਈਆਂ।ਪੰਜਾਬ ਜੇਲ੍ਹ ਵਿਭਾਗ ਨੇ ਫਿਰੋਜ਼ਪੁਰ ਕੇਂਦਰੀ ਜੇਲ੍ਹ ਵਿੱਚੋਂ ਤਿੰਨ ਤਸਕਰਾਂ ਵੱਲੋਂ ਕੀਤੀਆਂ 43000 ਤੋਂ ਵੱਧ ਫ਼ੋਨ ਕਾਲਾਂ ਦੇ ਮਾਮਲੇ ਵਿੱਚ ਘੋਰ ਅਣਗਹਿਲੀ ਦੇ ਦੋਸ਼ ਹੇਠ ਮੌਜੂਦਾ ਜੇਲ੍ਹ ਸੁਪਰਡੈਂਟ ਸਮੇਤ 7 ਜੇਲ੍ਹ ਅਧਿਕਾਰੀਆਂ ਖ਼ਿਲਾਫ਼ ਜਾਂਚ ਦੇ ਹੁਕਮ ਦਿੱਤੇ ਸਨ।

## ਕਾਤਰਾਂ

### ਵੋਟਰ ਸੂਚੀਆਂ ਦੀ ਤਿਆਰੀ ਸੰਬੰਧੀ ਸਪੈਸ਼ਲ ਕੈਂਪ 22 ਤੇ 23 ਨੂੰ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਚੋਣਾਂ ਤਹਿਤ ਵੋਟਰ ਸੂਚੀਆਂ ਦੀ ਤਿਆਰੀ ਸਬੰਧੀ ਜ਼ਿਲ੍ਹੇ ਵਿੱਚ 22 ਤੇ 23 ਜਨਵਰੀ 2024 ਨੂੰ ਸਪੈਸ਼ਲ ਕੈਂਪ ਲੱਗੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਡਾ. ਸੇਨੂ ਦੁੱਗਲ ਨੇ ਕੀਤਾ।ਉਨ੍ਹਾ ਕਿਹਾ ਕਿ ਦਿਹਾਤੀ ਖੇਤਰ ਦੇ ਵੋਟਰ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰਡ ਕਰਨ ਲਈ ਫਾਰਮ ਪਟਵਾਰੀਆਂ ਪਾਸ ਜਮ੍ਹਾਂ ਕਰਵਾ ਸਕਦੇ ਹਨ ਤੇ ਸ਼ਹਿਰੀ ਖੇਤਰ ਵਿੱਚ ਨਗਰ ਕੌਂਸਲ ਜਾਂ ਸਥਾਨਕ ਅਥਾਰਟੀ ਦੇ ਕਰਮਚਾਰੀ, ਜਿਨ੍ਹਾਂ ਨੂੰ ਸਬੰਧਤ ਖੇਤਰ ਦੀ ਸੋਧ ਅਥਾਰਟੀ ਵੱਲੋਂ ਨਾਮਜ਼ਦ ਕੀਤਾ ਗਿਆ ਹੈ, ਪਾਸ ਫਾਰਮ ਜਮ੍ਹਾਂ ਕਰਵਾ ਸਕਦੇ ਹਨ।ਉਨ੍ਹਾ ਦੱਸਿਆ ਕਿ ਐੱਸ.ਜੀ.ਪੀ.ਸੀ. ਚੋਣ ਪ੍ਰਕਿਰਿਆ ਸਬੰਧੀ ਵੋਟਰ ਸੂਚੀਆਂ ਦੀ ਤਿਆਰੀ ਤੇ ਛਪਾਈ ਦਾ ਕੰਮ 01 ਮਾਰਚ 2024 ਤੋਂ 20 ਮਾਰਚ 2024 ਤੱਕ ਕੀਤਾ ਜਾਵੇਗਾ।21 ਮਾਰਚ ਨੂੰ ਮੁੱਢਲੀ ਈ-ਰੋਲ ਪ੍ਰਕਾਸ਼ਿਤ ਕੀਤੀ ਜਾਵੇਗੀ ਤੇ 11 ਅਪ੍ਰੈਲ ਤੱਕ ਦਾਅਵੇ ਤੇ ਇਤਰਾਜ਼ ਜਮ੍ਹਾਂ ਕਰਵਾਏ ਜਾ ਸਕਦੇ ਹਨ।ਉਨ੍ਹਾ ਦੱਸਿਆ ਕਿ 3 ਮਈ 2024 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕਰ ਦਿੱਤੀ ਜਾਵੇਗੀ।

### ਚੋਰੀ ਦੇ ਮੋਟਰਸਾਈਕਲ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮੱਲਾਂਵਾਲਾ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ ਇੱਕ ਮੋਟਰਸਾਈਕਲ ਸਮੇਤ ਦੋ ਵਿਅਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਕਰਨੈਲ ਸਿੰਘ ਨੇ ਦੱਸਿਆ ਕਿ ਉਨ੍ਹਾ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਕਾਮਲ ਵਾਲਾ ਚੌਕ ਮੱਲਾਂਵਾਲਾ ਵਿਖੇ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਆਨ ਅਕਾਸ਼ਦੀਪ ਸਿੰਘ ਪੁੱਤਰ ਸੱਜਣ ਸਿੰਘ ਤੇ ਸੁਖਦੇਵ ਸਿੰਘ ਪੁੱਤਰ ਦਿਆਲ ਸਿੰਘ ਵਾਸੀਅਨ ਰੋੜੇ ਵਾਲਾ ਆਪਸ ਵਿੱਚ ਮਿਲ ਕੇ ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚਣ ਦੇ ਆਦੀ ਹਨ। ਉਪਰੰਤ ਪੁਲਸ ਪਾਰਟੀ ਵੱਲੋਂ ਨਾਕਾਬੰਦੀ ਕਰਕੇ ਦੋਸ਼ੀਆਨ ਨੂੰ ਕਾਬੂ ਕੀਤਾ ਗਿਆ ਤੇ ਇਨ੍ਹਾਂ ਕੋਲੋਂ 1 ਮੋਟਰਸਾਈਕਲ ਹੀਰੋ ਸਪਲੈਂਡਰ ਬਿਨਾਂ ਨੰਬਰੀ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਕੇਂਦਰੀ ਜੇਲ੍ਹ 'ਚੋਂ 2 ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ ਦੋ ਮੋਬਾਇਲ ਫੋਨ ਬਰਾਮਦ ਹੋਏ ਹਨ। ਇਸ ਸਬੰਧ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਦੋ ਹਵਾਲਾਤੀਆਂ ਖਿਲਾਫ 52-ਏ ਪਰੀਸਿਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 6650 ਰਾਹੀਂ ਸਰਬਜੀਤ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 18 ਜਨਵਰੀ 2024 ਨੂੰ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਫਤਿਹ ਸਿੰਘ ਉਰਫ ਫੱਤਾ ਪੁੱਤਰ ਗੁਰਬਚਨ ਸਿੰਘ ਵਾਸੀ ਪਿੰਡ ਘਰਿਆਲਾ ਤਹਿਸੀਲ ਪੱਟੀ ਜ਼ਿਲ੍ਹਾ ਤਰਨ ਤਾਰਨ ਕੋਲੋਂ 1 ਮੋਬਾਇਲ ਬਰਾਮਦ ਹੋਇਆ ਤੇ ਹਵਾਲਾਤੀ ਸ਼ਮਸ਼ੇਰ ਸਿੰਘ ਉਰਫ ਸ਼ੇਰਾ ਪੁੱਤਰ ਗੁਰਚਰਨ ਸਿੰਘ ਵਾਸੀ ਬੁਰਜ ਮੁਹੰਮਦ ਸ਼ਾਹ ਵਾਲੀ ਕੋਲੋਂ 1 ਮੋਬਾਇਲ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# 2030 ਵੱਲ : ਸਿੱਖਿਅਕਾਂ ਲਈ ਟਿਕਾਊ ਵਿਕਾਸ ਟੀਚਿਆਂ 'ਤੇ ਰਾਸ਼ਟਰੀ ਸੈਮੀਨਾਰ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਉੱਤਰੀ ਭਾਰਤ ਦੀ ਇੱਕ ਪ੍ਰਮੁੱਖ ਵਿੱਦਿਅਕ ਸੰਸਥਾ ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਵਿਖੇ ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੀ ਛਤਰ-ਛਾਇਆ ਤੇ ਡਾ. ਸੰਗੀਤਾ ਪ੍ਰਿੰਸੀਪਲ ਦੇ ਉਚਿਤ ਮਾਰਗ ਦਰਸ਼ਨ ਹੇਠ ਵਾਤਾਵਰਨ ਸੰਭਾਲ ਤੇ ਐਡਵੋਕੇਸੀ ਵਿਭਾਗ ਹੈਦਰਾਬਾਦ ਦੇ ਸਹਿਯੋਗ ਨਾਲ 2030 ਵੱਲ : ਸਿੱਖਿਅਕਾਂ ਲਈ ਐੱਸਡੀਜੀਐੱਸ (ਟਿਕਾਊ ਵਿਕਾਸ ਟੀਚਿਆਂ) 'ਤੇ ਰਾਸ਼ਟਰੀ ਸੈਮੀਨਾਰ ਦਾ ਕੀਤਾ ਗਿਆ।ਇਸ ਸੈਮੀਨਾਰ ਵਿੱਚ ਸਮਰਥ ਸ਼ਰਮਾ ਰਿਜਨਲ ਡਾਇਰੈਕਟਰ ਆਈਈਸੀਏ, ਅਜੈ ਤਨਵਰ ਸਟੇਟ ਹੈੱਡ ਆਈਈਸੀਏ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਪਹੁੰਚੇ ਹੋਏ ਮਹਿਮਾਨਾਂ ਦਾ ਪ੍ਰਿੰਸੀਪਲ ਡਾ. ਸੰਗੀਤਾ ਤੇ ਅਸਿਸਟੈਂਟ ਪ੍ਰੋਫੈਸਰ ਡਾ. ਗੀਤਾਂਜਲੀ ਦੁਆਰਾ ਸਵਾਗਤ ਕੀਤਾ ਗਿਆ।ਇਸ ਸੈਮੀਨਾਰ ਦਾ ਮੁੱਖ ਉਦੇਸ਼ ਵਾਤਾਵਰਨ ਸੁਰੱਖਿਆ ਤੇ ਦੇਸ਼ ਦੇ ਵਿਕਾਸ ਲਈ ਟਿਕਾਊ ਟੀਚਿਆਂ ਬਾਰੇ, ਜੋ ਸਾਨੂੰ ਵਾਤਾਵਰਣ ਨੂੰ ਸੁਰੱਖਿਅਤ ਰੱਖਣ, ਜੈਵ ਵਿਭਿੰਨਤਾ ਦੀ ਰੱਖਿਆ ਕਰਨ, ਜਲਵਾਯੂ ਤਬਦੀਲੀ ਨੂੰ ਘਟਾਉਣ, ਗਰੀਬੀ ਦੇ ਖਾਤਮੇ, ਸਮਾਜਿਕ ਸਮਾਵੇਸ਼ ਨੂੰ ਉਤਸ਼ਾਹਤ ਕਰਨ ਅਤੇ ਲੰਬੇ ਸਮੇਂ ਦੇ ਆਰਥਿਕ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਵਿਸ਼ਿਆਂ 'ਤੇ ਵਿਚਾਰ ਚਰਚਾ ਕੀਤੀ।ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਇਸ ਆਨਲਾਈਨ ਸੈਮੀਨਾਰ ਦੇ ਮੁੱਖ ਵਕਤਾ ਸਮਰਥ ਸ਼ਰਮਾ ਤੇ ਅਜੈ ਤਨਵਰ ਦਾ ਧੰਨਵਾਦ ਕੀਤਾ ਅਤੇ ਨਾਲ ਹੀ ਸੈਮੀਨਾਰ ਵਿੱਚ ਜੁੜੇ ਵਿਦਿਆਰਥੀਆਂ ਨਾਲ ਵਾਤਾਵਰਨ ਦੀ ਸਾਭ-ਸੰਭਾਲ ਅਤੇ ਦੇਸ਼ ਦੇ ਵਿਕਾਸ ਸਬੰਧੀ ਟੀਚਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਦੇ ਨਾਲ ਹੀ ਉਨ੍ਹਾਂ ਨੋਡਲ ਅਫਸਰ ਡਾ. ਮੋਕਸ਼ੀ, ਕੋਆਰਡੀਨੇਟਰ ਡਾ. ਗੀਤਾਂਜਲੀ ਤੇ ਹੋਰ ਅਧਿਆਪਕਾਂ ਨੂੰ ਇਸ ਪ੍ਰੋਗਰਾਮ ਦੇ ਸਫਲ ਆਯੋਜਨ 'ਤੇ ਵਧਾਈ ਦਿੱਤੀ।ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ ਸ਼ੁੱਭ ਕਾਮਨਾਵਾਂ ਦਿੱਤੀਆਂ।

# ਫਰੀਡਮ ਫਾਈਟਰ ਉੱਤਰਾਧਿਕਾਰੀ ਜਥੇਬੰਦੀ ਦੀ ਚੋਣ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ ਦੀ ਜ਼ਰੂਰੀ ਮੀਟਿੰਗ ਜ਼ਿਲ੍ਹਾ ਫਿਰੋਜ਼ਪੁਰ ਦੇ ਡੀ ਸੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਸੂਬਾ ਪ੍ਰਧਾਨ ਹਰਿੰਦਰਪਲ ਸਿੰਘ ਖਾਲਸਾ ਦੀ ਅਗਵਾਈ ਹੇਠ ਹੋਈ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਜ਼ੋਨ ਇੰਚਾਰਜ ਰਾਮ ਸਿੰਘ ਮਿੱਡਾ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਬਰਨਾਲਾ ਨੇ ਸ਼ਮੂਲੀਅਤ ਕੀਤੀ।ਇਸ ਮੀਟਿੰਗ ਵਿੱਚ ਸਰਬਸੰਮਤੀ ਨਾਲ ਵਿਜੇ ਕੁਮਾਰ ਨੂੰ ਜ਼ਿਲ੍ਹਾ ਪ੍ਰਧਾਨ, ਬਲਵਿੰਦਰ ਸਿੰਘ ਨੂੰ ਸਕੱਤਰ ਤੇ ਪਵਨ ਕੁਮਾਰ ਨੂੰ ਦਫਤਰ ਇੰਚਾਰਜ ਨਿਯੁਕਤ ਕੀਤਾ ਗਿਆ।ਖਾਲਸਾ ਨੇ ਦੱਸਿਆ ਕਿ ਪਿਛਲੇ 25 ਸਾਲ ਤੋਂ ਸਾਡੀ ਜਥੇਬੰਦੀ ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ ਜਨਮ ਦਿਹਾੜਾ ਮਨਾ ਰਹੀ ਹੈ, ਜੋ ਇਸ ਸਾਲ ਪਟਿਆਲਾ ਵਿਖੇ ਹਰਪਾਲ ਟਿਵਾਣਾ ਐਡੀਟੋਰੀਅਮ 'ਚ ਮਨਾਇਆ ਜਾਵੇਗਾ, ਸਾਰੇ ਪਰਿਵਾਰਾਂ ਨੂੰ ਇਸ ਸਮਾਗਮ ਵਿੱਚ ਪਹੁੰਚਣ ਦੀ ਬੇਨਤੀ ਕੀਤੀ।ਇਸ ਉਪਰੰਤ ਜੀਏ ਟੂ ਡੀ ਸੀ ਸੂਰਜ ਪੀਸੀਐੱਸ ਨਾਲ ਮੀਟਿੰਗ ਕੀਤੀ ਗਈ।ਫਰੀਡਮ ਫਾਈਟਰ ਪਰਿਵਾਰਾਂ ਨੇ ਆਪਣੀਆਂ ਮੁਸ਼ਕਲਾਂ ਤੋਂ ਜਾਣੂ ਕਰਵਾਇਆ।ਇਸ ਮੌਕੇ ਬਗੀਚਾ ਸਿੰਘ, ਤਰਸੇਮ ਕੁਮਾਰ, ਗੁਰਮੀਤ ਕੌਰ, ਨਾਜਮ ਸਿੰਘ ਮਧੀਰ, ਬੋਹਰ ਸਿੰਘ, ਸੁਖਵਿੰਦਰ ਸਿੰਘ, ਕੁਲਦੀਪ ਸਿੰਘ, ਫਰੀਡਮ ਫਾਈਟਰ ਦੀ ਬੇਟੀ ਭੈਣ ਗੀਤਾ ਤੋਂ ਇਲਾਵਾ ਹੋਰ ਫਰੀਡਮ ਫਾਈਟਰ ਪਰਿਵਾਰਕ ਮੈਂਬਰ ਹਾਜ਼ਰ ਸਨ।

# ਸਹਾਇਕ ਲਾਈਨਮੈਨ ਨੂੰ ਬਰਖ਼ਾਸਤ ਕਰਨ ਦੇ ਵਿਰੋਧ 'ਚ ਬਿਜਲੀ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ



ਸਹਾਇਕ ਲਾਈਨਮੈਨ ਨੂੰ ਬਰਖਾਸਤ ਕੀਤੇ ਜਾਣ ਦੇ ਵਿਰੋਧ 'ਚ ਥਰਮਲ ਲਹਿਰਾ ਦੇ ਬਿਜਲੀ ਮੁਲਾਜ਼ਮ ਪਾਵਰਕਾਮ ਮੈਨੇਜਮੈਂਟ ਖਿਲਾਫ ਰੋਸ ਪ੍ਰਦਰਸ਼ਨ ਦੌਰਾਨ ਨਾਅਰੇਬਾਜ਼ੀ ਕਰਦੇ ਹੋਏ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਥਰਮਲ ਪਲਾਂਟ ਲਹਿਰਾ ਮੁਹੱਬਤ ਦੀਆਂ ਬਿਜਲੀ ਮੁਲਾਜ਼ਮ ਜਥੇਬੰਦੀਆਂ ਇੰਪਲਾਈਜ਼ ਯੂਨੀਅਨ, ਟੀ. ਐੱਸ. ਯੂ. ਇੰਪਲਾਈਜ਼ ਯੂਨੀਅਨ ਤੇ ਗਰਿੱਡ ਸਬ-ਸਟੇਸ਼ਨ ਇੰਪਲਾਈਜ਼ ਯੂਨੀਅਨ ਨੇ ਸਾਂਝੇ ਤੌਰ 'ਤੇ 25 ਨੰਬਰ ਸਹਾਇਕ ਲਾਈਨਮੈਨ ਸੀ. ਆਰ. ਏ. 295/19 ਨੂੰ ਪਾਵਰਕਾਮ ਮੈਨੇਜਮੈਂਟ ਵੱਲੋਂ ਬਰਖ਼ਾਸਤ ਕੀਤੇ ਜਾਣ ਦੇ ਵਿਰੋਧ ਵਿੱਚ ਅੱਜ ਥਰਮਲ ਗੇਟ ਅੱਗੇ ਨਾਅਰੇਬਾਜ਼ੀ ਕਰਦਿਆਂ ਰੋਸ ਪ੍ਰਦਰਸ਼ਨ ਕੀਤਾ। ਇੰਪਲਾਈਜ਼ ਯੂਨੀਅਨ ਦੇ ਜਨਰਲ ਸਕੱਤਰ ਅਮਰਜੀਤ ਸਿੰਘ ਮੰਗਲੀ, ਟੀ. ਐੱਸ. ਯੂ. ਦੇ ਪ੍ਰਧਾਨ ਕਿਰਨਦੀਪ ਸਿੰਘ ਤੇ ਗਰਿੱਡ ਸਬ-ਸਟੇਸ਼ਨ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਰਣਜੀਤ ਸਿੰਘ ਆਦਿ ਨੇ ਬਰਖ਼ਾਸਤ ਕੀਤੇ ਸਹਾਇਕ ਲਾਈਨਮੈਨ ਨੂੰ ਬਹਾਲ ਨਾ ਕੀਤੇ ਜਾਣ 'ਤੇ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਨ ਦੀ ਚੇਤਾਵਨੀ ਦਿੰਦਿਆਂ ਮੰਗ ਕੀਤੀ ਕਿ ਸੀ. ਆਰ. ਏ. 295/19 ਨੂੰ ਬਹਾਲ ਕੀਤਾ ਜਾਵੇ, ਮੁਲਾਜ਼ਮਾਂ ਦਾ ਕੱਟਿਆ ਪੇਂਡੂ ਭੱਤਾ ਬਹਾਲ ਕੀਤਾ ਜਾਵੇ ਤੇ ਮੀਟਿੰਗ ਵਿੱਚ ਪਹਿਲਾਂ ਤੋਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕੀਤਾ ਜਾਵੇ। ਇਸ ਮੌਕੇ ਜਗਦੀਪ ਸਿੰਘ, ਬਲਵਿੰਦਰ ਸਿੰਘ, ਅਮਨਪ੍ਰੀਤ ਸਿੰਘ ਤੇ ਗੁਰਲਾਲ ਸਿੰਘ ਸਮੇਤ ਹੋਰ ਬਿਜਲੀ ਮੁਲਾਜ਼ਮ ਹਾਜ਼ਰ ਸਨ।

# ਵਿਧਾਇਕ ਸਵਨਾ ਨੇ ਵੱਖ-ਵੱਖ ਪਿੰਡਾਂ 'ਚ ਵਿਕਾਸ ਕਾਰਜਾਂ ਦੇ ਰੱਖੇ ਨੀਂਹ ਪੱਥਰ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਵੱਲੋਂ ਅੱਜ ਕਰੋੜਾਂ ਰੁਪਏ ਦੀ ਲਾਗਤ ਨਾਲ ਵਿਧਾਨ ਸਭਾ ਹਲਕਾ ਫਾਜ਼ਿਲਕਾ ਦੇ ਵੱਖ-ਵੱਖ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਤੇ ਉਦਘਾਟਨ ਕੀਤੇ ਗਏ।ਉਨ੍ਹਾ ਵੱਲੋਂ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਪਿੰਡ ਸਤੀਰ ਵਾਲਾ, ਟੀਲਾਂ ਵਾਲੀ, ਬਾਂਡੀ ਵਾਲਾ, ਸਾਬੂਆਣਾ ਤੇ ਕੇਰੀਆਂ ਪਿੰਡਾਂ ਅੰਦਰ ਸੀਵਰੇਜ, ਛੱਪੜਾਂ ਦਾ ਨਵੀਨੀਕਰਨ, ਪਾਰਕ, ਖੇਡ ਸਟੇਡੀਅ ਤੇ ਗਲੀਆਂ ਦਾ ਨਵੀਨੀਕਰਨ ਕਰਨ ਸਮੇਤ ਵੱਖ-ਵੱਖ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਗਏ ਅਤੇ ਨਵੇਂ ਕੰਮਾਂ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਆਪ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਮੁੱਢਲੀਆਂ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਰਬਪੱਖੀ ਵਿਕਾਸ ਕਾਰਜ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਵਿਧਾਨ ਸਭਾ ਹਲਕਾ ਫਾਜ਼ਿਲਕਾ ਅੰਦਰ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਹਲਕੇ ਦਾ ਸਰਬਪੱਖੀ ਵਿਕਾਸ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਵਿਧਾਇਕ ਸਵਨਾ ਨੇ ਅੱਗੇ ਕਿਹਾ ਕਿ ਫਾਜ਼ਿਲਕਾ ਹਲਕੇ ਦੇ ਲੋਕਾਂ ਨੇ ਜੋ ਉਨ੍ਹਾਂ ਉੱਪਰ ਵਿਸ਼ਵਾਸ ਕੀਤਾ ਹੈ, ਉਹ ਲੋਕਾਂ ਦੇ ਭਰੋਸੇ ਉੱਪਰ ਪੂਰਾ ਉਤਰਨਗੇ।ਉਨ੍ਹਾ ਕਿਹਾ ਕਿ ਹਲਕੇ ਦੇ ਪਿੰਡਾਂ ਤੇ ਫਾਜ਼ਿਲਕਾ ਸ਼ਹਿਰ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਆਪ ਪਾਰਟੀ ਵੱਲੋਂ ਲੋਕਾਂ ਨੂੰ ਜੋ ਗਰੰਟੀਆਂ ਦਿੱਤੀਆਂ ਗਈਆਂ ਸਨ, ਉਹ ਪੂਰੀਆਂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਪਿੰਡ ਵਾਸੀਆਂ ਨੇ ਵਿਧਾਇਕ ਸਵਨਾ ਵੱਲੋਂ ਕਰਵਾਏ ਜਾ ਰਹੇ ਵਿਕਾਸ ਕੰਮਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਜਦੋਂ ਦੇ ਉਹ ਫਾਜ਼ਿਲਕਾ ਦੇ ਵਿਧਾਇਕ ਬਣੇ ਹਨ, ਉਨ੍ਹਾਂ ਵੱਲੋਂ ਲਗਾਤਾਰ ਹਲਕੇ ਦੇ ਵਿਕਾਸ ਕੰਮਾਂ ਲਈ ਦਿਨ-ਰਾਤ ਕੰਮ ਕੀਤਾ ਜਾ ਰਿਹਾ ਹੈ, ਜਿਸ ਲਈ ਉਹ ਵਿਧਾਇਕ ਸਵਨਾ ਦਾ ਧੰਨਵਾਦ ਕਰਦੇ ਹਨ।

# ਠੇਕੇ ਦੇ ਕਰਿੰਦੇ ਦਾ ਕਤਲ, ਲਾਸ਼ ਨੂੰ ਨੋਚਦੇ ਰਹੇ ਕੁੱਤੇ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਬ ਡਵੀਜ਼ਨ ਪਾਤੜਾਂ ਦੇ



ਹਰਿਆਣਾ ਦੀ ਹੱਦ ਨਾਲ ਲੱਗਦੇ ਪਿੰਡ ਚਿੱਚੜਵਾਲਾ ਦੇ ਸ਼ਰਾਬ ਦੇ ਠੇਕੇ ਉੱਤੇ ਕੰਮ ਕਰਦੇ ਕਰਿੰਦੇ ਦਾ ਬੇਰਹਿਮੀ ਨਾਲ ਕਤਲ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਪ੍ਰਵਾਸੀ ਵਿਅਕਤੀ ਦੇ ਕਤਲ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲਿਆਂ ਵੱਲੋਂ ਮ੍ਰਿਤਕ ਵਿਅਕਤੀ ਦੀ ਲਾਸ਼ ਨੂੰ ਨਾਲ ਲੱਗਦੇ ਖੇਤਾਂ ਵਿੱਚ ਸੁੱਟ ਦਿੱਤਾ ਗਿਆ। ਘਟਨਾ ਦਾ ਕਿਸੇ ਨੂੰ ਪਤਾ ਨਾ ਲੱਗਣ ਕਰਕੇ ਖੇਤਾਂ ਵਿੱਚ ਪਈ ਇਸ ਲਾਸ਼ ਨੂੰ ਕੁੱਤੇ ਨੋਚਦੇ ਰਹੇ।ਘਟਨਾ ਦਾ ਪਤਾ ਲੱਗਣ 'ਤੇ ਸ਼ੁਤਰਾਣਾ ਪੁਲਸ ਨੇ ਮੌਕੇ ਉੱਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਣ ਮਗਰੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਮਾਣਾ ਭੇਜਣ ਉਪਰੰਤ ਅਣਪਛਾਤੇ ਵਿਅਕਤੀਆਂ ਵਿਰੁੱਧ ਕਤਲ ਦਾ ਕੇਸ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ।ਪੁਲਸ ਨੂੰ ਦਿੱਤੇ ਬਿਆਨ ਅਨੁਸਾਰ ਉਜਵਲ ਕੁਮਾਰ ਸਿੰਘ ਪੁੱਤਰ ਰੰਜੇ ਕੁਮਾਰ ਸਿੰਘ ਵਾਸੀ ਡੰਗਰਾਹਾ ਥਾਣਾ ਮਹਿਸੀ ਜ਼ਿਲ੍ਹਾ ਮੋਤੀਹਾਰੀ (ਬਿਹਾਰ) ਨੇ ਦੱਸਿਆ ਕਿ ਉਸ ਦੇ ਤਾਏ ਦਾ ਲੜਕਾ ਅਨੀਕੇਤ ਕੁਮਾਰ ਸਿੰਘ (26 ਸਾਲ) ਬਤੌਰ ਸੇਲਜ਼ਮੈਨ ਪੰਜਾਬ ਤੇ ਹਰਿਆਣਾ ਬਾਰਡਰ ਪਿੰਡ ਚਿੱਚੜਵਾਲਾ ਵਿਖੇ ਪੈਂਦੇ ਸ਼ਰਾਬ ਦੇ ਠੇਕੇ ਉੱਤੇ ਨੌਕਰੀ ਕਰਦਾ ਸੀ, ਜਿਸ ਦਾ ਕਿਸੇ ਨੇ ਕਤਲ ਕਰਕੇ ਉਸ ਦੀ ਲਾਸ਼ ਠੇਕੇ ਦੇ ਪਿੱਛੇ ਕਣਕ ਦੇ ਖੇਤਾਂ ਵਿੱਚ ਸੁੱਟ ਦਿੱਤੀ, ਜਿਸ ਦਾ ਪਤਾ ਲੱਗਣ 'ਤੇ ਉਸ ਨੇ ਜਦੋਂ ਉਥੇ ਪਹੁੰਚ ਕੇ ਦੇਖਿਆ ਤਾਂ ਲਾਸ਼ ਠੇਕੇ ਦੇ ਪਿੱਛੇ ਖੇਤਾਂ ਵਿੱਚ ਅੱਧ ਨਗਨ ਹਾਲਤ ਵਿੱਚ ਪਈ ਹੋਈ ਸੀ ਤੇ ਕੁੱਤਿਆਂ ਵੱਲੋਂ ਉਸ ਦੀ ਲਾਸ਼ ਦਾ ਸਿਰ, ਧੌਣ, ਅੱਖਾਂ ਤੇ ਜਬਾੜਾ ਪੂਰੀ ਤਰ੍ਹਾਂ ਖਾਦਾ ਹੋਇਆ ਸੀ।

ਤਫਤੀਸ਼ੀ ਅਫਸਰ ਏਐੱਸਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਸ਼ੁਤਰਾਣਾ ਪੁਲਸ ਵੱਲੋਂ ਇਸ ਅੰਨ੍ਹੇ ਕਤਲ ਦੇ ਮਾਮਲੇ ਵਿੱਚ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰਕੇ ਵੱਖ ਵੱਖ ਪਹਿਲੂਆਂ 'ਤੇ ਪੂਰੀ ਬਾਰੀਕੀ ਨਾਲ ਜਾਂਚ ਪੜਤਾਲ ਕੀਤੀ ਜਾ ਰਹੀ ਹੈ।

# ਅੱਜ ਬਿਜਲੀ ਬੰਦ ਰਹੇਗੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਛਾਉਣੀ ਦੇ 220 ਕੇ ਵੀ ਪਾਵਰ ਹਾਊਸ ਵਿੱਚ ਜ਼ਰੂਰੀ ਮੁਰੰਮਤ ਦੇ ਕੰਮਾਂ ਕਾਰਨ 20 ਜਨਵਰੀ 2024 ਵਾਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਸ਼ਹਿਰ ਤੇ ਛਾਉਣੀ ਦੇ ਵੱਖ-ਵੱਖ ਖੇਤਰਾਂ ਨੂੰ ਬਿਜਲੀ ਸਪਲਾਈ ਬੰਦ ਰਹੇਗੀ।ਬਿਜਲੀ ਬੋਰਡ ਕੈਂਟ-2 ਉੱਪ ਮੰਡਲ ਦੇ ਐੱਸਡੀਓ ਇੰਜ. ਕੁਲਦੀਪ ਸਿੰਘ ਨੇ ਦੱਸਿਆ ਕਿ ਫ਼ਿਰੋਜ਼ਪੁਰ ਛਾਉਣੀ ਸਥਿਤ 220 ਕੇ ਵੀ ਸਬ ਸਟੇਸ਼ਨ ਦੀ ਜ਼ਰੂਰੀ ਮੁਰੰਮਤ ਕਾਰਨ ਸ਼ਨੀਵਾਰ ਨੂੰ 11 ਕੇ ਵੀ ਸਿਟੀ ਫੀਡਰ, 11 ਕੇ ਵੀ ਮੋਗਾ ਰੋਡ ਫੀਡਰ, 11 ਕੇ ਵੀ ਬਸਤੀ ਟੈਂਕਾਂ ਵਾਲੀ ਫੀਡਰ, 11 ਕੇ ਵੀ ਨੂਰਪੁਰ ਸੇਠਾਂ ਫੀਡਰ ਤੇ 11 ਕੇ ਵੀ ਬੀ ਐੱਸ ਐੱਫ ਫੀਡਰ ਦੀ ਬਿਜਲੀ ਸਪਲਾਈ 20 ਜਨਵਰੀ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਬੰਦ ਰਹੇਗੀ, ਜਿਸ ਕਾਰਨ ਕਈ ਇਲਾਕੇ ਜਿਵੇਂ ਵਿਕਾਸ ਵਿਹਾਰ, ਬਾਬਾ ਰਾਮ ਲਾਲ ਨਗਰ, ਬਸਤੀ ਨਿਜ਼ਾਮਦੀਨ ਆਨੰਦ ਐਵੀਨਿਊ, ਰਿਖੀ ਕਲਾਨੀ, ਗੁਰਨਾਨਕ ਨਗਰ, ਬਲਾਕੀ ਵਾਲਾ ਖੂਹ, ਅਮਰ ਨਗਰ, ਬਾਬਾ ਐਨਕਲੇਵ, ਮੋਗਾ ਰੋਡ, ਸਰਕਟ ਹਾਊਸ, ਮੱਲਵਾਲ, ਬਜੀਦਪੁਰ, ਬੀਐੱਸਐੱਫ ਹੈੱਡ ਕੁਆਟਰ, ਬੀਐੱਸਐੱਫ ਕਲੋਨੀ, ਐੱਸਬੀਐੱਸ ਕਾਲਜ, ਕ੍ਰਿਸ਼ਨਾ ਇਨਕਲੇਵ, ਗੋਬਿੰਦ ਇਨਕਲੇਵ, ਪਾਇਨੀਅਰ ਕਲੋਨੀ, ਗੱਜਣ ਸਿੰਘ ਕਲੋਨੀ, ਨੂਰਪੁਰ ਸੇਠਾਂ, ਚੁੰਗੀ ਨੰ-8, ਬਸਤੀ ਟੈਂਕਾਂਵਾਲੀ, ਚਮਰੰਗ ਮੰਡੀ, ਘੁੰਮਹਾਰ ਮੰਡੀ, ਬੱਸ ਸਟੈਂਡ ਕੈਂਟ ਸਾਈਡ ਦੇ ਇਲਾਕਿਆਂ ਸ਼ਾਮਲ ਹਨ।

# ਭਾਰੀ ਮਾਤਰਾ 'ਚ ਲਾਹਣ ਤੇ ਸ਼ਰਾਬ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੂਚਨਾ ਦੇ ਆਧਾਰ 'ਤੇ ਥਾਣਾ ਸਦਰ ਦੀ ਪੁਲਸ ਨੇ ਸਤਲੁਜ ਦਰਿਆ ਇਲਾਕੇ ਵਿੱਚ ਛਾਪਾ ਮਾਰ ਕੇ 9600 ਲੀਟਰ ਲਾਹਣ ਤੇ 110 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕੀਤੀ ਹੈ।ਹੈੱਡ ਕਾਂਸਟੇਬਲ ਪਰਮਜੀਤ ਸਿੰਘ ਨੇ ਦੱਸਿਆ ਕਿ ਸੂਚਨਾ ਮਿਲੀ ਸੀ ਕਿ ਕਾਲਾ ਸਿੰਘ ਕਾਲੀ, ਵੀਰ ਸਿੰਘ ਭਿੰਡੀ, ਕਾਲਾ ਉਰਫ ਕਾਲੀ, ਜੋਤੀ ਤੇ ਕੀਤੂ ਵੱਡੇ ਪੱਧਰ 'ਤੇ ਨਜਾਇਜ਼ ਸ਼ਰਾਬ ਬਣਾਉਣ ਦੀ ਤਿਆਰੀ ਕਰ ਰਹੇ ਹਨ, ਉਥੇ ਛਾਪੇਮਾਰੀ ਦੌਰਾਨ 9600 ਲੀਟਰ ਲਾਹਣ ਬਰਾਮਦ ਹੋਈ, ਜਦਕਿ ਮੁਲਜ਼ਮ ਫਰਾਰ ਹੋ ਗਿਆ।ਏ.ਐੱਸ.ਆਈ. ਬਲਵਿੰਦਰ ਸਿੰਘ ਨੇ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਪਿੰਡ ਅਲੀਕੇ 'ਚ ਨਾਕਾ ਲਗਾ ਕੇ ਸੁੱਖਾ ਵਾਸੀ ਅਲੀਕੇ ਨੂੰ 110 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਗਿਆ। ਸਾਰੇ ਮੁਲਜ਼ਮਾਂ ਖ਼ਿਲਾਫ਼ ਆਬਕਾਰੀ ਐਕਟ ਤਹਿਤ ਕੇਸ ਦਰਜ ਕਰ ਲਿਆ ਹੈ।

# ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਲੱਗਣ ਵਾਲੇ ਧਰਨਿਆਂ ਦੀ ਤਿਆਰੀ ਮੁਹਿੰਮ ਜ਼ੋਰਾਂ 'ਤੇ

## ਤਿਆਰੀ ਸੰਬੰਧੀ ਪਿੰਡ-ਪਿੰਡ ਕੀਤੇ ਜਾ ਰਹੇ ਨੇ ਜਲਸੇ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਸੂਬਾ ਪੱਧਰੀ ਵਿੱਢੀ ਮੁਹਿੰਮ ਤਹਿਤ 22 ਤੋਂ 26 ਜਨਵਰੀ ਤੱਕ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਲੱਗਣ ਵਾਲੇ ਧਰਨੇ ਸੰਬੰਧੀ ਬਲਾਕ ਤਲਵੰਡੀ ਸਾਬੋ ਵੱਲੋਂ ਪਿੰਡ ਪੱਧਰੀ ਮੀਟਿੰਗਾਂ ਕੀਤੀਆਂ ਗਈਆਂ।ਇਨ੍ਹਾਂ ਮੀਟਿੰਗਾਂ ਵਿੱਚ ਪੰਜਾਬ ਸਰਕਾਰ ਵੱਲੋਂ ਨਵੀ ਕਿਸਾਨ ਹਿੱਤੀ ਖੇਤੀ ਨੀਤੀ ਲਾਗੂ ਕਰਵਾਉਣ ਲਈ ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ ਖੇਤੀ ਮਸਲੇ ਹੱਲ ਕਰਵਾਏ ਜਾ ਸਕਣ। ਮੀਟਿੰਗਾਂ ਵਿੱਚ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਸਾਰੀਆਂ ਫ਼ਸਲਾਂ ਦੇ ਐੱਮ ਐੱਸ ਪੀ ਮੁੱਲਾਂ 'ਤੇ ਵਿਕਰੀ ਯਕੀਨੀ, ਸੰਪੂਰਨ ਕਰਜ਼ ਮੁਆਫ਼ੀ, ਕਿਸਾਨ ਪੈਨਸ਼ਨ ਤੇ ਹੋਰ ਲਮਕਦੀਆਂ ਮੰਗਾਂ ਬਾਰੇ ਚਰਚਾ ਕੀਤੀ ਅਤੇ 22 ਤੋਂ 26 ਜਨਵਰੀ ਤੱਕ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਲੱਗਣ ਵਾਲੇ ਧਰਨਿਆਂ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।ਇਸ ਸਮੇਂ ਸ਼ਹੀਦ ਭਗਤ ਸਿੰਘ ਕਲਾ ਮੰਚ ਚੜਿੱਕ, ਮੋਗਾ ਵੱਲੋਂ ਜੌਨ ਸੈਮੂਅਲ ਦਾ ਲਿਖਿਆ ਨਾਟਕ 'ਕਿਰਤੀ' ਖੇਡਿਆ ਗਿਆ, ਜੋ ਲੋਕ ਮਨਾਂ ਨੂੰ ਪ੍ਰਭਾਵਿਤ ਕਰਦਾ ਹੋਇਆ ਅਮਿੱਟ ਯਾਦ ਛੱਡਦਾ ਸੰਪੰਨ ਹੋਇਆ।ਅੱਜ ਬਹਿਮਣ ਕੌਰ ਸਿੰਘ, ਸੰਗਤ ਖੁਰਦ ਵਿਖੇ ਮੀਟਿੰਗ ਤੇ ਨੁੱਕੜ ਨਾਟਕ ਖੇਡਿਆ ਗਿਆ।ਕੱਲ੍ਹ ਵੀ ਇਸੇ ਲੜੀ ਤਹਿਤ ਪਿੰਡ ਇਕਾਈ ਲਾਲੇਆਣਾ, ਜੀਵਨ ਸਿੰਘ ਵਾਲਾ ਤੇ ਚੱਠੇਵਾਲਾ ਵਿਖੇ ਵੀ ਮੀਟਿੰਗਾਂ ਤੇ ਨਾਟਕ ਖੇਡੇ ਗਏ।ਇਸ ਸਮੇਂ ਬਿੰਦਰ ਸਿੰਘ ਜੋਗੇਵਾਲਾ, ਕਾਲਾ ਸਿੰਘ ਚੱਠੇ ਵਾਲਾ, ਕੁਲਵਿੰਦਰ ਸਿੰਘ ਜੋਗੇਵਾਲਾ, ਰਣਜੋਧ ਸਿੰਘ ਮਾਹੀ ਨੰਗਲ ਨੇ ਵੀ ਸੰਬੋਧਨ ਕੀਤਾ ਤੇ ਬਠਿੰਡਾ ਡੀ ਸੀ ਦਫਤਰ ਵਿਖੇ ਲੱਗਣ ਵਾਲੇ ਧਰਨੇ ਵਿੱਚ ਪਹੁੰਚਣ ਦੀ ਅਪੀਲ ਕੀਤੀ।

# ਗੰਨਾ ਕਾਸ਼ਤਕਾਰਾਂ ਨਾਲ ਖਿਲਵਾੜ ਕਰਨ ਵਾਲੇ ਮਿੱਲ ਮਾਲਕਾਂ 'ਤੇ ਵੀ ਲੱਗੇ 'ਐੱਨ.ਐੱਸ.ਏ' : ਮਾਨ

**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**



ਭਗਵਾਨਪੁਰਾ ਖੰਡ ਮਿੱਲ ਧੂਰੀ ਦੇ ਮਾਲਕਾਂ ਤੇ ਪ੍ਰਬੰਧਕਾਂ ਦੀਆਂ ਗਲਤ ਨੀਤੀਆਂ ਦੀ ਬਦੌਲਤ ਗੰਨਾ ਕਾਸ਼ਤਕਾਰਾਂ ਨਾਲ ਹੋਏ ਜਬਰ ਕਾਰਨ ਕਿਸਾਨਾਂ ਵਿੱਚ ਵੱਡਾ ਰੋਸ ਪੈਦਾ ਹੋ ਚੁੱਕਾ ਹੈ, ਜਿਸ ਕਾਰਨ ਗੰਨਾ ਕਾਸ਼ਤਕਾਰਾਂ ਨੂੰ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ, ਪਰ ਮਿੱਲ ਮਾਲਕਾਂ ਤੇ ਸਰਕਾਰ ਵੱਲੋਂ ਗੰਨਾ ਕਾਸ਼ਤਕਾਰਾਂ ਦੀ ਵੱਡੀ ਮੁਸ਼ਕਲ ਨੂੰ ਹੱਲ ਕਰਨ ਦੀ ਬਜਾਏ ਮਿੱਲ ਚਲਾਉਣ ਤੋਂ ਆਪਣਾ ਪੱਲਾ ਝਾੜ ਲਿਆ ਹੈ। ਇਸ ਕਾਰਨ ਇਲਾਕੇ ਦੇ ਹਜ਼ਾਰਾਂ ਗੰਨਾ ਕਾਸ਼ਤਕਾਰਾਂ ਦੀ ਆਰਥਿਕ ਹਾਲਤ ਵਿਗੜ ਰਹੀ ਹੈ ਤੇ ਇਸ ਲਈ ਇਹ ਮਿੱਲ ਮਾਲਕ ਤੇ ਪ੍ਰਬੰਧਕਾਂ ਦੀਆਂ ਦਿਸ਼ਾਹੀਣ ਨੀਤੀਆ ਜ਼ਿੰਮੇਵਾਰ ਹਨ।ਇਨ੍ਹਾਂ ਨੇ ਪੰਜਾਬ ਦੇ ਕਿਸਾਨਾਂ ਦੀ ਮਾਲੀ ਹਾਲਤ ਨਾਲ ਵੱਡਾ ਖਿਲਵਾੜ ਕੀਤਾ ਹੈ, ਇਸ ਲਈ ਇਨ੍ਹਾਂ ਉਤੇ ਤੁਰੰਤ ਐੱਨ.ਐੱਸ.ਏ. ਲੱਗਣਾ ਚਾਹੀਦਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਨੇ ਕਰਦਿਆਂ ਕਿਹਾ ਕਿ 50 ਫੀਸਦੀ ਗੰਨੇ ਦੀ ਫ਼ਸਲ ਅਜੇ ਕਿਸਾਨਾਂ ਦੇ ਖੇਤਾਂ ਵਿੱਚ ਖੜੀ ਹੈ।ਉਨ੍ਹਾ ਸਰਕਾਰ ਨੂੰ ਮਿੱਲ ਆਪਣੇ ਹੱਥਾਂ ਵਿੱਚ ਲੈ ਕੇ ਚਲਾਉਣ ਦੀ ਮੰਗ ਕਰਦਿਆਂ ਕਿਹਾ ਕਿ ਗੰਨਾ ਕਾਸ਼ਤਕਾਰਾਂ ਦੀ ਮਾਲੀ ਹਾਲਤ ਦੇ ਵੱਡੇ ਹੋਣ ਵਾਲੇ ਨੁਕਸਾਨ ਨੂੰ ਬਚਾਉਣ ਲਈ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।

# ਉੱਘੇ ਸ਼ਾਇਰ ਤੇ ਭਾਸ਼ਾ ਅਫ਼ਸਰ ਅਜੀਤਪਾਲ ਜਾਟਣਾ ਦਾ ਸਨਮਾਨ



ਸ੍ਰੀ ਸੁਰਿੰਦਰ ਨਾਥ ਮਾਸਟਰ ਜੀ ਯਾਦਗਾਰੀ ਸਾਹਿਤਕ ਸਨਮਾਨ ਸ਼ਾਇਰ ਅਜੀਤਪਾਲ ਜਾਟਣਾ ਨੂੰ ਪ੍ਰਦਾਨ ਕਰਨ ਮੌਕੇ ਪ੍ਰਧਾਨਗੀ ਮੰਡਲ ਤੇ ਸਮੂਹ ਮੈਂਬਰ।

**ਕੋਟ ਈਸੇ ਖਾਂ (ਪੱਤਰ ਪ੍ਰੇਰਕ)**-ਸਥਾਨਕ ਸਾਹਿਤਕ ਸੰਸਥਾ ਨਵ-ਪੰਜਾਬੀ ਸਾਹਿਤ ਸਭਾ ਵੱਲੋਂ ਹਰ ਸਾਲ ਦੀ ਤਰ੍ਹਾਂ ਸਨਮਾਨ ਸਮਾਗਮ ਜੀਤਾ ਸਿੰਘ ਨਾਰੰਗ ਦੀ ਅਗਵਾਈ ਹੇਠ ਸਰਕਾਰੀ ਹਾਈ ਸਕੂਲ ਜ਼ੀਰਾ ਰੋਡ ਵਿਖੇ ਕੀਤਾ ਗਿਆ।ਇਸ ਸਮਾਗਮ ਦਾ ਸੰਚਾਲਨ ਕਰਦੇ ਹੋਏ ਪ੍ਰੋ. ਗੁਰਦੀਪ ਸਿੰਘ ਖਿੰਡਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਭਾ ਦੇ ਸਰਗਰਮ ਮੈਂਬਰ ਲੇਖਕ ਵਿਵੇਕ ਕੋਟ ਈਸੇ ਖਾਂ ਵੱਲੋਂ ਆਪਣੇ ਪਿਤਾ ਦੀ ਯਾਦ ਵਿੱਚ ਸਥਾਪਤ ਸਨਮਾਨ ਇਸ ਵਾਰ ਉੱਘੇ ਸ਼ਾਇਰ ਤੇ ਭਾਸ਼ਾ ਅਫ਼ਸਰ ਅਜੀਤਪਾਲ ਜਾਟਣਾ ਨੂੰ ਪ੍ਰਦਾਨ ਕੀਤਾ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਮੰਡਲ ਵਿੱਚ ਮੁੱਖ ਮਹਿਮਾਨ ਤੋਂ ਇਲਾਵਾ ਪ੍ਰੌੜ ਗ਼ਜ਼ਲਕਾਰ ਜੀਵਨ ਸਿੰਘ ਹਾਨੀ ਤੇ ਜੀਤਾ ਸਿੰਘ ਨਾਰੰਗ ਸੁਸ਼ੋਭਿਤ ਹੋਏ।ਸਭ ਤੋਂ ਪਹਿਲਾਂ ਕਹਾਣੀਕਾਰ ਗੁਰਮੀਤ ਕੜਿਆਲਵੀ ਨੇ ਮੁੱਖ ਮਹਿਮਾਨ ਦੇ ਸਾਹਿਤਕ ਜੀਵਨ ਬਾਰੇ ਦੱਸਿਆ ਤੇ ਕਿਹਾ ਕਿ ਅਜੀਤਪਾਲ ਪੰਜਾਬੀ ਸਾਹਿਤ ਦਾ ਸੰਵੇਦਨਸ਼ੀਲ ਸ਼ਾਇਰ ਹੈ ਅਤੇ ਇਸ ਬਿਨਾਂ ਪੰਜਾਬ ਦੇ ਕਵੀ ਦਰਬਾਰ ਅਧੂਰੇ ਰਹਿੰਦੇ ਹਨ, ਇਸ ਦੀ ਸ਼ਾਇਰੀ ਆਮ ਜੀਵਨ ਦੀਆਂ ਦੁਸ਼ਵਾਰੀਆਂ ਦੀ ਪ੍ਰਤੀਨਿਧਤਾ ਕਰਦੀ ਹੈ।ਕਵੀ ਦਰਬਾਰ ਵਿੱਚ ਸੁਖਚਰਨ ਸਿੰਘ ਸਿੱਧੂ, ਸੁਖਵਿੰਦਰ ਸਿੰਘ ਖਾਰਾ, ਗੁਰਦੇਵ ਸਿੰਘ ਮਰਖਾਈ, ਵਸ਼ਿਕਾ ਚੌਹਾਨ, ਹਰਬਿੰਦਰ ਸਿੰਘ, ਗੁਰਮੀਤ ਭੁੱਲਰ, ਸੁਖਰਾਜ ਸਿੰਘ ਜ਼ੀਰਾ, ਬਲਵਿੰਦਰ ਸਿੰਘ ਬੀ ਏ, ਸੰਤੋਖ ਸਿੰਘ ਮਨੇਸ਼, ਰਾਮ ਪਾਲ ਗਿੱਲ, ਗੁਰਸ਼ਰਨ ਸਿੰਘ, ਮਲਕੀਤ ਸਿੰਘ ਅਵਤਾਰ ਕਮਾਲ, ਗੁਰਪ੍ਰੀਤ ਸਿੰਘ, ਵਿਵੇਕ, ਹਰੀਦਾਸ ਚੌਹਾਨ, ਪ੍ਰਦੀਪ ਸਿੰਘ ਰੱਖੜਾ, ਪਵਨ ਅਰੋੜਾ, ਕਾਂਗਰਸੀ ਆਗੂ ਕ੍ਰਿਸ਼ਨ ਤਿਵਾੜੀ, ਚੰਦਰ ਮੋਹਨ, ਤੀਰਥ ਸਿੰਘ ਮੱਲੀ, ਸ਼ੁਭਮ ਚੌਹਾਨ ਆਦਿ ਨੇ ਕਾਵਿ ਰਚਨਾਵਾਂ ਸੁਣਾਈਆਂ ਤੇ ਸਾਹਿਤਕ ਮਾਹੌਲ ਦੀ ਉਸਾਰੀ ਕੀਤੀ।ਪ੍ਰੋ. ਗੁਰਦੀਪ ਸਿੰਘ ਖਿੰਡਾ ਨੇ ਮਾਸਟਰ ਸੁਰਿੰਦਰ ਨਾਥ ਦੇ ਜੀਵਨ ਬਾਰੇ ਪਰਚਾ ਪੜ੍ਹਿਆ।ਇਸ ਤੋਂ ਬਾਅਦ ਸਮੂਹ ਹਾਜ਼ਰੀਨ ਤੇ ਪ੍ਰਧਾਨਗੀ ਮੰਡਲ ਨੇ ਸ਼ਾਇਰ ਅਜੀਤਪਾਲ ਜਾਟਣਾ ਦੇ ਸਨਮਾਨ ਦੀ ਰਸਮ ਨਿਭਾਈ।ਵਿਵੇਕ ਤੇ ਜੀਤਾ ਸਿੰਘ ਨਾਰੰਗ ਨੇ ਇਸ ਪ੍ਰੋਗਰਾਮ ਦੀ ਸਫਲਤਾ ਲਈ ਆਏ ਮੈਂਬਰਾਂ ਦਾ ਧੰਨਵਾਦ ਕੀਤਾ।

# ਜਮਹੂਰੀ ਅਧਿਕਾਰ ਸਭਾ ਵੱਲੋਂ ਈ ਵੀ ਐੱਮ ਦੀ ਥਾਂ ਬੈਲਟ ਪੇਪਰ ਦੀ ਵਰਤੋਂ ਜਾਇਜ਼ ਕਰਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਜਮਹੂਰੀ ਅਧਿਕਾਰ ਸਭਾ ਦੀ ਰਾਮਪੁਰਾ ਫੂਲ ਇਲਾਕਾ ਕਮੇਟੀ ਨੇ ਈ ਵੀ ਐੱਮ ਮਸ਼ੀਨਾਂ ਦੀ ਵਰਤੋਂ ਉੱਪਰ ਆਪਣੀ ਪ੍ਰਤੀਕਿਰਿਆ ਦਰਜ ਕਰਾਉਂਦੇ ਹੋਏ ਈ ਵੀ ਐੱਮ ਮਸ਼ੀਨਾਂ ਦੀ ਥਾਂ ਬੈਲਟ ਪੇਪਰ ਦੀ ਵਰਤੋਂ ਨੂੰ ਜਾਇਜ਼ ਕਰਾਰ ਦਿੱਤਾ ਹੈ।ਆਗੂਆਂ ਨੇ ਸਪੱਸ਼ਟ ਕੀਤਾ ਕਿ ਮੌਜੂਦਾ ਕਿਸੇ ਵੀ ਚੋਣ ਪ੍ਰਬੰਧ ਰਾਹੀਂ ਸਹੀ ਲੋਕ ਪੱਖੀ ਰਾਜ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਦੇਸ਼ ਦੀਆਂ ਸਾਰੀਆਂ ਹੀ ਰਾਜਨੀਤਕ ਪਾਰਟੀਆਂ ਕਾਰਪੋਰੇਟ ਘਰਾਣਿਆਂ ਨਾਲ ਇੱਕਮਿਕ ਹਨ, ਪਰ ਫਿਰ ਵੀ ਈ ਵੀ ਐੱਮ ਦੇ ਸੰਭਾਵਿਤ ਕੰਟਰੋਲ ਰਾਹੀਂ ਕਾਰਪੋਰੇਟ ਘਰਾਣਿਆਂ ਦੁਆਰਾ ਦੇਸ਼ ਦੀ ਰਾਜਨੀਤੀ ਨੂੰ ਕੰਟਰੋਲ ਵਿੱਚ ਕਰਨਾ ਜ਼ਿਆਦਾ ਸੌਖਾ ਹੋ ਜਾਂਦਾ ਹੈ ਅਤੇ ਕਾਰਪੋਰੇਟ ਪੱਖੀ ਨੀਤੀਆਂ ਨੂੰ ਤੇਜ਼ ਕਰਨ ਵਿੱਚ ਆਸਾਨੀ ਹੋ ਜਾਂਦੀ ਹੈ।ਇਲੈਕਟਰੋਨਿਕ ਮੀਡੀਆ 'ਤੇ ਪਹਿਲਾਂ ਹੀ ਪੂਰਾ ਕੰਟਰੋਲ ਕੀਤਾ ਜਾ ਚੁੱਕਾ ਹੈ।ਸੋਸ਼ਲ ਮੀਡੀਆ ਨੂੰ ਹੋਰ ਕੰਟਰੋਲ ਕਰਨ ਬਰੋਡਕਾਸਟ ਵਰਗੇ ਨਵੇਂ ਕਨੂੰਨ ਲਿਆਂਦੇ ਜਾ ਰਹੇ ਹਨ।ਇਸ ਤਰ੍ਹਾਂ ਲੋਕਾਂ ਦੇ ਮੱਤ ਨੂੰ ਮੀਡੀਆ ਰਾਹੀਂ ਕਿਸੇ ਖਾਸ ਪਾਰਟੀ ਦੇ ਹੱਕ ਵਿੱਚ ਹੋਣ ਦਾ ਪ੍ਰਭਾਵ ਬਣਾਇਆ ਜਾ ਸਕਦਾ ਹੈ, ਬਾਅਦ ਵਿਚ ਈਵੀਐੱਮ ਕੰਟਰੋਲ ਰਾਹੀਂ ਉਸ ਪਾਰਟੀ ਨੂੰ ਵੋਟਾਂ ਮਿਲ ਜਾਣੀਆਂ ਸੁਭਾਵਿਕ ਜਿੱਤ ਵੱਜੋ ਦਰਸਾਇਆ ਜਾ ਸਕਦਾ ਹੈ। ਇਹ ਸ਼ੱਕ ਦੀ ਸੰਭਾਵਨਾ ਉਸ ਸਮੇਂ ਹੋਰ ਵੱਧ ਜਾਂਦੀ ਹੈ, ਜਦੋਂ ਵੋਟਾਂ ਦੀ ਹੇਰ ਫੇਰ ਕਰਨ ਦੇ ਤਰੀਕਿਆਂ ਦੇ ਅਨੇਕਾਂ ਪ੍ਰਦਰਸ਼ਨ ਹੋ ਚੁੱਕੇ ਹੋਣ, ਜਿਨ੍ਹਾਂ ਵਿੱਚ ਦਿੱਲੀ ਵਿਧਾਨ ਸਭਾ ਵੀ ਸ਼ਾਮਲ ਹੈ।ਜਦੋਂ ਈ ਵੀ ਐੱਮ ਖਿਲਾਫ ਚੱਲ ਰਹੇ ਅੰਦੋਲਨ ਨੂੰ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੋਵੇ, ਜਦੋਂ ਸੋਸ਼ਲ ਮੀਡੀਆ ਤੋਂ ਈ ਵੀ ਐੱਮ ਖਿਲਾਫ ਪਾਈਆਂ ਪੋਸਟਾਂ ਹਟਵਾਈਆਂ ਜਾ ਰਹੀਆਂ ਹੋਣ, ਜਦੋਂ ਅਸਲ ਈ ਵੀ ਐੱਮ ਮਸ਼ੀਨ ਦੇ ਹਾਰਡਵੇਅਰ ਤੇ ਸਾਫਟਵੇਅਰ ਨੂੰ ਪੂਰੀ ਤਰ੍ਹਾਂ ਚੈੱਕ ਕਰਨ ਦੀ ਇਜਾਜ਼ਤ ਨਾ ਦਿੱਤੀ ਜਾ ਰਹੀ ਹੋਵੇ, ਜਦੋਂ ਦੇਸ਼ ਦਾ ਮਾਹੌਲ ਇਸ ਤਰ੍ਹਾਂ ਦਾ ਹੋਵੇ ਕਿ ਲੋਕ-ਪੱਖੀ ਬੁੱਧੀਜੀਵੀਆਂ ਨੂੰ ਜੇਲ੍ਹਾਂ ਵਿੱਚ ਪਾਇਆ ਜਾ ਰਿਹਾ ਹੋਵੇ, ਜਦੋਂ ਜਾਤ, ਧਰਮ ਦੇ ਨਾਂਅ 'ਤੇ ਲੋਕਾਂ ਨੂੰ ਆਪਸ ਵਿੱਚ ਸ਼ਰੇਆਮ ਲੜਵਾਇਆ ਜਾ ਰਿਹਾ ਹੋਵੇ, ਜਦੋਂ ਇੱਕ ਧਰਮ ਦੇ ਧਾਰਮਿਕ ਸਥਾਨ ਨੂੰ ਢਾਹ ਕੇ ਦੂਜੇ ਧਰਮ ਦੇ ਧਾਰਮਿਕ ਸਥਾਨ ਨੂੰ ਸਥਾਪਤ ਕਰਨ ਨੂੰ ਦੇਸ਼ ਦੇ ਲੋਕਾਂ ਨੂੰ ਅਤੀ ਗੌਰਵ ਮਹਿਸੂਸ ਕਰਵਾਇਆ ਜਾ ਰਿਹਾ ਹੋਵੇ।ਮੀਟਿੰਗ ਵਿੱਚ ਅਵਤਾਰ ਸਿੰਘ, ਭਗਵੰਤ ਸਿੰਘ, ਸਰਮੁਖ ਸਿੰਘ ਸੇਲਬਰਾਹ, ਹਰਜਿੰਦਰ ਸਿੰਘ ਮਹਿਰਾਜ, ਜਗਤਾਰ ਸਿੰਘ, ਬੰਤ ਸਿੰਘ ਭੂੰਦੜ, ਮਾਸਟਰ ਕੋਰ ਸਿੰਘ, ਜਗਦੇਵ ਸਿੰਘ, ਗੁਰਜੀਤ ਸਿੰਘ, ਸੁਰਿੰਦਰ ਵਿਰਦੀ, ਮੇਜਰ ਸਿੰਘ ਅੰਮ੍ਰਿਤਪਾਲ ਮਾੜੀ, ਗਗਨ ਰਾਮਪੁਰਾ ਆਦਿ ਸ਼ਾਮਲ ਸਨ।

# ਵਿਸ਼ਾਲ ਰੱਥ ਯਾਤਰਾ ਨੂੰ ਲੈ ਕੇ ਰਾਮ ਭਗਤਾਂ ਘਰ-ਘਰ ਵੰਡੇ ਸੱਦਾ ਪੱਤਰ

**ਬਾਘਾ ਪੁਰਾਣਾ (ਮਨੀ ਸਿੰਗਲਾ)**



22 ਜਨਵਰੀ ਦੇ ਸ਼ੁਕਲ ਪੱਖ ਨੂੰ ਪਵਿੱਤਰ ਨਗਰੀ ਅਯੁੱਧਿਆ ਧਾਮ 'ਚ ਹੋਣ ਵਾਲੇ ਸ੍ਰੀ ਰਾਮ ਚੰਦਰ ਜੀ ਦੇ ਪ੍ਰਾਣ ਪ੍ਰਤਿਸ਼ਠਾ ਮਹਾਂਉਤਸਵ ਨੂੰ ਲੈ ਕੇ ਸਬ ਡਵੀਜ਼ਨ ਬਾਘਾ ਪੁਰਾਣਾ ਦੀਆਂ ਸਮੂਹ ਧਾਰਮਿਕ, ਸਮਾਜ ਸੇਵੀ ਸੰਸਥਾਵਾਂ ਤੇ ਵਪਾਰਕ ਜਥੇਬੰਦੀਆਂ ਵੱਲੋਂ ਇਸ ਦਿਵਸ ਨੂੰ ਸਾਂਝੇ ਤੌਰ 'ਤੇ ਮਨਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ।ਰਾਮ ਭਗਤਾਂ ਵੱਲੋਂ ਇਸ ਦਿਨ ਨੂੰ ਯਾਦਗਾਰੀ ਤਿਉਹਾਰ ਵਜੋਂ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ।ਸ੍ਰੀ ਰਾਮ ਲੱਲਾ ਉਤਸਵ ਕਮੇਟੀ ਵੱਲੋਂ ਸਮੁੱਚੇ ਸ਼ਹਿਰ ਵਾਸੀਆਂ ਦੇ ਸਹਿਯੋਗ ਦੇ ਨਾਲ 21 ਜਨਵਰੀ ਨੂੰ ਬਾਘਾ ਪੁਰਾਣਾ ਸ਼ਹਿਰ ਅੰਦਰ ਕੱਢੀ ਜਾ ਰਹੀ ਵਿਸ਼ਾਲ ਰੱਥ ਯਾਤਰਾ ਲਈ ਸੱਦਾ ਪੱਤਰ ਕਾਰਡ ਦੁਕਾਨ-ਦੁਕਾਨ 'ਤੇ ਜਾ ਕੇ ਦਿੱਤਾ ਗਿਆ।ਜਾਣਕਾਰੀ ਦਿੰਦਿਆਂ ਸਮਾਜ ਸੇਵੀ ਸੰਸਥਾਵਾਂ ਦੇ ਆਗੂ ਵਿਜੇ ਸ਼ਰਮਾ, ਰੋਸ਼ਨ ਲਾਲ ਰੋਸ਼ੀ, ਬਲਵਿੰਦਰ ਗਰਗ, ਪਵਨ ਗੋਇਲ, ਕੇਵਲ ਕ੍ਰਿਸ਼ਨ ਬਾਸਲ, ਰਾਕੇਸ਼ ਤੋਤਾ, ਅਸ਼ਵਨੀ ਸ਼ਰਮਾ, ਪਵਨ ਗੁਪਤਾ, ਦੀਪਕ ਬੌਬੀ ਤੇ ਸਮੂਹ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਇਲਾਕਾ ਵਾਸੀਆਂ ਨੂੰ ਇਸ ਸਮਾਗਮ 'ਚ ਪਹੁੰਚਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ 22 ਜਨਵਰੀ ਨੂੰ ਅਯੁੱਧਿਆ ਵਿਖੇ ਭਗਵਾਨ ਸ੍ਰੀ ਰਾਮ ਚੰਦਰ ਜੀ ਦੇ ਮੰਦਰ ਦੀ ਪ੍ਰਾਣ ਪ੍ਰਤਿਸ਼ਠਾ ਨੂੰ ਲੈ ਕੇ ਇਲਾਕੇ ਦੇ ਰਾਮ ਭਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਮੌਕੇ ਯਾਦਵਿੰਦਰ ਬਾਂਸਲ, ਸੰਦੀਪ ਗੋਇਲ ਠੰਡੂ, ਦਵਿੰਦਰ ਚੀਕਾ, ਪ੍ਰਧਾਨ ਪਵਨ ਗੋਇਲ, ਤੀਰਥ ਬਾਂਸਲ, ਸੁਰਿੰਦਰ ਬਾਂਸਲ, ਰਜਿੰਦਰ ਗੋਇਲ, ਨਰੇਸ਼ ਜੈਦਕਾ, ਕ੍ਰਿਸ਼ਨ ਗਰਗ, ਅਜੇ ਪੂਰੀ, ਮਨੋਜ਼ ਗੋਇਲ, ਅਸ਼ੋਕ ਸੈਕਟਰੀ, ਸੰਜੀਵ ਮਿੱਤਲ, ਸੰਜੀਵ ਗਰਗ, ਰਾਮ ਲਾਲ ਗਰਗ, ਅਸ਼ੋਕ ਗੋਇਲ, ਕਿਨ ਲੂਥਰਾ, ਚਤੁਰਭੁਜ ਜਿੰਦਲ, ਸੰਜੀਵ ਪਿੰਕਾ, ਯੋਗੇਸ਼ ਯੋਗੀ, ਯਸ਼ਪਾਲ ਗਰਗ, ਬੰਟੀ ਜਿੰਦਲ, ਨੇਮ ਚੰਦ, ਚੰਤਰਭੁੰਜ ਜਿੰਦਲ ਤੇ ਹੋਰ ਵੱਧ ਚੜ੍ਹ ਕੇ ਸਹਿਯੋਗ ਕਰ ਰਹੇ ਹਨ।

# ਮੰਡੀ ਲਾਧੂਕਾ ਨੇੜੇ ਸੜਕ ਹਾਦਸੇ 'ਚ ਦੋ ਦੀ ਮੌਤ, 3 ਜ਼ਖ਼ਮੀ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**

ਮੰਡੀ ਲਾਧੂਕਾ ਨੇੜੇ ਮੋਟਰਸਾਈਕਲ ਰੇਹੜੀ ਦੀ ਕਾਰ ਨਾਲ ਟੱਕਰ ਹੋਣ ਕਾਰਨ ਵੱਡਾ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿੱਚ ਕਾਰ ਵਿੱਚ ਸਵਾਰ 4 ਸਰਕਾਰੀ ਕਰਮਚਾਰੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ। ਇਸ ਤੋਂ ਇਲਾਵਾ ਮੋਟਰਸਾਈਕਲ ਰੇਹੜੀ ਦਾ ਡਰਾਈਵਰ ਵੀ ਜ਼ਖ਼ਮੀ ਹੋ ਗਿਆ, ਜਿਨ੍ਹਾਂ ਨੂੰ ਇਲਾਜ ਲਈ ਫਾਜ਼ਿਲਕਾ ਦੇ ਸਰਕਾਰੀ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ 2 ਨੂੰ ਮ੍ਰਿਤਕ ਐਲਾਨ ਦਿੱਤਾ। ਉਧਰ ਪੁਲਸ ਨੇ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਹਰੀਸ਼ ਨੱਢਾ ਨੇ ਦੱਸਿਆ ਕਿ ਚਾਰ ਮੁਲਾਜ਼ਮ ਆਪਣੀ ਸਰਕਾਰੀ ਕਾਰ ਵਿੱਚ ਜਾ ਰਹੇ ਸਨ। ਆਰ ਟੀ ਓ ਤੇ ਏ ਡੀ ਸੀ ਰਵਿੰਦਰ ਅਰੋੜਾ ਦੀ ਕਾਰ ਉਨ੍ਹਾਂ ਦੇ ਅੱਗੇ ਜਾ ਰਹੀ ਸੀ। ਜਦੋਂ ਉਹ ਮੰਡੀ ਲਾਧੂਕਾ ਦੇ ਬੱਸ ਸਟੈਂਡ ਨੇੜੇ ਪੁੱਜੇ ਤਾਂ ਇਕ ਮੋਟਰਸਾਈਕਲ ਰੇਹੜੀ ਚਾਲਕ ਨੇ ਅਚਾਨਕ ਆਪਣੀ ਮੋਟਰਸਾਈਕਲ ਰੇਹੜੀ ਨੂੰ ਮੋੜ ਦਿੱਤਾ, ਜਿਸ ਕਾਰਨ ਉਨ੍ਹਾਂ ਦੀ ਕਾਰ ਉਕਤ ਮੋਟਰਸਾਈਕਲ ਰੇਹੜੀ ਨਾਲ ਟਕਰਾ ਗਈ ਅਤੇ ਬਾਅਦ ਵਿੱਚ ਸੜਕ ਦੇ ਹੇਠਾਂ ਖੇਤਾਂ ਵਿੱਚ ਦਰੱਖਤ ਨਾਲ ਜਾ ਟਕਰਾਈ। ਇਸ ਹਾਦਸੇ 'ਚ ਕਾਰ ਵਿੱਚ ਸਵਾਰ 4 ਲੋਕ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ। ਉਨ੍ਹਾਂ ਨੂੰ ਐਂਬੂਲੈਂਸ ਦੀ ਮਦਦ ਨਾਲ ਫਾਜ਼ਿਲਕਾ ਦੇ ਸਰਕਾਰੀ ਹਸਪਤਾਲ ਲਿਜਾਇਆ ਗਿਆ, ਪਰ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਹੋਮਗਾਰਡ ਜਵਾਨ ਦੇਸ ਰਾਜ ਤੇ ਆਰ ਟੀ ਓ ਡਰਾਈਵਰ ਬਲਦੇਵ ਸਿੰਘ ਵਾਸੀ ਜਲਾਲਾਬਾਦ ਦੀ ਮੌਤ ਹੋ ਗਈ, ਜਦੋਂਕਿ ਗਗਨਦੀਪ ਵਾਸੀ ਰਾਣਾ ਤੇ ਸੰਦੀਪ ਕੁਮਾਰ ਵਾਸੀ ਨਵੀਂ ਅਬਾਦੀ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਫਾਜ਼ਿਲਕਾ ਦੇ ਸਰਕਾਰੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਇਸ ਤੋਂ ਇਲਾਵਾ ਰੇਹੜੀ ਵਾਲਾ ਵੀ ਗੰਭੀਰ ਜ਼ਖ਼ਮੀ ਹੋ ਗਿਆ, ਜਿਸ ਨੂੰ ਵੀ ਇਲਾਜ ਲਈ ਸਰਕਾਰੀ ਹਸਪਤਾਲ ਫਾਜ਼ਿਲਕਾ ਵਿਖੇ ਦਾਖਲ ਕਰਵਾਇਆ ਗਿਆ ਹੈ। ਰੇਹੜੀ ਵਾਲੇ ਦਾ ਨਾਂ ਦਰਸ਼ਨ ਸਿੰਘ ਦੱਸਿਆ ਜਾ ਰਿਹਾ ਹੈ।

ਸੂਚਨਾ ਮਿਲਣ 'ਤੇ ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਨੇ ਫਾਜ਼ਿਲਕਾ ਦੇ ਸਿਵਲ ਹਸਪਤਾਲ ਪਹੁੰਚ ਕੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਦਿਲਾਸਾ ਦਿੱਤਾ। ਇਸ ਮੌਕੇ ਪੁੱਜੇ ਵਿਧਾਇਕ ਨਰਿੰਦਰਪਾਲ ਸਿੰਘ ਸਵਾਨਾ ਨੇ ਦੱਸਿਆ ਕਿ ਮੌਸਮ ਵਿਭਾਗ ਵੱਲੋਂ ਪਹਿਲਾਂ ਹੀ ਅਲਰਟ ਜਾਰੀ ਕੀਤਾ ਗਿਆ ਹੈ ਕਿ ਧੁੰਦ ਦੇ ਮੌਸਮ ਦੌਰਾਨ ਲੋਕ ਘਰਾਂ ਤੋਂ ਬਾਹਰ ਨਾ ਨਿਕਲਣ। ਵਿਧਾਇਕ ਨੇ ਕਿਹਾ ਕਿ ਲੋਕ ਸਿਰਫ ਲੋੜ ਪੈਣ 'ਤੇ ਹੀ ਬਾਹਰ ਨਿਕਲਣ ਤੇ ਆਪਣੇ ਵਾਹਨ ਹੌਲੀ-ਹੌਲੀ ਚਲਾਉਣ, ਕਿਉਂਕਿ ਧੁੰਦ ਕਾਰਨ ਕਈ ਘਟਨਾਵਾਂ ਸਾਹਮਣੇ ਆ ਰਹੀਆਂ ਹਨ।

# ਚੌਥਾ ਦਰਜਾ ਕਰਮਚਾਰੀ 26 ਨੂੰ ਰਾਜਪਾਲ ਨੂੰ ਦੇਣਗੇ ਮੰਗਾਂ ਦਾ ਯਾਦ ਪੱਤਰ : ਦਰਸ਼ਨ ਲੁਬਾਣਾ




**ਪਟਿਆਲਾ (ਨ ਜ਼ ਸ)**-ਸਰਕਾਰੀ ਤੇ ਅਰਧ-ਸਰਕਾਰੀ ਵਿਭਾਗਾਂ ਵਿਚਲੇ ਮੁਲਾਜ਼ਮਾਂ, ਪੈਨਸ਼ਨਰਜ਼, ਪੁਰਾਣੀ ਪੈਨਸ਼ਨ ਬਹਾਲੀ ਤੇ ਕੱਚੇ ਮੁਲਾਜ਼ਮਾਂ ਸਮੇਤ ਸਕੀਮ ਕਰਮੀਆਂ ਦੀਆਂ ਮੰਗਾਂ ਨੂੰ ਆਪ ਸਰਕਾਰ ਦੇ ਸਾਲਾਂ ਤੋਂ ਲਗਾਤਾਰ ਅੱਖੋਂ ਓਹਲੇ ਕਰਨ ਦੇ ਵਿਰੋਧ ਵਿੱਚ ਗਣਤੰਤਰ ਦਿਵਸ 'ਤੇ ਮੁੱਖ ਮੰਤਰੀ ਸਮੇਤ ਕੈਬਨਿਟ ਮੰਤਰੀਆਂ ਨੂੰ ਵੱਡੀ ਇਕੱਤਰਤਾ ਕਰਕੇ ਮੰਗਾਂ ਦੇ ਯਾਦ ਪੱਤਰ ਦਿੱਤੇ ਜਾਣਗੇ।ਇੱਥੇ ਸਟੇਟ ਕਾਲਜ ਆਫ ਐਜੂਕੇਸ਼ਨ ਅੱਗੇ ਚੌਥਾ ਦਰਜਾ ਮੁਲਾਜ਼ਮਾਂ ਵੱਲੋਂ ਗੇਟ ਰੈਲੀ ਸਮੇਂ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸੂਬਾ ਜਨਰਲ ਸਕੱਤਰ ਬਲਜਿੰਦਰ ਸਿੰਘ ਨੇ ਇੱਕ ਪ੍ਰੈੱਸ ਨੋਟ ਜਾਰੀ ਕਰਕੇ ਦੱਸਿਆ ਕਿ ਪੰਜਾਬ ਦੇ ਰਾਜਪਾਲ ਸ੍ਰੀ ਬਨਵਾਰੀ ਲਾਲ ਪੁਰੋਹਿਤ ਪਟਿਆਲਾ ਵਿਖੇ ਕੌਮੀ ਝੰਡਾ ਲਹਿਰਾਉਣ ਲਈ 26 ਜਨਵਰੀ ਨੂੰ ਪੁੱਜ ਰਹੇ ਹਨ।ਇਸ ਮੌਕੇ ਮੁਲਾਜ਼ਮਾਂ, ਪੈਨਸ਼ਨਰਾਂ ਵੱਲੋਂ 2004 ਦੀ ਪੈਨਸ਼ਨ ਬਹਾਲੀ ਤੇ ਕੱਚੇ ਮੁਲਾਜ਼ਮਾਂ ਸਮੇਤ ਸਕੀਮ ਵਰਕਰਾਂ ਨੇ ਸੰਘਰਸ਼ ਕਰਕੇ ਮੁੱਖ ਮੰਤਰੀ ਤੇ ਵਿੱਤ ਮੰਤਰੀ ਨੂੰ ਦਿੱਤੇ ਮੰਗ ਪੱਤਰਾਂ ਦਾ ਮੈਮੋਰੰਡਮ ਆਪ ਸਰਕਾਰ ਦੇ ਲਾਰਿਆਂ ਵਿਰੁੱਧ ਇਕੱਤਰਤਾ ਰਾਹੀਂ ਰੋਸ ਮਾਰਚ ਕਰਕੇ ਦਿੱਤਾ ਜਾਵੇਗਾ, ਜਿਸ ਦੀਆਂ ਤਿਆਰੀਆਂ ਵਜੋਂ ਗੇਟ ਰੈਲੀਆਂ ਕੀਤੀਆਂ ਜਾ ਰਹੀਆਂ ਹਨ।ਪੰਜਾਬ ਵਿਚਲੇ ਸਰਕਾਰੀ ਕਾਲਜਾਂ ਵਿੱਚ ਕੰਮ ਕਰਦੇ ਕੱਚੇ ਕਰਮੀਆਂ ਨੂੰ ਪੱਕਾ ਕਰਵਾਉਣ ਤੇ 27 ਸਤੰਬਰ 2023 ਨੂੰ ਡਾਇਰੈਕਟਰ ਸਿੱਖਿਆ ਵਿਭਾਗਾਂ (ਕਾਲਜਾਂ) ਵੱਲੋਂ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ ਕਾਲਜਾਂ ਅੱਗੇ ਪੜਾਅਵਾਰ ਰੈਲੀਆਂ ਵੀ ਕੀਤੀਆਂ ਜਾਣਗੀਆਂ।ਇਸ ਮੌਕੇ ਦਰਸ਼ਨ ਸਿੰਘ ਲੁਬਾਣਾ, ਬਲਜਿੰਦਰ ਸਿੰਘ, ਨਾਰੰਗ ਸਿੰਘ, ਸੂਰਜ ਯਾਦਵ, ਪ੍ਰੀਤਮ ਚੰਦ ਠਾਕੁਰ, ਰਾਮ ਲਾਲ ਰਾਮਾ, ਸ਼ਿਵ ਚਰਨ, ਰਾਮ ਪ੍ਰਸਾਦ ਸਹੋਤਾ, ਬਲਬੀਰ ਸਿੰਘ, ਮੱਖਣ ਸਿੰਘ, ਸੁਨੀਲ ਦੱਤ, ਰਮੇਸ਼ ਕੁਮਾਰ, ਪ੍ਰਕਾਸ਼ ਸਿੰਘ ਲੁਬਾਣਾ, ਹਰਬੰਸ ਸਿੰਘ ਵਰਮਾ, ਲਖਵੀਰ ਸਿੰਘ, ਸੁਭਾਸ਼, ਜਗਤਾਰ ਬਾਬਾ, ਨਿਰਮਲ ਸਿੰਘ, ਦਿਆ ਸ਼ੰਕਰ, ਤਰਲੋਕ ਰਾਮ, ਬੁੱਧ ਰਾਮ ਆਦਿ ਆਗੂ ਹਾਜ਼ਰ ਸਨ।

# ਕੱਖਾਂਵਾਲੀ ਦੇ ਨਸ਼ਾ ਤਕਸਰ ਦੀ 67 ਲੱਖ ਦੀ ਪ੍ਰਾਪਰਟੀ ਸੀਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**



ਭਾਗੀਰਥ ਸਿੰਘ ਮੀਨਾ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਵੱਲੋਂ ਪੁਲਸ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਜਿੱਥੇ ਨਾਕਾਬੰਦੀ ਕਰਕੇ ਸ਼ੱਕੀ ਪੁਰਸ਼ਾਂ ਦੇ ਟਿਕਾਣਿਆਂ 'ਤੇ ਸਰਚ ਆਪ੍ਰੇਸ਼ਨ ਚਲਾਇਆ ਜਾ ਰਿਹਾ ਹੈ, ਉੱਥੇ ਹੀ ਪੁਲਸ ਟੀਮਾਂ ਵੱਲੋਂ ਪਿੰਡਾਂ ਵਿੱਚ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਂਦਿਆਂ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ ਕੀਤੇ ਜਾ ਰਹੇ ਹਨ ਅਤੇ ਨਾਲ ਹੀ ਨਸ਼ੇ ਵੇਚਣ ਵਾਲੇ ਸੌਦਾਗਰਾਂ ਖਿਲਾਫ ਸਖਤ ਕਾਰਵਾਈ ਕਰਦੇ ਹੋਏ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ। ਇਸੇ ਤਹਿਤ ਹੀ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਜਿਨ੍ਹਾਂ ਨਸ਼ਾ ਤਸਕਰਾਂ ਖਿਲਾਫ ਐੱਨ.ਡੀ.ਪੀ.ਐੱਸ. ਐਕਟ ਦੇ ਕਮਰਸ਼ੀਅਲ ਮਾਤਰਾ ਦੇ ਮੁਕੱਦਮੇ ਦਰਜ ਹਨ, ਉਨ੍ਹਾਂ ਵੱਲੋਂ ਨਸ਼ਾ ਤਸਕਰੀ ਰਾਹੀਂ ਬਣਾਈ ਗਈ ਪ੍ਰਾਪਰਟੀ ਨੂੰ ਫਰੀਜ਼ ਕਰਵਾਉਣ ਲਈ 68-ਐੱਫ ਐੱਨ.ਡੀ.ਪੀ.ਐੱਸ. ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਭੇਜਿਆ ਜਾ ਰਿਹਾ ਹੈ। ਇਸੇ ਤਹਿਤ ਜਸਪਾਲ ਸਿੰਘ ਡੀ.ਐੱਸ.ਪੀ. ਲੰਬੀ ਦੀ ਨਿਗਰਾਨੀ ਹੇਠ ਇੰਸਪੈਕਟਰ ਮਨਿੰਦਰ ਸਿੰਘ ਮੁੱਖ ਅਫਸਰ ਥਾਣਾ ਕਿੱਲਿਆਂਵਾਲੀ ਵੱਲੋਂ ਪਿੰਡ ਕੱਖਾਂਵਾਲੀ ਦੇ ਨਸ਼ਾ ਤਸਕਰ ਦੇ ਘਰ ਨੂੰ ਸੀਲ ਕੀਤਾ ਗਿਆ ਹੈ।

ਇਸ ਮੌਕੇ ਜਸਪਾਲ ਸਿੰਘ ਡੀ.ਐੱਸ.ਪੀ. ਲੰਬੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਹਰਜੀਤ ਸਿੰਘ ਪੁੱਤਰ ਪ੍ਰਤਾਪ ਸਿੰਘ ਵਾਸੀ ਪਿੰਡ ਕੱਖਾਂਵਾਲੀ, ਜਿਸ ਖਿਲਾਫ ਐੱਨ.ਡੀ.ਪੀ.ਐੱਸ. ਐਕਟ ਥਾਣਾ ਲੰਬੀ ਵਿਖੇ ਕੇਸ ਦਰਜ ਹੈ, ਜਿਸ ਵਿੱਚ ਇਸ ਪਾਸੋਂ ਕਮਰਸ਼ੀਅਲ ਕੁਆਂਟਿਟੀ ਦੇ ਨਸ਼ੇ ਬਰਾਮਦ ਹੋਏ ਸਨ। ਹਰਜੀਤ ਸਿੰਘ ਪੁੱਤਰ ਪ੍ਰਤਾਪ ਸਿੰਘ ਵਾਸੀ ਪਿੰਡ ਕੱਖਾਂਵਾਲੀ ਵੱਲੋਂ ਨਸ਼ਾ ਤਸਕਰੀ ਕਰਕੇ ਪ੍ਰਾਪਰਟੀ ਗਈ ਬਣਾਈ ਹੈ, ਜਿਸ ਦੀ ਕੁੱਲ ਕੀਮਤ 67 ਲੱਖ ਰੁਪਏ ਬਣਦੀ ਹੈ, ਜਿਸ ਦੀ ਅਟੈਚਮੈਂਟ ਲਈ 68 ਐੱਫ ਐੱਨ.ਡੀ.ਪੀ.ਐੱਸ. ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਭੇਜਿਆ ਸੀ, ਜਿਸ ਦੇ ਆਰਡਰ ਮੌਸੂਲ ਹੋਣ 'ਤੇ ਉਸ ਦੇ ਘਰ ਦੇ ਬਾਹਰ ਨੋਟਿਸ ਲਗਾਇਆ ਗਿਆ ਹੈ ਕਿ ਹੁਣ ਉਹ ਇਹ ਘਰ ਵੇਚ ਨਹੀਂ ਸਕੇਗਾ ਤੇ ਜਿਸ ਦਾ ਕੇਸ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਚੱਲੇਗਾ। ਡੀ.ਐੱਸ.ਪੀ. ਨੇ ਦੱਸਿਆ ਕਿ ਨਸ਼ੇ ਦੀ ਤਸਕਰੀ ਕਰਨ ਵਾਲੇ ਨੂੰ ਕਦੇ ਵੀ ਬਖਸ਼ਿਆ ਨਹੀਂ ਜਾਵੇਗਾ।

# 26 ਨੂੰ ਸੀ ਐੱਮ ਨੂੰ ਵਾਅਦਾ ਯਾਦ ਕਰਾਇਆ ਜਾਵੇਗਾ : ਮਨਪ੍ਰੀਤ ਮੋਗਾ



**ਕੋਟ ਈਸੇ ਖਾਂ (ਅਰੋੜਾ)**-ਸੂਬਾ ਪ੍ਰਧਾਨ ਮਨਪ੍ਰੀਤ ਸਿੰਘ ਮੋਗਾ ਨੇ ਦੱਸਿਆ ਕਿ ਜੋ ਖਰਾਣੇ ਪਿੰਡ 13 ਜੂਨ 2023 ਤੋਂ ਪੱਕਾ ਮੋਰਚਾ ਚੱਲ ਰਿਹਾ ਸੀ, ਉਸ ਨੂੰ ਲੈ ਕੇ ਸਰਕਾਰ ਦੇ ਮੰਤਰੀਆਂ ਨਾਲ ਸਮੇਂ ਸਮੇਂ 'ਤੇ ਮੀਟਿੰਗਾਂ ਹੋਈਆਂ। ਅਖੀਰ ਸੰਗਰੂਰ 'ਚ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੀਟਿੰਗ ਹੋਈ ਜਿਸ 'ਤੇ ਉਨ੍ਹਾ ਨੇ ਪੂਰਨ ਭਰੋਸਾ ਦਿੱਤਾ ਕਿ ਤੁਹਾਡੀਆਂ ਮੰਗਾਂ ਤੇ ਵਿਚਾਰ ਕਰਕੇ ਇਨ੍ਹਾਂ ਨੂੰ ਪੂਰਾ ਕਰਾਂਗੇ। ਉਨ੍ਹਾ ਕਿਹਾ ਕਿ ਤੁਸੀਂ ਆਪਣਾ ਸੰਘਰਸ਼ ਖਤਮ ਕਰਕੇ ਮੇਰੇ 'ਤੇ ਯਕੀਨ ਕਰਕੇ ਸਾਨੂੰ ਚੰਡੀਗੜ੍ਹ ਮਿਲੋ ਤਾਂ ਜੋ ਅਸੀਂ ਬੈਠ ਕੇ ਤੁਹਾਡੇ ਮਸਲੇ ਦਾ ਹੱਲ ਕਰੀਏ। ਸੋ ਉਨ੍ਹਾ ਦੇ ਕਹਿਣ 'ਤੇ ਵਿਸ਼ਵਾਸ ਕਰਕੇ ਮੈਂ, ਸਾਡੀ ਸਟੇਟ ਕਮੇਟੀ ਤੇ ਆਮ ਕਾਡਰ ਨੇ ਇਹ ਫੈਸਲਾ ਲਿਆ ਕਿ ਮੁੱਖ ਮੰਤਰੀ ਮਾਨ 'ਤੇ ਯਕੀਨ ਕਰਦੇ ਹੋਏ ਇੰਦਰਜੀਤ ਸਿੰਘ ਮਾਨਸਾ ਨੂੰ ਟੈਂਕੀ ਤੋਂ ਉਤਾਰਿਆ ਜਾਵੇ। ਮੁੱਖ ਮੰਤਰੀ ਨੇ ਇਹ ਵਿਸ਼ਵਾਸ ਦਿਵਾਇਆ ਸੀ ਕਿ ਮਾਘੀ ਤੋਂ ਬਾਅਦ ਅਸੀਂ ਤੁਹਾਨੂੰ ਚੰਡੀਗੜ੍ਹ ਬੁਲਾ ਕੇ ਤੁਹਾਡੇ ਰਹਿੰਦੇ ਮਸਲੇ ਜਿਵੇਂ ਪੇ-ਸਕੇਲ ਲਾਗੂ ਕਰਨਾ, ਡੀ.ਏ, ਮੈਡੀਕਲ ਸਹੂਲਤ, ਆਈ.ਈ.ਵੀ ਸਾਥੀਆਂ ਦੀ ਵਧੀ ਯੋਗਤਾ ਐਡ ਕਰਨਾ ਆਦਿ ਸਾਰੇ ਹੱਲ ਕੀਤੇ ਜਾਣਗੇ। ਪਰ ਅਜੇ ਤੱਕ ਪ੍ਰਸ਼ਾਸਨ ਅਤੇ ਸੀ ਐਮ ਹਾਊਸ ਵੱਲੋਂ ਸਾਡੇ ਨਾਲ ਕੋਈ ਰਾਬਤਾ ਨਹੀਂ ਹੋਇਆ। ਇਸ ਲਈ ਅਸੀਂ 26 ਜਨਵਰੀ ਨੂੰ ਸੀ ਐਮ ਭਗਵੰਤ ਸਿੰਘ ਮਾਨ ਨੂੰ ਆਪਣਾ ਵਾਅਦਾ ਯਾਦ ਕਰਾਉਣ ਲਈ ਜਿੱਥੇ ਵੀ ਝੰਡਾ ਲਹਿਰਾਉਣਗੇ ਉਨ੍ਹਾਂ ਨੂੰ ਮਿਲਾਂਗੇ। ਉਨ੍ਹਾਂ ਨੂੰ ਯਾਦ ਕਰਾਇਆ ਜਾਵੇਗਾ ਕਿ ਅਸੀਂ ਤੁਹਾਡੇ ਭਰੋਸੇ 'ਤੇ ਆਪਣੇ ਸੰਘਰਸ਼ ਨੂੰ ਸਮਾਪਤ ਕਰਕੇ ਤੁਹਾਡੇ ਨਾਲ ਗੱਲਬਾਤ ਕਰਨ ਲਈ ਆਏ ਹਾਂ। ਇਸ ਸਮੇਂ ਪਵਨਦੀਪ ਸਿੰਘ, ਮਨਜਿੰਦਰ ਸਿੰਘ, ਹਰਬਿੰਦਰ ਸਿੰਘ, ਨਵਤੇਜ ਸਿੰਘ, ਵੀਰਪਾਲ ਸਿੰਘ, ਰਾਜ ਕੁਮਾਰ, ਮਨਮੋਹਨ ਸਿੰਘ ਆਦਿ ਸਾਥੀ ਹਾਜ਼ਰ ਸਨ।

# 26 ਨੂੰ ਦੇਸ਼ ਦੇ ਕਿਸਾਨਾਂ ਦੀ ਹੋਵੇਗੀ ਟਰੈਕਟਰ ਪਰੇਡ

**ਜਲਾਲਾਬਾਦ (ਜੀਤ ਕੁਮਾਰ)**



ਕਿਰਤੀ ਕਿਸਾਨ ਯੂਨੀਅਨ ਇਕਾਈ ਪਿੰਡ ਚੱਕ ਸੈਦੋਕੇ ਦੀ ਮੀਟਿੰਗ ਇਕਾਈ ਪ੍ਰਧਾਨ ਖੇਤਾ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਵਿਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 26 ਜਨਵਰੀ ਨੂੰ ਜਲਾਲਾਬਾਦ ਦੀਆਂ ਸੜਕਾਂ ਤੇ ਵਿਸ਼ਾਲ ਟਰੈਕਟਰ ਪਰੇਡ ਕੀਤੀ ਜਾਵੇਗੀ, ਬਾਰੇ ਵਿਚਾਰ ਚਰਚਾ ਕੀਤੀ ਗਈ। ਜ਼ਿਲ੍ਹਾ ਪ੍ਰਧਾਨ ਡਾ. ਸੁਖਚੈਨ ਸਿੰਘ ਤੇ ਜ਼ਿਲ੍ਹਾ ਸਕੱਤਰ ਮਨਦੀਪ ਸਿੰਘ ਨੇ ਕਿਹਾ ਕਿ ਮੋਦੀ ਦੀ ਫ਼ਾਸ਼ੀਵਾਦੀ ਸਰਕਾਰ ਲਗਾਤਾਰ ਤਾਕਤਾਂ ਦਾ ਕੇਂਦਰੀਕਰਨ ਕਰ ਰਹੀ ਹੈ। ਦੇਸ਼ ਦੀ ਵੰਨ-ਸੁਵੰਨਤਾ ਨੂੰ ਖਤਮ ਕਰਕੇ ਦੇਸ਼ ਵਿੱਚ ਫ਼ਾਸ਼ੀਵਾਦ ਦੇ ਹਮਲੇ ਲਗਾਤਾਰ ਤਿੱਖੇ ਕੀਤੇ ਜਾ ਰਹੇ ਹਨ। ਦੇਸ਼ ਵਿੱਚ ਘੱਟ ਗਿਣਤੀ ਤੇ ਮਿਹਨਤਕਸ਼ ਲੋਕਾਂ ਦੇ ਹੱਕਾਂ ਤੇ ਡਾਕੇ ਮਾਰੇ ਜਾ ਰਹੇ ਹਨ। ਕੇਂਦਰ ਦੀ ਮੋਦੀ ਸਰਕਾਰ ਹਿੰਦੂ ਹਿੰਦੀ ਹਿੰਦੁਸਤਾਨ ਦੇ ਏਜੰਡੇ ਨੂੰ ਲਾਗੂ ਕਰਨ ਲਈ ਪੱਬਾਂ ਭਾਰ ਹੋ ਰਹੀ ਹੈ।

ਦੇਸ਼ ਦੇ ਜਲ ਜੰਗਲ ਜ਼ਮੀਨ ਨੂੰ ਕਾਰਪਰੇਟਾਂ ਨੂੰ ਸੌਂਪਣ ਲਈ ਸੂਬਿਆਂ ਦੇ ਅਧਿਕਾਰਾਂ 'ਤੇ ਲਗਾਤਾਰ ਡਾਕੇ ਮਾਰ ਕੇ ਆਪਣੇ ਅਖਤਿਆਰ ਵਿੱਚ ਵਾਧਾ ਕਰ ਰਹੀ ਹੈ, ਜਿਸ ਤਰ੍ਹਾਂ ਬੀਐਸਐਫ਼ ਦਾ ਘੇਰਾ 15 ਕਿਲੋਮੀਟਰ ਤੋਂ ਵਧਾ ਕੇ 50 ਕਿਲੋਮੀਟਰ ਤੱਕ ਕੀਤਾ ਜਾਣਾ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਉੱਤੇ ਕਬਜਾ ਕਰਨ ਸੂਬਿਆਂ ਦੇ ਅਧਿਕਾਰ ਖਤਮ ਕਰਨੇ, ਹਿੱਟ ਐਂਡ ਰਨ ਵਰਗੇ ਕਾਲੇ ਕਾਨੂੰਨ ਇਸ ਦੇਸ਼ ਦੇ ਮਿਹਨਤਕਸ ਲੋਕਾਂ ਦੇ 'ਤੇ ਲਗਾਤਾਰ ਥੋਪ ਰਹੀ ਹੈ। ਇਸ ਦੌਰ ਵਿੱਚ ਜਨਤਕ ਜਥੇਬੰਦੀਆਂ ਦਾ ਉਸਰਨਾ, ਇਨਕਲਾਬੀ ਲਹਿਰਾਂ ਦਾ ਮਜਬੂਤ ਹੋਣਾ ਹੀ ਫ਼ਾਸ਼ੀਵਾਦੀ ਲੁਟੇਰੇ ਪ੍ਰਬੰਧ ਨੂੰ ਠੱਲ੍ਹ ਪਾ ਸਕਦਾ ਹੈ।

ਔਰਤ ਵਿੰਗ ਦੇ ਸੀਨੀਅਰ ਆਗੂ ਰਾਜ ਕੌਰ ਨੇ ਕਿਹਾ ਕਿ ਪੰਜਾਬ ਦੀ ਧਰਤੀ ਅਨੇਕਾਂ ਸੰਕਟਾਂ ਨਾਲ ਜੂਝ ਰਹੀ ਹੈ, ਜਿਸਦਾ ਕਾਰਨ ਹਰੇ ਇਨਕਲਾਬ ਦਾ ਸਾਮਰਾਜ ਪੱਖੀ ਖੇਤੀ ਮਾਡਲ ਹੈ, ਜਿਸਨੇ ਹਵਾ, ਪਾਣੀ, ਮਿੱਟੀ ਸਭ ਜ਼ਹਿਰੀਲਾ ਕਰ ਦਿੱਤਾ ਹੈ। ਧਰਤੀ ਹੇਠਲਾ ਪਾਣੀ ਖਤਮ ਹੋਣ ਦੇ ਕਿਨਾਰੇ ਹੈ। ਮਾਹਿਰ ਦੱਸ ਰਹੇ ਹਨ ਕਿ ਆਉਣ ਵਾਲੇ 15 ਸਾਲਾਂ ਤੱਕ ਧਰਤੀ ਹੇਠਲਾ ਪਾਣੀ ਮੁੱਕ ਜਾਵੇਗਾ। ਪੰਜਾਬ ਇੱਕ ਜ਼ਹਿਰੀਲਾ ਰੇਗਿਸਤਾਨ ਬਣ ਜਾਵੇਗਾ। ਇਸ ਤਰ੍ਹਾਂ ਦੇ ਲੁਟੇਰੇ ਪ੍ਰਬੰਧ ਦੇ ਖਿਲਾਫ਼ ਜਥੇਬੰਦਕ ਤਾਕਤ ਹੀ ਸਾਨੂੰ ਸੰਕਟ ਦੇ ਵਿੱਚੋਂ ਬਾਹਰ ਕੱਢ ਸਕਦੀ ਹੈ, ਜਿਸ ਤਰ੍ਹਾਂ ਦਿੱਲੀ ਮੋਰਚੇ ਦੌਰਾਨ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਦੇ ਵਿੱਚ ਲੜਕੇ ਜਿੱਤ ਪ੍ਰਾਪਤ ਕੀਤੀ ਗਈ। ਉਸੇ ਤਰ੍ਹਾਂ ਹੁਣ ਵੀ ਰਹਿੰਦੀਆਂ ਮੰਗਾਂ ਨੂੰ ਪੂਰਾ ਕਰਾਉਣ ਲਈ 26 ਜਨਵਰੀ ਦੀ ਟਰੈਕਟਰ ਪਰੇਡ ਵਿੱਚ ਵੱਧ ਤੋਂ ਵੱਧ ਸ਼ਾਮਲ ਹੋਣ ਦੀ ਅਪੀਲ ਕਰਦੇ ਹਾਂ। ਇਸ ਮੌਕੇ ਖ਼ਜ਼ਾਨਚੀ ਜਗਮੀਤ ਸਿੰਘ, ਬਲਜੀਤ ਸਿੰਘ, ਸਾਹਿਬ ਸਿੰਘ, ਟੇਕ ਸਿੰਘ, ਸਰਦੂਲ ਸਿੰਘ, ਬਲਵਿੰਦਰ ਸਿੰਘ, ਜਗਜੀਤ ਸਿੰਘ, ਸੁਖਪਾਲ ਸਿੰਘ, ਕਰਮਜੀਤ ਕੌਰ, ਵੀਰਪਾਲ ਕੌਰ ਤੇ ਜਰਨੈਲ ਕੌਰ ਆਦਿ ਹਾਜ਼ਰ ਸਨ।

# ਕਿਰਤੀ ਕਾਲਜ ਵਿਖੇ ਲੈਕਚਰ ਕਰਵਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਇੰਸਟੀਚਿਊਸ਼ਨਲ ਇਨੋਵੇਸ਼ਨ ਕਾਊਂਸਿਲ ਵੱਲੋਂ ਡਿਪਾਰਟਮੈਂਟ ਆਫ ਹਾਇਰ ਐਜੂਕੇਸ਼ਨ ਪੰਜਾਬ ਦੇ ਆਦੇਸ਼ਾਂ ਮੁਤਾਬਕ ਪ੍ਰਿੰਸੀਪਲ ਅਮਰਜੀਤ ਸਿੰਘ ਦੀ ਅਗਵਾਈ ਹੇਠ ਵਿਦਿਆਰਥੀਆਂ ਲਈ ਮੋਟੀਵੇਸ਼ਨਲ ਲੈਕਚਰ ਕਰਵਾਇਆ ਗਿਆ।ਇਸ ਮੌਕੇ ਕੈਰੀਅਰ ਕੌਂਸਲਿੰਗ ਦੇ ਇੰਚਾਰਜ ਪ੍ਰੋ. ਰਮਨਜੀਤ ਕੌਰ ਤੇ ਪ੍ਰੋ. ਸੰਜੀਵ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਵਿਦਿਆਰਥੀਆਂ ਨੂੰ ਕਿੱਤਾਮੁਖੀ ਸਿਖਲਾਈ ਦੇਣ ਲਈ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾ ਰਹੇ ਹਨ ਤਾਂ ਜੋ ਵਿਦਿਆਰਥੀ ਪੜ੍ਹਾਈ ਦੇ ਨਾਲ ਨਾਲ ਆਪਣਾ ਕੋਈ ਕਿੱਤਾ ਸ਼ੁਰੂ ਕਰ ਸਕਣ।ਇਸ ਦੌਰਾਨ ਸ਼੍ਰੀਮਤੀ ਅਮਨਦੀਪ ਕੌਰ, ਅਮਨ ਬੁਟੀਕ ਪਾਤੜਾਂ ਨੇ ਆਪਣੇ ਨਿੱਜੀ ਤਜਰਬੇ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਬੁਟੀਕ ਦਾ ਆਨਲਾਈਨ ਤੇ ਆਫ ਲਾਈਨ ਬਿਜ਼ਨੈੱਸ ਸਥਾਪਤ ਕਰਨ ਦੇ ਮਹੱਤਵਪੂਰਨ ਨੁਕਤੇ ਦੱਸੇ ਤੇ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ ਨਾਲ ਹੁਨਰ ਵਿਕਸਿਤ ਕਰਕੇ ਸਾਈਡ ਬਿਜ਼ਨੈੱਸ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਰੀਸੋਰਸ ਪਰਸਨ ਨੇ ਵਿਦਿਆਰਥੀਆਂ ਨਾਲ ਖੁੱਲ੍ਹੇ ਰੂਪ ਵਿੱਚ ਚਰਚਾ ਕੀਤੀ ਤੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ।ਸਮੁੱਚੇ ਰੂਪ ਵਿੱਚ ਇਹ ਸੈਸ਼ਨ ਵਿਦਿਆਰਥੀਆਂ ਲਈ ਲਾਹੇਵੰਦ ਰਿਹਾ।ਇਸ ਮੌਕੇ ਡਾ. ਰਮਨਦੀਪ ਕੌਰ ਨੇ ਮੁੱਖ ਮਹਿਮਾਨ ਦਾ ਰਸਮੀ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਬੁਟੀਕ ਦਾ ਕੰਮ ਕਰਕੇ ਵਿਦਿਆਰਥਣਾਂ ਆਪਣਾ ਵਧੀਆ ਰੁਜ਼ਗਾਰ ਚਲਾ ਸਕਦੀਆਂ ਹਨ।

# ਭਾਰਤ ਸੰਕਲਪ ਯਾਤਰਾ ਦਾ ਭਾਜਪਾ ਆਗੂਆਂ ਵੱਲੋਂ ਸਵਾਗਤ



**ਮੱਖੂ (ਰਛਪਾਲ ਸਿੰਘ ਸੰਧੂ)**-ਭਾਰਤ ਸੰਕਲਪ ਯਾਤਰਾ ਦਾ ਮੱਖੂ ਵਿਖੇ ਪਹੁੰਚਣ 'ਤੇ ਭਾਜਪਾ ਆਗੂਆਂ ਤੇ ਵਰਕਰਾਂ ਵੱਲੋਂ ਸਵਾਗਤ ਕੀਤਾ ਗਿਆ।ਇਸ ਮੌਕੇ ਨਗਰ ਪੰਚਾਇਤ ਮੱਖੂ ਦੇ ਪਾਰਕ ਵਿਖੇ ਕੈਂਪ ਲਗਾਇਆ ਗਿਆ।ਇਸ ਮੌਕੇ ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਫਿਰੋਜ਼ਪੁਰ ਦੇ ਸਕੱਤਰ ਡਾ. ਰਜੀਵ ਅਹੂਜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੇਸ਼ ਦੇ ਪ੍ਰਧਾਨ ਮੰਤਰੀ ਮਾਣਯੋਗ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੀ ਗਈ ਇਸ ਯਾਤਰਾ ਦਾ ਲੋਕਾਂ ਨੂੰ ਬਹੁਤ ਫਾਇਦਾ ਹੋ ਰਿਹਾ ਹੈ।ਮੋਦੀ ਸਰਕਾਰ ਵੱਲੋਂ ਗਰੀਬ ਲੋਕਾਂ ਲਈ ਬੁਨਿਆਦੀ ਢਾਂਚੇ ਦਾ ਨਿਰਮਾਣ, ਪੰਜਾਬ ਭਰ ਪਹਿਖਾਨੇ, ਲੋਕਾਂ ਨੂੰ ਪੀਣ ਯੋਗ ਸਾਫ ਪਾਣੀ, ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਘਰ, ਪ੍ਰਧਾਨ ਮੰਤਰੀ ਉੱਜਵਲ ਯੋਜਨਾ ਤਹਿਤ ਬੀ ਪੀ ਐੱਲ ਪਰਿਵਾਰਾਂ ਦੀਆਂ ਮਹਿਲਾਵਾਂ ਨੂੰ ਮੁਫ਼ਤ ਐੱਲ ਪੀ ਜੀ ਗੈਸ ਕੁਨੈਕਸ਼ਨ ਤੇ ਹੋਰ ਸਹੂਲਤਾਂ ਕੇਂਦਰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਹਨ।ਇਸ ਮੌਕੇ ਗੀਤਾ ਮਹਿਤਾ ਲੀਡ ਜ਼ਿਲ੍ਹਾ ਮੈਨੇਜਰ, ਨਗਰ ਪੰਚਾਇਤ ਮੱਖੂ ਦੇ ਕਾਰਜ ਸਾਧਕ ਅਫਸਰ ਧਰਮਪਾਲ ਸਿੰਘ, ਭਾਰਤੀ ਸਟੇਟ ਬੈਂਕ ਬ੍ਰਾਂਚ ਮੱਖੂ ਦੇ ਮੈਂਬਰ ਹਰਦੀਪ ਕੁਮਾਰ, ਭਾਜਪਾ ਮੰਡਲ ਆਗੂ ਅਮਿਤ ਅਰੋੜਾ, ਰਿੰਪਲ ਨਾਰੰਗ, ਨਰਿੰਦਰ ਮਹਾਜਨ, ਗਗਨਦੀਪ ਢਿੱਲੋਂ, ਦੇਸ ਰਾਜ ਸੀਨੀਅਰ ਭਾਜਪਾ ਆਗੂ ਤੇ ਹੋਰ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਗੁਰਪ੍ਰੀਤ ਸਿੰਘ ਗੰਡੀਵਿੰਡ ਨੂੰ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦਾ ਸੂਬਾ ਕਨਵੀਨਰ ਚੁਣਿਆ



**ਪਟਿਆਲਾ (ਨ ਜ਼ ਸ)**-ਬਿਜਲੀ ਕਾਮਿਆਂ ਦੇ ਹਿੱਤਾਂ ਦੀ ਪਿਛਲੇ ਸੱਤ ਸਾਲ ਤੋਂ ਪਹਿਰੇਦਾਰੀ ਕਰਨ ਵਾਲੇ ਚਾਰ ਜਥੇਬੰਦੀਆਂ ਦੇ ਅਧਾਰਤ ਬਣੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੂਬਾ ਕਨਵੀਨਰ ਦੀ ਚੋਣ ਕਰਨ ਲਈ ਅੱਜ ਸਥਾਨਕ ਫੈਕਟਰੀ ਏਰੀਆ 'ਚ ਉਸਰੇ ਕਾਮਰੇਡ ਭਗਵਾਨ ਸਿੰਘ ਅਣਖੀ ਯਾਦਗਾਰੀ ਭਵਨ ਵਿੱਚ ਆਗੂਆਂ ਦੀ ਭਰਵੀਂ ਮੀਟਿੰਗ ਏਕਤਾ ਮੰਚ ਦੇ ਕਨਵੀਨਰ ਹਰਭਜਨ ਸਿੰਘ ਪਿਲਖਣੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸੂਬਾ ਭਰ ਤੋਂ ਵੱਖ - ਵੱਖ ਜਥੇਬੰਦੀਆਂ ਦੇ ਏਕਤਾ ਮੰਚ ਨਾਲ ਸਬੰਧਤ ਆਗੂਆਂ ਨੇ ਸ਼ਮੂਲੀਅਤ ਕੀਤੀ। ਸੂਬਾ ਕਨਵੀਨਰ ਦੀ ਚੋਣ ਦੇ ਨਰਿੰਦਰ ਸੈਣੀ ਵੱਲੋਂ ਪੇਸ਼ ਕੀਤੇ ਏਜੰਡੇ 'ਤੇ ਮਨਜੀਤ ਸਿੰਘ ਚਾਹਲ, ਅਵਤਾਰ ਸਿੰਘ ਸ਼ੇਰਗਿਲ , ਮਹਿੰਦਰ ਸਿੰਘ ਰੂੜਕੇ, ਗਰੀਸ਼ ਮਹਾਜਨ, ਸੁਰਿੰਦਰਪਾਲ ਸਿੰਘ ਲਹੌਰੀਆ ਵੱਲੋਂ ਸਾਂਝੇ ਕੀਤੇ ਵਿਚਾਰਾਂ 'ਤੇ ਬਾਕੀ ਹਾਜ਼ਰ ਆਗੂਆਂ ਵੱਲੋਂ ਸਹਿਮਤੀ ਪ੍ਰਗਟ ਕਰਨ ਤੇ ਸਰਬਸੰਮਤੀ ਨਾਲ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੂੰ ਬਿਜਲੀ ਮੁਲਾਜ਼ਮ ਏਕਤਾ ਮੰਚ ਦਾ ਸੂਬਾ ਕਨਵੀਨਰ ਚੁਣਿਆ ਗਿਆ। ਕਨਵੀਨਰ ਚੁਣੇ ਜਾਣ 'ਤੇ ਗੰਡੀਵਿੰਡ ਨੇ ਸਾਬਕਾ ਆਗੂਆਂ ਵੱਲੋਂ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਸਲਾਘਾ ਕਰਦੇ ਹੋਏ ਮੁਲਾਜ਼ਮ ਹਿੱਤਾਂ ਦੀ ਪਹਿਰੇਦਾਰੀ ਕਰਨ ਦੇ ਨਾਲ ਨਾਲ ਏਕਤਾ ਮੰਚ ਨੂੰ ਮਜ਼ਬੂਤ ਕਰਨ ਦਾ ਹਾਜ਼ਰੀਨ ਨੂੰ ਭਰੋਸਾ ਦਿੱਤਾ।ਇਸ ਮੌਕੇ ਏਕਤਾ ਮੰਚ ਦੀ ਸੂਬਾ ਕਮੇਟੀ ਨੇ ਮਤਾ ਪਾਸ ਕਰਕੇ ਪਾਵਰ ਮੈਨੇਜਮੈਂਟ ਵੱਲੋਂ ਸੀ ਆਰ ਏ 295 / 19 ਰਾਹੀਂ ਚਾਰ ਸਾਲ ਪਹਿਲਾਂ ਭਰਤੀ ਕੀਤੇ 25 ਨੰਬਰ ਸਹਾਇਕ ਲਾਈਨਮੈਨਾਂ ਨੂੰ ਮਾਮਲਾ ਹਾਈਕੋਰਟ ਵਿੱਚ ਚਲਦਾ ਹੋਣ ਦੇ ਬਾਵਜੂਦ ਬੀਤੇ ਕੱਲ੍ਹ ਬਰਖਾਸਤ ਕਰਨ ਦੀ ਜ਼ੋਰਦਾਰ ਨਿੰਦਾ ਕਰਦੇ ਹੋਏ ਇਸ ਨਾਦਰਸ਼ਾਹੀ ਫੁਰਮਾਨ ਖਿਲਾਫ਼ ਸਮੁੱਚੇ ਪੰਜਾਬ 'ਚ ਡਵੀਜ਼ਨ ਪੱਧਰ 'ਤੇ ਬਿਜਲੀ ਦਫਤਰਾਂ ਵਿੱਚ ਪਾਵਰ ਮੈਨੇਜਮੈਂਟ ਦੀਆਂ 22 ਜਨਵਰੀ ਤੱਕ ਅਰਥੀਆਂ ਫੂਕਣ ਦਾ ਐਲਾਨ ਕੀਤਾ। ਮੀਟਿੰਗ ਵਿੱਚ ਹਾਜਰ ਆਈ ਟੀ ਆਈ ਐਸੋਸੀਏਸ਼ਨ ਦੇ ਸੂਬਾ ਜਨਰਲ ਸਕੱਤਰ ਦਵਿੰਦਰ ਸਿੰਘ ਪਿਸ਼ੌਰ, ਇੰਪਲਾਈਜ਼ ਫੈਡਰੇਸ਼ਨ ਕੇਸਰੀ ਝੰਡਾ ਦੇ ਸੂਬਾ ਜਨਰਲ ਸਕੱਤਰ ਮਨਜੀਤ ਸਿੰਘ ਚਾਹਲ, ਫੈਡਰੇਸ਼ਨ ਏਟਕ ਦੇ ਵਰਕਿੰਗ ਪ੍ਰਧਾਨ ਗੁਰਵਿੰਦਰ ਸਿੰਘ, ਇੰਪਲਾਈਜ਼ ਫੈਡਰੇਸ਼ਨ ਪਾਵਰਕਾਮ ਐਂਡ ਟਰਾਂਸਕੋ ਦੇ ਸੂਬਾ ਪ੍ਰਧਾਨ ਮਹਿੰਦਰ ਸਿੰਘ ਤੋਂ ਇਲਾਵਾ ਪ੍ਰਦਿਊਮਨ ਗੌਤਮ, ਬਲਜੀਤ ਕੁਮਾਰ, ਰਛਪਾਲ ਸਿੰਘ ਪਾਲੀ, ਕਰਮਜੀਤ ਸਿੰਘ ਪਟਿਆਲਾ, ਗੁਰਤੇਜ ਸਿੰਘ ਪੱਖੋਂ ਆਦਿ ਨੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਕੋਲੋਂ ਬਿਜਲੀ ਕਾਮਿਆਂ ਦੀਆਂ ਮੰਨੀਆਂ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ, ਮਹਿਕਮੇ 'ਚ ਹਜ਼ਾਰਾਂ ਖਾਲੀ ਅਸਾਮੀਆਂ 'ਤੇ ਨਵੀਂ ਰੈਗੂਲਰ ਭਰਤੀ ਕਰਨ ਸਮੇਤ 295 /19 ਰਾਹੀਂ ਭਰਤੀ, ਸਹਾਇਕ ਲਾਈਨਮੈਨਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਦੀ ਜ਼ੋਰਦਾਰ ਮੰਗ ਕੀਤੀ।

# ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਸੰਬੰਧੀ ਸਮੀਖਿਆ ਮੀਟਿੰਗ

**ਸੰਗਰੂਰ (ਪ੍ਰਵੀਨ ਸਿੰਘ)**-ਪੁਲਸ ਲਾਈਨ ਸਟੇਡੀਅਮ ਸੰਗਰੂਰ ਵਿਖੇ 26 ਜਨਵਰੀ ਨੂੰ ਗਣਤੰਤਰ ਦਿਵਸ ਦੇ ਜ਼ਿਲ੍ਹਾ ਪੱਧਰੀ ਸਮਾਗਮ ਸਬੰਧੀ ਵੱਖ-ਵੱਖ ਵਿਭਾਗਾਂ ਵੱਲੋਂ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਹੋਈ।ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਨੇ ਮੀਟਿੰਗ ਦੌਰਾਨ ਸਮੀਖਿਆ ਕਰਦਿਆਂ ਕਿਹਾ ਕਿ ਸਬੰਧਤ ਅਧਿਕਾਰੀ ਆਪਸੀ ਤਾਲਮੇਲ ਤੇ ਸਹਿਯੋਗ ਨਾਲ ਸਮੁੱਚੇ ਕਾਰਜਾਂ ਨੂੰ ਨੇਪਰੇ ਚੜ੍ਹਾਉਣ।ਵਧੀਕ ਡਿਪਟੀ ਕਮਿਸ਼ਨਰ ਨੇ ਪੁਲਿਸ ਅਧਿਕਾਰੀਆਂ ਨੂੰ ਸੁਰੱਖਿਆ ਵਿਵਸਥਾ ਤੇ ਆਵਾਜਾਈ ਦੇ ਸੁਚਾਰੂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਸਿੱਖਿਆ ਵਿਭਾਗ, ਸਿਹਤ ਵਿਭਾਗ, ਬਾਗਬਾਨੀ, ਕਾਰਜ ਸਾਧਕ ਅਫ਼ਸਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਨਗਰ ਸੁਧਾਰ ਟਰੱਸਟ ਸਮੇਤ ਹੋਰ ਵਿਭਾਗਾਂ ਤੋਂ ਕਾਰਜਾਂ ਬਾਰੇ ਜਾਇਜ਼ਾ ਲਿਆ।ਉਨ੍ਹਾਂ ਕਿਹਾ ਕਿ ਕੌਮੀ ਦਿਹਾੜੇ ਨੂੰ ਸਤਿਕਾਰ ਤੇ ਉਤਸ਼ਾਹ ਨਾਲ ਮਨਾਉਣ ਵਿੱਚ ਕੋਈ ਕਸਰ ਨਾ ਛੱਡੀ ਜਾਵੇ। ਮੀਟਿੰਗ ਦੌਰਾਨ ਸਹਾਇਕ ਕਮਿਸ਼ਨਰ ਦੇਵਦਰਸ਼ਦੀਪ ਸਿੰਘ, ਐਸ ਪੀ ਰਾਕੇਸ਼ ਕੁਮਾਰ, ਐਸ ਡੀ ਐਮ ਚਰਨਜੋਤ ਸਿੰਘ ਵਾਲੀਆ, ਸਹਾਇਕ ਕਮਿਸ਼ਨਰ ਸਿਖਲਾਈ ਅਧੀਨ ਰਿਚਾ ਗੋਇਲ, ਆਰ.ਟੀ.ਓ ਕੁਲਦੀਪ ਬਾਵਾ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# ਮਾਘ ਮਹੀਨੇ ਨੂੰ ਸਮਰਪਤ ਮੁਫਤ ਮੈਡੀਕਲ ਕੈਂਪ ਲਾਇਆ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਬਲੱਡ ਡੋਨਰਜ਼ ਕਲੱਬ ਤੇ ਨਿਰੰਜਨ ਦਾਸ ਸੇਵਾ ਸੁਸਾਇਟੀ ਧਰਮਕੋਟ ਲਗਾਤਾਰ ਆਪਣੇ ਸਮਾਜ ਸੇਵੀ ਕੰਮਾਂ ਨਾਲ ਇਲਾਕੇ ਦੀ ਸੇਵਾ ਕਰ ਰਹੀ ਹੈ, ਜਿਸ ਦੀ ਇਕ ਹੋਰ ਮਿਸਾਲ ਉਨ੍ਹਾਂ ਨੇ ਮਾਘ ਮਹੀਨੇ ਦੀ ਸ਼ੁਰੂਆਤ ਲੋਕਾਂ ਦੀ ਭਲਾਈ ਲਈ ਮੁਫਤ ਮੈਡੀਕਲ ਕੈਂਪ ਲਗਾ ਕੇ ਕੀਤੀ।ਇਸ ਕੈਂਪ ਵਿੱਚ ਡਾ. ਸਾਹਿਲ ਗੁਪਤਾ ਵੱਲੋਂ ਦਿਲ ਤੇ ਸ਼ੂਗਰ ਦੇ ਰੋਗਾਂ ਦੇ ਮਾਹਰ ਅਤੇ ਡਾ. ਮਨਿਵੰਦਰ ਸਿੰਘ ਹੱਡੀਆਂ ਦੇ ਮਾਹਰ ਪ੍ਰੇਮ ਹਸਪਤਾਲ ਮੋਗਾ ਵਾਲਿਆਂ ਨੇ ਸ਼ਿਰਕਤ ਕੀਤੀ।ਇਸ ਕੈਂਪ 'ਚ ਡਾ. ਅਸ਼ੋਕ ਸ਼ਰਮਾ ਏਂਜਲ ਹਾਰਟ ਕਾਨਵੈਂਟ ਸਕੂਲ ਧਰਮਕੋਟ ਨੇ ਦਵਾਈਆਂ ਦੀ ਮੁਫਤ ਸੇਵਾ ਕੀਤੀ।ਡਾ. ਹਰਮੀਤ ਲਾਡੀ ਨੇ ਡਾਕਟਰਾਂ ਦੇ ਸਮੁੱਚੇ ਪ੍ਰਬੰਧ ਦਾ ਧਿਆਨ ਰੱਖਿਆ।ਸੰਸਥਾਵਾਂ ਬਲੱਡ ਡੋਨਰਜ਼ ਕਲੱਬ ਤੇ ਨਿਰੰਜਨ ਦਾਸ ਸੇਵਾ ਸੁਸਾਇਟੀ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਅਧੀਨ ਫਰੀ ਕੰਪਿਊਟਰ ਤੇ ਸਿਲਾਈ ਸੈਂਟਰ ਦੇ ਕੋਰਸ ਧਰਮਕੋਟ ਵਿੱਚ ਪਹਿਲਾਂ ਹੀ ਚਲਾਏ ਜਾ ਰਹੇ ਹਨ।ਮਾਸਟਰ ਗੋਪਾਲ ਕੌੜਾ, ਰਜਿੰਦਰ ਬੱਤਰਾ, ਬਲਕਾਰ ਛਾਬੜਾ, ਮੁਕੇਸ਼ ਕੁਮਾਰ ਬਿੱਟੂ ਤੇ ਲੱਕੀ ਧੀਂਗੜਾ ਨੇ ਬਤੌਰ ਪੇਸ਼ੈਂਟ ਕੇਅਰ ਡਿਊਟੀ ਸੰਭਾਲੀ, ਉੱਥੇ ਹੀ ਮਾਸਟਰ ਵਿਨੈ ਕੁਮਾਰ, ਜੀਵਨ, ਮਾਸਟਰ ਅਮਨ ਵਰਮਾ, ਭਿੰਦਾ ਟੇਲਰ, ਛਿੰਦਰਪਾਲ, ਸੋਨੂ ਕਪੂਰ ਸਾਜਨ ਛਾਬੜਾ ਨੇ ਰਜਿਸਟ੍ਰੇਸ਼ਨ ਦਾ ਕੰਮ ਸੰਭਾਲਿਆ।

# ਪਿਛਲੇ ਸਾਲ ਦੌਰਾਨ ਆਮ ਆਦਮੀ ਕਲੀਨਿਕਾਂ 'ਚ 273527 ਮਰੀਜ਼ਾਂ ਨੇ ਕਰਵਾਇਆ ਮੁਫਤ ਇਲਾਜ : ਸਿਵਲ ਸਰਜਨ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਘਰਾਂ ਨੇੜੇ ਆਮ ਆਦਮੀ ਕਲੀਨਿਕ ਖੁੱਲ੍ਹਣ ਨਾਲ ਆਮ ਲੋਕਾਂ ਨੂੰ ਸਿਹਤ ਸੇਵਾਵਾਂ ਲੈਣ ਲਈ ਵੱਡਾ ਫਾਇਦਾ ਹੋ ਰਿਹਾ, ਛੋਟੇ ਮੋਟੇ ਇਲਾਜ ਲਈ ਹੁਣ ਲੋਕਾਂ ਨੂੰ ਦੂਰ ਦੁਰਾਡੇ ਹਸਪਤਾਲਾਂ 'ਚ ਨਹੀਂ ਜਾਣਾ ਪੈਂਦਾ ਜਿਸ ਨਾਲ ਲੋਕਾਂ ਦਾ ਸਮਾਂ ਅਤੇ ਪੈਸੇ ਦੀ ਬੱਚਤ ਹੋ ਰਹੀ ਹੈ। ਇਹ ਪ੍ਰਗਟਾਵਾ ਸਿਵਲ ਸਰਜਨ, ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਨੇ ਆਮ ਆਦਮੀ ਕਲੀਨਿਕਾਂ ਦੀ ਪ੍ਰਗਤੀ ਰਿਪੋਰਟ ਸਬੰਧੀ ਜਾਣਕਾਰੀ ਦਿੰਦਿਆਂ ਕੀਤਾ। ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਮੁਫ਼ਤ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਆਮ ਆਦਮੀ ਕਲੀਨਿਕ ਸਫਲਤਾ ਪੂਰਵਕ ਸੇਵਾਵਾਂ ਦੇ ਰਹੇ ਹਨ। ਜ਼ਿਲ੍ਹੇ 'ਚ ਕੰਮ ਕਰ ਰਹੇ 19 ਕਲੀਨਿਕਾਂ 'ਚ ਪਿਛਲੇ ਸਾਲ ਦੌਰਾਨ 273527 ਮਰੀਜ਼ ਆਪਣਾ ਮੁਫ਼ਤ ਇਲਾਜ ਕਰਵਾ ਚੁੱਕੇ ਹਨ ਅਤੇ ਉਨ੍ਹਾਂ ਦੇ 44275 ਮੁਫਤ ਲੈਬਾਰਟਰੀ ਟੈਸਟ ਵੀ ਕੀਤੇ ਗਏ ਹਨ। ਉਨ੍ਹਾ ਦੱਸਿਆ ਇਨ੍ਹਾਂ ਕਲੀਨਿਕਾਂ 'ਚ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਨੂੰ 80 ਕਿਸਮ ਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ ਅਤੇ 40 ਕਿਸਮ ਦੇ ਲਬਾਰਟਰੀ ਟੈਸਟ ਮੁਫ਼ਤ ਕੀਤੇ ਜਾ ਰਹੇ ਹਨ। ਉਨ੍ਹਾ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਰਕਾਰ ਦੀਆਂ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

# ਜਲੰਧਰ ਬਾਈਪਾਸ ਤੇ ਰੇਲਵੇ ਸਟੇਸ਼ਨ ਸਮੇਤ ਹੋਰ ਇਲਾਕੇ ਹੋਣਗੇ ਭੀੜ ਤੋਂ ਮੁਕਤ : ਵਿਧਾਇਕ



**ਲੁਧਿਆਣਾ (ਰਾਜ ਸਿੰਗਲਾ)**-ਜਲੰਧਰ ਬਾਈਪਾਸ, ਸਲੇਮ ਟਾਬਰੀ ਮੁੱਖ ਸੜਕ ਤੇ ਰੇਲਵੇ ਸਟੇਸ਼ਨ ਰੋਡ (ਪੁਰਾਣੀ ਜੀ.ਟੀ. ਰੋਡ) ਸਮੇਤ ਪੁਰਾਣੇ ਸ਼ਹਿਰ ਦੇ ਇਲਾਕਿਆਂ ਵਿੱਚ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਲੁਧਿਆਣਾ ਉੱਤਰੀ ਦੇ ਵਿਧਾਇਕ ਮਦਨ ਲਾਲ ਬੱਗਾ ਨੇ ਨਗਰ ਨਿਗਮ ਕਮਿਸ਼ਨਰ ਸੰਦੀਪ ਰਿਸ਼ੀ, ਪੁਲਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ ਤੇ ਸੈਕਟਰੀ, ਰੀਜਨਲ ਟਰਾਂਸਪੋਰਟ ਅਥਾਰਟੀ (ਆਰ.ਟੀ.ਏ.) ਰਣਦੀਪ ਸਿੰਘ ਹੀਰ ਸਮੇਤ ਹੋਰ ਅਧਿਕਾਰੀਆਂ ਨਾਲ ਵੀਰਵਾਰ ਨੂੰ ਮੀਟਿੰਗ ਕੀਤੀ।

ਪੁਲਸ ਕਮਿਸ਼ਨਰ ਦੇ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਅਧਿਕਾਰੀਆਂ ਨੇ ਆਟੋ ਰਿਕਸ਼ਿਆਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਤੇ ਸੜਕ ਕਿਨਾਰੇ ਕੀਤੇ ਕਬਜ਼ਿਆਂ ਨੂੰ ਹਟਾਉਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ।ਮੀਟਿੰਗ ਵਿੱਚ ਵਿਧਾਇਕ ਹਰਦੀਪ ਸਿੰਘ ਮੁੰਡੀਆਂ, ਡੀ.ਸੀ.ਪੀ. (ਟਰੈਫਿਕ) ਵਰਿੰਦਰ ਸਿੰਘ ਬਰਾੜ, ਨਗਰ ਨਿਗਮ ਜ਼ੋਨਲ ਕਮਿਸ਼ਨਰ ਜਸਦੇਵ ਸਿੰਘ ਸੇਖੋਂ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।ਵਿਧਾਇਕ ਬੱਗਾ ਨੇ ਕਿਹਾ ਕਿ ਜਲੰਧਰ ਬਾਈਪਾਸ, ਸਲੇਮ ਟਾਬਰੀ, ਚੌੜਾ ਬਾਜ਼ਾਰ, ਘੰਟਾ ਘਰ ਦੇ ਨੇੜੇ ਦਾ ਇਲਾਕਾ, ਰੇਲਵੇ ਸਟੇਸ਼ਨ ਰੋਡ ਆਦਿ ਸਮੇਤ ਹੋਰ ਨੇੜੇ ਦੇ ਇਲਾਕਿਆਂ ਵਿੱਚ ਸਵੇਰ ਤੇ ਸ਼ਾਮ ਦੌਰਾਨ ਟ੍ਰੈਫਿਕ ਜਾਮ ਦੇਖਣ ਨੂੰ ਮਿਲਦੇ ਹਨ, ਕਿਉਂਕਿ ਜਲੰਧਰ ਬਾਈਪਾਸ (ਪੁਰਾਣੀ ਜੀ. ਟੀ. ਰੋਡ) ਸ਼ਹਿਰ ਵਿੱਚ ਦਾਖ਼ਲ ਹੋਣ ਲਈ ਇੱਕ ਮੁੱਖ ਸੜਕ ਹੈ, ਇਸ ਲਈ ਇਨ੍ਹਾਂ ਇਲਾਕਿਆਂ ਵਿੱਚ ਆਵਾਜਾਈ ਨੂੰ ਸੁਚਾਰੂ ਬਣਾਉਣਾ ਜ਼ਰੂਰੀ ਹੈ।

ਇਸੇ ਤਰ੍ਹਾਂ ਘੰਟਾ ਘਰ, ਰੇਲਵੇ ਸਟੇਸ਼ਨ ਆਦਿ ਦੇ ਨੇੜੇ ਟ੍ਰੈਫਿਕ ਜਾਮ ਦੇਖਣ ਨੂੰ ਮਿਲਦਾ ਹੈ।ਇਨ੍ਹਾਂ ਇਲਾਕਿਆਂ ਵਿੱਚ ਆਟੋ ਰਿਕਸ਼ਾ ਸਮੇਤ ਹੋਰ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸੜਕਾਂ ਕਿਨਾਰੇ ਕੀਤੇ ਕਬਜ਼ਿਆਂ ਨੂੰ ਹਟਾਉਣ ਤੇ ਧੁੰਦ ਦੇ ਮੌਸਮ ਦੌਰਾਨ ਰਾਹਗੀਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੜਕਾਂ 'ਤੇ ਚਿੱਟੀਆਂ ਲਾਈਨਾਂ ਦੀ ਨਿਸ਼ਾਨਦੇਹੀ ਕਰਨ ਲਈ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।

ਵਿਧਾਇਕ ਬੱਗਾ ਨੇ ਅੱਗੇ ਦੱਸਿਆ ਕਿ ਚਾਂਦ ਸਿਨੇਮਾ ਨੇੜੇ ਬੁੱਢੇ ਨਾਲੇ 'ਤੇ ਪੁਲ ਦੇ ਚੱਲ ਰਹੇ ਨਿਰਮਾਣ ਕਾਰਜ ਕਾਰਨ ਤੇ ਦੋਮੋਰੀਆ ਰੇਲਵੇ ਪੁਲ ਫਰਵਰੀ ਤੋਂ ਤਿੰਨ ਮਹੀਨਿਆਂ ਲਈ ਬੰਦ ਰਹਿਣ ਦੀ ਸੰਭਾਵਨਾ ਦੇ ਤਹਿਤ, ਉਨ੍ਹਾਂ ਨੇ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟ੍ਰੈਫਿਕ ਡਾਇਵਰਸ਼ਨ ਯੋਜਨਾਵਾਂ 'ਤੇ ਵੀ ਚਰਚਾ ਕੀਤੀ।ਉਨ੍ਹਾ ਦੱਸਿਆ ਕਿ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਬੁੱਢੇ ਨਾਲੇ ਦੇ ਦੂਜੇ ਪਾਸੇ ਸੜਕ ਬਣਾਉਣ ਦੇ ਪ੍ਰਾਜੈਕਟ ਵਿੱਚ ਵੀ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਗਏ ਹਨ।

# ਚਾਕੂ ਦੀ ਨੋਕ 'ਤੇ ਬੱਸ ਘੇਰੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਵੀਰਵਾਰ ਰਾਤ ਬਠਿੰਡਾ ਦੀ ਪੀ. ਆਰ. ਟੀ. ਸੀ ਬੱਸ ਨੂੰ ਰਾਤ 12 ਵਜੇ ਦੇ ਕਰੀਬ ਕੁਝ ਲੁਟੇਰਿਆਂ ਵੱਲੋਂ ਚਾਕੂ ਦੀ ਨੋਕ 'ਤੇ ਲੁੱਟ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਬੱਸ ਨੂੰ ਡਰਾਈਵਰ ਧਰਮਵੀਰ ਸਿੰਘ ਚਲਾ ਰਿਹਾ ਸੀ। ਮਿਲੀ ਜਾਣਕਾਰੀ ਅਨੁਸਾਰ ਬਠਿੰਡਾ ਡੀਪੂ ਦੀ ਪੀ. ਆਰ. ਟੀ. ਸੀ ਬੱਸ ਨੰਬਰ ਪੀ. ਬੀ 0328 6872 ਅੰਮ੍ਰਿਤਸਰ ਤੋਂ ਰਾਤ 8 ਵਜੇ ਰਵਾਨਾ ਹੋਈ ਸੀ ਜੋ ਬਠਿੰਡਾ ਦੇ ਗੋਨਿਆਣਾ ਨਜ਼ਦੀਕ ਪੁੱਜੀ ਤਾਂ ਸੜਕ ਕੰਢੇ ਖੜ੍ਹੇ ਚਾਰ ਲੁਟੇਰਿਆਂ ਨੇ ਬੱਸ ਨੂੰ ਹੱਥ ਦਿੱਤਾ। ਬੱਸ ਵਿੱਚ ਸਵਾਰ ਹੁੰਦਿਆਂ ਹੀ ਦੋ ਲੁਟੇਰਿਆਂ ਡਰਾਈਵਰ ਅਤੇ ਕੰਡਕਟਰ ਨੂੰ ਚਾਕੂ ਦੀ ਨੋਕ 'ਤੇ ਮਾਰਨ ਦੀ ਧਮਕੀ ਦਿੰਦੇ ਹੋਏ ਹੋਏ ਨਗਦੀ ਦੀ ਮੰਗ ਕੀਤੀ।

ਇਸ ਮੌਕੇ ਕੰਡਕਟਰ ਜਸਦੇਵ ਸਿੰਘ ਤੋਂ ਪੈਸਿਆਂ ਵਾਲਾ ਬੈਗ ਵਿਚਲੇ 8 ਹਜ਼ਾਰ ਰੁਪਏ ਨਗਦੀ ਅਤੇ ਟਿਕਟ ਕੱਟਣ ਵਾਲੀ ਮਸ਼ੀਨ ਖੋਹ ਕੇ ਫਰਾਰ ਹੋ ਗਏ। ਬੱਸ ਵਿੱਚ ਖੋਹ ਦੀ ਪੁਸ਼ਟੀ ਬਠਿੰਡਾ ਡੀਪੂ ਦੇ ਜਰਨਲ ਮੈਨੇਜਰ ਬਲਵਿੰਦਰ ਸਿੰਘ ਨੇ ਕਰਦੇ ਹੋ ਕਿਹਾ ਕਿ ਖੋਹ ਮਾਮਲੇ ਦੀ ਰਿਪੋਰਟ ਬਾਰੇ ਪੁਲਸ ਨੂੰ ਲਿਖਿਆ ਗਿਆ ਹੈ। ਇਸ ਸਬੰਧੀ ਜਦੋਂ ਐਸ ਐਚ ਓ ਨਾਲ ਗੱਲ ਕਰਨੀ ਚਾਹੀ ਤਾਂ ਫੋਨ ਚੁੱਕਣਾ ਮੁਨਾਸਿਬ ਨਹੀਂ ਸਮਝਿਆ।

# ਕਾਂਗਰਸ ਦੇ ਸੂਬਾ ਇੰਚਾਰਜ ਦੇਵੇਂਦਰ ਯਾਦਵ ਨੂੰ ਮਿਲੇ ਮੌੜ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਵਿਧਾਨ ਸਭਾ ਹਲਕਾ ਮਹਿਲ ਕਲਾਂ 'ਚ ਪਿਛਲੇ ਲੰਮੇ ਸਮੇਂ ਤੋਂ ਜਨਤਾ ਦੇ ਦੁੱਖ-ਸੁੱਖ 'ਚ ਸ਼ਰੀਕ ਹੋਣ ਵਾਲੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ ਕੋਆਰਡੀਨੇਟਰ ਹਲਕਾ ਸ਼ੁਤਰਾਣਾ ਵੱਲੋਂ ਪਾਰਟੀ ਦੇ ਸੂਬਾ ਇੰਚਾਰਜ ਦੇਵੇਂਦਰ ਯਾਦਵ ਨਾਲ ਮੁਲਾਕਾਤ ਕੀਤੀ ਗਈ।ਸ: ਮੌੜ ਨੇ ਕਿਹਾ ਕਿ ਦੂਰਅੰਦੇਸ਼ੀ ਸੋਚ ਦੇ ਮਾਲਕ ਸ੍ਰੀ ਯਾਦਵ ਦੇ ਸੂਬਾ ਇੰਚਾਰਜ਼ ਨਾਲ ਲੱਗਣ ਨਾਲ ਪਾਰਟੀ ਮਜ਼ਬੂਤੀ ਵੱਲ ਵਧ ਰਹੀ ਹੈ। ਮਿਲਣੀ ਦੌਰਾਨ ਉਨ੍ਹਾਂ ਵਲੋਂ ਯਾਦਵ ਨੂੰ ਵਿਧਾਨ ਸਭਾ ਹਲਕਾ ਸ਼ੁਤਰਾਣਾ ਤੇ ਮਹਿਲ ਕਲਾਂ ਦੇ ਸਿਆਸੀ ਸਮੀਕਰਨਾ ਤੋਂ ਜਾਣੂ ਕਰਾਇਆ ਗਿਆ।ਮੌੜ ਨੇ ਦੱਸਿਆ ਕਿ ਅਗਾਮੀ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਪਾਰਟੀ ਨੂੰ ਪਿੰਡ-ਪਿੰਡ ਬੂਥ ਪੱਧਰ 'ਤੇ ਮਜ਼ਬੂਤ ਕਰਨ ਲਈ ਯੋਜਨਬੱਧ ਤਰੀਕੇ ਨਾਲ ਮੁਹਿੰਮ ਉਲੀਕੀ ਗਈ ਹੈ, ਜਿਸ ਤਹਿਤ ਲੋਕ ਸਭਾ ਚੋਣਾਂ 2024 'ਚ ਕਾਂਗਰਸ ਦੀ ਜਿੱਤ ਯਕੀਨੀ ਬਣਾਉਣ ਲਈ ਹਰੇਕ ਵੋਟਰ ਤੱਕ ਪਹੁੰਚ ਕੀਤੀ ਜਾਵੇਗੀ।

# ਅਪੈਕਸ਼ਾ ਨੇ ਮੈਥ ਵਿਸ਼ੇ 'ਚ ਇੱਕ ਹੋਰ ਵਰਲਡ ਰਿਕਾਰਡ ਬਣਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰਾਮਪੁਰਾ ਫੂਲ ਦੀ ਸਕੂਲੀ ਵਿਦਿਆਰਥਣ ਅਪੈਕਸ਼ਾ ਨੇ ਮੈਥ ਵਿਸ਼ੇ ਵਿੱਚ ਇੱਕ ਹੋਰ ਨਵਾਂ ਵਰਲਡ ਰਿਕਾਰਡ ਬਣਾਇਆ ਹੈ।ਨੈਸ਼ਨਲ ਤੇ ਇੰਟਰਨੈਸ਼ਨਲ ਅਬੈਕਸ ਮੁਕਾਬਲੇ ਜਿੱਤਣ ਤੋਂ ਇਲਾਵਾ ਅਪੈਕਸ਼ਾ ਦੇ ਨਾਮ ਪਹਿਲਾਂ ਹੀ 1 ਵਰਲਡ ਰਿਕਾਰਡ, 1 ਏਸ਼ੀਆ ਰਿਕਾਰਡ ਤੇ 2 ਇੰਡੀਆ ਬੁੱਕ ਰਿਕਾਰਡ ਦਰਜ ਹਨ।ਪੰਜਾਬ ਪੁਲਸ ਦੇ ਏਡੀਜੀਪੀ ਸ੍ਰੀ ਐੱਸ ਪੀ ਐੱਸ ਪਰਮਾਰ ਨੇ ਅਪੈਕਸ਼ਾ ਦੀਆਂ ਇਨ੍ਹਾਂ ਪ੍ਰਾਪਤੀਆਂ 'ਤੇ ਉਸ ਨੂੰ ਕਲਾਸ ਵਨ ਕੰਮੇਂਡੇਸ਼ਨ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ।

ਅਪੈਕਸ਼ਾ ਦੇ ਪਿਤਾ ਰੰਜੀਵ ਗੋਇਲ, ਜੋ ਉਸ ਦੇ ਕੋਚ ਵੀ ਹਨ, ਨੇ ਦੱਸਿਆ ਕਿ ਸਥਾਨਕ ਸੇਂਟ ਜੇਵੀਅਰ ਸਕੂਲ ਵਿੱਚ ਦਸਵੀਂ ਕਲਾਸ ਵਿੱਚ ਪੜ੍ਹਨ ਵਾਲੀ ਬੇਟੀ ਅਪੈਕਸ਼ਾ ਨੇ 4 ਅੰਕਾਂ ਨੂੰ 1 ਅੰਕ ਨਾਲ ਗੁਣਾ ਕਰਨ ਦੇ 100 ਸਵਾਲ 3 ਮਿੰਟ 57 ਸੈਕਿੰਡ ਵਿੱਚ ਹੱਲ ਕਰਕੇ ਇਹ ਨਵਾਂ ਵਰਲਡ ਰਿਕਾਰਡ ਕਾਇਮ ਕੀਤਾ ਹੈ। ਉਸ ਨੇ ਇਸ ਰਿਕਾਰਡ ਦੀ ਤਿਆਰੀ ਅਬੈਕਸ ਤੇ ਵੈਦਿਕ ਮੈਥ ਤਰੀਕੇ ਨਾਲ ਕੀਤੀ ਹੈ।ਇੰਟਰਨੈਸ਼ਨਲ ਬੁੱਕ ਆਫ ਰਿਕਾਰਡਜ਼ ਨੇ ਉਸ ਦੇ ਇਸ ਰਿਕਾਰਡ ਦੀ ਪੁਸ਼ਟੀ ਕਰਦਿਆਂ ਉਸ ਨੂੰ ਮੈਡਲ ਤੇ ਸਰਟੀਫਿਕੇਟ ਦਿੱਤਾ ਹੈ। ਵਧੀਕ ਡਾਇਰੈਕਟਰ ਜਰਨਲ ਆਫ ਪੁਲਸ ਐੱਸ ਪੀ ਐੱਸ ਪਰਮਾਰ ਨੇ ਆਪਣੇ ਦਫਤਰ ਵਿੱਚ ਅਪੈਕਸ਼ਾ ਨੂੰ ਇਹ ਸਰਟੀਫਿਕੇਟ ਤੇ ਮੈਡਲ ਦੇ ਨਾਲ ਨਾਲ ਵਿਸ਼ੇਸ਼ ਪ੍ਰਾਪਤੀਆਂ ਲਈ ਕਲਾਸ ਵਨ ਕੰਮੇਂਡੇਸ਼ਨ ਸਰਟੀਫਿਕੇਟ ਵੀ ਦਿੱਤਾ।ਉਨ੍ਹਾ ਅਪੈਕਸ਼ਾ ਨੂੰ ਤੇਜ਼ ਗਤੀ ਨਾਲ ਵੱਡੇ ਵੱਡੇ ਸਵਾਲ ਹੱਲ ਕਰਦਿਆਂ ਦੇਖ ਉਸ ਦੀ ਭਰਪੂਰ ਪ੍ਰਸੰਸਾ ਕੀਤੀ।ਜ਼ਿਲ੍ਹਾ ਸਿੱਖਿਆ ਅਧਿਕਾਰੀ ਸ਼ਿਵ ਪਾਲ ਗੋਇਲ, ਉੱਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਇਕਬਾਲ ਸਿੰਘ ਬੁੱਟਰ, ਸੇਂਟ ਜੇਵੀਅਰ ਸਕੂਲ ਦੇ ਪ੍ਰਿੰਸੀਪਲ ਫਾਦਰ ਯੁਲਾਲੀਓ ਫਰਨਾਡੇਜ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਹੈਪੀ ਬਾਂਸਲ ਤੇ ਸੁਨੀਲ ਬਿੱਟਾ, ਡਾ: ਸੁਰਿੰਦਰ ਅਗਰਵਾਲ, ਡਾ: ਮਾਲਤੀ ਸਿੰਗਲਾ, ਡਾ: ਐੱਸ ਪੀ ਮੰਗਲਾ, ਡਾ: ਆਰ ਪੀ ਸਿੰਘ, ਡਾ: ਸੁਖਜੀਤ ਸਿੰਘ ਜਟਾਣਾ, ਡਾ: ਨਰਿੰਦਰ ਸਿੰਘ ਗਰੇਵਰ, ਡਾ: ਅਨੀਤਾ ਗਰੋਵਰ, ਡਾ: ਬਲਜਿੰਦਰ ਸਿੰਘ ਜੌੜਾ, ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਰਾਮਪੁਰਾ ਮੰਡੀ ਦੇ ਪ੍ਰਿੰਸੀਪਲ ਸੁਨੀਲ ਗੁਪਤਾ, ਆਰੀਆ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਕੁਲਜੀਤ ਸਿੰਘ, ਸ਼ਹਿਰ ਦੇ ਉੱਘੇ ਉਦਯੋਗਪਤੀ ਮਨਿੰਦਰ ਗਰਗ ਹਨੀ ਆਦਿ ਨੇ ਅਪੈਕਸ਼ਾ ਤੇ ਪਰਿਵਾਰ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਹੈ।

# ਐੱਸ ਜੀ ਪੀ ਸੀ ਚੋਣਾਂ ਸੰਬੰਧੀ ਵੋਟਰਾਂ ਦੀ ਰਜਿਸਟ੍ਰੇਸ਼ਨ ਵਧਾਉਣ ਲਈ ਲੱਗਣਗੇ ਵਿਸ਼ੇਸ਼ ਕੈਂਪ : ਡੀ ਸੀ



**ਸੰਗਰੂਰ (ਪ੍ਰਵੀਨ ਸਿੰਘ)**-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਜ਼ਿਲ੍ਹਾ ਸੰਗਰੂਰ ਦੇ ਸਮੂਹ ਗੁਰਦੁਆਰਾ ਚੋਣ ਹਲਕਿਆਂ ਦੇ ਰਿਵਾਇਜ਼ਿੰਗ ਅਥਾਰਟੀ-ਕਮ-ਉਪ ਮੰਡਲ ਮੈਜਿਸਟ੍ਰੇਟ ਨੂੰ ਹਦਾਇਤ ਕੀਤੀ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦੇ ਮੱਦੇਨਜ਼ਰ ਵੋਟਰਾਂ ਦੀ ਰਜਿਸਟ੍ਰੇਸ਼ਨ ਵਧਾਉਣ ਲਈ ਸ਼ਨੀਵਾਰ ਤੇ ਐਤਵਾਰ ਨੂੰ ਵਿਸ਼ੇਸ਼ ਕੈਂਪ ਲਾਏ ਜਾਣ।ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਕਿਹਾ ਕਿ ਗੁਰਦੁਆਰਾ ਚੋਣ ਹਲਕਿਆਂ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ ਵਿੱਚ ਵੋਟਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣ।ਉਨ੍ਹਾਂ ਕਿਹਾ ਕਿ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਸਿੱਖ ਗੁਰਦੁਆਰਾ ਬੋਰਡ ਚੋਣ ਨਿਯਮ 1959 ਦੇ ਨਿਯਮ 6 ਤੋਂ 12 ਅਨੁਸਾਰ ਵੋਟਰ ਸੂਚੀ ਦੀ ਤਿਆਰੀ ਸਬੰਧੀ ਪ੍ਰੋਗਰਾਮ ਜਾਰੀ ਹੈ ਤੇ ਇਸ ਲਈ 29 ਫਰਵਰੀ ਤੱਕ ਵੋਟਰਾਂ ਦੀ ਰਜਿਸਟ੍ਰੇਸ਼ਨ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ।ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਕਮਿਸ਼ਨਰ ਗੁਰਦੁਆਰਾ ਚੋਣਾਂ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਵੋਟਾਂ ਬਣਾਉਣ ਸਬੰਧੀ ਫਾਰਮ 3 (1) ਨਾਲ ਇਨ੍ਹਾਂ ਦਸਤਾਵੇਜ਼ਾਂ ਵਿੱਚੋਂ ਕੋਈ ਇੱਕ ਦਸਤਾਵੇਜ਼ ਪਛਾਣ ਲਈ ਤੇ ਇੱਕ ਰੰਗਦਾਰ ਫੋਟੋ ਲਾਉਣੀ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਪ੍ਰਵਾਨਿਤ ਅਧਿਕਾਰਿਤ ਪਛਾਣ ਦਸਤਾਵੇਜ਼ਾਂ ਵਿੱਚ ਆਧਾਰ ਕਾਰਡ, ਭਾਰਤ ਚੋਣ ਕਮਿਸ਼ਨਰ ਦੁਆਰਾ ਜਾਰੀ ਵੋਟਰ ਫੋਟੋ ਪਛਾਣ ਪੱਤਰ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੰਸ, ਕੇਂਦਰ/ਰਾਜ ਸਰਕਾਰ/ਪੀ.ਐੱਸ.ਯੂ./ਪਬਲਿਕ ਲਿਮਿਟੇਡ ਦੁਆਰਾ ਕਰਮਚਾਰੀਆਂ ਨੂੰ ਜਾਰੀ ਕੀਤੇ ਗਏ ਫੋਟੋ ਵਾਲੇ ਸੇਵਾ ਪਛਾਣ ਪੱਤਰ, ਬੈਂਕ/ਡਾਕਘਰ ਦੁਆਰਾ ਜਾਰੀ ਕੀਤੀਆਂ ਗਈਆਂ ਫੋਟੋਆਂ ਵਾਲੀਆਂ ਪਾਸਬੁੱਕਾਂ, ਪੈਨ ਕਾਰਡ, ਆਰ.ਜ਼ੀ.ਆਈ ਤਹਿਤ ਐੱਨ.ਪੀ.ਆਰ. ਦੁਆਰਾ ਜਾਰੀ ਸਮਾਰਟ ਕਾਰਡ, ਮਨਰੇਗਾ ਜੌਬ ਕਾਰਡ, ਕਿਰਤ ਮੰਤਰਾਲੇ ਦੀ ਸਕੀਮ ਅਧੀਨ ਜਾਰੀ ਕੀਤੇ ਗਏ ਸਿਹਤ ਬੀਮਾ ਸਮਾਰਟ ਕਾਰਡ, ਫੋਟੋ ਸਮੇਤ ਸਰਕਾਰੀ ਪੈਨਸ਼ਨ ਦਸਤਾਵੇਜ਼, ਸੰਸਦ ਮੈਂਬਰਾਂ/ ਵਿਧਾਇਕਾਂ/ਐਮ.ਐਲ.ਸੀ ਨੂੰ ਜਾਰੀ ਕੀਤਾ ਗਿਆ ਅਧਿਕਾਰਿਤ ਪਛਾਣ ਪੱਤਰ ਦੀ ਵਰਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਬੰਧ ਵਿੱਚ ਵੋਟ ਬਣਾਉਣ ਲਈ ਕੀਤੀ ਜਾ ਸਕਦੀ ਹੈ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿੱਚ ਪੈਂਦੇ ਗੁਰਦੁਆਰਾ ਚੋਣ ਹਲਕਿਆਂ ਸਬੰਧੀ ਲਾਏ ਰਿਵਾਈਜ਼ਿੰਗ ਅਥਾਰਟੀ ਅਫਸਰਾਂ ਗੁਰਦੁਆਰਾ ਚੋਣ ਹਲਕਾ 41-ਮੂਨਕ ਲਈ ਉਪ ਮੰਡਲ ਮੈਜਿਸਟ੍ਰੇਟ ਮੂਨਕ, ਗੁਰਦੁਆਰਾ ਚੋਣ ਹਲਕਾ 42-ਸੁਨਾਮ ਲਈ ਉਪ ਮੰਡਲ ਮੈਜਿਸਟ੍ਰੇਟ ਸੁਨਾਮ, ਗੁਰਦੁਆਰਾ ਚੋਣ ਹਲਕਾ 43-ਲੌਂਗੋਵਾਲ ਲਈ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸੰਗਰੂਰ, ਗੁਰਦੁਆਰਾ ਚੋਣ ਹਲਕਾ 47-ਧੂਰੀ ਲਈ ਉਪ ਮੰਡਲ ਮੈਜਿਸਟਰੇਟ ਧੂਰੀ, ਗੁਰਦੁਆਰਾ ਚੋਣ ਹਲਕਾ 50-ਸੰਗਰੂਰ ਲਈ ਉਪ ਮੰਡਲ ਮੈਜਿਸਟਰੇਟ ਸੰਗਰੂਰ, ਗੁਰਦੁਆਰਾ ਚੋਣ ਹਲਕਾ 51-ਦਿੜ੍ਹਬਾ ਲਈ ਉਪ ਮੰਡਲ ਮੈਜਿਸਟਰੇਟ ਦਿੜ੍ਹਬਾ ਨੂੰ ਸ਼ਨੀਵਾਰ (20 ਜਨਵਰੀ) ਤੇ ਐਤਵਾਰ (21 ਜਨਵਰੀ) ਨੂੰ ਲੱਗਣ ਵਾਲੇ ਵਿਸ਼ੇਸ਼ ਕੈਂਪਾਂ ਦੀ ਨਿਗਰਾਨੀ ਕਰਨ ਲਈ ਵੀ ਦਿਸ਼ਾ-ਨਿਰਦੇਸ਼ ਦਿੱਤੇ ਹਨ।

# ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਵਜੀਦਕੇ ਕਲਾਂ ਵਿਖੇ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਮਹਾਨ ਨਗਰ ਕੀਰਤਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ।ਵੱਖ-ਵੱਖ ਥਾਂਵਾਂ ਉਪਰ ਸ਼ਰਧਾਲੂ ਸੰਗਤਾਂ ਵਲੋਂ ਭਰਵਾਂ ਸਵਾਗਤ ਕਰਨ ਉਪਰੰਤ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਬਾਬਾ ਪ੍ਰਤਾਪ ਸਿੰਘ ਕੈਰੋਂ ਨੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਦਿਆਂ ਗੁਰੂ ਸਾਹਿਬਾਨ ਦੀ ਲਾਸਾਨੀ ਕੁਰਬਾਨੀ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ।ਢਾਡੀ ਬੀਬੀ ਸਿਮਰਨਜੀਤ ਕੌਰ ਦੇ ਜਥੇ ਗੁਰਇਤਿਹਾਸ ਸੁਣਾਇਆ।ਇਸ ਮੌਕੇ ਬਾਬਾ ਪ੍ਰਤਾਪ ਸਿੰਘ ਕੈਰੋਂ, ਸੁਰਜੀਤ ਸਿੰਘ ਖ਼ਾਲਸਾ, ਮਲਜੀਤ ਸਿੰਘ, ਬਾਬਾ ਸੁਰਜੀਤੂ ਸਿੰਘ ਨਿਹੰਗ, ਡਾ. ਜਸਵੀਰ ਸਿੰਘ, ਸਤਵੀਰ ਸਿੰਘ ਖ਼ਾਲਸਾ, ਪ੍ਰਧਾਨ ਬਲਵਿੰਦਰ ਸਿੰਘ ਵਜੀਦਕੇ, ਕੁਲਜੀਤ ਸਿੰਘ, ਜਸਵੰਤ ਸਿੰਘ, ਕੁਲਵਿੰਦਰ ਸਿੰਘ ਸਮਰਾ, ਸੁਖਦੇਵ ਸਿੰਘ, ਜਗਦੇਵ ਸਿੰਘ ਖ਼ਾਲਸਾ, ਹਰਵਿੰਦਰ ਸਿੰਘ ਸਮਰਾ, ਹਰਭਜਨ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# 18 ਸੇਵਾ ਕੇਂਦਰਾਂ 'ਚ ਚੋਰੀਆਂ ਕਰਨ ਵਾਲੇ ਗਰੋਹ ਦਾ ਪਰਦਾਫਾਸ਼



**ਜਲੰਧਰ, ( ਸ਼ੈਲੀ ਐਲਬਰਟ)**- ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਰਾਤ ਸਮੇਂ 18 ਸੇਵਾ ਕੇਂਦਰਾਂ 'ਚ ਚੋਰੀਆਂ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕਰਕੇ ਸਰਗਨਾ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਪੁਲਸ ਕਮਿਸਨਰ ਨੇ ਦੱਸਿਆ ਕਿ 16 ਦਸੰਬਰ 2023 ਨੂੰ ਲੱਧੇਵਾਲੀ ਅਤੇ ਢਿਲਵਾਂ ਵਿਖੇ ਸਥਿਤ ਸੇਵਾ ਕੇਂਦਰਾਂ ਵਿੱਚ ਦੋ ਚੋਰੀਆਂ ਹੋਈਆਂ ਸਨ। ਚੋਰਾਂ ਨੇ ਇਨ੍ਹਾਂ ਸੇਵਾ ਕੇਂਦਰਾਂ ਵਿੱਚੋਂ ਕੰਪਿਊਟਰ ਮਾਨੀਟਰ, ਪ੍ਰਿੰਟਰ, ਐਨ.ਵੀ.ਆਰ ਮਸੀਨਾਂ, ਬੈਟਰੀਆਂ ਅਤੇ ਹੋਰ ਸਮੇਤ ਕੀਮਤੀ ਸਮਾਨ ਚੋਰੀ ਕਰ ਲਿਆ ਸੀ। ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਦੋ ਐਫਆਈਆਰ ਨੰਬਰ 343 ਅਤੇ 344 ਥਾਣਾ ਰਾਮਾ ਮੰਡੀ ਵਿਖੇ 16 ਦਸੰਬਰ, 2023 ਨੂੰ ਆਈ.ਪੀ.ਸੀ.ਦੀ ਧਾਰਾ 457/380 ਅਧੀਨ ਦਰਜ ਕੀਤੀਆਂ ਸਨ। ਸੁਰਾਗਾਂ ਦੇ ਆਧਾਰ 'ਤੇ ਪਤਾ ਲੱਗਾ ਹੈ ਕਿ ਚੋਰੀ ਦੀ ਵਾਰਦਾਤ ਨੂੰ ਅਮਿਤ ਮਰਵਾਹਾ ਪੁੱਤਰ ਮਹਿੰਦਰਪਾਲ ਮਰਵਾਹਾ ਵਾਸੀ ਮੋਤੀ ਨਗਰ ਜਲੰਧਰ ਨੇ ਅੰਜਾਮ ਦਿੱਤਾ ਹੈ। ਮਰਵਾਹਾ ਇਹ ਚੋਰੀ ਦਾ ਸਾਮਾਨ ਈਸ਼ਵਰ ਦੱਤ ਪੁੱਤਰ ਰਮੇਸ਼ ਲਾਲ ਵਾਸੀ ਐਚ.ਨੰ.ਬੀ-1/339 ਆਨੰਦ ਨਗਰ ਜਲੰਧਰ ਜੋ ਕਿ ਸ਼ਹਿਰ ਵਿੱਚ ਦੁਕਾਨ ਚਲਾਉਂਦਾ ਹੈ, ਨੂੰ ਵੇਚਦਾ ਸੀ। ਜਾਂਚ ਤੋਂ ਬਾਅਦ ਇਹ ਵੀ ਸਾਹਮਣੇ ਆਇਆ ਹੈ ਕਿ ਦੋਵਾਂ ਦੀ ਮਦਦ ਇੰਦਰੇਸ ਮੱਕੜ ਉਰਫ ਸੋਨੂੰ ਪੁੱਤਰ ਰਾਮ ਕ੍ਰਿਸ਼ਨ ਮੱਕੜ ਵਾਸੀ ਏ-65 ਸਿਲਵਰ ਰੈਜੀਡੈਂਸੀ ਅਪਾਰਟਮੈਂਟ ਵਡਾਲਾ ਚੌਕ ਜਲੰਧਰ ਨੇ ਕੀਤੀ ਸੀ। ਉਨ੍ਹਾਂ ਦੱਸਿਆ ਕਿ ਤਿੰਨੋਂ ਅਪਰਾਧੀਆਂ ਨੂੰ ਕਮਿਸ਼ਨਰੇਟ ਪੁਲਸ ਵੱਲੋਂ ਕਾਬੂ ਕਰ ਲਿਆ ਗਿਆ ਹੈ ਅਤੇ ਜਾਂਚ ਦੌਰਾਨ ਖੁਲਾਸਾ ਹੋਇਆ ਕਿ ਇਨ੍ਹਾਂ ਤਿੰਨਾਂ ਨੇ ਜ਼ਿਲ੍ਹੇ ਦੇ 18 ਸੇਵਾ ਕੇਂਦਰਾਂ ਵਿੱਚ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਹੈ। ਇਨ੍ਹਾਂ ਚੋਰੀਆਂ ਵਿੱਚ ਗੁਰੂ ਅਮਰਦਾਸ ਕਲੋਨੀ (22 ਨਵੰਬਰ, 2023), ਸੇਵਾ ਕੇਂਦਰ ਅਲਵਲਪੁਰ (30 ਨਵੰਬਰ, 2023), ਕਰਤਾਰਪੁਰ (8 ਦਸੰਬਰ, 2023), ਢਿਲਵਾਂ ਅਤੇ ਲੱਧੇਵਾਲੀ (16 ਦਸੰਬਰ, 2023),ਜਮਸੇਰ ਖਾਸ, ਜੰਡਿਆਲਾ ਅਤੇ ਨੂਰਮਹਿਲ (19 ਦਸੰਬਰ, 2023), ਬੜਾ ਪਿੰਡ ਗੁਰਾਇਆ (21 ਦਸੰਬਰ, 2023), ਸਾਹਕੋਟ, ਨਕੋਦਰ ਅਤੇ ਖੁਰਮਪੁਰ (18 ਦਸੰਬਰ, 2023), ਭੋਗਪੁਰ (17 ਦਸੰਬਰ, 2023), ਹਸਪਤਾਲ ਦੇ ਸਾਹਮਣੇ (2023 ਦਸੰਬਰ, 2023) , ਆਦਮਪੁਰ (30 ਦਸੰਬਰ, 2023), ਵਰਿਆਣਾ (1 ਜਨਵਰੀ, 2024), ਜੰਡੂ ਸਿੰਘਾ ਅਤੇ ਖੁਰਲਾ ਕਿੰਗਰਾ ਸ਼ਾਮਲ ਹਨ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੇ ਮੁਲਜਮਾਂ ਕੋਲੋਂ 11 ਪ੍ਰਿੰਟਰ, ਚਾਰ ਐਲ.ਈ.ਡੀ., ਤਿੰਨ ਕਲਰ ਪ੍ਰਿੰਟਰ, ਇੱਕ ਸਕੈਨਰ, 19 ਡੈਸਕਟਾਪ, ਤਿੰਨ ਕੀ-ਬੋਰਡ, ਹੋਰ ਸਮਾਨ, ਇੱਕ ਪੰਪ, ਇੱਕ ਟੂਲ ਕਿੱਟ ਬਰਾਮਦ ਕੀਤੇ ਹਨ।

## ਤੀਰਥ ਯਾਤਰਾ ਤਹਿਤ ਸਰਹਾਲ ਵੱਲੋਂ ਬੱਸ ਰਵਾਨਾ



**ਬਹਿਰਾਮ (ਅਵਤਾਰ ਕਲੇਰ)** ਪੰਜਾਬ ਸਰਕਾਰ ਵੱਲੋਂ ਰਾਜ ਦੇ ਲੋਕਾਂ ਦੀ ਸੁਵਿਧਾ ਲਈ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਬੰਗਾ ਹਲਕੇ ਦੇ ਪਿੰਡ ਕਰਨਾਣਾ ਤੋਂ ਸ਼੍ਰੀ ਅਨੰਦਪੁਰ ਸਾਹਿਬ, ਮਾਤਾ ਵੈਸ਼ਨੋ ਦੇਵੀ, ਮਾਤਾ ਚਿੰਤਪੁਰਨੀ, ਮਾਤਾ ਜਵਾਲਾ ਦੇ ਦਰਸ਼ਨਾਂ ਲਈ ਇੱਕ ਵਾਲਬੋ ਬੱਸ ਨੂੰ ਪੰਜਾਬ ਵਾਟਰ ਰਿਸੋਰਸਿਸ ਡਿਵੈਲਪਮੈਂਟ ਅਤੇ ਮੈਨੇਜਮੈਂਟ ਕਾਰਪੋਰੇਸ਼ਨ ਦੇ ਚੇਅਰਮੈਨ ਤੇ ਹਲਕਾ ਇੰਚਾਰਜ ਬੰਗਾ ਕੁਲਜੀਤ ਸਿੰਘ ਸਰਹਾਲ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਦੀ ਪਹਿਲਕਦਮੀ ਸਦਕਾ ਸੂਬੇ ਭਰ ਤੋਂ ਲੋਕ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਧਾਰਮਿਕ ਸਥਾਨਾਂ ਦੀ ਯਾਤਰਾ ਕਰਨ ਲਈ ਸ਼ਰਧਾਲੂਆਂ ਨੂੰ ਸਾਰੀਆਂ ਸਹੂਲਤਾਂ ਮੁਫ਼ਤ ਉਪਲੱਬਧ ਕਰਵਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਯਾਤਰਾ ਕਰਨ ਵਾਲੇ ਯਾਤਰੀਆਂ ਦਾ ਖ਼ਰਚਾ ਪੰਜਾਬ ਸਰਕਾਰ ਕਰ ਰਹੀ ਹੈ।ਇਸ ਮੌਕੇ ਨਾਇਬ ਤਹਿਸੀਲਦਾਰ ਨਵਾਂਸ਼ਹਿਰ ਗੀਤੂ ਕਪੂਰ, ਜੀ.ਐਮ. ਰੋਡਵੇਜ਼ ਜਸਪ੍ਰੀਤ ਸਿੰਘ ਸਿੱਧੂ, ਜਸਪ੍ਰੀਤ ਸਿੰਘ ਰੋਬੀ ਕੰਗ ਯੂਥ ਆਗੂ, ਬਲਾਕ ਪ੍ਰਧਾਨ ਸਤਨਾਮ ਸਿੰਘ ਝਿੱਕਾ, ਬਲਾਕ ਪ੍ਰਧਾਨ ਪਵਨਜੀਤ ਸਿੰਘ ਸਿੱਧੂ, ਜਗਜੀਤ ਸਿੰਘ ਸੋਢੀ, ਮਹਿੰਦਰ ਕੌਰ ਕਰਨਾਣਾ, ਤਰਸੇਮ ਸਿੰਘ ਨੌਤਾ, ਜਸਕਮਲ ਸਿੰਘ ਤਲਵੰਡੀ ਫੱਤੂ, ਮਾਸਟਰ ਇੰਦਰਜੀਤ ਸਿੰਘ, ਸਰਬਜੀਤ ਸਿੰਘ ਸੱਬਾ, ਮਨਜੀਤ ਸਿੰਘ ਝਿੱਕਾ, ਹਰਮਨਪ੍ਰੀਤ ਸਿੰਘ ਮਨੀ, ਬਿਕਰਮਜੀਤ ਸਿੰਘ, ਬਿਸ਼ਨ ਸਿੰਘ ਝਿੰਗੜ, ਦਲਜੀਤ ਖਟਕੜ, ਰਣਜੀਤ ਖਟਕੜ, ਸੁਰਜੀਤ ਝਿੰਗੜ, ਦੀਪਾ ਗੋਸਲ ਹਾਜ਼ਰ ਸਨ।

## ਸ ਸ ਸ ਸਕੂਲ ਜਨੌੜੀ ਦੇ ਬੱਚਿਆਂ ਨੂੰ ਗਰਮ ਕੱਪੜੇ, ਬੂਟ ਅਤੇ ਰਾਸ਼ਨ ਵੰਡਿਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਸਰਦੀਆਂ ਦੇ ਮੌਸਮ ਨੂੰ ਧਿਆਨ ਵਿੱਚ ਰਖਦੇ ਹੋਏ ਸਹਾਰਾ ਵੈਲਫੇਅਰ ਸੁਸਾਇਟੀ (ਰਜਿ.) ਹੁਸ਼ਿਆਰਪੁਰ ਵਲੋਂ ਸਰਕਾਰੀ ਸੀ. ਸ. ਸਕੂਲ ਜਨੌੜੀ ਵਿਖੇ ਬੱਚਿਆਂ ਨੂੰ ਗਰਮ ਕਪੜੇ, ਬੂਟ, ਅਤੇ ਰਾਸ਼ਨ ਵੰਡਿਆ ਗਿਆ। ਸੁਸਾਇਟੀ ਦੀ ਪ੍ਰਧਾਨ ਰੇਨੂ ਕੰਵਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅਨਾਥ ਅਤੇ ਵਿਕਲਾਂਗ ਬੱਚਿਆਂ ਨੂੰ ਸਰਦੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਸਮਾਨ ਵੰਡਿਆ ਗਿਆ। ਮੁੱਖ ਮਹਿਮਾਨ ਡਾ. ਜਮੀਲ ਬਾਲੀ ਨੇ ਬੱਚਿਆਂ ਦੇ ਇਸ ਕਾਰਜ ਵਿੱਚ ਬਹੁਤ ਸਹਿਯੋਗ ਦਿੱਤਾ। ਐਮਬੀਸ਼ਨ ਚੈਰੀਟੀ ਗਰੁੱਪ ਨੇ ਵੀ ਇਸ ਕੰਮ ਵਿੱਚ ਅਪਣਾ ਸਹਿਯੋਗ ਦਿੱਤਾ। ਇਸ ਮੌਕੇ 'ਤੇ ਪ੍ਰਿੰਸੀਪਲ ਰਣਜੀਤ ਸਿੰਘ, ਜਗਜੀਵਨ ਪ੍ਰਕਾਸ਼, ਰਣਜੀਤ ਸਿੰਘ ਹਰਿਆਣਾ, ਅਕਸ਼ੈ ਕੁਮਾਰ ਜਨਰਲ ਸਕੱਤਰ, ਸ਼੍ਰੀਮਤੀ ਸ਼ਿਆਮ ਕੁਮਾਰੀ ਹਾਜ਼ਰ ਸਨ।

## ਬਲੱਡ ਬੈਂਕ ਨੇ ਕੀਤਾ 181ਵਾਂ ਮਾਸਿਕ ਰਾਸ਼ਨ ਵੰਡ ਸਮਾਗਮ



**ਫਗਵਾੜਾ ( ਡਾ. ਰਮਨ )** ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਲੋਂ 181ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਦਸਵੀਂ ਪਾਤਸ਼ਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਕੇ ਕਰਵਾਇਆ ਗਿਆ। ਬਲੱਡ ਬੈਂਕ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਕਰਵਾਏ ਸਮਾਗਮ ਦੌਰਾਨ ਬਤੌਰ ਮੁੱਖ ਮਹਿਮਾਨ ਸਮਾਜ ਸੇਵਕ ਰਾਜਿੰਦਰ ਸਿੰਘ ਕੋਛੜ (ਖੰਡ ਵਾਲੇ) ਹਾਜਰ ਆਏ। ਉਹਨਾਂ ਨੇ 60 ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਦਿਆਂ ਬਲੱਡ ਬੈਂਕ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਤਹਿ ਦਿਲੋਂ ਸ਼ਲਾਘਾ ਕੀਤੀ ਅਤੇ ਆਪਣੇ ਵਲੋਂ ਲਗਾਤਾਰ ਸਹਿਯੋਗ ਦਿੰਦੇ ਰਹਿਣ ਦਾ ਭਰੋਸਾ ਦਿੱਤਾ। ਮਲਕੀਅਤ ਸਿੰਘ ਰਘਬੋਤਰਾ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਬਾਰੇ ਚਾਨਣਾ ਪਾਉਂਦੇ ਹੋਏ ਸਾਰਿਆਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ। ਉਹਨਾਂ ਨੇ ਦੱਸਿਆ ਕਿ ਦਾਨੀ ਸੱਜਣਾਂ ਦੇ ਭਰਪੂਰ ਸਹਿਯੋਗ ਨਾਲ ਇਹ ਉਪਰਾਲਾ ਪਿਛਲੇ ਕਰੀਬ 16 ਸਾਲਾਂ ਤੋਂ ਨਿਰੰਤਰ ਜਾਰੀ ਹੈ ਅਤੇ ਭਵਿੱਖ ਵਿੱਚ ਵੀ ਲੋੜਵੰਦਾਂ ਦੀ ਮਦਦ ਲਈ ਸੰਭਵ ਯਤਨ ਜਾਰੀ ਰਹਿਣਗੇ। ਉਨ੍ਹਾਂ ਸਾਰਿਆਂ ਦੇ ਸਹਿਯੋਗ ਲਈ ਧੰਨਵਾਦ ਕਰਦਿਆਂ ਦੱਸਿਆ ਕਿ ਮਹੀਨਾਵਾਰ ਰਾਸ਼ਨ ਵੰਡ ਸਮਾਗਮ ਦੀ ਸਫ਼ਲਤਾ ਲਈ ਸਮਾਜ ਸੇਵਕ ਰਜਿੰਦਰ ਸਿੰਘ ਕੋਛੜ ਤੋਂ ਇਲਾਵਾ ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਅਵਤਾਰ ਸਿੰਘ ਕੋਛੜ, ਵਿਸ਼ਵਾਮਿੱਤਰ ਸ਼ਰਮਾ, ਰਾਜੀਵ ਕੁਮਰਾ, ਐਨ.ਆਰ.ਆਈ. ਸਤਪਾਲ ਵਰਮਾ, ਹਰਸ਼ ਵੀਰਜੀ ਛਾਬੜਾ, ਸੋਨੀ ਦੁੱਗਲ ਆਦਿ ਦਾ ਸਹਿਯੋਗ ਲਗਾਤਾਰ ਪ੍ਰਾਪਤ ਹੋ ਰਿਹਾ ਹੈ। ਇਸ ਮੌਕੇ ਟੀ.ਡੀ. ਚਾਵਲਾ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਪਦਮ ਸ਼ਰਮਾ, ਰਮੇਸ਼ ਗਾਬਾ, ਵਿਸ਼ਵਾ ਮਿੱਤਰ ਸ਼ਰਮਾ, ਗੁਲਸ਼ਨ ਕਪੂਰ ਆਦਿ ਹਾਜ਼ਰ ਸਨ।

# ਮਾਮੂਲੀ ਤਕਰਾਰ ਨੂੰ ਲੈ ਕੇ ਵਿਅਕਤੀ ਦਾ ਕਤਲ ਕਰਨ ਵਾਲਾ ਕਾਬੂ



**ਜਲੰਧਰ, (ਸ਼ੈਲੀ ਐਲਬਰਟ)** ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਇੱਕ ਕਤਲ ਕੇਸ ਨੂੰ ਸੁਲਝਾ ਲਿਆ ਹੈ, ਜਿਸ ਨੇ ਮਾਮੂਲੀ ਤਕਰਾਰ ਤੋਂ ਬਾਅਦ ਇੱਕ ਵਿਅਕਤੀ ਦਾ ਕਤਲ ਕਰ ਦਿੱਤਾ ਸੀ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਚੰਚਲ ਕੁਮਾਰ ਪੁੱਤਰ ਬਾਗੇਸ਼ਵਰ ਰਾਏ ਮੂਲ ਤੌਰ 'ਤੇ ਪਿੰਡ ਗੋਪਾਲਪੁਰ ਮੁਹੱਲਾ ਅਵਦੇਸ਼ ਟੋਲਾ, ਵਾਰਡ ਨੰਬਰ 14, ਚੱਕ ਫਿਜ਼ੋਲਾ ਜ਼ਿਲ੍ਹਾ ਮਧੇਪੁਰਾ, ਬਿਹਾਰ ਦਾ ਨਿਵਾਸੀ ਸੀ, ਜਿਸ ਦੀ ਕੁਝ ਦਿਨ ਪਹਿਲਾਂ ਸਿਰ 'ਚ ਸੱਟ ਲੱਗਣ ਨਾਲ ਮੌਤ ਹੋ ਗਈ ਸੀ।ਉਨ੍ਹਾਂ ਦੱਸਿਆ ਕਿ ਪੁਲਸ ਨੂੰ ਤਫਤੀਸ਼ ਕਰਨ 'ਤੇ ਪਤਾ ਲੱਗਾ ਕਿ ਚੰਚਲ ਕੁਮਾਰ ਅਤੇ ਬਲੇਸ਼ਵਰ ਰਾਏ ਪੁੱਤਰ ਬਿਮਲ ਰਾਏ ਵਾਸੀ ਪਿੰਡ ਗੋਪਾਲਪੁਰ ਮੁਹੱਲਾ ਅਵਦੇਸ਼ ਟੋਲਾ, ਵਾਰਡ ਨੰਬਰ 14, ਚੱਕ ਫਿਜ਼ੋਲਾ ਜ਼ਿਲ੍ਹਾ ਮਧੇਪੁਰਾ, ਬਿਹਾਰ ਪਿਛਲੇ ਸਮੇਂ ਤੋਂ ਜਲੰਧਰ ਦੇ ਕੋਟ ਕਲਾਂ ਵਿਖੇ ਕਿਰਾਏ 'ਤੇ ਰਹਿ ਰਹੇ ਸਨ। ਸਵਪਨ ਸ਼ਰਮਾ ਨੇ ਦੱਸਿਆ ਕਿ ਬੀਤੀ 5 ਜਨਵਰੀ ਦੀ ਰਾਤ ਨੂੰ ਦੋਵਾਂ ਦਾ ਝਗੜਾ ਹੋਇਆ ਸੀ।ਕਮਿਸ਼ਨਰ ਨੇ ਕਿਹਾ ਕਿ ਬਲੇਸ਼ਵਰ ਰਾਏ ਨੇ ਚੰਚਲ ਕੁਮਾਰ ਨੂੰ ਗਾਲ੍ਹਾਂ ਕੱਢਣ ਤੋਂ ਬਾਅਦ ਤਕਰਾਰ ਵੱਧ ਗਈ ਜਿਸ ਕਾਰਨ ਉਨ੍ਹਾਂ ਵਿਚਾਲੇ ਝਗੜਾ ਹੋ ਗਿਆ।ਉਨ੍ਹਾਂ ਦੱਸਿਆ ਕਿ ਝਗੜੇ ਦੌਰਾਨ ਬਲੇਸ਼ਵਰ ਰਾਏ ਨੇ ਚੰਚਲ ਰਾਏ ਦੇ ਸਿਰ 'ਤੇ ਲੱਕੜ ਦੇ ਡੰਡੇ ਨਾਲ ਵਾਰ ਕਰਕੇ ਉਸ ਦੀ ਜਾਨਲੇਵਾ ਹਮਲਾ ਕਰ ਦਿੱਤਾ।ਸਵਪਨ ਸ਼ਰਮਾ ਨੇ ਦੱਸਿਆ ਕਿ ਚੰਚਲ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਇਲਾਜ ਦੌਰਾਨ ਉਸ ਨੇ ਦਮ ਤੋੜ ਦਿੱਤਾ।

ਸਿੱਟੇ ਵਜੋਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਐਫ ਆਈ ਆਰ 06 ਮਿਤੀ 18-01-2024 ਅਧੀਨ 302 ਆਈ ਪੀ ਸੀ ਥਾਣਾ ਕੈਂਟ ਜਲੰਧਰ ਵਿਖੇ ਦਰਜ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਪੁਲਸ ਨੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਮਾਮਲੇ ਦੀ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਵਿਜੀਲੈਂਸ ਬਿਊਰੋ ਵੱਲੋਂ ਮੁੱਖ ਮੁਨਸ਼ੀ 5000 ਰੁਪਏ ਰਿਸ਼ਵਤ ਲੈਂਦਾ ਕਾਬੂ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ 'ਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਬੀਤੇ ਵੀਰਵਾਰ ਨੂੰ ਪੁਲਸ ਚੌਕੀ ਕੈਲਾਸ਼ ਨਗਰ, ਥਾਣਾ ਡਵੀਜ਼ਨ ਨੰ: 8, ਲੁਧਿਆਣਾ ਦੇ ਮੁਹੱਰਰ ਹੈੱਡ ਕਾਂਸਟੇਬਲ ਮਨਦੀਪ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕਰ ਲਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਥਾਣੇ ਦੇ ਮੁਨਸ਼ੀ ਵਜੋਂ ਤੈਨਾਤ ਦੋਸ਼ੀ ਪੁਲਸ ਮੁਲਾਜ਼ਮ ਨੂੰ ਮਹੀਦੇਵ ਪ੍ਰਸਾਦ ਵਾਸੀ ਰਾਜਨ ਅਸਟੇਟ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ 'ਤੇ ਗ੍ਰਿਫਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਵਿਖੇ ਸੰਪਰਕ ਕਰਕੇ ਆਪਣੇ ਬਿਆਨ ਦਰਜ ਕਰਵਾਇਆ ਕਿ ਉਹ ਹੌਜ਼ਰੀ ਦਾ ਕੰਮ ਕਰਦਾ ਹੈ ਅਤੇ ਉਸ ਦੀ ਫੈਕਟਰੀ ਹਾਂਡਾ ਹਸਪਤਾਲ ਨੇੜੇ ਇਮਾਰਤ ਦੀ ਪਹਿਲੀ ਮੰਜ਼ਲ 'ਤੇ ਸਥਿਤ ਹੈ ਅਤੇ ਉਕਤ ਜਗ੍ਹਾ 3 ਸਾਲ ਪਹਿਲਾਂ ਸਤਿੰਦਰਪਾਲ ਸਿੰਘ ਤੋਂ ਕਿਰਾਏ 'ਤੇ ਲਈ ਸੀ।ਉਸ ਨੇ ਅੱਗੇ ਦੱਸਿਆ ਕਿ ਮਕਾਨ ਮਾਲਕ ਨੇ ਉਸ ਖਿਲਾਫ ਉਕਤ ਥਾਣੇ 'ਚ ਕੁਝ ਪੇਮੈਂਟ ਸੰਬੰਧੀ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਮੁਨਸ਼ੀ ਮਨਦੀਪ ਸਿੰਘ ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਨ ਲਈ ਥਾਣਾ ਇੰਚਾਰਜ ਅਤੇ ਹੋਰ ਪੁਲਸ ਕਰਮਚਾਰੀਆਂ ਦੇ ਨਾਂਅ 'ਤੇ ਉਸ ਤੋਂ ਪਹਿਲਾਂ ਹੀ 30,000 ਰੁਪਏ ਦੀ ਰਿਸ਼ਵਤ ਦੀ ਰਕਮ ਕਿਸ਼ਤਾਂ 'ਚ ਲੈ ਚੁੱਕਾ ਹੈ।ਸ਼ਿਕਾਇਤਕਰਤਾ ਨੇ ਆਪਣੇ ਬਿਆਨਾਂ 'ਚ ਦਰਜ ਕਰਵਾਇਆ ਕਿ ਉਕਤ ਰਕਮ 'ਚੋਂ ਮਨਦੀਪ ਸਿੰਘ ਮੁਨਸ਼ੀ ਨੇ ਗੂਗਲ ਪੇਅ ਰਾਹੀਂ ਆਪਣੇ ਖਾਤੇ 'ਚ 5,500 ਰੁਪਏ ਲਏ ਹਨ ਅਤੇ ਹੁਣ ਇਸ ਸ਼ਿਕਾਇਤ 'ਤੇ ਕਾਰਵਾਈ ਕਰਨ ਬਦਲੇ ਉਹ ਉਸ ਤੋਂ 5,000 ਰੁਪਏ ਹੋਰ ਰਿਸ਼ਵਤ ਦੀ ਮੰਗ ਕਰ ਰਿਹਾ ਹੈ।ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਪਾਸੋਂ 5,000 ਰੁਪਏ ਦੀ ਰਿਸ਼ਵਤ ਦੀ ਰਕਮ ਲੈਂਦਿਆਂ ਪੁਲਸ ਚੌਕੀ 'ਚ ਹੀ ਰੰਗੇ ਹੱਥੀਂ ਦਬੋਚ ਲਿਆ।ਇਸ ਸਬੰਧ 'ਚ ਮੁਲਜ਼ਮ ਮੁਨਸ਼ੀ ਖਿਲਾਫ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਰੇਂਜ 'ਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

## *ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਲੀਗਲ ਅਵੇਅਰਨੈਸ ਪ੍ਰੋਗਰਾਮ ਦੀ ਸ਼ੁਰੂਆਤ*

ਸਾਹਿਬਜ਼ਾਦਾ ਅਜੀਤ ਸਿੰਘ ਨਗਰ ( ਗੁਰਜੀਤ ਬਿੱਲਾ)- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਵਲੋਂ ਜਾਰੀ ਹਦਾਇਤਾਂ ਅਤੇ ਹਰਪਾਲ ਸਿੰਘ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਐਸ.ਏ.ਐਸ ਨਗਰ ਨਗਰ ਦੀ ਯੋਗ ਅਗਵਾਈ ਅਧੀਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਵਲੋਂ 18 ਜਨਵਰੀ ਤੋਂ 31 ਜਨਵਰੀ ਤੱਕ ਲੀਗਲ ਅਵੇਅਰਨੈਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ 'ਤੇ ਸ੍ਰੀਮਤੀ ਸੁਰਭੀ ਪ੍ਰਾਸ਼ਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੀਗਲ ਅਵੇਅਰਨੈਸ ਪ੍ਰੋਗਰਾਮ ਲਈ ਪੈਨਲ ਦੇ ਵਕੀਲ, ਪੈਰਾ-ਲੀਗਲ ਵਲੰਟੀਅਰ ਅਤੇ ਐਨ.ਜੀ.ਓਜ਼ ਦੀ ਟੀਮ ਬਣਾਈ ਗਈ ਜੋ ਕਿ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿਚ ਜਾ ਕੇ ਲੋਕਾਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਗੇ। ਲੀਗਲ ਅਵੇਅਰਨੈਸ ਪ੍ਰੋਗਰਾਮ ਦੇ ਆਯੋਜਨ ਦਾ ਮੁੱਖ ਮੰਤਵ ਉਨ੍ਹਾਂ ਲੋਕਾਂ ਤੱਕ ਪਹੁੰਚ ਕਰਨੀ ਹੈ ਜਿਹੜੇ ਕਿਸੇ ਕਾਰਨ ਕਰਕੇ ਲੀਗਲ ਸਰਵਿਸਿਜ਼ ਸੰਸਥਾਵਾਂ ਤੱਕ ਨਹੀਂ ਪਹੁੰਚ ਸਕਦੇ। ਇਸ ਪ੍ਰੋਗਰਾਮ ਅਧੀਨ ਕਾਨੂੰਨੀ ਸੇਵਾਵਾਂ ਸਬੰਧੀ ਜਾਣਕਾਰੀ ਪਹੁੰਚਾਉਣ ਲਈ ਘਰ-ਘਰ ਪੈਂਫ਼ਲੈਟ ਵੀ ਵੰਡੇ ਜਾਣਗੇ। ਉਨ੍ਹਾਂ ਵਲੋਂ ਅਵੇਰਨੈਸ ਪ੍ਰੋਗਰਾਮ ਲਈ ਬੱਸ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ ਜਾਂ ਕਬੀਲੇ ਦੇ ਮੈਂਬਰ, ਔਰਤਾਂ, ਬੱਚੇ, ਮਾਨਸਿਕ ਰੋਗੀ, ਬੇਗਾਰ ਦੇ ਮਾਰੇ, ਉਦਯੋਗਿਕ ਕਾਮੇ, ਹਿਰਾਸਤ ਵਿਚ ਵਿਅਕਤੀ, ਜੇਲ੍ਹਾਂ ਵਿਚ ਬੰਦ ਹਵਾਲਾਤੀ ਅਤੇ ਕੈਦੀ ਅਤੇ ਹਰ ਉਹ ਵਿਅਕਤੀ ਜਿਸ ਦੀ ਸਾਲਾਨਾ ਆਮਦਨ ਤਿੰਨ ਲੱਖ ਰੁਪਏ ਤੋਂ ਘੱਟ ਹੈ, ਮੁਫਤ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਦਾ ਹੱਕਦਾਰ ਹੈ। ਉਨ੍ਹਾਂ ਵਲੋਂ ਇਹ ਵੀ ਦੱਸਿਆ ਗਿਆ ਕਿ ਮੁਫਤ ਕਾਨੂੰਨੀ ਸਹਾਇਤਾ ਵਿਚ ਅਦਾਲਤਾਂ ਵਿਚ ਵਕੀਲਾਂ ਦੀਆਂ ਮੁਫ਼ਤ ਸੇਵਾਵਾਂ, ਮੁਫਤ ਕਾਨੂੰਨੀ ਸਲਾਹ ਮਸ਼ਵਰਾ, ਕੋਰਟ ਫੀਸ, ਤਲਬਾਨਾਂ ਫੀਸ ਅਤੇ ਗਵਾਹਾਂ ਆਦਿ ਤੇ ਹੋਣ ਵਾਲੇ ਖਰਚਿਆਂ ਦੀ ਅਦਾਇਗੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਕੀਤੀ ਜਾਂਦੀ ਹੈ।

## *ਗੁਰੂ ਹਰਿ ਸਾਹਿਬ ਯਾਦਗਾਰੀ ਸਾਲਾਨਾ ਫੁੱਟਬਾਲ ਟੂਰਨਾਮੈਂਟ 21 ਤੋਂ*

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਇਤਿਹਾਸਕ ਪਿੰਡ ਭੁੰਗਰਨੀ ਵਿਖੇ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ ਰਜਿ ਭੁੰਗਰਨੀ ਹੁਸ਼ਿਆਰਪੁਰ ਵੱਲੋਂ ਨਸ਼ਾ ਮੁਕਤ ਸਮਾਜ ਸਿਰਜਣ ਲਈ ਵਿਸ਼ੇਸ਼ ਉਪਰਾਲੇ ਤਹਿਤ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ 21 ਤੋਂ 24 ਜਨਵਰੀ ਤੱਕ ਸਾਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਪ੍ਰਬੰਧਕ ਜਥੇਦਾਰ ਸੁਰਜੀਤ ਸਿੰਘ ਮਸੂਤਾ, ਜਗਤਾਰ ਸਿੰਘ ਭੁੰਗਰਨੀ ਨੇ ਦੱਸਿਆ ਕਿ 21 ਜਨਵਰੀ ਨੂੰ ਸਵੇਰੇ 9 ਵਜੇ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਕੀਤਾ ਜਾਵੇਗਾ।ਇਸ ਮੌਕੇ ਪ੍ਰਬੰਧਕਾ ਨੇ ਦੱਸਿਆ ਇਸ ਸਾਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਵਿੱਚ ਪੰਜਾਬ ਦੀਆਂ ਨਾਮਵਰ ਟੀਮਾਂ ਭਾਗ ਲੈਣਗੀਆਂ।ਇਸ ਮੌਕੇ ਪ੍ਰਬੰਧਕਾ ਨੇ ਦੱਸਿਆ ਕਿ 24 ਜਨਵਰੀ ਨੂੰ ਫਾਈਨਲ ਵਾਲੇ ਦਿਨ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਲੜਕੀਆਂ ਦਾ ਸ਼ੋਅ ਮੈਚ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਸਾਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ 'ਚ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਕੋਮਲ ਮਿਤਲ ਡੀ ਸੀ ਹੁਸ਼ਿਆਰਪੁਰ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਆਪਣੇ ਕਰ ਕਮਲਾਂ ਨਾਲ ਇਨਾਮਾਂ ਦੀ ਵੰਡ ਕਰਨਗੇ।

# ਮੁੱਖ ਮੰਤਰੀ ਦੀ ਕੰਪਿਊਟਰ ਅਧਿਆਪਕਾਂ ਨੇ ਰੋਸ ਰੈਲੀ ਕੱਢ ਕੇ ਕੀਤੀ ਭਾਲ



**ਜਲੰਧਰ ( ਰਾਜੇਸ਼ ਥਾਪਾ )** ਕੰਪਿਊਟਰ ਅਧਿਆਪਕ ਯੂਨੀਅਨ ਜਲੰਧਰ ਦੇ ਪ੍ਰਧਾਨ ਰਮਨ ਕੁਮਾਰ ਅਤੇ ਸੂਬਾ ਪ੍ਰੈਸ ਸਕੱਤਰ ਹਰਜਿੰਦਰ ਮਹਿਸਮਪੁਰ ਦੀ ਅਗਵਾਈ ਹੇਠ ਕੰਪਿਊਟਰ ਅਧਿਆਪਕ ਇਕੱਤਰ ਹੋ ਕੇ ਜਲੰਧਰ ਦੇ ਵੱਖ ਵੱਖ ਸਥਾਨਾਂ 'ਤੇ ਪੰਜਾਬ ਸਰਕਾਰ ਵਿਰੁੱਧ ਰੋਸ ਜਾਹਰ ਕਰਦੇ ਹੋਏ ਮੁੱਖ ਮੰਤਰੀ ਭਾਲ ਯਾਤਰਾ ਕੱਢੀ ਗਈ। ਜਥੇਬੰਦੀ ਨੇ ਦੱਸਿਆ ਕਿ ਕੰਪਿਊਟਰ ਅਧਿਆਪਕ ਮੁੱਖ ਮੰਤਰੀ ਭਾਲ ਯਾਤਰਾ ਰਾਹੀ 90 ਦੇ ਕਰੀਬ ਮ੍ਰਿਤਕ ਕੰਪਿਊਟਰ ਅਧਿਆਪਕਾਂ ਨੂੰ ਇਨਸਾਫ ਦਿਵਾਉਣ , 6500 ਦੇ ਲੱਗਭਗ ਸਰਕਾਰੀ ਸਕੂਲਾਂ ਵਿੱਚ 18 ਸਾਲ ਤੋਂ ਸੇਵਾ ਨਿਭਾ ਰਹੇ ਕੰਪਿਊਟਰ ਅਧਿਆਪਕਾਂ ਦੀਆ ਮੰਗਾਂ ਦੇ ਹੱਲ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਜਲੰਧਰ ਦੇ ਕੋਨ-ਕੋਨੇ ਵਿੱਚੋ ਸਰਕਾਰ ਦੇ ਵਿਰੋਧ ਵਿੱਚ ਨਾਅਰੇ ਬੁਲੰਦ ਕਰਦੇ ਹੋਏ ਲੱਭਿਆ ਗਿਆ। ਜਥੇਬੰਦੀ ਦੇ ਸੀਨੀਅਰ ਆਗੂ ਨੇ ਇਹ ਵੀ ਦੱਸਿਆ ਕਿ 21 ਜਨਵਰੀ ਨੂੰ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ 40 ਤੋਂ ਵਧ ਮੀਟਿੰਗਾਂ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ, ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ, ਸਬ-ਕਮੇਟੀ ਪੰਜਾਬ ਸਰਕਾਰ ਅਤੇ ਵਿੱਤ ਅਤੇ ਸਿੱਖਿਆ ਵਿਭਾਗ ਦੇ ਆਲਾ ਅਫਸਰਾਂ ਨਾਲ ਹੋ ਚੁੱਕੀਆਂ ਹਨ ਜਿਨ੍ਹਾਂ ਵਿੱਚ ਕੰਪਿਊਟਰ ਅਧਿਆਪਕਾਂ ਦੇ ਮਸਲਿਆਂ ਦਾ ਕੋਈ ਹੱਲ ਨਹੀਂ ਕੀਤਾ ਗਿਆ। ਪੰਜ-ਸੱਤ ਵਾਰ ਮੁੱਖ ਮੰਤਰੀ ਪੰਜਾਬ ਜੱਥੇਬੰਦੀ ਨੂੰ ਮੀਟਿੰਗ ਸਮਾਂ ਦਿੱਤਾ ਗਿਆ ਪਰ ਜੱਥੇਬੰਦੀ ਨਾਲ ਅੱਜ ਤੱਕ ਮੁੱਖ ਮੰਤਰੀ ਨੇ ਕੋਈ ਮੀਟਿੰਗ ਨਹੀਂ ਕੀਤੀ । ਜਿਸ ਕਾਰਨ ਸਮੂਹ ਕੰਪਿਊਟਰ ਅਧਿਆਪਕਾਂ ਵਿੱਚ ਪੰਜਾਬ ਸਰਕਾਰ ਪ੍ਰਤੀ ਰੋਹ ਅਤੇ ਨਿਰਾਸ਼ਾ ਪਾਈ ਜਾ ਰਹੀ ਹੈ । ਰੋਸ ਰੈਲੀ ਦੌਰਾਨ ਦੀਪਕ ਸਲਣ, ਆਰਸੀਪਾਲ, ਅਜੀਤ ਪਾਲ ਸਿੰਘ, ਬਲਜੀਤ ਸਿੰਘ ਭੁੱਲਰ, ਜਤਿੰਦਰ ਸਿੰਘ, ਅਜੇ ਕੁਮਾਰ, ਸਨਪ੍ਰੀਤ, ਸੁਖਵਿੰਦਰ ਮਾਹੀ, ਸੁਖਵਿੰਦਰ ਸਿੰਘ, ਨਿਤਿਨ ਕੁਮਾਰ, ਪਰਮਜੀਤ ਸਿੰਘ, ਦੀਪਕ ਚਾਂਦਲਾ, ਜਗਪ੍ਰੀਤ ਸਿੰਘ, ਰੋਹਿਤ ਸੋਬਤੀ,ਮੀਨਾ ਮੈਡਮ ਮਮਤਾ ਰਾਣੀ, ਸੰਦੀਪ ਕੌਰ, ਸੈਮੀਤਾ, ਕਵਿਤਾ , ਆਸ਼ੂ ਤਲਵਾਰ, ਮੀਨਾ ਰਾਣੀ

ਦਫਤਰੀ ਕਰਮਚਾਰੀ ਯੂਨੀਅਨ ਤੋਂ ਸੋਭਿਤ ਭਗਤ ਆਦਿ ਹਾਜਰ ਸਨ।

## ਪਾਵਰਕਾਮ ਠੇਕਾ ਮੁਲਾਜ਼ਮਾਂ ਵਲੋਂ ਪਟਿਆਲਾ ਮੁੱਖ ਦਫਤਰ ਅੱਗੇ ਧਰਨਾ 23 ਨੂੰ



**ਮਾਹਿਲਪੁਰ (ਸਫਰੀ)** ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜਮ ਯੂਨੀਅਨ ਦੀ ਇਕੱਤਰਤਾ ਗੜ੍ਹਸ਼ੰਕਰ ਡਿਵੀਜਨ ਦਫਤਰ ਵਿਖੇ ਹੋਈ। ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਸੀ.ਐੱਚ. ਬੀ. ਤੇ ਠੇਕਾ ਕਾਮਿਆਂ ਵਲੋਂ 23 ਜਨਵਰੀ ਨੂੰ ਮੁੱਖ ਦਫਤਰ ਪਟਿਆਲਾ ਅੱਗੇ ਧਰਨਾ ਲਗਾਇਆ ਜਾਵੇਗਾ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਤੇ ਮੈਨੇਜਮੈਂਟ ਠੇਕਾ ਮੁਲਾਜਮਾਂ ਦੀਆਂ ਮੰਗਾਂ ਪ੍ਰਤੀ ਗੰਭੀਰ ਨਹੀਂ। ਉਨ੍ਹਾਂ ਮੰਗ ਕੀਤੀ ਕਿ ਵਿਭਾਗ ਵਲੋਂ ਕੀਤੀ ਜਾ ਰਹੀ ਨਵੀਂ ਭਰਤੀ 'ਚ ਠੇਕਾ ਮੁਲਾਜਮਾਂ ਨੂੰ ਪਹਿਲ ਦੇ ਆਧਾਰ 'ਤੇ ਪੱਕਾ ਕੀਤਾ ਜਾਵੇ। ਡਿਊਟੀ ਦੌਰਾਨ ਮੌਤ ਦੇ ਮੂੰਹ 'ਚ ਪਏ ਮੁਲਾਜਮ ਦੇ ਪਰਵਾਰ ਨੂੰ ਮੁਆਵਜਾ ਦੇਣ ਦੇ ਨਾਲ ਹੀ ਪੱਕੀ ਨੌਕਰੀ ਦਾ ਪ੍ਰਬੰਧ ਕੀਤਾ ਜਾਵੇ। ਇਸ ਮੌਕੇ ਡਿਵੀਜਨ ਪ੍ਰਧਾਨ ਲਖਵੀਰ ਸਿੰਘ,ਅਮਰਵੀਰ ਸਿੰਘ,ਬਲਜਿੰਦਰ ਸਿੰਘ, ਲਖਵਿੰਦਰ ਸਿੰਘ, ਰਵੀ, ਗੁਰਪ੍ਰੀਤ, ਹਨੀ , ਸੰਦੀਪ ਆਦਿ ਹਾਜਰ ਸਨ।

## ਸਰੀਏ ਦੇ ਟਰੱਕ ਚੋਰੀ ਮਾਮਲੇ 'ਚ ਮਾਸਟਰ ਮਾਈਂਡ ਗ੍ਰਿਫਤਾਰ



**ਜਲੰਧਰ (ਸੁਰਿੰਦਰ ਕੁਮਾਰ)** ਸਥਾਨਕ ਲੰਬਾ ਪਿੰਡ ਚੌਕ ਤੋਂ ਇੱਕ ਸਾਲ ਪਹਿਲਾਂ ਲੋਹੇ ਦੇ ਸਰੀਏ ਦਾ ਭਰਿਆ ਟਰੱਕ ਚੋਰੀ ਕਰਨ ਵਾਲੇ ਗਿਰੋਹ ਦੇ ਮਾਸਟਰ ਮਾਂਇਡ ਸੋਨੂੰ ਉਰਫ ਰੋਕੀ ਪੁੱਤਰ ਗੁਲਜਾਰ ਗਿੱਲ ਨੂੰ ਜਲੰਧਰ ਦੀ ਸ਼ਹਿਰੀ ਪੁਲਸ ਨੇ ਕਾਬੂ ਕੀਤਾ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਬੀਤੇ ਸਾਲ ਸਤੰਬਰ ਮਹੀਨੇ ਵਿੱਚ ਲੰਬਾ ਪਿੰਡ ਜੀ ਟੀ ਰੋਡ ਤੋਂ ਖੜ੍ਹੇ ਲੋਹੇ ਦੇ ਭਰੇ ਟਰੱਕ ਨੂੰ ਚੋਰੀ ਕਰ ਲਿਆ ਗਿਆ ਸੀ। ਪੁਲਸ ਡਵੀਜਨ ਨੰਬਰ ਅੱਠ ਵਿੱਚ 24 ਸਤੰਬਰ 2023 ਨੂੰ ਮਾਮਲਾ ਨੰਬਰ 211 ਦਰਜ ਕੀਤਾ ਗਿਆ ਸੀ। ਇਸ ਲੁੱਟ ਕਾਂਡ ਵਿੱਚ ਸ਼ਾਮਿਲ ਚੋਰਾਂ ਦੇ ਗਿਰੋਹ ਦੇ ਕਈ ਮੈਂਬਰਾਂ ਨੂੰ ਪੁਲਸ ਨੇ ਕਾਬੂ ਕਰ ਲਿਆ ਸੀ ਪਰ ਮਾਸਟਰ ਮਾਂਇਡ ਰਾਕੀ ਉਰਫ ਸੋਨੂੰ ਪੁੱਤਰ ਗੁਲਜਾਰ ਗਿੱਲ ਨਿਵਾਸੀ ਸੰਤੋਖ ਪੁਰਾ ਭੱਜਿਆ ਹੋਇਆ ਸੀ। ਇਸ ਬਾਰੇ ਸੂਹ ਮਿਲਣ 'ਤੇ ਤੁਰੰਤ ਕਾਰਵਾਈ ਕਰਦਿਆਂ ਉਸ ਨੂੰ ਦਬੋਚਿਆ। ਇਸ ਕੋਲੋਂ 15 ਗਰਾਮ ਹੈਰੋਇਨ ਵੀ ਬਰਾਮਦ ਹੋਈ ਹੈ। ਉਕਤ ਰਾਕੀ ਖਤਰਨਾਕ ਅਪਰਾਧੀ ਹੈ ਇਸ ਦੇ ਖਿਲਾਫ ਪਹਿਲਾ ਵੀ ਬੁਹਤ ਸਾਰੇ ਮਾਮਲੇ ਦਰਜ ਹਨ।

## ਰੋਟਰੀ ਕਲੱਬ ਨੇ ਮਨਾਈ 21 ਨਵਜੰਮੀਆਂ ਕੁੜੀਆਂ ਦੀ ਲੋਹੜੀ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**:- ਰੋਟਰੀ ਕਲੱਬ ਸ੍ਰੀ ਅਨੰਦਪੁਰ ਸਾਹਿਬ ਵਲੋਂ ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਮਲਟੀਸਪੈਸ਼ਲਿਟੀ ਹਸਪਤਾਲ 'ਚ ਨਵਜੰਮੀਆਂ ਕੁੜੀਆਂ ਦੀ ਲੋਹੜੀ ਮਨਾ ਕੇ ਸਮਾਜ ਨੂੰ ਇਕ ਅਹਿਮ ਸੰਦੇਸ਼ ਦਿੱਤਾ। ਕਲੱਬ ਦੇ ਸਾਬਕਾ ਪ੍ਰਧਾਨ ਤੇ ਉੱਘੇ ਸਰਜਨ ਡਾ.ਪੀ.ਜੇ.ਐਸ ਕੰਗ ਤੇ ਮੌਜੂਦਾ ਪ੍ਰਧਾਨ ਡਾ.ਰਣਵੀਰ ਸਿੰਘ ਨੇ ਕਿਹਾ ਕਿ ਸਮਾਜ ਦੇ ਵਿਕਾਸ ਲਈ ਇਕ ਧੀ ਦਾ ਅਹਿਮ ਰੋਲ ਹੁੰਦਾ ਹੈ,ਜਿਸ ਬਿਨਾਂ ਇਸ ਸ਼੍ਰਿਸਟੀ ਦੇ ਨਿਰਮਾਣ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਪਰੰਤੂ ਬੜੇ ਹੀ ਦੁੱਖ ਨਾਲ ਕਹਿਣਾ ਪੈ ਰਿਹਾ ਜਿੱਥੇ ਅੱਜ ਦੇ ਸਮੇਂ 'ਚ ਵੀ ਕੁਝ ਲੋਕ ਧੀ ਨੂੰ ਪਰਵਾਰ 'ਤੇ ਬੋਝ ਸਮਝਦੇ ਹਨ, ਉੱਥੇ ਹੀ ਕੁਝ ਵਹਿਸ਼ੀ ਦੇ ਦਰਿੰਦੇ ਅਸਨਰਾਂ ਵਲੋਂ ਲਗਾਤਾਰ ਧੀਆਂ ਦੇ ਅਤਿਆਚਾਰ ਕੀਤੇ ਜਾ ਰਹੇ ਹਨ। ਜਿਸ ਨਾਲ ਕਿਤੇ ਨਾ ਕਿਤੇ ਹਰ ਵਿਅਕਤੀ ਆਪਣੀ ਧੀ ਦੀਆਂ ਸੁਰੱਖਿਆ ਨੂੰ ਲੈ ਕੇ ਚਿੰਤਿਤ ਵੀ ਹੈ। ਇਸ ਲਈ ਅੱਜ ਦੇ ਪਵਿੱਤਰ ਦਿਹਾੜੇ 'ਤੇ ਹਰ ਇਨਸਾਨ ਨੂੰ ਇਹ ਅਹਿਦ ਕਰਨਾ ਚਾਹੀਂਦਾ ਹੈ ਕਿ ਉਹ ਹਮੇਸ਼ਾ ਹੀ ਧੀਆਂ ਦਾ ਸਤਿਕਾਰ ਕਰੇ ਤੇ ਉਸਨੂੰ ਅੱਗੇ ਵੱਧਣ ਲਈ ਆਪਣਾ ਯੋਗਦਾਨ ਵੀ ਪ੍ਰਦਾਨ ਕਰੇ ਤਾਂ ਹੀ ਅਸੀਂ ਇਕ ਵਿਕਸਿਤ ਸਮਾਜ ਦੀ ਸਥਾਪਨਾ ਕਰ ਸਕਦੇ ਹਾਂ। ਇਸ ਮੌਕੇ ਰੋਟਰੀ ਕਲੱਬ ਦੀ ਟੀਮ ਵਲੋਂ 21 ਨਵਜੰਮੀਆਂ ਲੜਕੀਆਂ ਦੀ ਲੋਹੜੀ ਮਨਾਉਂਦੇ ਹੋਏ ਉਨ੍ਹਾਂ ਨੂੰ ਤੋਹਫੇ ਤੇ ਮਠਿਆਈਆਂ ਵੀ ਪ੍ਰਦਾਨ ਕੀਤੀਆਂ।

ਇਸ ਪ੍ਰੋਗਰਾਮ ਦੌਰਾਨ ਸਾਬਕਾ ਪ੍ਰਧਾਨ ਸੁਖਵਿੰਦਰਪਾਲ ਸਿੰਘ ਸੁੱਖੂ, ਰੋਟੇਰੀਅਨ ਬਬਲੂ ਰਾਣਾ, ਨਰਿੰਦਰ ਰਾਣਾ, ਡਾ.ਗੁਰਪਾਲ ਸਿੰਘ, ਜਸਵਿੰਦਰ ਸਿੰਘ ਸੋਨੂੰ , ਮਾ.ਅਜੇ ਕੁਮਾਰ, ਰਜਿੰਦਰ ਸਿੰਘ ਕਾਲਾ ਸਮੇਤ ਕਲੱਬ ਮੈਂਬਰ ਤੇ ਹਸਪਤਾਲ ਸਟਾਫ ਹਾਜਰ ਸੀ ।

## ਵਿਧਾਇਕ ਰਾਜਾ ਨੇ ਫਸਲ ਦੇ ਮੁਆਵਜ਼ੇ ਵਜੋਂ ਕਿਸਾਨਾਂ ਨੂੰ ਭੇਟ ਕੀਤੇ ਚੈੱਕ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ ਉਂਕਾਰ ਸਿੰਘ )**-ਬੀਤੇ ਸਮੇਂ ਦੌਰਾਨ ਮਾਨਸੂਨ ਵਿੱਚ ਹੋਈ ਭਾਰੀ ਬਾਰਿਸ਼ ਤੇ ਹੜ੍ਹਾਂ ਦੀ ਮਾਰ ਹੇਠ ਆ ਕੇ ਪ੍ਰਭਾਵਿਤ ਹੋਈ ਫਸਲ ਦੇ ਮੁਆਵਜੇ ਦੇ ਚੈੱਕ ਵਿਸ਼ੇਸ਼ ਸਹਾਇਤਾ ਵਜੋਂ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਬਲਾਕ ਟਾਂਡਾ ਦੇ ਪਿੰਡ ਨੱਥੂਪੁਰ ਵਿਖੇ ਇੱਕ ਵਿਸ਼ੇਸ਼ ਸਮਾਰੋਹ ਦੌਰਾਨ ਭੇਟ ਕੀਤੇ। ਇਸ ਮੌਕੇ ਉਨ੍ਹਾਂ ਨੇ ਪਿੰਡ ਭੂਲਪੁਰ, ਹਬੀਬ ਚੱਕ, ਕੋਟ ਸਤਾਰ ਖਾਂ, ਕੋਟਲੀ, ਮਿਆਣੀ, ਫੱਤਾ ਕੁੱਲਾ, ਅਬਦੁੱਲਾਪੁਰ, ਗੰਦੋਵਾਲ, ਬਲਾ, ਨੇਕਨਾਮਪੁਰ, ਸਲੇਮਪੁਰ, ਰੜਾ ਤੇ ਟਾਹਲੀ ਪਿੰਡ ਦੇ ਪ੍ਰਭਾਵਿਤ ਕਿਸਾਨਾਂ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਜਾਰੀ ਕਰੀਬ 1 ਕਰੋੜ 21 ਲੱਖ ਤੋਂ ਉੱਪਰ ਦੀ ਮੁਆਵਜਾ ਰਾਸ਼ੀ ਚੈੱਕ ਭੇਟ ਕਰਦਿਆਂ ਕਿਹਾ ਕਿ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਔਖੇ ਸਮੇਂ ਵਿੱਚ ਹਰੇਕ ਵਰਗ ਦੀ ਬਾਂਹ ਫੜੀ ਹੈ। ਇਸ ਮੌਕੇ ਵਿਧਾਇਕ ਜਸਬੀਰ ਰਾਜਾ ਨੇ ਹੋਰ ਕਿਹਾ ਕਿ ਭਾਰੀ ਬਾਰਿਸ਼ ਅਤੇ ਹੜਾਂ ਕਾਰਨ ਬਰਬਾਦ ਹੋਈ ਫਸਲ ਦਾ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਖੁਦ ਵਿਸ਼ੇਸ਼ ਦੌਰਾ ਕਰਕੇ ਮੁਆਇਨਾ ਕੀਤਾ ਸੀ। ਉਸ ਉਪਰੰਤ ਸੰਬੰਧਿਤ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦੇ ਕੇ ਸਰਵੇ ਕਰਵਾਇਆ ਅਤੇ ਸਰਵੇ ਉਪਰੰਤ ਇਹ ਸਹਾਇਤਾ ਰਾਸ਼ੀ ਦੇ ਚੈੱਕ ਭੇਂਟ ਕੀਤੇ ਗਏ ਹਨ। ਸਰਕਾਰ ਵੱਲੋਂ ਫਿਰ ਵਿਸ਼ੇਸ਼ ਸਰਵੇ ਕਰਵਾ ਕੇ ਰਹਿ ਗਏ ਕਿਸਾਨਾਂ ਨੂੰ ਤਬਾਹ ਹੋਈ ਫਸਲ ਦਾ ਮੁਆਵਜਾ ਜਾਰੀ ਕੀਤਾ ਜਾਵੇਗਾ। ਇਸ ਮੌਕੇ ਐਸ.ਡੀ.ਐਮ ਟਾਂਡਾ ਵਿਉਮ ਭਾਰਦਵਾਜ, ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਕੁਲਵਿੰਦਰ ਸਿੰਘ ਬੱਬਲ, ਨਾਇਬ ਤਹਿਸੀਲਦਾਰ ਗੁਰਪ੍ਰੀਤ ਸਿੰਘ, ਡੀ.ਐਸ.ਪੀ ਟਾਂਡਾ ਕੁਲਵੰਤ ਸਿੰਘ, ਡਾਇਰੈਕਟਰ ਰਣਵੀਰ ਸਿੰਘ ਨੱਥੂਪੁਰ, ਸਰਪੰਚ ਪਰਮਜੀਤ ਕੌਰ, ਮੀਡੀਆ ਇਨਚਾਰਜ ਸੁਖਵਿੰਦਰ ਸਿੰਘ ਅਰੋੜਾ, ਸਰਬਜੀਤ ਵਿੱਕੀ ਇਬਰਾਹਿਮਪੁਰ, ਪ੍ਰਿੰਸ ਸਲੇਮਪੁਰ, ਸਰਪੰਚ ਸਤਪਾਲ ਸਿੰਘ ਸੱਤੀ, ਸਰਪੰਚ ਦਿਲਦਾਰ ਸਿੰਘ, ਸੁਰਿੰਦਰ ਪਾਲ ਸਿੰਘ ਐਸ.ਪੀ, ਅਤਵਾਰ ਸਿੰਘ ਪਲਾ ਚੱਕ ਵੀ ਹਾਜਰ ਸਨ।

## ਮੋਨਾ ਕਲਾਂ ਵਿਖੇ ਸਾਲਾਨਾ ਫੁੱਟਬਾਲ ਤੇ ਕਬੱਡੀ ਟੂਰਨਾਮੈਂਟ ਆਰੰਭ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਮੋਨਾ ਕਲਾਂ ਵਿਖੇ ਸ਼੍ਰੀ ਦਸਮੇਸ਼ ਸਪੋਰਟਸ ਕਲੱਬ ਮੋਨਾ ਕਲਾਂ, ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਗੁਰੂ ਗੋਬਿੰਦ ਸਿੰਘ ਨੂੰ ਅਤੇ ਚਾਰ ਸਾਹਿਬਜ਼ਾਦਿਆਂ ਨੂੰ ਸਮਰਪਿਤ ਯਾਦਗਾਰੀ ਸਾਲਾਨਾ ਫੁੱਟਬਾਲ ਤੇ ਕੱਬਡੀ ਟੂਰਨਾਮੈਂਟ 18 ਤੋਂ 21 ਜਨਵਰੀ ਤੱਕ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਪ੍ਰਬੰਧਕਾ ਨੇ ਦੱਸਿਆ ਕਿ ਸਾਲਾਨਾ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਮੁੱਖ ਮਹਿਮਾਨ ਮਨਜੀਤ ਰਾਏ ਬੀ ਕੇ ਯੂ ਦੋਆਬਾ ਪੰਜਾਬ ਪ੍ਰਧਾਨ, ਜਥੇਦਾਰ, ਮਨਜੀਤ ਸਿੰਘ ਸਰਪੰਚ ਰਾਜਪੁਰ ਭਾਈਆਂ, ਡਾਕਟਰ ਅਮ੍ਰਿਤਪਾਲ ਸਿੰਘ ਨੇ ਅਰਦਾਸ ਹੋਣ ਤੋਂ ਬਾਅਦ ਸਾਂਝੇ ਤੌਰ 'ਤੇ ਰੀਬਨ ਕੱਟ ਕੇ ਮੈਚ ਦਾ ਉਦਘਾਟਨ ਕੀਤਾ।ਇਸ ਮੌਕੇ ਪ੍ਰਬੰਧਕਾ ਨੇ ਦੱਸਿਆ ਫੁੱਟਬਾਲ ਦੀਆਂ ਕੁੱਲ 16 ਟੀਮਾ ਭਾਗ ਲੈ ਰਹੀਆਂ ਹਨ।ਜਿਸ ਦਾ ਉਦਘਾਟਨੀ ਮੈਚ ਭਾਮ ਅਤੇ ਰਿਹਾਣਾ ਜੱਟਾਂ 'ਚ ਹੋਇਆ। ਜਿਸ 'ਚ ਭਾਮ ਦੀ ਟੀਮ ਜੇਤੂ ਰਹੀ।ਇਸ ਮੌਕੇ ਫੁੱਟਬਾਲ ਦੇ ਫਾਈਨਲ ਮੈਚ 20 ਜਨਵਰੀ ਨੂੰ ਅਤੇ ਕੱਬਡੀ ਦੇ ਮੈਚ 21 ਜਨਵਰੀ ਨੂੰ ਕਰਵਾਏ ਜਾ ਗਏ।ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 21 ਜਨਵਰੀ ਨੂੰ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਹਲਕਾ ਵਿਧਾਇਕ ਡਾਕਟਰ ਰਾਜ ਕੁਮਾਰ ਚੱਬੇਵਾਲ ਜੇਤੂ ਅਤੇ ਉਪ ਜੇਤੂ ਨੂੰ ਇਨਾਮਾਂ ਦੀ ਵੰਡ ਕਰਨਗੇ।ਇਸ ਮੌਕੇ ਪ੍ਰਧਾਨ ਕੁਲਦੀਪ ਸਿੰਘ ਮਾਣਕ, ਵਾਇਸ ਪ੍ਰਧਾਨ ਮਨਦੀਪ ਸਿੰਘ, ਗੁਰਜੀਤ ਗਿੱਲ, ਗੁਰਿੰਦਰਜੀਤ ਗੋਰਵ, ਮਨਮਿੰਦਰ ਮੰਜੂ, ਰਣਜੀਤ ਕੁਮਾਰ, ਬਲਵੀਰ ਬਬਲਾ, ਸਾਹਿਲ ਲਹੋਰੀਆ, ਅਮਨਦੀਪ ਬੱਬੂ, ਗੁਰਚਰਨ ਸਿੰਘ, ਗੁਰਮੀਤ ਸਿੰਘ ਯੂ ਐਸ ਏ, ਸ਼ਾਮ ਸਿੰਘ, ਸੁੱਖਦੇਵ ਸਿੰਘ ਆਦਿ ਹਾਜ਼ਰ ਸਨ।

## ਦੋ ਹਫਤਿਆਂ ਦਾ ਡੇਅਰੀ ਸਿਖਲਾਈ ਕੋਰਸ 29 ਤੋਂ

**ਨਵਾਂਸ਼ਹਿਰ, (ਮਨੋਜ ਲਾਡੀ)** ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਕੁਲਦੀਪ ਸਿੰਘ ਜੱਸੋਵਾਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ 29 ਜਨਵਰੀ ਤੋਂ ਦੁੱਧ ਉਤਪਾਦਕਾਂ ਅਤੇ ਡੇਅਰੀ ਫਾਰਮਰਾਂ ਨੂੰ ਡੇਅਰੀ ਸਿਖਲਾਈ ਦੇਣ ਲਈ ਅਗਲਾ ਬੈਚ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸ਼ਹੀਦ ਭਗਤ ਸਿੰਘ ਨਗਰ ਗੁਰਿੰਦਰਪਾਲ ਸਿੰਘ ਨੇ ਦਿੰਦਿਆ ਦੱਸਿਆ ਕੇ ਅਜੋਕੇ ਯੁੱਗ ਵਿੱਚ ਵਿਗਿਆਨਕ ਢੰਗਾਂ ਨਾਲ ਕੀਤੇ ਕਾਰੋਬਾਰ ਹੀ ਲਾਹੇਵੰਦ ਹੋਣਗੇ।

ਉਨ੍ਹਾਂ ਦੱਸਿਆ ਕਿ ਦਧਾਰੂ ਪਸ਼ੂਆਂ ਦੀ ਖ੍ਰੀਦ ਤੋਂ ਲੈ ਕੇ ਰੱਖ ਰਖਾਓ, ਖਾਦ ਖੁਰਾਕ, ਨਸਲ ਸੁਧਾਰ, ਸਾਂਭ ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦੇਣ ਲਈ ਚਲਾਏ ਜਾਂਦੇ ਡੇਅਰੀ ਸਿਖਲਾਈ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ। ਉਹਨਾਂ ਨੇ ਸਮੂਹ ਦੁੱਧ ਉਤਪਾਦਕਾਂ ਅਤੇ ਡੇਅਰੀ ਫਾਰਮਰਾਂ ਨੂੰ ਸੁਨੇਹਾ ਦਿੱਤਾ ਹੈ ਕਿ ਉਹ ਤੁਰੰਤ ਆਪਣੇ ਆਪ ਨੂੰ ਸਿਖਲਾਈ ਪ੍ਰੋਗਰਾਮ ਵਿੱਚ ਦਾਖਲ ਕਰਵਾਉਣ ਲਈ ਉਪਰਾਲੇ ਕਰਨ ਅਤੇ ਵਿਭਾਗ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਣ। ਉਨ੍ਹਾਂ ਦੱਸਿਆ ਕਿ ਲੋੜੀਂਦੇ ਕਾਗਜਾਤ ਪੜਾਈ ਦਾ ਸਰਟੀਫਿਕੇਟ, ਅਧਾਰ ਕਾਰਡ, ਵੋਟਰ ਕਾਰਡ, ਅਨੁਸੂਚਿਤ ਜਾਤੀ ਸਰਟੀਫਿਕੇਟ, ਪਾਸਪੋਰਟ ਸਾਈਜ ਫੋਟੋ ਨਾਲ ਲੈ ਕੇ 26 ਜਨਵਰੀ 2024 ਤੱਕ ਆਪਣੇ ਫਾਰਮ ਭਰਵਾਉਣ ਲਈ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਵੈਟਨਰੀ ਪੋਲੀਕਲੀਨਿਕ, ਬੰਗਾ ਰੋਡ ਮਹਾਲੋਂ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

# ਡਾ. ਕੇਵਲ ਸਿੰਘ ਤੇ ਡਾ. ਲਵਪ੍ਰੀਤ ਪਾਬਲਾ ਨੂੰ ਅਯੁੱਧਿਆ ਤੋਂ ਆਏ ਅਕਸ਼ਿਤ ਤੇ ਸੱਦਾ ਪੱਤਰ ਭੇਟ



**ਟਾਂਡਾ ਉੜਮੁੜ, ( ਜਸਵਿੰਦਰ ਸੰਧੂ ਉਂਕਾਰ ਸਿੰਘ )**-ਭਗਵਾਨ ਸ੍ਰੀ ਰਾਮ ਜਨਮ ਭੂਮੀ ਅਯੁੱਧਿਆ ਰਾਮ ਮੰਦਰ 'ਚ ਪ੍ਰਾਣ ਪ੍ਰਤੀਸ਼ਠਾ ਮਹਾ ਉਤਸਵ ਲਈ ਰਾਮ ਭਗਤਾਂ ਵੱਲੋਂ ਸੇਵਾ ਮੁਕਤ ਡਿਪਟੀ ਡਾਇਰੈਕਟਰ ਸਿਹਤ ਵਿਭਾਗ ਡਾ.ਕੇਵਲ ਸਿੰਘ ਅਤੇ ਸਮਾਜ ਸੇਵੀ ਡਾ. ਲਵਪ੍ਰੀਤ ਸਿੰਘ ਪਾਬਲਾ ਨੂੰ ਸ੍ਰੀ ਰਾਮ ਮੰਦਰ ਅਯੁੱਧਿਆ ਤੋਂ ਅਕਸ਼ਿਤ ਨਵੇਂ ਬਣੇ ਸ੍ਰੀ ਰਾਮ ਮੰਦਰ ਦੀ ਤਸਵੀਰ ਅਤੇ ਭਗਵਾਨ ਸ੍ਰੀ ਰਾਮ ਜੀ ਦੀ ਨਗਰੀ ਅਯੁੱਧਿਆ ਤੋਂ ਆਇਆ ਸੱਦਾ ਪੱਤਰ ਭੇਟ ਕੀਤਾ ਗਿਆ। ਪੰਡਿਤ ਭਾਰਤੀ ਅਤੇ ਸਮਾਜ ਸੇਵਕ ਅਮਨਦੀਪ ਰੁਬਲ ਨੇ ਇਹ ਸੱਦਾ ਪੱਤਰ ਭੇਟ ਕਰਦੇ ਹੋਏ ਉਕਤ ਸਮਾਜ ਸੇਵੀ ਸ਼ਖ਼ਸੀਅਤਾਂ ਨੂੰ ਦੱਸਿਆ ਕਿ 1 ਜਨਵਰੀ ਤੋਂ ਸ਼ੁਰੂ ਹੋਈ ਇਹ ਮੁਹਿੰਮ ਲਗਾਤਾਰ ਜਾਰੀ ਹੈ ਸ੍ਰੀ ਰਾਮ ਭਗਤਾਂ ਵਲੋਂ ਸ੍ਰੀ ਅਯੁੱਧਿਆ ਵਿਖੇ ਹੋਣ ਵਾਲੇ ਸਮਾਗਮ ਵਿੱਚ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਪਾਇਆ ਜਾ ਰਿਹਾ ਹੈ। 22 ਜਨਵਰੀ ਨੂੰ ਸ਼ਹਿਰ ਦੇ ਸਮੂਹ ਮੰਦਰਾਂ ਅਤੇ ਘਰਾਂ ਵਿੱਚ ਸ੍ਰੀ ਰਾਮ ਭਗਤਾਂ ਵੱਲੋਂ ਦੀਪਮਾਲਾ ਕੀਤੀ ਜਾਵੇਗੀ ਕਿਉਂਕਿ ਸ੍ਰੀ ਰਾਮ ਮੰਦਰ ਨਿਰਮਾਣ ਦਾ ਇਹ ਮੌਕਾ ਬੇਹੱਦ ਮਹੱਤਵਪੂਰਨ ਹੈ ਕਿਉਂਕਿ ਇਹ ਰਾਸ਼ਟਰੀ ਅਤੇ ਸੱਭਿਆਚਾਰਕ ਪਛਾਣ ਦਾ ਪ੍ਰਤੀਕ ਹੈ ਤੇ 140 ਕਰੋੜ ਭਾਰਤੀਆਂ ਦੇ ਦਿਲਾਂ ਵਿੱਚ ਗੂੰਜਣ ਵਾਲੇ ਸ੍ਰੀ ਰਾਮ ਮੰਦਿਰ ਦੇ ਨਿਰਮਾਣ ਵਿੱਚ ਇਹ ਇੱਕ ਇਤਿਹਾਸਿਕ ਕਦਮ ਹੈ। ਉਨ੍ਹਾਂ ਨੇ ਸ੍ਰੀ ਰਾਮ ਭਗਤਾਂ ਨੂੰ ਇਤਿਹਾਸਿਕ ਦਿਨ ਲਈ ਮੁਬਾਰਕਬਾਦ ਦਿੱਤੀ। ਇਸ ਮੌਕੇ ਗੁਰਜੋਤ ਸਿੰਘ ਪਾਬਲਾ, ਲਖਵਿੰਦਰ ਸਿੰਘ, ਰਾਮ ਅਰੋੜਾ, ਦੀਪਕ ਪੱਟੀ, ਰਾਜ ਅਹੀਆਪੁਰ, ਸੁਰਿੰਦਰ ਸਿੰਘ, ਨਵਜੋਤ ਸਿੰਘ, ਅਮਨਦੀਪ ਸਿੰਘ ਆਦਿ ਵੀ ਹਾਜਰ ਸਨ।

# ਸੁਸਾਇਟੀ ਨੇ ਪਾਇਆ ਸਵੱਛ ਤੀਰਥ ਅਭਿਆਨ 'ਚ ਯੋਗਦਾਨ



**ਫਗਵਾੜਾ (ਡਾ. ਰਮਨ)** :- ਸਵੱਛਤਾ ਅਭਿਆਨ ਸੁਸਾਇਟੀ ਫਗਵਾੜਾ ਰਜਿਸਟਰਡ ਵੱਲੋਂ ਨਗਰ ਨਿਗਮ ਫਗਵਾੜਾ ਦੇ ਸਹਿਯੋਗ ਨਾਲ ਕੇਂਦਰ ਸਰਕਾਰ ਵੱਲੋਂ ਚਲਾਏ ਜਾ ਰਹੇ ਸਵੱਛ ਤੀਰਥ ਅਭਿਆਨ ਤਹਿਤ ਸਵੱਛਤਾ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਸੁਸਾਇਟੀ ਦੇ ਮੈਂਬਰਾਂ, ਸ਼ਿਵ ਮੰਦਰ ਸੇਵਾਦਾਰ ਕਮੇਟੀ ਅਤੇ ਨਗਰ ਨਿਗਮ ਫਗਵਾੜਾ ਵੱਲੋਂ ਪ੍ਰਾਚੀਨ ਸ਼ਿਵ ਮੰਦਰ ਪੱਕਾ ਬਾਗ, ਸਟਾਰਚ ਮਿੱਲ ਫਗਵਾੜਾ ਅਤੇ ਆਸ-ਪਾਸ ਦੇ ਇਲਾਕਿਆਂ ਦੀ ਸਫਾਈ ਕੀਤੀ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਨਿਗਮ ਦੀ ਟੀਮ ਨੇ ਉਥੋਂ ਪਲਾਸਟਿਕ ਅਤੇ ਹੋਰ ਠੋਸ ਰਹਿੰਦ-ਖੂੰਹਦ ਨੂੰ ਇਕੱਠਾ ਕੀਤਾ। ਤੁਹਾਨੂੰ ਦੱਸ ਦੇਈਏ ਕਿ ਕੇਂਦਰ ਸਰਕਾਰ ਨੇ 22 ਜਨਵਰੀ ਨੂੰ ਅਯੁੱਧਿਆ ਵਿੱਚ ਭਗਵਾਨ ਰਾਮ ਜੀ ਦੇ ਸਵਰੂਪ ਦੀ ਪ੍ਰਾਣ ਪ੍ਰਤਿਸ਼ਟਾ ਦੀ ਪਵਿੱਤਰਤਾ ਨੂੰ ਲੈ ਕੇ 14 ਤੋਂ 21 ਜਨਵਰੀ ਤੱਕ ਦੇਸ਼ ਭਰ ਦੇ ਧਾਰਮਿਕ ਸੰਸਥਾਵਾਂ ਵਿੱਚ ਸਫਾਈ ਮੁਹਿੰਮ ਦਾ ਸੱਦਾ ਦਿੱਤਾ ਹੈ। ਇਸ ਤਹਿਤ ਨਗਰ ਨਿਗਮ ਫਗਵਾੜਾ ਵੱਲੋਂ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਜਾ ਕੇ ਲੋਕਾਂ ਨੂੰ ਸਫਾਈ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ। ਨਿਗਮ ਦੀ ਟੀਮ ਨੇ ਸ਼ਰਧਾਲੂਆਂ ਨੂੰ ਪਲਾਸਟਿਕ ਦੇ ਲਿਫਾਫੇ ਮੰਦਰ ਦੇ ਅੰਦਰ ਨਾ ਲਿਆਉਣ ਲਈ ਸਮਝਾਇਆ। ਮੰਦਿਰ ਦੇ ਸੇਵਾਦਾਰ ਇੰਦਰਜੀਤ ਕਾਲੜਾ ਨੇ ਦੱਸਿਆ ਕਿ ਮੰਦਰ ਦੀ ਚਾਰਦੀਵਾਰੀ ਵਿੱਚ ਲਿਫਾਫਿਆਂ ਦੀ ਵਰਤੋਂ ਪੂਰੀ ਤਰ੍ਹਾਂ ਬੰਦ ਕੀਤੀ ਜਾਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਮੰਦਰ ਵਿੱਚੋਂ ਬਚੇ ਫੁੱਲਾਂ, ਪੱਤਿਆਂ ਆਦਿ ਦੀ ਸਮੱਗਰੀ ਦੇ ਨਿਪਟਾਰੇ ਲਈ ਇੱਕ ਟੋਆ ਬਣਾਇਆ ਜਾਵੇਗਾ ਅਤੇ ਉਸ ਤੋਂ ਖਾਦ ਤਿਆਰ ਕੀਤੀ ਜਾਵੇਗੀ। ਨਗਰ ਨਿਗਮ ਫਗਵਾੜਾ ਤੋਂ ਮੈਡਮ ਸੁਨੀਤਾ ਸ਼ਰਮਾ ਨੇ ਵੀ ਲੋਕਾਂ ਨੂੰ ਪਲਾਸਟਿਕ ਦੀ ਵਰਤੋਂ ਨਾ ਕਰਨ ਲਈ ਜਾਗਰੂਕ ਕੀਤਾ ਅਤੇ ਗਿੱਲਾ ਕੂੜਾ ਅਤੇ ਸੁੱਕਾ ਕੂੜਾ ਅਲੱਗ-ਅਲੱਗ ਰੱਖਣ ਲਈ ਕਿਹਾ। ਸੋਸਾਇਟੀ ਦੇ ਚੇਅਰਮੈਨ ਮਦਨ ਮੋਹਨ ਖੱਟਰ ਨੇ ਵੀ ਲੋਕਾਂ ਕੂੜੇ ਨੂੰ ਸਹੀ ਢੰਗ ਨਾਲ ਨਿਪਟਾਉਣ ਲਈ ਕਿਹਾ। ਉਨ੍ਹਾਂ ਲੋਕਾਂ ਨੂੰ ਆਪਣੀਆਂ ਆਦਤਾਂ ਸੁਧਾਰਨ ਅਤੇ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਪ੍ਰੇਰਿਤ ਕੀਤਾ। ਪ੍ਰਧਾਨ ਆਸ਼ੀਸ਼ ਗਾਂਧੀ ਨੇ ਕਿਹਾ ਕਿ ਸਵੱਛਤਾ ਅਭਿਆਨ ਸੋਸਾਇਟੀ ਲੋਕਾਂ ਨੂੰ ਚੰਗੀ ਸਿਹਤ ਦੇ ਲਈ ਸਵੱਛਤਾ ਪ੍ਰਤੀ ਜਾਗਰੂਕ ਕਰਨ ਲਈ ਵਚਨਬੱਧ ਹੈ। ਪ੍ਰਧਾਨ ਆਸੀਸ ਗਾਂਧੀ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਮੁੱਖ ਮਹਿਮਾਨ ਇੰਦਰਜੀਤ ਕਾਲੜਾ ਨੂੰ ਬੂਟਾ ਦੇ ਕੇ ਸਨਮਾਨਿਤ ਕੀਤਾ। ਇਸ ਦੌਰਾਨ ਮਦਨ ਮੋਹਨ ਖੱਟਰ, ਰਮਨ ਨਹਿਰਾ, ਪੁਨੀਤ ਗੁਜਰਾਲ, ਮੋਨਿਕਾ ਚੋਪੜਾ, ਪ੍ਰਦੀਪ ਮਿਨਹਾਸ, ਨੀਲਮ ਮਿਨਹਾਸ, ਅਮਰਜੀਤ ਡੰਗ, ਸੁਨੀਤਾ ਸ਼ਰਮਾ, ਆਸ਼ਾ ਰਾਣੀ, ਕੁਲਵੰਤ ਰਾਏ , ਅੰਜੂ ਬਾਲਾ, ਪੂਜਾ, ਰਾਜਨ ਚੋਪੜਾ, ਸੁਸ਼ੀਲ ਵਰਮਾ, ਰਮਨ ਛਾਬੜਾ, ਪ੍ਰਮੋਦ ਜਲੋਟਾ ਆਦਿ ਹਾਜਰ ਸਨ ।

19-Jan-PAGE-9.qxd 1/19/2024 9:12 PM Page 1



# ਬੈਂਕ ਨਾਲ ਫਰਾਡ ਕਰਨ ਵਾਲਾ ਭਗੌੜਾ ਕਾਬੂ



**ਫਗਵਾੜਾ, ਚੰਡੀਗੜ੍ਹ ( ਜਸਵਿੰਦਰ ਢੱਡਾ, ਇੰਦਰਜੀਤ ਮਠਾੜੂ)** ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਪੰਜਾਬ ਗ੍ਰਾਮੀਣ ਬੈਂਕ, ਬ੍ਰਾਂਚ ਜਗਤਪੁਰ ਜੱਟਾਂ, ਫਗਵਾੜਾ, ਜ਼ਿਲ੍ਹਾ ਕਪੂਰਥਲਾ 'ਚ ਹੋਏ ਫਰਾਡ ਦੇ ਸੰਬੰਧ 'ਚ ਭਗੌੜੇ ਚੱਲੇ ਆ ਰਹੇ ਮੁਲਜ਼ਮ ਸ਼ਰਨਜੀਤ ਸਿੰਘ ਵਾਸੀ ਪਿੰਡ ਚੱਕ ਹਕੀਮ, ਫਗਵਾੜਾ, ਹਾਲ ਵਾਸੀ ਬੱਸੀ ਬਲਦਾਦ, ਹੁਸ਼ਿਆਰਪੁਰ ਨੂੰ ਜਾਅਲੀ ਦਸਤਾਵੇਜ਼ਾਂ ਦੇ ਅਧਾਰ 'ਤੇ ਮਿਲੀਭੁਗਤ ਨਾਲ 25,00,000 ਰੁਪਏ ਦਾ ਕਰਜਾ ਮਨਜ਼ੂਰ ਕਰਵਾ ਕੇ ਬੈਂਕ ਨਾਲ ਧੋਖਾਦੇਹੀ ਕਰਨ ਦੇ ਦੋਸ਼ਾਂ ਹੇਠ ਗ੍ਰਿਫਤਾਰ ਕਰ ਲਿਆ ਹੈ ਜੋ ਕਿ ਪਿਛਲੇ 3 ਸਾਲ 4 ਮਹੀਨੇ ਤੋਂ ਭਗੌੜਾ ਚੱਲਿਆ ਆ ਰਿਹਾ ਸੀ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਓਰੋ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਉਕਤ ਧੋਖਾਧੜੀ ਵਿਰੁੱਧ ਵਿਜੀਲੈਂਸ ਇਨਕੁਆਰੀ ਨੰਬਰ 10/2017 ਜਿਲ੍ਹਾ ਜਲੰਧਰ ਦੀ ਪੜਤਾਲ 'ਤੇ ਮੁਕੱਦਮਾ ਨੰਬਰ 11 ਮਿਤੀ 31-08-2020 ਨੂੰ ਆਈ ਪੀ ਸੀ ਦੀਆਂ ਧਾਰਾਵਾਂ 409, 420, 467, 468, 471, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13 (1) (ਏ) (2) ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਖੇ ਦਰਜ ਕੀਤਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਉਕਤ ਮੁਲਜ਼ਮ ਨੇ ਇਹ ਕਰਜਾ ਬੈਂਕ ਮੈਨੇਜਰ ਹਰਭਜਨ ਸਿੰਘ ਕਪੂਰ ਅਤੇ ਬੈਂਕ ਪੈਨਲ ਦੇ ਵੈਲੂਅਰ ਸਤੀਸ਼ ਕੁਮਾਰ ਸ਼ਰਮਾ ਦੀ ਮਿਲੀਭੁਗਤ ਨਾਲ ਮਨਜ਼ੂਰ ਕਰਵਾਇਆ ਸੀ। ਉਨ੍ਹਾਂ ਦੱਸਿਆ ਕਿ ਕਿ ਉਪਰੋਕਤ ਮੁਕੱਦਮੇ 'ਚ ਕੁੱਲ 16 ਮੁਲਜ਼ਮ ਸ਼ਾਮਲ ਹਨ, ਜਿਨਾਂ 'ਚੋਂ ਛੇ ਮੁਲਜ਼ਮਾਂ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਬਾਕੀ ਰਹਿੰਦੇ ਮੁਲਜ਼ਮਾਂ ਦੀ ਗ੍ਰਿਫਤਾਰੀ ਲਈ ਵਿਜੀਲੈਂਸ ਬਿਊਰੋ ਵੱਲੋਂ ਭਾਲ ਕੀਤੀ ਜਾ ਰਹੀ ਹੈ। ਇਸ ਕੇਸ ਦੇ ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਵਿਜੀਲੈਂਸ ਵੱਲੋਂ ਪੜਤਾਲ ਦੌਰਾਨ ਪਾਇਆ ਗਿਆ ਕਿ ਪਿੰਡ ਚੱਕ ਹਕੀਮ ਦੇ ਕੁੱਲ ਰਕਬਾ 35 ਕਨਾਲ 03 ਮਰਲੇ ਵਿੱਚ ਭਾਈ ਘਨੱਈਆ ਇਨਕਲੇਵ ਨਾਮੀ ਰਿਹਾਇਸ਼ੀ ਕਾਲੋਨੀ ਬਣੀ ਹੋਈ ਹੈ। ਇਸ ਕਾਲੋਨੀ ਦੇ ਉਕਤ ਖਸਰਾ ਨੰਬਰਾਂ ਦੇ ਰਕਬੇ 'ਚੋਂ ਸੁਖਵਿੰਦਰ ਕੌਰ ਅਟਵਾਲ ਤੇ ਮਨਿੰਦਰ ਕੌਰ ਅਟਵਾਲ ਦੀ 8 ਕਨਾਲ 15 ਮਰਲੇ ਦੀ ਹਿੱਸਾ ਬਰਾਬਰ ਮਾਲਕੀ ਸੀ ਜਿਹਨਾ ਨੇ ਆਪਣੀ ਜ਼ਮੀਨ ਦੀ ਦੇਖਭਾਲ ਅਤੇ ਖਰੀਦੋ-ਫਰੋਖਤ ਲਈ ਗੁਰਚਰਨ ਸਿੰਘ ਅਟਵਾਲ ਵਾਸੀ ਪਿੰਡ ਅਨੋਖਵਾਲ ਨੂੰ ਦੋ ਵੱਖ-ਵੱਖ ਦਸਤਾਵੇਜ਼ਾਂ ਰਾਂਹੀ ਮੁਖਤਿਆਰੇ ਆਮ ਮੁਕੱਰਰ ਕੀਤਾ ਹੋਇਆ ਸੀ ਜਿਸ ਨੇ ਅੱਗੇ ਰਾਜ ਕੁਮਾਰ ਵਾਸੀ ਠਠਿਆਰਾ ਮੁਹੱਲਾ, ਫਗਵਾੜਾ ਨੂੰ ਮੁਖਤਿਆਰੇ ਖਾਸ ਮੁਕੱਰਰ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਰਾਜ ਕੁਮਾਰ ਦੇ ਦੱਸਣ ਅਨੁਸਾਰ ਉਹ ਸਾਲ 2009-10 ਦੌਰਾਨ ਉਕਤ ਅਵਤਾਰ ਸਿੰਘ ਫਗਵਾੜਾ ਕੋਲ ਪ੍ਰਾਈਵੇਟ ਤੌਰ 'ਤੇ ਕੰਮ ਕਰਦਾ ਸੀ ਤਾਂ ਇਹ ਦਸਤਾਵੇਜ਼ ਉਸ ਦੇ ਮਾਲਕ ਅਵਤਾਰ ਸਿੰਘ ਨੇ ਨਾਲ ਸਾਜਬਾਜ ਹੋ ਕੇ ਉਸ ਦੇ ਨਾਂਅ ਰਜਿਸਟਰਡ ਕਰਵਾਇਆ ਸੀ। ਗੁਰਚਰਨ ਸਿੰਘ ਦਾ ਅਵਤਾਰ ਸਿੰਘ ਜਾਣਕਾਰ ਵੀ ਸੀ। ਪਿੰਡ ਚੱਕ ਹਕੀਮ ਵਿਖੇ ਭਾਈ ਘਨੱਈਆ ਇਨਕਲੇਵ ਕਾਲੋਨੀ ਦਾ ਕਰੀਬ 101 ਮਰਲੇ ਰਕਬਾ ਵੱਖ-ਵੱਖ ਪਲਾਟਾਂ ਦੇ ਰੂਪ 'ਚ ਵਿੱਕਰੀ ਹੋ ਜਾਣ ਤੋਂ ਬਾਅਦ ਕਰੀਬ-ਕਰੀਬ 74 ਮਰਲੇ ਰਕਬਾ, ਜੋ ਸੜਕਾਂ ਅਤੇ ਗਲੀਆਂ ਦਾ ਬਕਾਇਆ ਬਚ ਗਿਆ ਉਸ ਦੀ ਮਾਲਕੀ ਮਾਲ ਰਿਕਾਰਡ ਦੀ ਜਮਾਂਬੰਦੀ 'ਚ ਅਸਲ ਮਾਲਕਾਂ ਦੇ ਨਾਂਅ ਉਤੇ ਹੀ ਚੱਲ ਰਹੀ ਸੀ।

ਰਾਜ ਕੁਮਾਰ (ਮੁਖਤਿਆਰੇ ਖਾਸ) ਅਤੇ ਇਸ ਦੇ ਮਾਲਕ ਅਵਤਾਰ ਸਿੰਘ ਨੇ ਫਰਾਡ ਕਰਨ ਦੀ ਨੀਯਤ ਨਾਲ ਮਹਿਕਮਾ ਮਾਲ ਤੋਂ ਫਰਦ ਜਮਾਂਬੰਦੀ ਕਢਵਾ ਕੇ ਪਿੰਡ ਚੱਕ ਹਕੀਮ ਦੀ ਭਾਈ ਘਨੱਈਆ ਇਨਕਲੇਵ ਕਲੋਨੀ ਦੀਆਂ ਸੜਕਾਂ ਵਾਲੇ ਬਚਦੇ ਰਕਬੇ (ਕਰੀਬ 74 ਮਰਲੇ) ਵਿੱਚੋਂ ਛੋਟੇ-ਛੋਟੇ ਪਲਾਟ ਵੇਚਣ ਸਬੰਧੀ ਰਾਜ ਕੁਮਾਰ (ਮੁਖਤਿਆਰੇ ਖਾਸ) ਨੇ ਆਪਣੇ ਮਾਲਕ ਅਵਤਾਰ ਸਿੰਘ, ਪ੍ਰਦੀਪ ਕੁਮਾਰ, ਪੰਕਜ ਕੁਮਾਰ ਅਤੇ ਹੋਰ ਜਾਣਕਾਰੀ ਵਿਅਕਤੀਆਂ ਦੇ ਨਾਮ ਇਕਰਾਰਨਾਮੇ ਲਿਖ ਦਿੱਤੇ ਜੋ ਬਾਅਦ ਵਿੱਚ ਇਨਾਂ ਵਿਅਕਤੀਆਂ ਨੇ ਆਪਣੇ ਹੱਕ ਵਿੱਚ ਲਿਖੇ ਹੋਏ ਇਕਰਾਰਨਾਮੇ ਉਕਤ ਪੰਜਾਬ ਗ੍ਰਾਮੀਣ ਬੈਂਕ ਵਿਖੇ ਮੈਨੇਜਰ ਹਰਭਜਨ ਸਿੰਘ ਕਪੂਰ ਨੂੰ ਦੇ ਕੇ ਬੈਂਕ ਦੇ ਵੈਲੂਅਰ ਸਤੀਸ਼ ਕੁਮਾਰ ਸ਼ਰਮਾ ਦੀ ਮਿਲੀਭੁਗਤ ਨਾਲ ਨਵੇ ਮਕਾਨਾਂ ਦੀ ਉਸਾਰੀ ਸਬੰਧੀ ਬੈਂਕ ਤੋਂ ਲੱਖਾਂ ਰੁਪਏ ਦਾ ਕਰਜਾ ਮੰਨਜ਼ੂਰ ਕਰਵਾ ਲਿਆ ਜਦੋਂ ਕਿ ਅਸਲ ਵਿੱਚ ਇਸ ਜਗਾ ਕੋਈ ਮਕਾਨ ਹੀ ਨਹੀਂ ਸੀ ਬਣ ਸਕਦਾ ਤੇ ਨਾ ਹੀ ਇੰਨਾਂ ਨੇ ਕਿਤੇ ਕੋਈ ਮਕਾਨ ਦੀ ਉਸਾਰੀ ਕਰਵਾਈ ਬਲਕਿ ਇਹਨਾਂ ਨੇ ਪਿੰਡ ਚੱਕ ਹਕੀਮ ਵਿੱਚ ਹੀ ਪੈਂਦੀਆਂ ਦੂਸਰੀਆਂ ਕਲੋਨੀਆਂ ਵਿੱਚ ਲੋਕਾਂ ਦੀਆਂ ਕੋਠੀਆਂ ਅੱਗੇ ਖੜੇ ਹੋ ਕੇ ਫਰਜ਼ੀ ਤੌਰ 'ਤੇ ਬੈਂਕ ਦੇ ਨਾਂਅ ਆੜ ਰਹਿਣ ਕਰਵਾ ਦਿੱਤੀਆਂ।

ਇਸ ਬਾਰੇ ਸਾਰੇ ਫਰਾਡ ਵਿੱਚ ਬੈਂਕ ਮੈਨੇਜਰ ਹਰਭਜਨ ਸਿੰਘ ਕਪੂਰ ਅਤੇ ਵੈਲੂਅਰ ਸਤੀਸ਼ ਕੁਮਾਰ ਸ਼ਰਮਾ ਨੇ ਆਪਣੇ ਅਹੁਦੇ ਦੀ ਦੁਰਵਰਤੋਂ ਕਰਕੇ ਕਰਜਾ ਲੈਣ ਵਾਲੇ ਵਿਅਕਤੀਆਂ ਦਾ ਪੂਰਾ-ਪੂਰਾ ਸਾਥ ਦਿੱਤਾ ਜਿਸ ਕਰਕੇ ਇਨਾਂ ਦੋਵਾਂ ਦੀ ਕਰਜਾ ਲੈਣ ਵਾਲੇ ਉਕਤ ਵਿਅਕਤੀਆਂ ਨਾਲ ਮਿਲੀਭੁਗਤ ਹੋਣ ਕਰਕੇ ਬੈਂਕ ਤੇ ਸਰਕਾਰ ਨੂੰ ਕੁੱਲ ਰਕਮ 3,40,71,000 ਰੁਪਏ ਦਾ ਵਿੱਤੀ ਨੁਕਸਾਨ ਹੋਣਾ ਸਾਬਤ ਹੋਇਆ ਸੀ।

ਬੁਲਾਰੇ ਨੇ ਦੱਸਿਆ ਕਿ ਇਸੇ ਤਰਾਂ ਉਕਤ ਮੁਲਜਮ ਸਰਨਜੀਤ ਸਿੰਘ ਵੱਲੋਂ ਵੀ ਮਿਤੀ 29-09-2015 ਨੂੰ ਇੱਕ ਸਾਢੇ 5 ਮਰਲੇ ਦਾ ਫਰਜੀ ਪਲਾਟ ਖਰੀਦਣ ਤੋਂ ਬਾਅਦ ਇੰਤਕਾਲ ਮੰਨਜ਼ੂਰ ਕਰਵਾ ਕੇ ਮੈਨੇਜਰ ਹਰਭਜਨ ਸਿੰਘ ਕਪੂਰ ਅਤੇ ਵੈਲੂਅਰ ਸਤੀਸ਼ ਕੁਮਾਰ ਸ਼ਰਮਾ ਦੀ ਮਿਲੀਭੁਗਤ ਨਾਲ ਉਕਤ ਪੰਜਾਬ ਗ੍ਰਾਮੀਣ ਬੈਂਕ ਤੋਂ ਨਵੇ ਮਕਾਨਾਂ ਦੀ ਉਸਾਰੀ ਸਬੰਧੀ ਬੈਂਕ ਤੋਂ 25,00,000 ਰੁਪਏ ਦਾ ਕਰਜਾ ਮਨਜ਼ੂਰ ਕਰਵਾ ਲਿਆ ਗਿਆ ਜਦੋਂ ਕਿ ਅਸਲ 'ਚ ਇਸ ਨੇ ਕੋਈ ਮਕਾਨ ਦੀ ਉਸਾਰੀ ਹੀ ਨਹੀਂ ਕਰਵਾਈ ਸੀ। ਉਕਤ ਦੋਸ਼ ਦੇ ਅਧਾਰ 'ਤੇ ਮੁਲਜਮ ਨੂੰ ਗ੍ਰਿਫਤਾਰ ਕਰ ਲਿਆ ਹੈ।

# ਸਿੱਖਿਆ ਮੰਤਰੀ ਬੈਂਸ ਗਣਤੰਤਰ ਦਿਵਸ ਮੌਕੇ ਤਿਰੰਗਾ ਲਹਿਰਾਉਣਗੇ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, ( ਗੁਰਜੀਤ ਬਿੱਲਾ)**-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਿਰਾਜ ਸ਼ਿਆਮਕਰਨ ਤਿੜਕੇ ਨੇ ਦੱਸਿਆ ਕਿ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਗਣਤੰਤਰ ਦਿਵਸ ਮੌਕੇ ਸ਼ਹੀਦ ਮੇਜਰ ਹਰਮਿੰਦਰਪਾਲ ਸਿੰਘ ਸਰਕਾਰੀ ਕਾਲਜ, ਮੋਹਾਲੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ) ਵਿਖੇ ਤਿਰੰਗਾ ਲਹਿਰਾਉਣਗੇ।

ਉਨ੍ਹਾਂ ਸਰਕਾਰੀ ਕਾਲਜ ਮੋਹਾਲੀ ਵਿਖੇ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਸਮੂਹ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਕੌਮੀ ਮਹੱਤਵ ਵਾਲੇ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ।

ਉਨ੍ਹਾਂ ਕਿਹਾ ਕਿ ਕਾਲਜ ਗਰਾਊਂਡ ਵਿਖੇ 22 ਜਨਵਰੀ ਤੋਂ ਸ਼ੁਰੂ ਹੋਣ ਵਾਲੀਆਂ ਅਗਾਊਂ ਰਿਹਰਸਲਾਂ ਦੇ ਨਾਲ ਪ੍ਰੋਗਰਾਮ ਦੀ ਚੰਗੀ ਤਰ੍ਹਾਂ ਤਿਆਰੀ ਕੀਤੀ ਜਾਵੇ। ਫੁੱਲ ਡਰੈਸ ਰਿਹਰਸਲ 24 ਜਨਵਰੀ ਨੂੰ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਅਤੇ ਐਸ ਐਸ ਪੀ ਡਾ. ਸੰਦੀਪ ਗਰਗ ਦੀ ਮੌਜੂਦਗੀ ਵਿੱਚ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਪੁਲਸ, ਹੋਮ ਗਾਰਡਜ਼ ਅਤੇ ਐਨ ਸੀ ਸੀ ਕੈਡਿਟਾਂ ਦੀਆਂ ਪਲਟਨਾਂ ਗਣਤੰਤਰ ਦਿਹਾੜਾ ਪਰੇਡ ਦਾ ਹਿੱਸਾ ਬਣਨਗੀਆਂ। ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਪੀਟੀ ਸ਼ੋਅ ਦੇ ਨਾਲ-ਨਾਲ ਸੱਭਿਆਚਾਰਕ ਗੁਲਦਸਤੇ ਦਾ ਹਿੱਸਾ ਹੋਣਗੇ। ਇਸ ਤੋਂ ਇਲਾਵਾ ਇਸ ਮੌਕੇ 'ਤੇ ਵੱਖ-ਵੱਖ ਵਿਭਾਗਾਂ/ਸੈਲਫ ਹੈਲਪ ਗਰੁੱਪਾਂ ਵੱਲੋਂ ਭਲਾਈ ਅਤੇ ਵਿਕਾਸ ਸਕੀਮਾਂ ਬਾਰੇ ਝਾਕੀਆਂ ਕੱਢੇ ਜਾਣ ਤੋਂ ਇਲਾਵਾ ਪ੍ਰਦਰਸ਼ਨੀ ਸਟਾਲ ਵੀ ਲਾਏ ਜਾਣਗੇ।

ਏ.ਡੀ.ਸੀ.(ਜ) ਵਿਰਾਜ ਐਸ ਤਿੜਕੇ ਨੇ ਹਾਜ਼ਰ ਸਮੂਹ ਵਿਭਾਗਾਂ ਨੂੰ ਕਿਹਾ ਕਿ ਉਹ ਇਸ ਕੌਮੀ ਮਹੱਤਤਾ ਦਿਹਾੜੇ ਮੌਕੇ, ਆਜ਼ਾਦੀ ਸੰਗਰਾਮ ਲਈ ਆਪਣੇ ਆਪ ਨੂੰ ਕੁਰਬਾਨ ਕਰਨ ਵਾਲੇ ਮਹਾਨ ਸੁਤੰਤਰਤਾ ਸੈਨਾਨੀਆਂ ਅਤੇ ਸਾਨੂੰ ਬਰਾਬਰ ਦੇ ਅਧਿਕਾਰ ਦੇਣ ਲਈ ਸੰਵਿਧਾਨ ਦਾ ਖਰੜਾ ਤਿਆਰ ਕਰਨ ਵਾਲੇ ਮਹਾਨ ਨੇਤਾਵਾਂ ਪ੍ਰਤੀ ਸਰਧਾ ਤੇ ਸਤਿਕਾਰ ਦਾ ਪ੍ਰਗਟਾਵਾ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਕਰਦੇ ਹੋਏ ਸਮਾਗਮ ਦੀ ਤਿਆਰੀ ਕਰਨ।

ਮੀਟਿੰਗ ਵਿੱਚ ਹਾਜ਼ਰ ਅਧਿਕਾਰੀਆਂ ਵਿੱਚ ਕਮਿਸ਼ਨਰ ਮੋਹਾਲੀ ਐਮ ਸੀ ਸ੍ਰੀਮਤੀ ਨਵਜੋਤ ਕੌਰ, ਡਵੀਜਨਲ ਜੰਗਲਾਤ ਅਫਸਰ ਕੰਵਰਦੀਪ ਸਿੰਘ, ਏ.ਡੀ.ਸੀ. (ਪੇਂਡੂ ਵਿਕਾਸ) ਸ੍ਰੀਮਤੀ ਸੋਨਮ ਚੌਧਰੀ, ਏ.ਸੀ.ਏ. ਗਮਾਡਾ ਅਮਰਿੰਦਰ ਸਿੰਘ ਟਿਵਾਣਾ, ਐਸ.ਡੀ.ਐਮ ਮੋਹਾਲੀ ਚੰਦਰਜੋਤੀ ਸਿੰਘ, ਸੰਯੁਕਤ ਕਮਿਸਨਰ ਐਮ ਸੀ ਮੋਹਾਲੀ ਕਿਰਨ ਸ਼ਰਮਾ, ਮੁੱਖ ਇੰਜੀਨੀਅਰ ਸਥਾਨਕ ਸਰਕਾਰ ਪੰਜਾਬ ਨਰੇਸ਼ ਬੱਤਾ, ਸਹਾਇਕ ਕਮਿਸ਼ਨਰ (ਜ) ਮੇਜਰ (ਸੇਵਾਮੁਕਤ) ਹਰਜੋਤ ਕੌਰ ਮਾਵੀ, ਫੀਲਡ ਅਫਸਰ ਮੁੱਖ ਮੰਤਰੀ ਇੰਦਰ ਪਾਲ, ਸਹਾਇਕ ਕਮਿਸ਼ਨਰ (ਅੰਡਰ ਟਰੇਨਿੰਗ) ਡੇਵੀ ਗੋਇਲ, ਡੀ.ਡੀ.ਪੀ.ਓ ਅਮਨਿੰਦਰ ਪਾਲ ਸਿੰਘ ਚੌਹਾਨ, ਡੀ.ਈ.ਓ ਗਿੰਨੀ ਦੁੱਗਲ, ਜ਼ਿਲ੍ਹਾ ਖੇਡ ਅਫਸਰ ਗੁਰਦੀਪ ਕੌਰ ਅਤੇ ਤਹਿਸੀਲਦਾਰ ਮੋਹਾਲੀ ਕੁਲਦੀਪ ਸਿੰਘ ਢਿੱਲੋਂ ਦੇ ਨਾਂਅ ਜ਼ਿਕਰਯੋਗ ਹਨ।

# ਸੀ ਬੀ ਐੱਸ ਈ ਤੇ ਓਪਨ ਸਕੂਲ ਦੇ ਜਾਅਲੀ ਸਰਟੀਫਿਕੇਟ ਬਣਾਉਣ ਵਾਲੇ ਗਿਰੋਹ ਦਾ ਪਰਦਾਫਾਸ਼



**ਜਲੰਧਰ,: (ਸ਼ੈਲੀ ਐਲਬਰਟ)**:-ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਜਾਅਲੀ ਸੀ ਬੀ ਐਸ ਈ ਅਤੇ ਓਪਨ ਸਕੂਲ ਸਰਟੀਫਿਕੇਟ ਬਣਾਉਣ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ।ਵੇਰਵਿਆਂ ਦਾ ਖੁਲਾਸਾ ਕਰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੂੰ ਸੂਹ ਮਿਲੀ ਸੀ ਕਿ ਸ਼ਹਿਰ ਵਿੱਚ ਇੱਕ ਗਿਰੋਹ ਚੱਲ ਰਿਹਾ ਹੈ ਜੋ ਕਿ ਜਾਅਲੀ ਸੀ ਬੀ ਐਸ ਈ ਅਤੇ ਓਪਨ ਸਕੂਲ ਸਰਟੀਫਿਕੇਟ ਬਣਾਉਣ ਵਿੱਚ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਦੋ ਵਿਅਕਤੀਆਂ ਦੀ ਪਹਿਚਾਣ ਅਨੁਰਾਗ ਡਾਬਰ ਵਾਸੀ ਬੀ-46 ਨਿਊ ਵਿਨੈ ਨਗਰ ਲੰਬੀ ਪਿੰਡ ਜਲੰਧਰ ਅਤੇ ਰਾਘਵ ਚੱਢਾ ਪੁੱਤਰ ਨਰੇਸ਼ ਚੰਦਰ ਵਾਸੀ ਐੱਨ.ਡੀ.-193/ਓ. 11 ਮੁਹੱਲਾ ਫਤਿਹਪੁਰੀ ਟਾਂਡਾ ਰੋਡ ਜਲੰਧਰ। ਸਵਪਨ ਸ਼ਰਮਾ ਨੇ ਦੱਸਿਆ ਕਿ ਇਨ੍ਹਾਂ ਖਿਲਾਫ਼ ਥਾਣਾ ਡਿਵੀਜ਼ਨ 8 ਜਲੰਧਰ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਇਹ ਗਿਰੋਹ ਬਹੁਤ ਹੀ ਸ਼ਾਤਿਰ ਢੰਗ ਨਾਲ ਕੰਮ ਕਰਦਾ ਸੀ ਅਤੇ ਵੱਡੇ ਪੱਧਰ 'ਤੇ ਜਾਅਲੀ ਸਰਟੀਫਿਕੇਟ ਬਣਾਉਣ 'ਚ ਸ਼ਾਮਲ ਸੀ। ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਨੇ ਤਲਾਸ਼ੀ ਦੌਰਾਨ ਮੁਲਜ਼ਮਾਂ ਦੇ ਕਬਜ਼ੇ 'ਚੋਂ ਇੱਕ ਕੰਪਿਊਟਰ ਸੈੱਟ ਸਮੇਤ ਇੱਕ ਪ੍ਰਿੰਟਰ ਅਤੇ 600 ਦੇ ਕਰੀਬ ਜਾਅਲੀ ਸਰਟੀਫਿਕੇਟ ਬਰਾਮਦ ਕੀਤੇ ਹਨ। ਉਨ੍ਹਾਂ ਕਿਹਾ ਕਿ ਅਨੁਰਾਗ ਡਾਬਰ ਜੋ ਕਿ ਇੱਕ ਪ੍ਰਾਈਵੇਟ ਸਕੂਲ ਦਾ ਪ੍ਰਿੰਸੀਪਲ ਹੈ, ਵਿਦਿਆਰਥੀਆਂ ਤੋਂ ਡਾਟਾ ਇਕੱਠਾ ਕਰਕੇ ਦੂਜੇ ਮੁਲਜ਼ਮ ਰਾਘਵ ਨੂੰ ਭੇਜਦਾ ਸੀ। ਸਵਪਨ ਸ਼ਰਮਾ ਨੇ ਦੱਸਿਆ ਕਿ ਰਾਘਵ ਕੰਪਿਊਟਰ ਦੀ ਵਰਤੋਂ ਕਰਕੇ ਡਾਟਾ ਤੋਂ ਜਾਅਲੀ ਸਰਟੀਫਿਕੇਟ ਤਿਆਰ ਕਰਦਾ ਸੀ ਅਤੇ ਇਸ ਨੂੰ ਮਹਿੰਗੇ ਭਾਅ ਵੇਚਦਾ ਸੀ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਇਹ ਗਿਰੋਹ ਇਨ੍ਹਾਂ ਸਰਟੀਫਿਕੇਟਾਂ ਨੂੰ 20,000 ਰੁਪਏ ਤੋਂ ਲੈ ਕੇ 25,000 ਰੁਪਏ ਤੱਕ ਦੀ ਕੀਮਤ ਵਿੱਚ ਵੇਚਦਾ ਸੀ।ਉਨ੍ਹਾਂ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਇਸ ਸਬੰਧੀ ਹੋਰ ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

# ਬਿਜਲੀ ਕਰਮਚਾਰੀਆਂ ਵੱਲੋਂ ਅਰਥੀ ਫੂਕ ਰੋਸ ਪ੍ਰਦਰਸ਼ਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਸੀ ਆਰ ਏ 295/19 ਅਧੀਨ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਵਿੱਚ ਭਰਤੀ ਕੀਤੇ ਗਏ ਸਹਾਇਕ ਲਾਈਨ ਮੈਨ ਬਿਜਲੀ ਕਰਮਚਾਰੀਆਂ ਨਾਲ ਹੋ ਰਹੀ ਬੇਇਨਸਾਫੀ ਦੇ ਰੋਸ ਵਜੋਂ ਟਾਂਡਾ ਵਿਖੇ ਬਿਜਲੀ ਕਰਮਚਾਰੀਆਂ ਵੱਲੋਂ ਪੰਜਾਬ ਸਰਕਾਰ ਖਿਲਾਫ ਅਰਥੀ ਫੂਕ ਰੋਸ ਮੁਜ਼ਾਹਰਾ ਕੀਤਾ ਗਿਆ। ਜੁਆਇੰਟ ਫੋਰਮ ਪੰਜਾਬ ਦੇ ਸੱਦੇ 'ਤੇ ਮੰਡਲ ਪ੍ਰਧਾਨ ਭੋਗਪੁਰ ਦਿਲਬਰ ਸਿੰਘ ਸੈਣੀ ਦੀ ਅਗਵਾਈ ਵਿੱਚ ਕੀਤੇ ਗਏ ਰੋਸ ਪ੍ਰਦਰਸ਼ਨ ਵਿੱਚ ਟਾਂਡਾ ਸਬ ਅਰਬਨ, ਸਿਟੀ ਟਾਂਡਾ ਅਤੇ ਕੰਧਾਲਾ ਜੱਟਾਂ ਦੇ ਬਿਜਲੀ ਕਰਮਚਾਰੀਆਂ ਨੇ ਭਾਗ ਲੈਂਦੇ ਹੋਏ ਪੰਜਾਬ ਸਰਕਾਰ ਖਿਲਾਫ ਰੋਹ ਭਰਪੂਰ ਨਾਰੇਬਾਜੀ ਕੀਤੀ।

ਇਸ ਅਰਥੀ ਫੂਕ ਰੋਸ ਮੁਜ਼ਾਹਰੇ ਨੂੰ ਸੰਬੋਧਨ ਕਰਦਿਆਂ ਮੰਡਲ ਪ੍ਰਧਾਨ ਭੋਗਪੁਰ ਦਿਲਵਰ ਸਿੰਘ ਸੈਣੀ, ਇੰਜੀਨੀਅਰ ਦਵਿੰਦਰ ਸਿੰਘ, ਕਸ਼ਮੀਰ ਸਿੰਘ ਅਵਤਾਰ ਸਿੰਘ ਰਾਹਲ, ਇੰਜੀਨੀਅਰ ਬਲਜੀਤ ਸਿੰਘ, ਜੇ.ਈ ਸਤਨਾਮ ਸਿੰਘ ਅਤੇ ਰਾਜਕੁਮਾਰ ਨੇ ਕਿਹਾ ਕਿ ਸੀ.ਆਰ.ਏ 295/19 ਅਧੀਨ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਵਿੱਚ ਭਰਤੀ ਕੀਤੇ ਸਹਾਇਕ ਲਾਈਨ ਮੈਨਾਂ ਨਾਲ ਸਰਕਾਰ ਵੱਲੋਂ ਲਗਾਤਾਰ ਧੱਕੇਸ਼ਾਹੀ ਕੀਤੀ ਜਾ ਰਹੀ ਹੈ ਕਿਉਂਕਿ ਸਰਕਾਰ ਵੱਲੋਂ ਇਨ੍ਹਾਂ ਦੀ ਭਰਤੀ ਦੀਆਂ ਸ਼ਰਤਾਂ ਵਿੱਚ ਸੋਧ ਕਰਕੇ ਕੀਤੀ ਗਈ ਸੀ ਤੇ ਭਰਤੀ ਕਰਨ ਵੇਲੇ ਸਾਰੇ ਦਸਤਾਵੇਜ ਕਰਕੇ ਹੀ ਸਹਾਇਕ ਲਾਈਨ ਮੈਨ ਵਜੋਂ ਭਰਤੀ ਕੀਤੀ ਗਈ ਸੀ ਪਰ ਅੱਜ 3 ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸਰਕਾਰ ਨਿਯੁਕਤੀ ਪੱਤਰ ਬਣਦੀ ਤਨਖਾਹ ਅਤੇ ਮੁਲਾਜ਼ਮਾਂ ਦੇ ਮਾਣ ਭੱਤੇ ਜਾਰੀ ਨਹੀਂ ਕੀਤੇ ਜਾ ਰਹੇ।ਉਹਨਾਂ ਕਿਹਾ ਕਿ ਸਰਕਾਰ ਵੱਲੋਂ ਹਾਈ ਕੋਰਟ ਦੇ ਸਟੇਅ ਦਾ ਹਵਾਲਾ ਦੇ ਕੇ ਬਿਜਲੀ ਕਰਮਚਾਰੀਆਂ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਉਕਤ ਆਗੂਆਂ ਨੇ ਸਰਕਾਰ ਵੱਲੋਂ 25 ਸਹਾਇਕ ਲਾਈਨਮੈਨਾ ਨੂੰ ਇੱਕਤਰਫਾ ਫੈਸਲੇ ਦੌਰਾਨ ਬਰਖਾਸਤ ਕੀਤੇ ਜਾਣ ਦੀ ਕਾਰਵਾਈ ਦੀ ਵੀ ਨਿਖੇਧੀ ਵੀ ਕੀਤੀ ਗਈ।ਇਸ ਮੌਕੇ ਉਕਤ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਸਹਾਇਕ ਲਾਈਨ ਮੈਨਾ ਦੀਆਂ ਮੰਗਾਂ ਨਾ ਮੰਨੀਆਂ ਤਾਂ ਉਹਨਾਂ ਵੱਲੋਂ ਜਾਰੀ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

# ਤਰਕਸ਼ੀਲ ਸੁਸਾਇਟੀ ਪੰਜਾਬ ਦਾ ਵਫ਼ਦ ਪੰਜਾਬ ਵਿਧਾਨ ਸਭਾ ਦੇ ਸਕੱਤਰ ਨੂੰ ਮਿਲਿਆ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਪੰਜਾਬ ਵਿੱਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਬਣਾਉਣ ਅਤੇ ਲਾਗੂ ਕਰਨ ਦੀ ਮੰਗ ਨੂੰ ਲੈ ਕੇ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਪੱਧਰੀ ਵਫ਼ਦ ਨੇ ਪੰਜਾਬ ਵਿਧਾਨ ਸਭਾ ਦੇ ਸਕੱਤਰ ਆਰ ਐਲ ਖਟਾਨਾ ਨੂੰ ਵਿਧਾਨ ਸਭਾ ਚੰਡੀਗੜ੍ਹ ਦੇ ਦਫ਼ਤਰ ਵਿਖੇ ਕਾਨੂੰਨ ਦੇ ਖਰੜੇ ਸਮੇਤ ਮੰਗ ਪੱਤਰ ਸੌਂਪਿਆ ਜਿਸ 'ਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਇਸ ਖਰੜੇ ਨੂੰ ਪੰਜਾਬ ਵਿਧਾਨ ਸਭਾ 'ਚ ਪਾਸ ਕਰਕੇ ਪੰਜਾਬ ਵਿਚ ਅੰਧ ਵਿਸ਼ਵਾਸ ਰੋਕੂ ਕਾਨੂੰਨ ਲਾਗੂ ਕੀਤਾ ਜਾਵੇ।ਇਸ ਮੌਕੇ ਵਫਦ 'ਚ ਸ਼ਾਮਲ ਤਰਕਸ਼ੀਲ ਸੁਸਾਇਟੀ ਦੇ ਸੂਬਾ ਕਮੇਟੀ ਆਗੂਆਂ ਜਸਵਿੰਦਰ ਫਗਵਾੜਾ, ਸੁਮੀਤ ਅੰਮ੍ਰਿਤਸਰ, ਅਜੀਤ ਪ੍ਰਦੇਸ਼ੀ ਅਤੇ ਚੰਡੀਗੜ੍ਹ ਜੋਨ ਦੇ ਆਗੂਆਂ ਜੋਗਾ ਸਿੰਘ ਅਤੇ ਮਾਸਟਰ ਸੁਰਜੀਤ ਖਰੜ ਨੇ ਵਿਧਾਨ ਸਭਾ ਦੇ ਸਕੱਤਰ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਵਲੋਂ ਅਕਾਲੀ- ਭਾਜਪਾ ਤੇ ਕਾਂਗਰਸ ਸਰਕਾਰਾਂ ਤੋਂ ਇਲਾਵਾ ਮੌਜੂਦਾ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਨੂੰ ਪਿਛਲੇ ਸਾਲ ਫਰਵਰੀ ਮਹੀਨੇ ਮੰਗ ਪੱਤਰ ਦੇਣ ਦੇ ਬਾਵਜੂਦ ਕਿਸੇ ਵੀ ਪੰਜਾਬ ਸਰਕਾਰ ਵੱਲੋਂ ਅੰਧ ਵਿਸ਼ਵਾਸ਼ ਰੋਕੂ ਕਾਨੂੰਨ ਲਾਗੂ ਕਰਨ ਦੀ ਸੰਵਿਧਾਨਿਕ ਜ਼ਿੰਮੇਵਾਰੀ ਨਹੀਂ ਨਿਭਾਈ ਗਈ। ਤਰਕਸ਼ੀਲ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਵਿਚ ਪਾਖੰਡੀ ਬਾਬਿਆਂ, ਤਾਂਤਰਿਕਾਂ, ਸਿਆਣਿਆਂ ਅਤੇ ਜੋਤਸ਼ੀਆਂ ਵੱਲੋਂ ਲੋਕਾਂ ਨੂੰ ਅਖੌਤੀ ਕਾਲੇ ਇਲਮ/ਕਾਲੇ ਜਾਦੂ ਨਾਲ ਕੀਤੇ ਕਰਾਏ, ਗ੍ਰਹਿ ਚੱਕਰਾਂ, ਜਾਦੂ-ਟੂਣਿਆਂ,ਅਗਲੇ ਪਿਛਲੇ ਜਨਮ ਦੇ ਵਹਿਮਾਂ-ਭਰਮਾਂ ਅਤੇ ਅੰਧ ਵਿਸ਼ਵਾਸਾਂ ਵਿਚ ਫਸਾ ਕੇ ਗੁੰਮਰਾਹ ਕਰਨ, ਅਖੌਤੀ ਦੈਵੀ ਸ਼ਕਤੀ ਨਾਲ ਭੂਤਾਂ ਪ੍ਰੇਤਾਂ ਨੂੰ ਭਜਾਉਣ, ਲੋਕਾਂ ਦੀਆਂ ਹਰ ਤਰਾਂ ਦੀਆਂ ਸਮੱਸਿਆਵਾਂ ਦਾ ਚਮਤਕਾਰੀ ਉਪਾਅ ਕਰਨ ਅਤੇ ਗੰਭੀਰ ਬਿਮਾਰੀਆਂ ਦਾ ਇਲਾਜ ਕਰਨ ਦਾ ਦਾਅਵਾ ਕਰਨ ਦੇ ਇਲਾਵਾ ਧਾਰਮਿਕ ਆਸਥਾ ਦੀ ਆੜ ਹੇਠ ਮਾਸੂਮ ਬੱਚਿਆਂ ਦੀ ਬਲੀ ਦੇਣ ਦੇ ਅਣਮਨੁੱਖੀ ਅਪਰਾਧ ਕਰਕੇ ਉਨ੍ਹਾਂ ਦਾ ਸ਼ਰੇਆਮ ਆਰਥਿਕ, ਸਰੀਰਕ ਅਤੇ ਮਾਨਸਿਕ ਸ਼ੋਸ਼ਣ ਕੀਤਾ ਜਾ ਰਿਹਾ। ਪਰ ਪੰਜਾਬ ਸਰਕਾਰ ਦੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਵੱਲੋਂ ਸਿਆਸੀ ਅਤੇ ਹਕੂਮਤੀ ਪ੍ਰਭਾਵ ਹੇਠ ਇਨ੍ਹਾਂ ਦੇ ਖਿਲਾਫ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾ ਰਹੀ। ਉਨ੍ਹਾਂ ਕਿਹਾ ਕਿ ਅਜਿਹੀਆਂ ਗੈਰ ਕਾਨੂੰਨੀ ਕਾਰਵਾਈਆਂ ਭਾਰਤੀ ਸੰਵਿਧਾਨ ਦੀ ਧਾਰਾ 51- ਏ (ਐੱਚ ) ਦੀ ਸਰਾਸਰ ਉਲੰਘਣਾ ਹੈ ਅਤੇ ਪੰਜਾਬ ਦੇ ਲੋਕਾਂ ਨਾਲ ਵੱਡਾ ਧੋਖਾ ਅਤੇ ਲੁੱਟ ਹੈ ਜਿਸ ਉਤੇ ਰੋਕ ਲਾਉਣ ਲਈ ਬਿਨਾਂ ਕਿਸੇ ਦੇਰੀ ਦੇ ਪੰਜਾਬ ਵਿੱਚ ਅੰਧ ਵਿਸ਼ਵਾਸ਼ ਰੋਕੂ ਕਾਨੂੰਨ ਲਾਗੂ ਕੀਤਾ ਜਾਣਾ ਚਾਹੀਦਾ ਹੈ।ਇਸ ਮੌਕੇ ਵਿਧਾਨ ਸਭਾ ਦੇ ਸਕੱਤਰ ਖਟਾਨਾ ਨੇ ਤਰਕਸ਼ੀਲ ਆਗੂਆਂ ਨੂੰ ਭਰੋਸਾ ਦਿੱਤਾ ਕਿ ਤਰਕਸ਼ੀਲ ਸੁਸਾਇਟੀ ਦੇ ਇਸ ਮੰਗ ਪੱਤਰ ਨੂੰ ਅਗਲੇਰੀ ਕਾਰਵਾਈ ਲਈ ਪੰਜਾਬ ਸਰਕਾਰ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੱਕ ਜ਼ਰੂਰ ਪਹੁੰਚਾ ਦਿੱਤਾ ਜਾਵੇਗਾ।

# ਹਰਿਆਣਾ ਦੀ ਦੋ ਸਾਲਾ ਜਲ ਸੰਸਾਧਨ ਕਾਰਜ ਯੋਜਨਾ ਦੇ ਧਰਾਤਲ 'ਤੇ ਆਉਣ ਲੱਗੇ ਸਕਾਰਾਤਮਕ ਨਤੀਜੇ-ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਵਿਚ ਪਾਣੀ ਦੀ ਉਪਲਬਧਤਾ ਤੇ ਮੰਗ ਦੇ ਅੰਤਰ ਨੂੰ ਘੱਟ ਕਰਨ ਦੇ ਉਦੇਸ਼ ਨਾਲ ਜਲ ਸਰੰਖਣ ਦੀ ਦਿਸ਼ਾ ਵਿਚ ਵੱਡਾ ਕਦਮ ਚੁੱਕਦੇ ਹੋਏ ਸ਼ੁਰੂ ਕੀਤੀ ਗਈ ਦੋ ਸਾਲਾ ਜਲ ਸੰਸਾਧਨ ਕਾਰਜ ਯੋਜਨਾ (2023-2025) ਦੇ ਹੁਣ ਧਰਾਤਲ 'ਤੇ ਸਕਾਰਾਤਮਕ ਨਤੀਜੇ ਦਿਖਣ ਲੱਗੇ ਹਨ। ਕਾਰਜ ਯੋਜਨਾ ਦੇ ਤਹਿਤ ਦਸੰਬਰ 2023 ਤਕ 260498 ਕਰੋੜ ਲੀਟਰ ਪਾਣੀ ਦੀ ਬਚੱਤ ਦਾ ਟੀਚਾ ਸੀ, ਜਿਸ ਦਾ 95 ਫੀਸਦੀ ਯਾਨੀ 248702 ਕਰੋੜ ਲੀਟਰ ਪਾਣੀ ਦੀ ਬਚੱਤ ਦੇ ਟੀਚੇ ਨੂੰ ਪੂਰਾ ਕਰ ਲਿਆ ਗਿਆ ਹੈ। ਇਹ ਜਾਣਕਾਰੀ ਇੱਥੇ ਮੁੱਖ ਮੰਤਰੀ ਮਨੋਹਰ ਲਾਲ ਦੀ ਅਗਵਾਈ ਹੇਠ ਹੋਈ ਹਰਿਆਣਾ ਜਲ ਸੰਸਾਧਨ ਅਥਾਰਿਟੀ ਦੀ ਮੀਟਿੰਗ ਦੌਰਾਨ ਦਿੱਤੀ ਗਈ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਜਿਨ੍ਹਾਂ ਪਿੰਡਾਂ ਵਿਚ ਭੂਜਲ ਪੱਧਰ ਸੱਭ ਤੋਂ ਵੱਧ ਹੇਠਾਂ ਚਲਾ ਗਿਆ ਹੈ, ਉਨ੍ਹਾਂ ਪਿੰਡਾਂ ਵਿਚ ਭੂ-ਜਲ ਰਿਚਾਰਜਿੰਗ ਦੀ ਯੋਜਨਾਵਾਂ ਸੱਭ ਤੋਂ ਪਹਿਲਾਂ ਲਾਗੂ ਕਰਨ। ਇਸੀ ਤਰ੍ਹਾਂ, ਜਿਨ੍ਹਾਂ ਖੇਤਰਾਂ ਵਿਚ ਜਲਭਰਾਵ ਦੀ ਸਮਸਿਆ ਹਾਲ ਹੀ ਵਿਚ ਸ਼ੁਰੂ ਹੋਈ ਹੈ, ਉਨ੍ਹਾਂ ਖੇਤਰਾਂ ਵਿਚ ਇਸ ਸਮਸਿਆ ਨੂੰ ਸੱਭ ਤੋਂ ਪਹਿਲਾਂ ਦੂਰ ਕਰਨ ਤਾਂ ਜੋ ਅਜਿਹੇ ਖੇਤਰਾਂ ਨੂੰ ਤੁਰੰਤ ਠੀਕ ਕੀਤਾ ਜਾ ਸਕੇ। ਉਨ੍ਹਾਂ ਨੇ ਮਾਰਚ 2024 ਤਕ ਪਾਣੀ ਦੀ ਬਚੱਤ ਕਰਨ ਦੇ ਨਿਰਧਾਰਿਤ ਟੀਚੇ ਨੂੰ ਪੂਰਾ ਕਰਨ ਲਈ ਤੇਜੀ ਨਾਲ ਕਾਰਜ ਕਰਨ ਦੇ ਨਿਰਦੇਸ਼ ਦਿੱਤੇ। ਅਜਿਹੇ ਖੇਤਰ ਜਿੱਥੇ ਜਲਭਰਾਵ ਦੀ ਸਮਸਿਆ ਹੈ, ਪਰ ਉੱਥੇ ਭੂਜਲ ਪੱਧਰ ਕਾਫੀ ਹੇਠਾਂ ਚਲਾ ਗਿਆ ਹੈ, ਇੰਨ੍ਹਾਂ ਇਲਾਕਿਆਂ ਵਿਚ ਭੂਜਲ ਰਿਚਾਰਜਿੰਗ ਲਈ ਵਿਗਿਆਨਕ ਅਧਿਐਨ ਕੀਤਾ ਜਾਵੇ। ਮਨੋਹਰ ਲਾਲ ਨੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਹਰਿਆਣਾ ਵਿਚ ਕਈ ਖੇਤਰ ਅਜਿਹੇ ਹਨ, ਜਿੱਥੇ ਜਲਭਰਾਵ ਦੀ ਸਮਸਿਆ ਹੈ, ਪਰ ਉੱਥੇ ਭੂਜਲ ਪੱਧਰ ਕਾਫੀ ਹੇਠਾਂ ਚਲਾ ਗਿਆਹੈ। ਇਸ ਦਾ ਪ੍ਰਮੁੱਖ ਕਾਰਨ ਕੇਮੀਕਲਯੁਕਤ ਫਰਟੀਲਾਈਜਰ ਦਾ ਬਹੁਤ ਵੱਧ ਇਸਤੇਮਾਲ ਹਨ, ਜਿਸ ਦੇ ਕਾਰਨ ਮਿੱਟੀ ਦੀ ਪਰਤ ਮੋਟੀ ਹੋਣ ਦੇ ਨਾਲ-ਨਾਲ ਕਲੇ ਦਾ ਰੂਪ ਲੈ ਚੁੱਕੀ ਹੈ। ਇਸ ਕਾਰਨ ਪਾਣੀ ਭੂਮੀ ਵਿਚ ਨਹੀਂ ਜਾ ਪਾ ਰਿਹਾ ਹੈ, ਜਿਸ ਨਾਲ ਭੂਜਲ ਪੱਧਰ ਵਿਚ ਕੋਈ ਸੁਧਾਰ ਨਹੀਂ ਹੋ ਰਿਹਾ ਹੈ। ਇਸ ਲਈ ਇੰਨ੍ਹਾਂ ਇਲਾਕਿਆਂ ਵਿਚ ਭੂਜਲ ਨੂੰ ਕਿਵੇਂ ਰਿਚਾਰਜ ਕੀਤਾ ਜਾ ਸਕੇ, ਇਸ ਦੇ ਲਈ ਵਿਗਿਆਨਕ ਅਧਿਐਨ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਜਲ ਸਰੰਖਣ ਦੀ ਮੁਹਿੰਮ ਵਿਚ ਲੱਗੇ ਸਾਰੇ ਸਬੰਧਿਤ ਵਿਭਾਗਾਂ ਨੂੰ ਇਕੱਠੇ ਤਾਲਮੇਲ ਬਿਠਾ ਕੇ ਯੋਜਨਾਵਾਂ ਦਾ ਲਾਗੂ ਕਰਨਾ ਯਕੀਨੀ ਕਰਨਾ ਚਾਹੀਦਾ ਹੈ। ਇਸ ਦੇ ਲਈ ਹਰ ਜਿਲ੍ਹਾਂ ਦੀ ਮੈਪਿੰਗ ਕਰ ਘੱਟ ਸਮੇਂ ਦੀਆਂ ਯੋਜਨਾਵਾਂ ਨੂੰ ਲਾਗੂ ਕਰਨ। ਉਨ੍ਹਾਂ ਨੇ ਇਹ ਵੀ ਨਿਰਦੇਸ਼ ਦਿੱਤੇ ਕਿ ਜਿਲ੍ਹਾ ਪੱਧਰ ਅਤੇ ਬਲਾਕ ਪੱਧਰ 'ਤੇ ਡਾਟਾ ਦੇ ਤਸਦੀਕ ਲਈ ਇਕ ਮੈਕੇਨੀਜਮ ਤਿਆਰ ਕੀਤਾ ਜਾਵੇ ਅਤੇ ਸੀਨੀਅਰ ਅਧਿਕਾਰੀਆਂ ਨੂੰ ਇਸ ਕੰਮ ਵਿਚ ਲਗਾਇਆ ਜਾਵੇ, ਤਾਂ ਜੋ ਸਹੀ ਡਾਟਾ ਦੀ ਰਿਪੋਰਟਿੰਗ ਯਕੀਨੀ ਹੋ ਸਕੇ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਜ਼ਿਲ੍ਹਾ ਇਲਾਕਿਆਂ ਵਿਚ ਭੂਜਲ ਪੱਧਰ 100 ਮੀਟਰ ਤੋਂ ਹੇਠਾ ਚਲਾ ਗਿਆ ਹੈ ਅਜਿਹੇ ਲਗਭਗ 200 ਪਿੰਡਾਂ ਨੂੰ ਚੋਣ ਕਰ ਉਨ੍ਹਾਂ ਦੀ ਸੂਚੀ ਤਿਆਰ ਕੀਤੀ ਜਾਵੇ। ਖੇਤੀਬਾੜੀ ਵਿਭਾਗ ਇੰਨ੍ਹਾਂ ਪਿੰਡਾਂ ਦੇ ਕਿਸਾਨਾਂ ਨੂੰ ਸੂਖਮ ਸਿੰਚਾਈ ਲਈ ਪ੍ਰੇਰਿਤ ਕਰਨ। ਇਸ ਤੋਂ ਇਲਾਵਾ, ਜਿੱਥੇ ਭੂਜਲ ਪੱਧਰ 30 ਮੀਟਰ ਤਕ ਪਹੁੰਚ ਚੁੱਕਾ ਹੈ, ਉਨ੍ਹਾਂ ਇਲਾਕਿਆਂ ਵਿਚ ਵੀ ਸਿੰਚਾਈ ਕਰਨ ਲਈ ਫੀਡਰ ਚੋਣ ਕਰ ਕੇ ਉੱਥੇ ਸੌ-ਫੀਸਦੀ ਟਿਊਬਵੈਲਾਂ ਨੂੰ ਸੌਰ ਉਰਜਾ 'ਤੇ ਲਿਆਇਆ ਜਾਵੇ।

ਮਨੋਹਰ ਲਾਲ ਨੇ ਨਿਰਦੇਸ਼ ਦਿੱਤੇ ਕਿ ਜਿਸ ਸਰਕਾਰੀ ਭਵਨਾਂ ਵਿਚ ਰੇਨ ਵਾਟਰ ਹਾਰਵੇਸਟਿੰਗ ਸਿਸਟਮ ਲੱਗੇ ਹੋਏ ਹਨ, ਉਨ੍ਹਾਂ ਦੀ ਵੀ ਲਗਾਤਾਰ ਮਾਨੀਟਰਿੰਗ ਕੀਤੀ ਜਾਵੇ, ਤਾਂ ਜੋ ਬਰਸਾਤ ਦੇ ਪਾਣੀ ਨੂੰ ਇੱਕਠਾ ਲਗਾਤਾਰ ਯਕੀਨੀ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਕਿਸਾਨਾਂ ਨੂੰ ਲਗਾਤਾਰ ਪਾਣੀ ਬਚਾਉਣ ਲਈ ਜਾਗਰੁਕ ਕਰਦੇ ਰਹਿਣਾ ਚਾਹੀਦਾ ਹੈ। ਜਲ ਸਰੰਖਣ ਇਕ ਲਗਾਤਾਰ ਚਲਣ ਵਾਲੀ ਮੁਹਿੰਮ ਹੈ, ਇਸ ਲਈ ਸੂਚਨਾ, ਲੋਕ ਸੰਪਰਕ, ਭਾਸ਼ਾ ਅਤੇ ਸਭਿਆਚਾਰਕ ਵਿਭਾਗ ਵਿਸ਼ੇਸ਼ ਜਾਗਰੁਕਤਾ ਮੁਹਿੰਮ ਚਲਾਉਣ।

# ਪੰਜਾਬ ਸਟੂਡੈਂਟਸ ਫੈਡਰੇਸ਼ਨ ਦੀ ਮਾਲਵਾ ਜ਼ੋਨ ਚੇਤਨਾ ਕਨਵੈਨਸ਼ਨ 12 ਫਰਵਰੀ ਨੂੰ



**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਵਿੱਚ ਵਿਦਿਆਰਥੀਆਂ ਦੀਆਂ ਭਖਦੀਆਂ ਮੰਗਾਂ ਅਤੇ ਕੌਮੀ ਸਿੱਖਿਆ ਨੀਤੀ ਦੇ ਵਿਰੋਧ ਵਿੱਚ 12 ਫਰਵਰੀ ਨੂੰ ਮਾਨਸਾ ਵਿਖੇ ਪੰਜਾਬ ਸਟੂਡੈਂਟਸ ਫੈਡਰੇਸ਼ਨ ਦੀ ਮਾਲਵਾ ਜੋਨ ਦੀ ਵਿਦਿਆਰਥੀ ਚੇਤਨਾ ਕਨਵੈਨਸ਼ਨ ਕੀਤੀ ਜਾਵੇਗੀ।ਇਸ ਸਮੇਂ ਪੰਜਾਬ ਸਟੂਡੈਂਟਸ ਫੈਡਰੇਸ਼ਨ ਸੂਬਾ ਕਨਵੀਨਰ ਗਗਨਦੀਪ ਸਰਦੂਲਗੜ੍ਹ, ਕੋ ਕਨਵੀਨਰ ਹਰਜਿੰਦਰ ਕੌਰ ਗੋਲੀ ਅਤੇ ਸੂਬਾ ਵਿੱਤ ਸਕੱਤਰ ਰਵਿੰਦਰ ਲੋਹਗੜ੍ਹ ਨੇ ਕਿਹਾ ਕਿ ਇਸ ਕਨਵੈਨਸ਼ਨ ਵਿੱਚ ਉਹ ਕੌਮੀ ਸਿੱਖਿਆ ਨੀਤੀ-2020 ਦੇ ਤਬਾਹਕੁੰਨ ਨਤੀਜਿਆਂ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਨਗੇ ਅਤੇ ਇਸ ਖ਼ਿਲਾਫ਼ ਤਿੱਖਾ ਸੰਘਰਸ਼ ਵਿੱਢਣਗੇ।ਉਨ੍ਹਾਂ ਕਿਹਾ ਕਿ ਪੂਰੇ ਭਾਰਤ ਅਤੇ ਪੰਜਾਬ ਵਿਚ ਜਨਤਕ ਸਿੱਖਿਆ ਵਿਰੋਧੀ ਨੀਤੀਆਂ ਕਾਰਨ ਜਨਤਕ ਸਿੱਖਿਆ ਦਾ ਭੋਗ ਪੈਣਵਾਲਾ ਹੈ।ਇਸ ਸਿੱਖਿਆ ਨੀਤੀ ਅਨੁਸਾਰ ਪੇਂਡੂ ਖੇਤਰਾਂ ਦੇ ਸਿੱਖਿਆ ਅਦਾਰੇ ਵੱਡੀ ਗਿਣਤੀ ਵਿੱਚ ਬੰਦ ਹੋਣਗੇ ਅਤੇ ਸਿੱਖਿਆ ਨੂੰ ਇੱਕ ਵਪਾਰਕ ਵਸਤੂ ਬਣਾ ਕੇ ਦੇਸੀ ਬਿਦੇਸ਼ੀ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕੀਤਾ ਜਾ ਰਿਹਾ ਹੈ। ਵੱਡੀ ਗਿਣਤੀ ਵਿੱਚ ਅਧਿਆਪਕ ਬਣਨ ਦੇ ਚਾਹਵਾਨ ਬੇਰੁਜ਼ਗਾਰ ਨੌਜਵਾਨਾਂ ਨੂੰ ਘੋਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ ਕਿਉਂਕਿ ਇਸ ਸਿੱਖਿਆ ਨੀਤੀ ਅਨੁਸਾਰ ਵੱਡੇ ਪੱਧਰ ਤੇ ਆਨਲਾਈਨ ਸਿੱਖਿਆ ਨੂੰ ਹੀ ਪ੍ਰਮੋਟ ਕੀਤਾ ਜਾ ਰਿਹਾ ਹੈ। ਲੋਕਾਂ ਨੂੰ ਵੱਡੇ ਪੱਧਰ ਤੇ ਲੁੱਟਣ ਲਈ ਵਧੀਆ ਸਿੱਖਿਆ ਦੇਣ ਦੇ ਨਾਂ 'ਤੇ ਸੌ ਤੋਂ ਵੱਧ ਬਦੇਸੀ ਯੂਨੀਵਰਸਿਟੀਆਂ ਨੂੰ ਦੇਸ਼ ਵਿੱਚ ਆਉਣ ਦਾ ਸੱਦਾ ਦਿੱਤਾ ਜਾ ਰਿਹਾ ਹੈ।ਆਉਣ ਵਾਲੇ ਸਮੇਂ ਵਿੱਚ ਜਨਤਕ ਸਿੱਖਿਆ ਨੂੰ ਬਚਾਉਣ ਲਈ ਪੰਜਾਬ ਸਟੂਡੈਂਟਸ ਫੈਡਰੇਸ਼ਨ ਵੱਡੀ ਲੜਾਈ ਵਿੱਢੇਗੀ ਅਤੇ ਸਟੂਡੈਂਟਸ ਦੇ ਨਾਲ ਨਾਲ ਆਮ ਲੋਕਾਂ ਨੂੰ ਵੀ ਇਸ ਸਿੱਖਿਆ ਨੀਤੀ ਪ੍ਰਤੀ ਜਾਗਰੂਕ ਕਰਕੇ ਸੰਘਰਸ਼ਾਂ ਦਾ ਹਿੱਸਾ ਬਣਾਉਣ ਦੇ ਉਪਰਾਲੇ ਕੀਤੇ ਜਾਣਗੇ।

# ਆਮ ਆਦਮੀ ਪਾਰਟੀ ਨੇ ਲੋਕ ਸ਼ਾਹੀ ਨੂੰ ਪਹਿਲ ਦਿੱਤੀ : ਜੱਗੀ, ਮਾਰਸ਼ਲ



**ਟਾਂਡਾ ਉੜਮੁੜ, (ਉਂਕਾਰ ਸਿੰਘ, ਜਸਵਿੰਦਰ ਸੰਧੂ)** ਜੇਕਰ ਸਹੀ ਅਰਥਾਂ 'ਚ ਕਿਸੇ ਰਾਜਨੀਤਿਕ ਪਾਰਟੀ ਨੇ ਲੋਕਤੰਤਰ ਦੀਆਂ ਕਦਰਾਂ ਕੀਮਤਾਂ ਨੂੰ ਅਪਣਾਉਣ ਦਾ ਯਤਨ ਕੀਤਾ ਹੈ ਤਾਂ ਉਸ ਵਿੱਚ ਆਮ ਆਦਮੀ ਪਾਰਟੀ ਪਹਿਲੇ ਨੰਬਰ 'ਤੇ ਹੋਵੇਗੀ ਕਿਉਂਕਿ ਇਸ ਦੇ ਰਾਜਨੀਤਿਕ ਆਗੂਆਂ ਨੇ ਲੋਕਾਂ ਸ਼ਾਹੀ ਨੂੰ ਪਹਿਲ ਦਿੰਦੇ ਹੋਏ ਲੋਕ ਹਿਤਾਂ ਲਈ ਵੱਧ ਤੋਂ ਵੱਧ ਕੰਮ ਕਰਨੇ ਸ਼ੁਰੂ ਕੀਤੇ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸਿਟੀ ਪ੍ਰਧਾਨ ਜਗਜੀਵਨ ਜੱਗੀ ਨੇ ਇਥੇ ਆਮ ਆਦਮੀ ਪਾਰਟੀ ਦੇ ਦਫਤਰ ਵਿਖੇ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਬੇਟ ਖੇਤਰ ਇੰਚਾਰਜ ਰਜਿੰਦਰ ਸਿੰਘ ਮਾਰਸ਼ਲ ਅਤੇ ਮੀਡੀਆ ਇੰਚਾਰਜ ਸੁਖਵਿੰਦਰ ਸਿੰਘ ਅਰੋੜਾ ਵੀ ਹਾਜ਼ਰ ਸਨ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਦੌਰਾਨ ਕੀਤੇ ਗਏ ਸਾਰੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ ਅਤੇ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਰਾਜਨੀਤਿਕ ਪਾਰਟੀ ਨੇ ਆਪਣੇ ਚੋਣ ਵਾਅਦਿਆਂ ਨੂੰ ਦ੍ਰਿੜਤਾ ਨਾਲ ਪੂਰਾ ਕਰਦੇ ਹੋਏ ਲੋਕਾਂ ਨੂੰ ਬਣਦੀਆਂ ਸੁੱਖ ਸੁਵਿਧਾਵਾਂ ਦਿੱਤੀਆਂ ਹਨ। ਗੱਲਬਾਤ ਜਾਰੀ ਰੱਖਦੇ ਹੋਏ ਰਜਿੰਦਰ ਸਿੰਘ ਮਾਰਸਲ ਨੇ ਕਿਹਾ ਕਿ ਕੱਚਿਆਂ ਮੁਲਾਜ਼ਮਾਂ ਨੂੰ ਪੱਕੀਆਂ ਨੌਕਰੀਆਂ ਦਿੱਤੀਆਂ ਹਨ ਬਜ਼ੁਰਗਾਂ ਅਤੇ ਵਿਧਵਾਵਾਂ ਦੀ ਪੈਨਸ਼ਨ ਵਿੱਚ ਵਾਧਾ ਕੀਤਾ ਹੈ ਅਤੇ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਵੱਲੋਂ ਵੱਖ ਵੱਖ ਧਰਮਾਂ ਨਾਲ ਸੰਬੰਧਿਤ ਵਿਅਕਤੀਆਂ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਉਹਨਾਂ ਲਈ ਫਰੀ ਤੀਰਥ ਯਾਤਰਾ ਦਾ ਪ੍ਰਬੰਧ ਕੀਤਾ ਗਿਆ ਹੋਵੇ।ਇਹ ਸਾਰਾ ਕੁਝ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਇਮਾਨਦਾਰ ਸੋਚ ਸਦਕਾ ਹੋਇਆ ਹੈ ਜਿਨਾਂ ਨੇ ਪੰਜਾਬ ਵਾਸੀਆਂ ਦੇ ਬਿਜਲੀ ਦੇ ਬਿੱਲ ਮਾਫ ਕਰਕੇ ਉਨ੍ਹਾਂ ਨੂੰ ਸਭ ਤੋਂ ਵੱਡੀ ਰਾਹਤ ਦਿੱਤੀ ਹੈ।ਸਿਟੀ ਪ੍ਰਧਾਨ ਜਗਜੀਵਨ ਜੱਗੀ ਨੇ ਹੋਰ ਕਿਹਾ ਕਿ ਪਹਿਲਾਂ ਤਾਂ ਰਾਜਨੀਤਿਕ ਪਾਰਟੀਆਂ ਦੇ ਆਗੂ ਆਪਣੀਆਂ ਸੁੱਖ ਸੁਵਿਧਾਵਾਂ ਤੱਕ ਹੀ ਸੀਮਤ ਸਨ ਪਰੰਤੂ ਆਮ ਆਦਮੀ ਪਾਰਟੀ ਨੇ ਲੋਕਾਂ ਸ਼ਾਹੀ ਨੂੰ ਕਾਇਮ ਕਰਦੇ ਹੋਏ ਲੋਕਾਂ ਲਈ ਸੁੱਖ ਸੁਵਿਧਾਵਾਂ ਪੈਦਾ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ ਜੋ ਕਿ ਇੱਕ ਵੱਡੀ ਪ੍ਰਾਪਤੀ ਹੈ।ਆਉਣ ਵਾਲੇ ਦਿਨਾਂ ਵਿੱਚ ਲੋਕਾਂ ਦੇ ਵੱਡੀ ਗਿਣਤੀ ਕੰਮ ਘਰ ਬੈਠਿਆ ਹੀ ਹੋਣਗੇ ਤੇ ਉਹਨਾਂ ਨੂੰ ਵੱਖ ਵੱਖ ਦਫਤਰਾਂ ਦੇ ਧੱਕੇ ਨਹੀਂ ਖਾਣੇ ਪੈਣਗੇ। ਇਸ ਮੌਕੇ ਉਹਨਾਂ ਨਾਲ ਪਾਰਟੀ ਦੇ ਹੋਰ ਵਰਕਰ ਵੀ ਹਾਜ਼ਰ ਸਨ।

# 30ਵਾਂ ਮੂਰਤੀ ਸਥਾਪਨਾ ਦਿਵਸ ਮਨਾਉਣ ਸੰਬੰਧੀ ਪ੍ਰਭਾਤ ਫੇਰੀਆਂ ਜਾਰੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਭਾਮ ਵਿਖੇ ਦੋਆਬੇ ਇਲਾਕੇ ਦਾ ਪ੍ਰਚੀਨ ਦੁਰਗਾ ਮੰਦਰ ਪਿੰਡ ਭਾਮ ਹੁਸ਼ਿਆਰਪੁਰ ਵਿਖੇ ਭਾਮੇਸ਼ਵਰੀ ਮਿਸ਼ਨਰੀ ਟਰੱਸਟ ਭਾਮ ਦੇ ਅਸਥਾਨ ਤੇ ਸਮੂਹ ਨਿਵਾਸੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ 30ਵਾਂ ਮੂਰਤੀ ਸਥਾਪਨਾ ਦਿਵਸ 21 ਜਨਵਰੀ ਨੂੰ ਮੰਦਰ ਦੇ ਮੁੱਖ ਸੇਵਾਦਾਰ ਭੈਣ ਵਿਨੋਦ ਕੁਮਾਰੀ ਚੇਅਰਪਰਸਨ ਭਾਮੇਸ਼ਵਰੀ ਮਿਸ਼ਨਰੀ ਟਰੱਸਟ ਭਾਮ ਅਗਵਾਈ ਹੇਠ ਧੂਮਧਾਮ ਮਨਾਇਆ ਜਾ ਰਿਹਾ ਹੈ।ਇਸ ਮੌਕੇ ਸੇਵਾਦਾਰ ਗੁਰਨਾਮ ਸਿੰਘ ਜਸਵਾਲ ਨੇ ਦੱਸਿਆ ਕਿ ਸਾਲਾਨਾ 30ਵੇਂ ਮੂਰਤੀ ਸਥਾਪਨਾ ਦਿਵਸ ਮਨਾਉਣ ਸੰਬੰਧੀ 14 ਜਨਵਰੀ ਤੋਂ ਲਗਾਤਾਰ ਪ੍ਰਭਾਤ ਫੇਰੀਆਂ ਸੰਗਤਾਂ ਦੇ ਸਹਿਯੋਗ ਕੱਢੀਆਂ ਜਾ ਰਹੀਆਂ ਹਨ।ਇਸ ਮੌਕੇ ਪ੍ਰਬੰਧਕਾ ਨੇ ਦੱਸਿਆ ਕਿ 15 ਜਨਵਰੀ ਨੂੰ ਚੰਡੀ ਪਾਠ, ਸ਼ਿਵਾ ਦੇ ਅਭਿਸ਼ੇਕ, ਸ਼ਿਵ ਪੁਰਾਨ, ਭਗਵਤ ਦੇ ਪਾਠ ਆਰੰਭ ਕੀਤੇ ਗਏ।ਜਿਨ੍ਹਾਂ ਦੇ ਭੋਗ 21 ਜਨਵਰੀ ਪਾਏ ਜਾਣਗੇ।ਇਸ ਮੌਕੇ ਪ੍ਰਬੰਧਕਾ ਨੇ ਦੱਸਿਆ ਕਿ 20 ਜਨਵਰੀ ਨੂੰ 1 ਵਜੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ 20 ਜਨਵਰੀ ਨੂੰ ਬੱਸ ਅੱਡਾ ਭਾਮ ਵਿਖੇ ਭਾਮੇਸਵਰੀ ਮਿਸ਼ਨਰੀ ਟਰੱਸਟ ਭਾਮ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ।ਇਸ ਮੌਕੇ ਪ੍ਰਬੰਧਕਾ ਨੇ ਦੱਸਿਆ ਕਿ 21 ਜਨਵਰੀ ਨੂੰ ਪਾਠ ਦੇ ਭੋਗ ਉਪਰੰਤ ਹਵਨ ਜੱਗ ਦੀ ਪੂਜਨ ਅਹੂਤੀ ਪਾਈ ਜਾਵੇਗੀ।ਇਸ ਮੌਕੇ ਪ੍ਰਬੰਧਕਾ ਨੇ ਦੱਸਿਆ ਕਿ 21 ਜਨਵਰੀ ਸਾਲਾਨਾ 30ਵੇਂ ਮੂਰਤੀ ਸਥਾਪਨਾ ਦਿਵਸ ਸੰਬੰਧੀ ਮਾਤਾ ਦਾ ਸਾਲਾਨਾ ਵਿਸ਼ਾਲ ਭਗਵਤੀ ਜਾਗਰਣ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਸਾਲਾਨਾ ਵਿਸ਼ਾਲ ਭਗਵਤੀ ਜਾਗਰਣ ਦੌਰਾਨ ਕੁਲਦੀਪ ਕਾਦਰੀ, ਗੌਤਮ ਜਲੰਧਰੀ, ਮਹਿੰਦਰ ਪਾਲ ਰੰਗੀਲਾ, ਯੋਗ ਰਾਜ ਯੋਗੀ ਸਾਰੀ ਰਾਤ ਮਹਾਂਮਾਈ ਦੇ ਗੁਣਗਾਨ ਕਰਨਗੇ।ਇਸ ਮੌਕੇ ਸਾਲਾਨਾ 30ਵੇਂ ਮੂਰਤੀ ਸਥਾਪਨਾ ਦਿਵਸ ਮਨਾਉਣ ਸੰਬੰਧੀ ਪ੍ਰਭਾਤ ਫੇਰੀਆਂ ਵਿਚ ਹਰ ਰੋਜ਼ ਇਲਾਕੇ ਭਰ ਤੋਂ ਕਾੜਕੇ ਦੀ ਠੰਢ ਬਾਵਜੂਦ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰੀ ਭਰਦੀਆਂ ਹਨ।ਇਸ ਮੌਕੇ ਪ੍ਰਭਾਤ ਫੇਰੀਆਂ ਦੌਰਾਨ ਮੁੱਖ ਸੇਵਾਦਾਰ ਭੈਣ ਵਿਨੋਦ ਕੁਮਾਰੀ ਚੇਅਰਪਰਸਨ ਭਾਮੇਸਵਰੀ ਮਿਸ਼ਨਰੀ ਟਰੱਸਟ ਭਾਮ, ਸੇਵਾਦਾਰ ਗੁਰਨਾਮ ਸਿੰਘ ਜਸਵਾਲ, ਸ਼ਾਂਤੀ ਦੇਵੀ, ਕੁਲਦੀਪ ਕੌਰ, ਤਪਿਤਾ ਦੇਵੀ, ਚੰਦਰ ਪ੍ਰਕਾਸ਼ ਦਿੱਲੀ, ਹਰਪਾਲ ਸਿੰਘ ਕੰਦੀ, ਹਰਮੇਸ਼ ਚੰਦਰ, ਪੰਮੀ ਡੇਹਰਾਦੂਨ, ਪੰਡਤ ਮੁਕੇਸ਼, ਅਮਰਜੀਤ ਭਾਮ, ਟਿੱਕੂ ਜਸਵਾਲ, ਹੈਪੀ ਪਧਿਆਣਾ, ਰੋਸ਼ਨ ਭਾਮ, ਗੁਰਜੀਤ ਜਸਵਾਲ, ਸੰਨੀ ਜਸਵਾਲ, ਵਿਸ਼ਾਲ ਸ਼ਰਮਾ, ਤਰਸੇਮ ਕਨੇਡਾ, ਨਰਿੰਦਰ ਹਾਰਟਾ, ਦੀਪਾ ਜਸਵਾਲ ਡਾਕਟਰ ਟੋਨੀ ਭਾਮ, ਸੁਦਰਸ਼ਨ ਧੀਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਕੱਪੜੇ ਦੀ ਦੁਕਾਨ ਨੂੰ ਲੱਗੀ ਅੱਗ, ਲੱਖਾਂ ਦਾ ਕੱਪੜਾ ਤੇ ਸਾਮਾਨ ਸੜ ਕੇ ਸਵਾਹ



**ਮਹਿਤਪੁਰ (ਰਾਜਾ)** ਮਹਿਤਪੁਰ ਮੇਨ ਰੋਡ ਜਗਰਾਵਾਂ 'ਤੇ ਸਥਿਤ ਪਵਨ ਸਿਲਕ ਸਟੋਰ ਦੁਕਾਨ 'ਚੋਂ ਅੱਗ ਲੱਗਣ ਨਾਲ ਸਾਰਾ ਕੱਪੜਾ ਤੇ ਹੋਰ ਸਮਾਨ ਸੜ ਕੇ ਸਵਾਹ ਹੋ ਗਿਆ ਹੈ ਦੁਕਾਨ ਦੇ ਲੈਂਟਰ ਤੇ ਕੰਧਾਂ ਨੂੰ ਵੀ ਤੇੜਾਂ ਆ ਗਈਆਂ ਹਨ।ਇਸ ਮੌਕੇ ਦੁਕਾਨ ਦੇ ਮਾਲਕ ਬਲਵਿੰਦਰ ਸਿੰਘ ਸਪੁੱਤਰ ਸਵ: ਮਨੋਹਰ ਸਿੰਘ ਪਿੰਡ ਸਿੰਘਪੁਰ ਵਾਸੀ ਨੇ ਦੱਸਿਆ ਕਿ ਸਾਨੂੰ ਰਾਤ 2:30 ਵਜੇ ਦੇ ਕਰੀਬ ਚੌਕੀਦਾਰ ਦਾ ਫੋਨ ਆਇਆ ਸੀ ਕਿ ਤੁਹਾਡੀ ਦੁਕਾਨ ਨੂੰ ਅੱਗ ਲੱਗ ਗਈ ਹੈ।ਅਸੀਂ ਮੌਕੇ 'ਤੇ ਪਹੁੰਚ ਕੇ ਦੇਖਿਆ ਕਿ ਅੱਗ ਵੱਡੀ ਮਾਤਰਾ 'ਚ ਫੈਲੀ ਹੋਈ ਸੀ ਤੇ ਦੁਕਾਨ ਤੋਂ ਸਭ ਕੁਝ ਸੜ ਕੇ ਸੁਆਹ ਹੋ ਚੁੱਕਾ ਸੀ।ਮੌਕੇ ਨਕੋਦਰ ਤੇ ਸ਼ਾਹਕੋਟ ਤੋਂ ਦੋ ਫਾਈਬਰ ਗ੍ਰੇਡ ਦੀਆਂ ਗੱਡੀਆਂ ਪਹੁੰਚੀਆਂ ਤੇ ਉਹਨਾਂ ਵੱਲੋਂ ਅੱਗ ਬੁਝਾਈ ਗਈ।ਬਲਵਿੰਦਰ ਸਿੰਘ ਨੇ ਦੱਸਿਆ ਕਿ ਅੱਗ ਲੱਗਣ ਦਾ ਕਾਰਨ ਸਾਟ ਸਰਕਟ ਹੋ ਸਕਦਾ ਹੈ ਤੇ ਮੇਰਾ 35 ਤੋਂ 40 ਲੱਖ ਦਾ ਨੁਕਸਾਨ ਹੋ ਗਿਆ ਹੈ।

# ਅਗਨੀਵੀਰ ਦੀ ਭਰਤੀ ਸੰਬੰਧੀ ਵੈਬੀਨਾਰ

**ਨਵਾਂਸ਼ਹਿਰ, (ਮਨੋਜ ਲਾਡੀ)** ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨਵਜੋਤਪਾਲ ਸਿੰਘ ਰੰਧਾਵਾ ਦੀ ਯੋਗ ਅਗਵਾਈ ਅਤੇ ਵਧੀਕ ਡਿਪਟੀ ਕਮਿਸ਼ਨਰ-ਕਮ-ਮੁੱਖ ਕਾਰਜਕਾਰੀ ਅਫਸਰ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸ਼ਹੀਦ ਭਗਤ ਸਿੰਘ ਨਗਰ ਰਾਜੀਵ ਵਰਮਾ ਦੀ ਰਹਿਨੁਮਾਈ ਹੇਠ ਬਿਊਰੋ ਵੱਲੋਂ ਜਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ/ਸਵੈ ਰੋਜ਼ਗਾਰ ਅਤੇ ਹੁਨਰ ਵਿਕਾਸ ਦੀਆਂ ਵੱਖ-ਵੱਖ ਸਕੀਮਾਂ ਤਹਿਤ ਵਿਸ਼ੇਸ਼ ਕੈਂਪ ਲਗਾ ਕੇ ਲਾਭ ਦਿੱਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਬਿਊਰੋ ਵਲੋਂ ਏਅਰ ਫੋਰਸ ਸਟੇਸ਼ਨ ਅੰਬਾਲਾ ਕੈਂਟ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਜਿਲ੍ਹਾ ਸਿੱਖਿਆ ਅਫਸਰ (ਸ) ਦੇ ਸਹਿਯੋਗ ਨਾਲ ਹਵਾਈ ਫੌਜ ਵਿੱਚ ਅਗਨੀਵੀਰ ਦੀ ਭਰਤੀ ਸੰਬੰਧੀ ਵੈਬੀਨਾਰ ਦਾ ਆਯੋਜਨ ਕੀਤਾ ਗਿਆ।ਇਸ ਸੰਬੰਧ 'ਚ ਜਾਣਕਾਰੀ ਦਿੰਦੇ ਹੋਏ ਜਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਸੰਜੀਵ ਕੁਮਾਰ ਵੱਲੋਂ ਦੱਸਿਆ ਗਿਆ ਕਿ ਅਗਨੀਵੀਰ ਵਾਯੂ ਦੀ ਭਰਤੀ ਲਈ ਰਜਿਸਟ੍ਰੇਸ਼ਨ 6 ਫਰਵਰੀ ਨੂੰ ਸਮਾਪਤ ਹੋ ਰਹੀ ਹੈ।ਭਰਤੀ ਲਈ ਰਜਿਸਟ੍ਰੇਸ਼ਨ ਅਤੇ ਭਰਤੀ ਪ੍ਰਕਿਰਿਆ ਸੰਬੰਧੀ ਜਾਣਕਾਰੀ ਲਈ ਏਅਰਫੋਰਸ ਸਟੇਸ਼ਨ ਅੰਬਾਲਾ ਕੈਂਟ ਤੋਂ ਜੂਨੀਅਰ ਵਾਰੰਟ ਅਫ਼ਸਰ ਆਰ ਕੇ ਤ੍ਰਿਵੇਦੀ ਵਲੋਂ ਪਰੈਜ਼ੈਂਟੇਸ਼ਨ ਰਾਹੀਂ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਵੈਬੀਨਾਰ ਰਾਹੀਂ ਜਿਲ੍ਹੇ ਦੇ ਸਮੂਹ ਸਕੂਲ ਮੁਖੀਆਂ/ਕੈਰੀਅਰ ਅਧਿਆਪਕਾਂ ਨੂੰ ਭਰਤੀ ਪ੍ਰਕਿਰਿਆ ਦੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵੈਬੀਨਾਰ ਵਿੱਚ 70 ਸਕੂਲਾਂ ਦੇ ਮੁਖੀਆਂ/ਕੈਰੀਅਰ ਅਧਿਆਪਕਾਂ ਵੱਲੋਂ ਭਾਗ ਲਿਆ ਗਿਆ। ਅਧਿਕਾਰੀ ਵੱਲੋਂ ਹਵਾਈ ਫੌਜ ਦੇ ਅਧਿਕਾਰੀਆਂ ਅਤੇ ਜਿਲ੍ਹਾ ਸਿੱਖਿਆ ਅਫ਼ਸਰ ਦਾ ਵੈਬੀਨਾਰ ਦੇ ਆਯੋਜਨ ਲਈ ਧੰਨਵਾਦ ਕੀਤਾ ਗਿਆ। ਵੈਬੀਨਾਰ ਦੇ ਆਯੋਜਨ ਲਈ ਲੈਕਚਰਾਰ ਸਰਕਾਰੀ ਸੈਕੰਡਰੀ ਸਕੂਲ ਮੱਲੂਪੋਤਾ ਬਲਦੀਸ਼ ਕੁਮਾਰ ਅਤੇ ਕੈਰੀਅਰ ਕਾਉਂਸਲਰ ਜਸਵੀਰ ਸਿੰਘ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।

# ਗੁਰਦੁਆਰਾ ਬਾਉਲੀ ਸਾਹਿਬ ਵਿਖੇ ਜਪ ਤਪ ਚੋਪਹਿਰਾ ਸਮਾਗਮ 21 ਨੂੰ

**ਫਿਲੌਰ, (ਨਿਰਮਲ)** ਫਿਲੌਰ ਵਿਖੇ ਸਥਿਤ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਜਪ ਤਪ ਚੋਪਹਿਰਾ ਸਮਾਗਮ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਸ਼ਰਧਾ ਨਾਲ 21 ਜਨਵਰੀ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਧੰਨ ਧੰਨ ਬਾਬਾ ਬੁੱਢਾ ਜੀ ਸੇਵਾ ਸਿਮਰਨ ਸੁਸਾਇਟੀ ਲੁਧਿਆਣਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਘਨ੍ਹਈਆ ਜੀ ਸੇਵਾ ਸਿਮਰਨ ਸੁਸਾਇਟੀ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਜਨ ਤਪ ਚੋਪਹਿਰਾ ਸਮਾਗਮ 21 ਜਨਵਰੀ ਦਿਨ ਐਤਵਾਰ ਨੂੰ 12 ਵਜੇ ਤੋਂ 4 ਵਜੇ ਤੱਕ ਕਰਵਾਇਆਂ ਜਾਵੇਗਾ।ਜਪ ਤਪ ਚੋਪਹਿਰਾ ਸਮਾਗਮ ਦੌਰਾਨ ਦੌਰਾਨ ਮਾਤਾ ਵਿਪਨਦੀਪ ਕੌਰ, ਮਾਤਾ ਰਜਿੰਦਰ ਕੌਰ, ਭਾਈ ਓਮਪ੍ਰੀਤ ਸਿੰਘ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਗੁਰੂ ਚਰਨਾਂ 'ਚ ਹਾਜ਼ਰੀ ਲਗਾਉਣਗੇ ਅਤੇ ਸੰਗਤਾਂ ਨੂੰ ਨਾਮ ਸਿਮਰਨ ਨਾਲ ਜੋੜਨਗੇ।ਇਸ ਸਮਾਗਮ ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਉਲੀ ਸਾਹਿਬ, ਇਸਤਰੀ ਸਤਿਸੰਗ ਸਭਾ ਫਿਲੌਰ, ਸੁਖਮਨੀ ਸਾਹਿਬ ਸਿਮਰਨ ਸੇਵਾ ਸੁਸਾਇਟੀ , ਮੀਰੀ ਪੀਰੀ ਸੇਵਕ ਸਭਾ ਫਿਲੌਰ, ਸੁਖਮਨੀ ਸਾਹਿਬ ਸੇਵਾ ਸੁਸਾਇਟੀ ਫਿਲੌਰ ਅਤੇ ਹੋਰਾਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦਾ ਵਿਸ਼ੇਸ਼ ਸਹਿਯੋਗ ਹੋਵੇਗਾ।ਇਸ ਮੌਕੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਜਾਵੇਗਾ।

# ਰਿਆਤ ਬਾਹਰਾ ਇੰਜੀਨੀਅਰਿੰਗ ਕਾਲਜ ਵਿਖੇ 'ਰਾਸ਼ਟਰੀ ਯੁਵਾ ਦਿਵਸ-2024' ਸਬੰਧੀ ਸੈਮੀਨਾਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਰਿਆਤ ਬਾਹਰਾ ਇੰਜੀਨੀਅਰਿੰਗ ਕਾਲਜ ਵਿਖੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ 'ਰਾਸ਼ਟਰੀ ਯੁਵਾ ਦਿਵਸ-2024' ਦੇ ਸਬੰਧ 'ਚ ਸੈਮੀਨਾਰ ਕਰਵਾਇਆ ਗਿਆ, ਜਿਸ ਦਾ ਵਿਸ਼ਾ ਵਿਕਸਿਤ ਨੌਜਵਾਨ-ਵਿਕਸਤ ਭਾਰਤ ਸੀ। ਜਿਸ ਵਿੱਚ ਇੰਜਨੀਅਰਿੰਗ ਕਾਲਜ ਦੇ ਵਿਦਿਆਰਥੀਆਂ ਨੇ ਭਾਗ ਲਿਆ।ਕਾਲਜ ਪ੍ਰਿੰਸੀਪਲ ਡਾ. ਵੀਕੇ ਧੀਰ ਨੇ ਵਿਦਿਆਰਥੀਆਂ ਨੂੰ ਸਵਾਮੀ ਵਿਵੇਕਾਨੰਦ ਦੇ ਜੀਵਨ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਵਾਮੀ ਵਿਵੇਕਾਨੰਦ ਦਾ ਜਨਮ 12 ਜਨਵਰੀ 1863 ਨੂੰ ਕਲਕੱਤਾ ਵਿਖੇ ਹੋਇਆ ਸੀ। ਉਨ੍ਹਾਂ ਦਾ ਜਨਮ ਦਿਨ ਹਰ ਸਾਲ ਭਾਰਤ ਵਿੱਚ ਰਾਸ਼ਟਰੀ ਯੁਵਾ ਦਿਵਸ ਵਜੋਂ ਮਨਾਇਆ ਜਾਂਦਾ ਹੈ।ਸਵਾਮੀ ਵਿਵੇਕਾਨੰਦ ਨੇ ਕਿਹਾ ਸੀ, 'ਆਪ ਵੀ ਜਾਗੋ ਅਤੇ ਦੂਜਿਆਂ ਨੂੰ ਵੀ ਜਗਾਓ' ਮਰਨ ਤੋਂ ਪਹਿਲਾਂ ਜੀਵਨ ਦੀ ਪੂਰਨਤਾ ਪ੍ਰਾਪਤ ਕਰੋ। ਉੱਠੋ, ਜਾਗੋ ਅਤੇ ਉਦੋਂ ਤੱਕ ਨਾ ਰੁਕੋ ਜਦੋਂ ਤੱਕ ਟੀਚਾ ਪ੍ਰਾਪਤ ਨਹੀਂ ਹੋ ਜਾਂਦਾ। ਇਸ ਮੌਕੇ ਕਾਲਜ ਦੇ ਡੀਨ ਡਾ: ਜਯੋਤਸਨਾ ਨੇ ਵੀ ਸਵਾਮੀ ਵਿਵੇਕਾਨੰਦ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਕਿਹਾ। ਵਿਦਿਆਰਥੀਆਂ ਅਤੇ ਅਧਿਆਪਕਾਂ ਵਲੋਂ ਰਾਸ਼ਟਰੀ ਏਕਤਾ ਅਤੇ ਅਖੰਡਤਾ ਬਣਾਈ ਰੱਖਣ ਲਈ ਸਹੁੰ ਚੁੱਕੀ। ਪ੍ਰੋ ਬ੍ਰਿਜੇਸ਼ ਨੇ ਸੈਮੀਨਾਰ 'ਚ ਹਿੱਸਾ ਲੈਣ ਆਏ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਧੰਨਵਾਦ ਕੀਤਾ । ਇਸ ਮੌਕੇ ਪ੍ਰੋ: ਤਰਨਜੀਤ ਕੌਰ, ਰਾਜਵੀਰ ਕੌਰ ਤੋਂ ਇਲਾਵਾ ਕਾਲਜ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।

# ਪੈਰ ਫਿਸਲਣ ਕਾਰਨ ਨੌਜਵਾਨ ਵੇਈਂ 'ਚ ਡਿੱਗਿਆ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸੁਲਤਾਨਪੁਰ ਲੋਧੀ ਦੀ ਪਵਿੱਤਰ ਕਾਲੀ ਵੇਈਂ 'ਚ ਸਵੇਰੇ ਇੱਕ ਨੌਜਵਾਨ ਜਦੋਂ ਹੱਥ ਧੋਣ ਲੱਗਾ ਤਾਂ ਅਚਾਨਕ ਹੀ ਉਸ ਦਾ ਪੈਰ ਤਿਲਕ ਗਿਆ ਅਤੇ ਉਹ ਵੇਈਂ ਵਿੱਚ ਡਿੱਗ ਗਿਆ। ਨੌਜਵਾਨ ਨੂੰ ਡੁੱਬਦਿਆਂ ਦੇਖਦੇ ਸੰਤ ਸੀਚੇਵਾਲ ਦੇ ਸੇਵਾਦਾਰਾਂ ਅਤੇ ਪੁਲਸ ਦੀ ਮਦਦ ਨਾਲ ਉਸ ਨੂੰ ਬਾਹਰ ਕੱਢਿਆ ਗਿਆ ਅਤੇ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਇਲਾਜ ਲਈ ਦਾਖਲ ਕਰਵਾਇਆ ਗਿਆ ਹੈ।ਨੌਜਵਾਨ ਦੀ ਪਹਿਚਾਣ ਅੰਮ੍ਰਿਤਪਾਲ ਸਿੰਘ ਪੁੱਤਰ ਸੁਰਿੰਦਰ ਸਿੰਘ ਨਿਵਾਸੀ ਮੰਗੂਪੁਰ ਦੇ ਰੂਪ ਵਿੱਚ ਹੋਈ ਹੈ।ਫਿਲਹਾਲ ਨੌਜਵਾਨ ਦੀ ਹਾਲਤ ਠੀਕ ਦੱਸੀ ਜਾ ਰਹੀ ਹੈ।

# ਪਿਸਟਲ ਤੇ ਰੌਂਦ ਸਮੇਤ ਕਾਬੂ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ )**-ਇੰਸਪੈਕਟਰ ਬਲਵਿੰਦਰ ਪਾਲ ਇੰਚਾਰਜ਼ ਸੀ.ਆਈ.ਏ ਸਟਾਫ ਹੁਸ਼ਿਆਰਪੁਰ ਦੇ ਅਧੀਨ ਵਿਸ਼ੇਸ਼ ਟੀਮ ਵੱਲੋਂ ਇਕ ਮੁਲਜ਼ਮ ਨੂੰ ਕਾਬੂ ਕਰਕੇ ਉਸ ਪਾਸੋਂ 1 ਪਿਸਟਲ 7.65 ਐਮ ਐਮ ਸਮੇਤ 2 ਰੌਂਦ ਬਰਾਮਦ ਕੀਤਾ ਹੈ। ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਵਲੋਂ ਜਾਰੀ ਪ੍ਰੈੱਸ ਨੋਟ 'ਚ ਦੱਸਿਆ ਕਿ ਸੀ.ਆਈ.ਏ ਸਟਾਫ ਹੁਸ਼ਿਆਰਪੁਰ ਵਿੱਚ ਤਾਇਨਾਤ ਏ.ਐਸ.ਆਈ ਸੁੱਖਵਿੰਦਰ ਸਿੰਘ ਦੀ ਟੀਮ ਵਲੋਂ ਟਾਂਡਾ ਤੋਂ ਹਰਗੋਬਿੰਦਪੁਰ ਰੋਡ ਤੋਂ ਸ਼ੱਕ ਦੀ ਬਿਨ੍ਹਾ 'ਤੇ ਇੱਕ ਵਿਅਕਤੀ ਸੰਦੀਪ ਸਿੰਘ ਉਰਫ ਦੀਪਾ ਪੁੱਤਰ ਚਰਨ ਸਿੰਘ ਵਾਸੀ ਪਿੰਡ ਰੜਾ ਥਾਣਾ ਟਾਂਡਾ ਨੂੰ ਕਾਬੂ ਕਰਕੇ ਉਸ ਪਾਸੋਂ 1 ਪਿਸਟਲ 7.65 ਐਮ ਐਮ ਸਮੇਤ 2 ਰੌਂਦ ਬਰਾਮਦ ਕੀਤਾ ਤੇ ਉਸ ਖਿਲਾਫ 25-54-59 ਅਸਲਾ ਐਕਟ ਤਹਿਤ ਥਾਣਾ ਟਾਂਡਾ ਵਿਖੇ ਮੁਕੱਦਮਾ ਦਰਜ ਕਰਕੇ ਗ੍ਰਿਫਤਾਰ ਕੀਤਾ ਹੈ।

# ਜਵਾਹਰ ਨਵੋਦਿਆ ਵਿਦਿਆਲਿਆ ਵਿਖੇ ਭੰਗੜੇ ਦੀ ਪਰਫਾਰਮਿੰਗ ਆਰਟ ਵਰਕਸ਼ਾਪ ਸ਼ੁਰੂ

**ਹੁਸ਼ਿਆਰਪੁਰ, : (ਓ ਪੀ ਰਾਣਾ)** -ਪ੍ਰਧਾਨ ਮੰਤਰੀ ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਵਿਖੇ ਪ੍ਰਧਾਨ ਮੰਤਰੀ ਫੰਡ ਦੇ ਤਹਿਤ ਪਰਫਾਰਮਿੰਗ ਆਰਟ ਵਰਕਸ਼ਾਪ ਸ਼ੁਰੂ ਕੀਤੀ ਗਈ ਹੈ। ਇਕ ਮਹੀਨੇ ਦੀ ਇਸ ਵਰਕਸ਼ਾਪ ਦੌਰਾਨ ਵਿਦਿਆਰਥੀ ਪੰਜਾਬੀ ਲੋਕ ਨਾਚ ਭੰਗੜੇ ਦੀ ਸਿਖਲਾਈ ਲੈਣਗੇ।ਪ੍ਰਿੰਸੀਪਲ ਰੰਜੂ ਦੁੱਗਲ ਨੇ ਦੱਸਿਆ ਕਿ ਇਸ ਪਰਫਾਰਮਿੰਗ ਆਰਟ ਵਰਕਸ਼ਾਪ ਵਿਚ 35 ਵਿਦਿਆਰਥੀ ਭਾਗ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਯੁਵਾ ਪੁਰਸਕਾਰ ਵਿਜੇਤਾ ਪਰਮੋਦ ਸ਼ਰਮਾ ਕੋਆਰਡੀਨੇਟਰ, ਤਾਰਿਕ ਸ਼ਰਮਾ ਸਹਾਇਕ ਕੋਆਰਡੀਨੇਟਰ ਅਤੇ ਪ੍ਰਿੰਸ ਕੁਮਾਰ ਢੋਲਕ ਮਾਸਟਰ ਟ੍ਰੇਨਰ ਹੋਣਗੇ। ਭਾਰਤ ਸਰਕਾਰ ਨੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਸਕੂਲਾਂ ਨੂੰ ਵੱਖ-ਵੱਖ ਗਤੀਵਿਧੀਆਂ ਲਈ ਫੰਡ ਮਨਜ਼ੂਰ ਕੀਤੇ ਹਨ। ਉਦਘਾਟਨੀ ਸਮਾਰੋਹ ਮੌਕੇ ਸੰਜੀਵ ਭੁੱਲਰ ਸੀਨੀਅਰ ਮੋਸਟ ਅਧਿਆਪਕ, ਭਾਰਤ ਜਸਰੋਟੀਆ ਸੰਗੀਤ ਅਧਿਆਪਕ, ਸੀਤਾ ਰਾਮ ਬਾਂਸਲ ਸਮੇਤ ਹੋਰ ਸਟਾਫ਼ ਮੈਂਬਰ ਅਤੇ 35 ਪ੍ਰਤੀਯੋਗੀ ਹਾਜ਼ਰ ਸਨ।

20-JAN-PAGE-10.qxd 1/19/2024 9:09 PM Page 1



# ਲਾਈਟ ਨਾ ਮਿਲਣ ਕਾਰਨ ਸ਼ੈਲਰ ਮਿੱਲ ਮਾਲਕ ਪ੍ਰੇਸ਼ਾਨ

## ਕੱਟਾਂ ਕਾਰਨ ਸ਼ੈਲਰ ਦੀ ਵਿਹਲੀ ਬੈਠੀ ਲੇਬਰ ਨੂੰ ਪਏ ਰੋਟੀ ਦੇ ਲਾਲੇ



ਜਾਣਕਾਰੀ ਦਿੰਦੇ ਹੋਏ ਸ਼ੈਲਰ ਮਾਲਕ ਰਾਜਨ ਆਵਲਾ।

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**

ਗੁਰੂ ਹਰਸਹਾਏ ਹਲਕੇ ਵਿੱਚ ਪਿਛਲੇ ਕਈ ਦਿਨਾਂ ਤੋਂ ਰਾਈਸ ਇੰਡਸਟਰੀ ਸ਼ੈਲਰ ਮਿੱਲ ਮਾਲਕਾਂ ਨੂੰ ਲਾਈਟ ਨਾ ਮਿਲਣ ਕਾਰਨ ਚਾਵਲ ਤਿਆਰ ਕਰਨ ਵਿੱਚ ਬੜੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਸ਼ੈਲਰ ਵਿੱਚ ਕੰਮ ਕਰਦੇ ਲੇਬਰ ਤੇ ਹੋਰ ਮੁਲਾਜ਼ਮ ਵਿਹਲੇ ਬੈਠੇ ਹਨ ਅਤੇ ਉਨ੍ਹਾਂ ਨੂੰ ਰੋਟੀ ਦੇ ਲਾਲੇ ਪਏ ਹੋਏ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁੱਦੜ ਢੰਡੀ ਰੋਡ 'ਤੇ ਸਥਿਤ ਕਿਸਾਨ ਫੂਡਜ਼ ਰਾਈਸ ਮਿੱਲਰ ਰਾਜਨ ਆਵਲਾ ਤੇ ਐਸੋ: ਦੇ ਮੈਂਬਰਾਂ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਗੁਰੂ ਹਰਸਹਾਏ ਹਲਕੇ ਵਿੱਚ ਲਾਈਟ ਦੇ ਲੱਗਦੇ ਲੰਬੇ ਲੰਬੇ ਕੱਟਾਂ ਕਾਰਨ ਉਨ੍ਹਾਂ ਦੇ ਸ਼ੈਲਰ ਬੰਦ ਪਏ ਹਨ, ਜਿਸ ਕਾਰਨ ਚਾਵਲ ਤਿਆਰ ਨਹੀਂ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਚਾਵਲ ਬਣ ਕੇ ਟਾਈਮ 'ਤੇ ਤਿਆਰ ਨਾ ਹੋਇਆ ਤਾਂ ਉਹ ਐੱਫ ਸੀ ਆਈ ਨੂੰ ਚਾਵਲ ਕਿਵੇਂ ਡਿਲੀਵਰ ਕਰਨਗੇ ਤੇ ਸੈਲਰ ਅੰਦਰ ਕੰਮ ਕਰਦੀ ਲੇਬਰ ਅਤੇ ਮੁਲਾਜ਼ਮ ਵਿਹਲੇ ਬੈਠੇ ਹਨ, ਉਨ੍ਹਾਂ ਨੂੰ ਵੀ ਰੋਟੀ ਦੇ ਲਾਲੇ ਪਏ ਹੋਏ ਹਨ।ਸੈਲਰ ਮਿੱਲ ਮਾਲਕਾਂ ਨੇ ਦੱਸਿਆ ਕਿ ਲਾਈਟ ਨਾ ਮਿਲਣ ਕਰਕੇ ਸੈਲਰ ਨੂੰ ਚਲਾਉਣ ਲਈ ਉਨ੍ਹਾਂ ਨੂੰ ਲੱਖਾਂ ਰੁਪਏ ਦੇ ਵੱਡੇ ਜੈਨਰੇਟਰ ਖਰੀਦਣੇ ਪੈ ਰਹੇ ਹਨ ਤੇ ਉਸ ਅੰਦਰ ਮਹਿੰਗੇ ਭਾਅ ਦੇ ਡੀਜ਼ਲ ਨੂੰ ਬਾਲਣ ਲਈ ਮਜਬੂਰ ਹਨ, ਜਿਸ ਕਾਰਨ ਉਨ੍ਹਾਂ ਦਾ ਬਹੁਤ ਵੱਡਾ ਨੁਕਸਾਨ ਹੋ ਰਿਹਾ।ਸ਼ਹਿਰ ਦੀ ਰਾਈਸ ਮਿਲਰਜ਼ ਐਸੋ: ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸੈਲਰ ਮਿੱਲਰਜ਼ ਨੂੰ ਸਚਾਰੂ ਢੰਗ ਨਾਲ ਲਾਈਟ ਦਿੱਤੀ ਜਾਵੇ ਤਾਂ ਜੋ ਉਨ੍ਹਾਂ ਨੂੰ ਚਾਵਲ ਤਿਆਰ ਕਰਨ ਵਿੱਚ ਕੋਈ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਇੰਤਕਾਲਾਂ ਸਬੰਧੀ ਲਗਾਏ ਵਿਸ਼ੇਸ਼ ਕੈਂਪਾਂ ਦਾ ਲੋਕਾਂ ਨੂੰ ਵੱਡਾ ਫਾਇਦਾ ਮਿਲਿਆ : ਟੀਟੂ, ਗੋਦਾਰਾ

**■ ਆਉਣ ਵਾਲੇ ਦਿਨਾਂ 'ਚ ਸੂਬਾ ਸਰਕਾਰ ਵੱਲੋਂ ਹੋਰ ਵੀ ਯੋਜਨਾਵਾਂ ਉਲੀਕੀਆਂ ਜਾਣਗੀਆਂ**

**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਸਰਕਾਰ ਦੇ ਹੁਕਮਾਂ 'ਤੇ ਜਿੱਥੇ ਬੀਤੇ ਦਿਨੀਂ ਪੰਜਾਬ ਦੇ ਵੱਖ-ਵੱਖ ਤਹਿਸੀਲ ਦਫਤਰਾਂ ਵਿੱਚ ਬਕਾਇਆ ਇੰਤਕਾਲਾਂ ਦੇ ਨਿਪਟਾਰੇ ਲਈ ਕੈਂਪ ਲਗਾ ਕੇ ਵੱਡੇ ਪੱਧਰ 'ਤੇ ਬਕਾਇਆ ਇੰਤਕਾਲਾਂ ਦੇ ਕੇਸਾਂ ਦਾ ਨਿਪਟਾਰਾ ਅਧਿਕਾਰੀਆਂ ਵੱਲੋਂ ਕੀਤਾ ਗਿਆ ਸੀ, ਉੱਥੇ ਹੀ ਪੰਜਾਬ ਸਰਕਾਰ ਦੇ ਹੁਕਮਾਂ 'ਤੇ ਮੁੜ 15 ਜਨਵਰੀ ਨੂੰ ਸਮੁੱਚੇ ਪੰਜਾਬ ਅੰਦਰ ਬਕਾਇਆ ਇੰਤਕਾਲਾਂ ਦੇ ਨਿਪਟਾਰੇ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਦੇ ਤਹਿਤ ਤਹਿਸੀਲ ਬਾਘਾ ਪੁਰਾਣਾ ਵਿਖੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਦਿਸ਼ਾ ਨਿਰਦੇਸ਼ਾਂ 'ਤੇ ਪਿਛਲੇ ਲੰਬੇ ਸਮੇਂ ਤੋਂ ਬਕਾਇਆ ਚੱਲੇ ਆ ਰਹੇ ਇੰਤਕਾਲਾਂ ਦਾ ਨਿਪਟਾਰਾ ਵਿਸ਼ੇਸ਼ ਕੈਂਪ ਰਾਹੀਂ ਕੀਤਾ ਗਿਆ। ਉਕਤ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਲਾਧਾਈ, ਰਣਜੀਤ ਸਿੰਘ ਟੀਟੂ ਤੇ ਗੁਰਪ੍ਰੀਤ ਗੋਦਾਰਾ ਨੇ ਕਰਦਿਆਂ ਕਿਹਾ ਕਿ ਆਮ ਪਬਲਿਕ ਨੂੰ ਇੰਤਕਾਲਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਕੈਂਪ ਤੋਂ ਇਲਾਵਾ ਵੀ ਆਮ ਪਬਲਿਕ ਉਨ੍ਹਾਂ ਨਾਲ ਇੰਤਕਾਲਾਂ ਸਬੰਧੀ ਸੰਪਰਕ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਭਰ 'ਚ ਲਗਾਏ ਗਏ 15 ਜਨਵਰੀ ਨੂੰ ਕੈਂਪਾਂ ਦੌਰਾਨ ਲੋਕਾਂ ਨੇ ਵੱਡੀ ਗਿਣਤੀ 'ਚ ਲਾਭ ਉਠਾਇਆ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਲੋਕਾਂ ਨੂੰ ਸਹੂਲਤਾਂ ਦੇਣ ਲਈ ਵਚਨਬੱਧ ਹੈ। ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦੇਣ ਲਈ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਸ਼ੇਸ਼ ਕਦਮ ਚੁੱਕ ਰਹੇ ਹਨ। ਇਸੇ ਲੜੀ ਤਹਿਤ ਇੰਤਕਾਲ ਸਬੰਧੀ ਸਰਕਾਰ ਵੱਲੋਂ ਵਿਸ਼ੇਸ਼ ਕੈਂਪ ਲਗਾਏ ਗਏ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਸੂਬੇ ਭਰ 'ਚ ਇੰਤਕਾਲ ਸਬੰਧੀ ਕੈਂਪ ਲਗਾਏ ਗਏ ਸਨ, ਜਿਸ 'ਚ ਹਜ਼ਾਰਾਂ ਇੰਤਕਾਲਾਂ ਦਾ ਨਿਪਟਾਰਾ ਕੀਤਾ ਗਿਆ ਸੀ। ਹੁਣ ਰਹਿੰਦੇ ਇੰਤਕਾਲਾਂ ਦਾ ਲੱਗੇ ਵਿਸ਼ੇਸ਼ ਕੈਂਪਾਂ 'ਚ ਨਿਪਟਾਰਾ ਕੀਤਾ ਗਿਆ। ਉਪਰੋਕਤ ਆਗੂਆਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਨ੍ਹਾਂ ਕੈਂਪਾਂ ਦੇ ਨਰੀਖਣ ਲਈ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਇਨ੍ਹਾਂ ਵਿਸ਼ੇਸ਼ ਕੈਂਪਾਂ ਦਾ ਲੋਕਾਂ ਨੂੰ ਵੱਡਾ ਫਾਇਦਾ ਮਿਲਿਆ ਹੈ। ਲੋਕਾਂ ਨੇ ਕੈਂਪਾਂ 'ਚ ਪਹੁੰਚ ਕੇ ਆਪਣੇ ਇੰਤਕਾਲਾਂ ਦਾ ਨਿਪਟਾਰਾ ਕਰਵਾਇਆ, ਉਥੇ ਹੀ ਉਨ੍ਹਾਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੇ ਹਰ ਵਰਗ ਦੇ ਹਿੱਤਾਂ ਦੀ ਰਾਖੀ ਕੀਤੀ ਜਾ ਰਹੀ ਹੈ ਤੇ ਹਰ ਵਰਗ ਨੂੰ ਵੱਡੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਹੋਰ ਵੀ ਅਹਿਮ ਯੋਜਨਾਵਾਂ ਉਲੀਕੀਆਂ ਜਾਣਗੀਆਂ।

# ਸਰਵ ਭਾਰਤ ਨੌਜਵਾਨ ਸਭਾ ਤੇ ਏ ਆਈ ਐੱਸ ਐੱਫ ਵੱਲੋਂ ਮੀਟਿੰਗ

**■ ਡੀ ਸੀ ਦਾ ਪੁਤਲਾ ਫੂਕਣ ਦਾ ਐਲਾਨ**




**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**

ਸਰਵ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਵੱਲੋਂ ਡੀਸੀ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ ਸੀ, ਜਿਸ ਵਿੱਚ ਉਨ੍ਹਾਂ ਫ਼ਾਜ਼ਿਲਕਾ ਦੇ ਸਰਹੱਦੀ ਖੇਤਰ ਦੇ ਵਿਕਾਸ ਦੀ ਮੰਗ ਉਠਾਈ ਸੀ। ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਜਾਣ 'ਤੇ ਇੱਕ ਹਫ਼ਤੇ ਬਾਅਦ ਡੀਸੀ ਫ਼ਾਜ਼ਿਲਕਾ ਤੇ ਫਿਰ ਵਿਧਾਇਕ ਫ਼ਾਜ਼ਿਲਕਾ ਦਾ ਪੁਤਲਾ ਫੂਕਣ ਦੀ ਚਿਤਾਵਨੀ ਦਿੱਤੀ ਗਈ। ਪ੍ਰਸ਼ਾਸਨ ਵੱਲੋਂ ਉਨ੍ਹਾਂ ਦੇ ਮੰਗ ਪੱਤਰ 'ਤੇ ਅਜੇ ਤੱਕ ਉਨ੍ਹਾਂ ਕੋਈ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ ਸੋਮਵਾਰ ਤੋਂ ਉਨ੍ਹਾਂ ਵੱਲੋਂ ਡੀਸੀ ਫ਼ਾਜ਼ਿਲਕਾ ਦਾ ਪੁਤਲਾ ਫੂਕਣ ਦਾ ਐਲਾਨ ਕੀਤਾ ਗਿਆ ਹੈ।

ਇਸ ਪੁਤਲਾ ਫੂਕ ਮੁਜ਼ਾਹਰੇ ਦੀਆਂ ਤਿਆਰੀਆਂ ਨੂੰ ਲੈ ਕੇ ਸਰਹੱਦੀ ਪਿੰਡ ਝੰਗੜ ਭੈਣੀ ਵਿੱਚ ਪਿੰਡ ਵਾਸੀਆਂ ਵੱਲੋਂ ਇਕੱਠੇ ਹੋ ਕੇ ਪ੍ਰਸ਼ਾਸਨ ਤੇ ਸਰਕਾਰ ਖ਼ਿਲਾਫ਼ ਰੋਹ ਦਾ ਪ੍ਰਗਟਾਵਾ ਕੀਤਾ ਗਿਆ।

ਇਸ ਮੌਕੇ ਸਰਵ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੁਬੇਗ ਝੰਗੜ ਭੈਣੀ ਤੇ ਸੀਨੀਅਰ ਆਗੂ ਗੁਰਦਿਆਲ ਸਿੰਘ ਨੇ ਦੱਸਿਆ ਕਿ ਬਾਰਡਰ ਪੱਟੀ ਦੇ ਕਰੀਬ 10 ਪਿੰਡਾਂ ਵਿੱਚੋਂ ਇੱਕੋ ਇੱਕ ਸੀਨੀਅਰ ਸੈਕੰਡਰੀ ਸਕੂਲ ਝੰਗੜ ਭੈਣੀ ਵਿੱਚ ਹੈ, ਜਿੱਥੇ ਲੰਮੇ ਸਮੇਂ ਤੋਂ ਇੱਕ ਪ੍ਰਿੰਸੀਪਲ ਅਤੇ ਸੱਤ ਲੈਕਚਰਾਰਾਂ ਦੀਆਂ ਅਸਾਮੀਆਂ ਖਾਲੀ ਪਈਆਂ ਹਨ, ਜਿਸ ਨੂੰ ਸਰਕਾਰ ਜਾਣ ਬੁੱਝ ਕੇ ਨਹੀਂ ਭਰ ਰਹੀ, ਜਿਸ ਕਾਰਨ ਗਿਆਰ੍ਹਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਹੁਣ ਤੱਕ ਉਹ ਡੀਸੀ ਫ਼ਾਜ਼ਿਲਕਾ ਨੂੰ ਦੋ ਵਾਰ ਮੰਗ ਪੱਤਰ ਦੇ ਚੁੱਕੇ ਹਨ, ਪਰ ਪ੍ਰਸ਼ਾਸਨ ਦੇ ਕੰਨਾਂ 'ਤੇ ਜੂੰ ਨਹੀਂ ਸਰਕੀ। ਉਨ੍ਹਾਂ ਕਿਹਾ ਕਿ ਬਾਰਡਰ ਪੱਟੀ ਦੇ ਪਿੰਡਾਂ ਵਿੱਚ ਹੜ੍ਹਾਂ ਕਾਰਨ ਅਤੇ ਰੇਤੇ ਦੀ ਢੋਆ-ਢੁਆਈ ਤੋਂ ਬਾਅਦ ਸੜਕਾਂ ਪੂਰੀ ਤਰ੍ਹਾਂ ਟੁੱਟ ਗਈਆਂ ਹਨ। ਰਾਤ ਨੂੰ ਤਾਂ ਛੱਡੋ ਦਿਨ ਵੇਲੇ ਵੀ ਇਨ੍ਹਾਂ ਸੜਕਾਂ 'ਤੇ ਲੰਘਣਾ ਬਹੁਤ ਔਖਾ ਹੋ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਬਾਰਡਰ ਪੱਟੀ 'ਤੇ ਰਹਿੰਦੇ ਲੋਕਾਂ ਲਈ ਸਰਕਾਰੀ ਬੱਸ ਸੇਵਾ ਜਲਦੀ ਸ਼ੁਰੂ ਕੀਤੀ ਜਾਵੇ। ਜਿਸ ਦਾ ਸਭ ਤੋਂ ਵੱਧ ਫ਼ਾਇਦਾ 12ਵੀਂ ਜਮਾਤ ਤੋਂ ਬਾਅਦ ਉੱਚ ਸਿੱਖਿਆ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਹੋਵੇਗਾ।

## ਕਾਤਰਾਂ

### ਮੋਬਾਈਲ ਖੋਹ ਕੇ ਭੱਜੇ ਦੋ ਨੌਜਵਾਨ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਵਿਖੇ ਪੈਦਲ ਜਾ ਰਹੇ ਪ੍ਰਵਾਸੀ ਵਿਅਕਤੀ ਤੋਂ ਮੋਬਾਈਲ ਫੋਨ ਖੋਹ ਕੇ ਭੱਜੇ ਦੋ ਨੌਜਵਾਨਾਂ ਨੂੰ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਗ੍ਰਿਫਤਾਰ ਕਰ ਲਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਨੂਰ ਮੁਹੰਮਦ ਮੂਲ ਵਾਸੀ ਦਿਨਾਜਪੁਰ (ਪੱਛਮੀ ਬੰਗਾਲ) ਹਾਲ ਵਾਸੀ ਮੰਡੀ ਗੋਬਿੰਦਗੜ੍ਹ ਨੇ ਦੱਸਿਆ ਕਿ 16 ਜਨਵਰੀ ਨੂੰ ਉਹ ਮੰਡੀ ਗੋਬਿੰਦਗੜ੍ਹ ਦੇ ਜੱਸੜਾਂ ਸੂਆ ਪੁਲ ਨਜ਼ਦੀਕ ਪੈਦਲ ਤੁਰਿਆ ਜਾ ਰਿਹਾ ਸੀ ਤਾਂ ਦੋ ਨੌਜਵਾਨ ਉਸ ਦਾ ਐਪਲ ਆਈਫੋਨ 11 ਖੋਹ ਕੇ ਭੱਜ ਗਏ।ਨੂਰ ਮੁਹੰਮਦ ਦੇ ਬਿਆਨਾਂ 'ਤੇ ਮੁਕੱਦਮਾ ਦਰਜ ਕਰਨ ਉਪਰੰਤ ਮਾਮਲੇ ਦੀ ਤਫਤੀਸ਼ ਕਰਦੇ ਹੋਏ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਇਸ ਵਾਰਦਾਤ ਨੂੰ ਅੰਜਾਮ ਦੇਣ ਦੇ ਦੋਸ਼ ਹੇਠ ਸ਼ਿਵਾ ਤੇ ਅਦਿੱਤਿਆ ਸ਼ਰਮਾ ਵਾਸੀਆਨ ਮੰਡੀ ਗੋਬਿੰਦਗੜ੍ਹ ਨੂੰ ਗ੍ਰਿਫਤਾਰ ਕਰ ਲਿਆ, ਜਿਨ੍ਹਾਂ ਦੇ ਕਬਜ਼ੇ 'ਚੋਂ ਨੂਰ ਮੁਹੰਮਦ ਤੋਂ ਖੋਹਿਆ ਮੋਬਾਈਲ ਫੋਨ ਤੇ ਦਾਹ ਲੋਹਾ ਬਰਾਮਦ ਕੀਤੇ।

### ਟਿੱਬਾ ਦੇ ਕਿਸਾਨ 'ਤੇ ਜੰਗਲੀ ਸੂਰ ਵੱਲੋਂ ਜਾਨਲੇਵਾ ਹਮਲਾ



**ਸ਼ੇਰਪੁਰ (ਸੁਖਦੇਵ ਧੂਰੀ)**-ਨੇੜਲੇ ਪਿੰਡ ਟਿੱਬਾ ਵਿਖੇ ਇੱਕ ਕਿਸਾਨ 'ਤੇ ਆਪਣੇ ਖੇਤ 'ਚ ਜੰਗਲੀ ਸੂਰ ਵੱਲੋਂ ਜਾਨਲੇਵਾ ਹਮਲਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਗਗਨਦੀਪ ਸਿੰਘ ਵਾਸੀ ਪਿੰਡ ਟਿੱਬਾ ਨੇ ਦੱਸਿਆ ਕਿ ਉਹ ਪਿਛਲੇ ਦਿਨੀਂ ਆਪਣੀ ਕਣਕ ਦੀ ਫ਼ਸਲ ਵਿੱਚ ਸਪ੍ਰੇਅ ਕਰ ਰਿਹਾ ਸੀ ਤਾਂ ਅਚਾਨਕ ਇੱਕ ਜੰਗਲੀ ਸੂਰ ਨੇ ਉਸ 'ਤੇ ਹਮਲਾ ਕਰ ਦਿੱਤਾ, ਜਿਸ ਵਿੱਚ ਉਹ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ।ਉਸ ਨੂੰ ਤੁਰੰਤ ਉਸ ਦੇ ਪਰਿਵਾਰਕ ਮੈਂਬਰਾਂ ਵੱਲੋਂ ਇਲਾਜ ਲਈ ਡਾਕਟਰ ਕੋਲ ਲੈ ਜਾਇਆ ਗਿਆ।ਕਿਸਾਨ ਗਗਨਦੀਪ ਸਿੰਘ ਨੇ ਕਿਹਾ ਕਿ ਅਕਸਰ ਹੀ ਕਿਸਾਨਾਂ ਉੱਪਰ ਜੰਗਲੀ ਸੂਰਾਂ ਵੱਲੋਂ ਜਾਨਲੇਵਾ ਹਮਲੇ ਕੀਤੇ ਜਾਂਦੇ ਹਨ ਤੇ ਕਿਸਾਨਾਂ ਦੀਆਂ ਫ਼ਸਲਾਂ ਦਾ ਵੀ ਇਨ੍ਹਾਂ ਜੰਗਲੀ ਸੂਰਾਂ ਦੁਆਰਾ ਨੁਕਸਾਨ ਕੀਤਾ ਜਾਂਦਾ ਹੈ।ਇਸ ਮੌਕੇ ਕਿਸਾਨ ਗਗਨਦੀਪ ਸਿੰਘ ਤੇ ਹੋਰਨਾਂ ਕਿਸਾਨਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜੰਗਲੀ ਸੂਰਾਂ ਤੋਂ ਕਿਸਾਨਾਂ ਨੂੰ ਬਚਾਉਣ ਲਈ ਇਨ੍ਹਾਂ ਦਾ ਉਚਿਤ ਹੱਲ ਕੀਤਾ ਜਾਵੇ ਤਾਂ ਕਿ ਕਿਸਾਨ ਬੇਝਿਜਕ ਹੋ ਕੇ ਆਪਣੀਆਂ ਫ਼ਸਲਾਂ ਦੀ ਰਾਖੀ ਕਰ ਸਕਣ।

### ਧੋਖਾਧੜੀ ਦੇ ਦੋਸ਼, ਦੋ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੰਘੋਲ ਪੁਲਸ ਵੱਲੋਂ ਧੋਖਾਧੜੀ ਦੇ ਦੋਸ਼ਾਂ ਤਹਿਤ ਦੋ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਅੰਮ੍ਰਿਤਪਾਲ ਸਿੰਘ ਗਰੇਵਾਲ ਵਾਸੀ ਪਿੰਡ ਬੁੱਢੇਵਾਲ (ਲੁਧਿਆਣਾ) ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਕੋਲ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਪਿੰਡਾਂ ਮੰਡੇਰਾਂ ਤੇ ਲਖਣਪੁਰ 'ਚ 7 ਏਕੜ ਜ਼ਮੀਨ ਹੈ, ਜੋ ਕਿ ਉਸ ਨੇ ਪਿੰਡ ਮੰਡੇਰਾਂ ਦੇ ਮਸਕੀਨ ਸਿੰਘ ਨੂੰ ਠੇਕੇ 'ਤੇ ਦਿੱਤੀ ਹੋਈ ਹੈ।ਸ਼ਿਕਾਇਤਕਰਤਾ ਨੇ ਦੱਸਿਆ ਕਿ ਮੋਰਿੰਡਾ ਨੇੜਲੇ ਪਿੰਡ ਕਲਹੇੜੀ ਦਾ ਰਹਿਣ ਵਾਲਾ ਜਗਦੀਸ਼ ਕੁਮਾਰ ਅਤੇ ਉਸ ਦਾ ਸਾਥੀ ਸੁੱਖਾ ਵਾਸੀ ਮੋਰਿੰਡਾ ਸ਼ਿਕਾਇਤਕਰਤਾ ਦੀ ਉਕਤ ਜ਼ਮੀਨ ਦੀ ਫਰਦ ਤੇ ਲੱਠਾ ਫਰਦ ਕੇਂਦਰ ਜਾਂ ਡਾਕੂਮੈਂਟ ਸੈਂਟਰ ਤੋਂ ਕਢਵਾ ਕੇ ਧੋਖੇ ਨਾਲ ਗੁਰਦੀਪ ਸਿੰਘ ਵਾਸੀ ਮੋਰਿੰਡਾ ਨੂੰ ਵੇਚਣ ਲਈ ਸੌਦਾ ਕਰ ਰਹੇ ਹਨ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਜਗਦੀਸ਼ ਕੁਮਾਰ ਤੇ ਸੁੱਖਾ ਵਿਰੁੱਧ ਥਾਣਾ ਖਮਾਣੋਂ ਵਿਖੇ ਮੁਕੱਦਮਾ ਦਰਜ ਕਰਵਾ ਕੇ ਸੰਘੋਲ ਚੌਕੀ ਦੇ ਇੰਚਾਰਜ ਥਾਣੇਦਾਰ ਕਸ਼ਮੀਰੀ ਲਾਲ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਵਿਧਾਇਕਾ ਦੀ ਰਿਹਾਇਸ਼ ਦਾ ਘਿਰਾਓ ਅੱਜ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਵੱਲੋਂ ਲੰਮੇ ਸਮੇਂ ਤੋਂ ਲਟਕਦੀਆਂ ਮੁਲਾਜ਼ਮ ਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਸਰਕਾਰ ਵੱਲੋਂ ਧਾਰੀ ਚੁੱਪੀ ਖਿਲਾਫ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ 20 ਜਨਵਰੀ ਨੂੰ ਸਥਾਨਕ ਵਿਧਾਇਕਾ ਸ੍ਰੀਮਤੀ ਨਰਿੰਦਰ ਕੌਰ ਭਰਾਜ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।ਇੱਥੇ ਪੈਨਸ਼ਰਨਜ਼ ਭਵਨ ਵਿਖੇ ਜ਼ਿਲ੍ਹਾ ਮੁਲਾਜ਼ਮ 'ਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਸੰਗਰੂਰ ਦੀ ਮੀਟਿੰਗ ਸੀਤਾ ਰਾਮ ਸ਼ਰਮਾ ਤੇ ਰਾਜ ਕੁਮਾਰ ਅਰੋੜਾ ਦੀ ਅਗਵਾਈ ਵਿੱਚ ਹੋਈ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੰਜਾਬ ਸਰਕਾਰ ਦਾ ਵਤੀਰਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਪ੍ਰਤੀ ਨਾ-ਪੱਖੀ ਹੈ। ਲੱਗਭੱਗ 2 ਸਾਲ ਦਾ ਸਮਾਂ ਬੀਤਣ ਦੇ ਬਾਵਜੂਦ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ ਤੇ ਨਾ ਹੀ ਮੁੱਖ ਮੰਤਰੀ ਪੰਜਾਬ ਵੱਲੋਂ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਦੇ ਆਗੂਆਂ ਨਾਲ ਕੋਈ ਮੀਟਿੰਗ ਕੀਤੀ ਗਈ ਹੈ, ਜਿਸ ਕਾਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਸਰਕਾਰ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ।ਮੀਟਿੰਗ ਵਿੱਚ ਜਗਦੀਸ਼ ਸ਼ਰਮਾ, ਫਕੀਰ ਸਿੰਘ ਟਿੱਬਾ, ਮੇਲਾ ਸਿੰਘ ਪੁੰਨਾਵਾਲ, ਹਰਦੀਪ ਕੁਮਾਰ, ਗੁਰਜੰਟ ਸਿੰਘ, ਗੁਰਚਰਨ ਸਿੰਘ, ਜਗਦੇਵ ਸਿੰਘ ਬਾਹੀਆ, ਆਰ. ਐੱਲ. ਪਾਂਧੀ ਆਦਿ ਸਾਥੀ ਹਾਜ਼ਰ ਸਨ

# ਬਲੱਡ ਸੇਵਾ ਵੈੱਲਫੇਅਰ ਸੁਸਾਇਟੀ ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰਪਾਲ, ਪੂਜਾ)**-ਬਲੱਡ ਸੇਵਾ ਵੈੱਲਫੇਅਰ ਸੁਸਾਇਟੀ ਪੀਬੀ 30 ਸ੍ਰੀ ਮੁਕਤਸਰ ਸਾਹਿਬ ਵੱਲੋਂ ਹਰ ਸਾਲ ਦੀ ਤਰ੍ਹਾਂ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਗਣਪਤੀ ਟ੍ਰੇਡਰਜ਼ ਮਸੀਤ ਚੌਕ ਵਿਖੇ ਲਗਾਇਆ ਗਿਆ।ਕੈਂਪ ਵਿੱਚ ਮੁੱਖ ਤੌਰ 'ਤੇ ਆਮ ਆਦਮੀ ਪਾਰਟੀ ਦੇ ਮੌਜੂਦਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਚੀਫ਼ ਜੁਡੀਸ਼ਲ ਅਫ਼ਸਰ ਮੈਡਮ ਹਰਪ੍ਰੀਤ ਕੌਰ, ਟ੍ਰੈਫਿਕ ਵਿਭਾਗ ਦੇ ਸਬ ਇੰਸਪੈਕਟਰ ਮੈਡਮ ਰਵਿੰਦਰ ਕੌਰ ਉਚੇਚੇ ਤੌਰ 'ਤੇ ਪਹੁੰਚੇ।ਸਭ ਨੇ ਨੌਜਵਾਨ ਵਲੰਟੀਅਰਾਂ ਦੇ ਇਸ ਨੇਕ ਕਾਰਜ ਲਈ ਸ਼ਲਾਘਾ ਕੀਤੀ।ਸੁਸਾਇਟੀ ਦੇ ਮੈਂਬਰਾਂ ਦਾ ਹੌਸਲਾ ਵਧਾਉਣ ਲਈ ਗਾਇਕ ਹਰਸ਼ਾ ਗੁਮਟੀਵਾਲਾ, ਲਵ ਬਰਾੜ ਔਕਲੈਂਡ ਵੀ ਉਚੇਚੇ ਤੌਰ 'ਤੇ ਪਹੁੰਚੇ।ਕੈਂਪ ਦੌਰਾਨ 418 ਵਲੰਟੀਅਰ ਖ਼ੂਨ ਦਾਨ ਕਰਨ ਲਈ ਅੱਗੇ ਆਏ, ਜਿਨ੍ਹਾਂ ਵਿੱਚ ਹਰ ਉਮਰ ਵਰਗ ਦੇ ਖ਼ੂਨਦਾਨੀ ਸ਼ਾਮਲ ਸਨ।ਖ਼ੂਨ ਦਾਨ ਕਰਨ ਤੋਂ ਬਾਅਦ ਖ਼ੂਨਦਾਨੀਆਂ ਨੂੰ ਕੇਸਰ ਦੁੱਧ ਤੇ ਕੇਲੇ ਦਿੱਤੇ ਗਏ ਤਾਂ ਜੋ ਉਹ ਆਪਣੇ ਆਪ ਨੂੰ ਮੁੜ ਸੁਰਜੀਤ ਕਰਨ।ਖ਼ੂਨਦਾਨੀਆਂ ਨੂੰ ਸੁਸਾਇਟੀ ਦੇ ਮੈਂਬਰ ਸਾਹਿਬਾਨਾਂ ਵੱਲੋਂ ਮੋਮੈਂਟੋ ਤੇ ਸਰਟੀਫਿਕੇਟ ਦੇ ਕੇ ਨਿਵਾਜਿਆ ਗਿਆ।

ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸੁਖਰਾਜ ਬਰਾੜ, ਉੱਪ ਪ੍ਰਧਾਨ ਤੀਰਥ ਜਿੰਦਲ, ਜਨਰਲ ਸਕੱਤਰ ਸੰਜੀਵ ਜਿੰਦਲ, ਜੁਆਇੰਟ ਸਕੱਤਰ ਰਾਜੀਵ ਬਾਂਸਲ, ਖ਼ਜ਼ਾਨਚੀ ਜਿਤੇਸ਼ ਗਰਗ, ਪ੍ਰੈੱਸ ਸਕੱਤਰ ਜਸਵੀਰ ਸਿੰਘ ਪਨੂੰ, ਪਵਨ ਵਾਟਸ, ਕੁਲਵਿੰਦਰ ਸਿੰਘ ਸ਼ੋਕੀ, ਸ਼ੁਭਮ ਕਾਲੜਾ, ਲਵਿਸ਼ ਕਟਾਰੀਆ, ਅਤੁਲ ਗਰਗ, ਸੈਮ ਕੁਮਾਰ, ਅਸ਼ੀਸ਼ ਬਜਾਜ, ਚੇਤਨ ਕਥੂਰੀਆ, ਕਰਨ ਲੱਖੇਵਾਲੀ, ਪਵਨ ਬਾਂਸਲ ਤੇ ਸਮੂਹ ਮੈਂਬਰ ਮੌਜੂਦ ਸਨ।

# ਚੋਰੀ ਦੇ ਦੋਸ਼ 'ਚ ਗ੍ਰਿਫਤਾਰ ਕੀਤੇ ਵਿਅਕਤੀ ਨੂੰ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਵਿਖੇ ਦੋ ਘਰਾਂ 'ਚ ਚੋਰੀ ਕਰਨ ਦੇ ਦੋਸ਼ ਹੇਠ ਪੁਲਸ ਵੱਲੋਂ ਗ੍ਰਿਫਤਾਰ ਕੀਤੇ ਗਏ ਅਮਿਤ ਕੁਮਾਰ ਉਰਫ ਵਿੱਕੀ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਭਰਪੂਰ ਸਿੰਘ ਵਾਸੀ ਸਰਹਿੰਦ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਸੀ ਕਿ 19 ਜਨਵਰੀ 2019 ਨੂੰ ਦੁਪਹਿਰ ਦੋ ਵਜੇ ਦੇ ਕਰੀਬ ਉਹ ਆਪਣੇ ਪਰਿਵਾਰਕ ਮੈਂਬਰਾਂ ਨਾਲ ਸਰਹਿੰਦ ਦੇ ਇੱਕ ਪੈਲੇਸ 'ਚ ਗਿਆ ਸੀ, ਜਿੱਥੇ ਵਿਆਹ ਸਮਾਗਮ 'ਚ ਸ਼ਾਮਲ ਹੋਣ ਤੋਂ ਬਾਅਦ ਉਹ ਜਦੋਂ ਸ਼ਾਮ 4 ਵਜੇ ਆਪਣੇ ਘਰ ਪਹੁੰਚੇ ਤਾਂ ਘਰ ਦੇ ਦਰਵਾਜ਼ੇ ਦਾ ਤਾਲਾ ਟੁੱਟਿਆ ਹੋਇਆ ਸੀ ਤੇ ਘਰ 'ਚ ਪਏ ਸੋਨੇ ਦੇ ਗਹਿਣੇ ਤੇ ਨਕਦੀ ਚੋਰੀ ਹੋ ਚੁੱਕੇ ਸਨ।ਭਰਪੂਰ ਸਿੰਘ ਨੇ ਪੁਲਸ ਨੂੰ ਦੱਸਿਆ ਸੀ ਕਿ ਉਸ ਨੂੰ ਪਤਾ ਲੱਗਾ ਹੈ ਕਿ ਉਸੇ ਦਿਨ ਉਸੇ ਵਿਆਹ ਸਮਾਗਮ 'ਚ ਸ਼ਾਮਲ ਹੋਏ ਗੁਰਪ੍ਰੀਤ ਸਿੰਘ ਵਾਸੀ ਸਰਹਿੰਦ ਦੇ ਘਰ ਦੇ ਤਾਲੇ ਤੋੜ ਕੇ ਵੀ ਗਹਿਣੇ ਚੋਰੀ ਕੀਤੇ ਗਏ ਹਨ।ਚੋਰੀ ਦੀਆਂ ਉਕਤ ਵਾਰਦਾਤਾਂ ਦੀ ਤਫਤੀਸ਼ ਦੌਰਾਨ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਅਮਿਤ ਕੁਮਾਰ ਉਰਫ ਵਿੱਕੀ ਵਾਸੀ ਖੰਨਾ ਨੂੰ ਅ/ਧ 454,380,411 ਆਈ.ਪੀ.ਸੀ. ਤਹਿਤ ਗ੍ਰਿਫਤਾਰ ਕੀਤਾ ਗਿਆ ਸੀ।ਮਾਮਲੇ ਦੀ ਅਦਾਲਤ 'ਚ ਚੱਲੀ ਸੁਣਵਾਈ ਪੂਰੀ ਹੋਣ 'ਤੇ ਜੁਡੀਸ਼ੀਅਲ ਮੈਜਿਸਟ੍ਰੇਟ ਫ਼ਤਹਿਗੜ੍ਹ ਸਾਹਿਬ ਦੀ ਅਦਾਲਤ ਨੇ ਅਮਿਤ ਕੁਮਾਰ ਉਰਫ ਵਿੱਕੀ ਨੂੰ ਉਕਤ ਮਾਮਲੇ 'ਚ ਦੋਸ਼ੀ ਮੰਨਦੇ ਹੋਏ 174 ਦਿਨ ਕੈਦ ਬਾਮੁਸ਼ੱਕਤ ਦੀ ਸਜ਼ਾ ਸੁਣਾਈ ਹੈ।

# ਅਗਰਵਾਲ ਯੂਥ ਵੈੱਲਫੇਅਰ ਕਲੱਬ ਦੀ ਸਰਬਸੰਮਤੀ ਨਾਲ ਚੋਣ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਥਾਨਕ ਸਮਾਜ ਸੇਵੀ ਸੰਸਥਾ ਅਗਰਵਾਲ ਯੂਥ ਵੈੱਲਫੇਅਰ ਕਲੱਬ ਦਾ ਸਾਲਾਨਾ ਅਜਲਾਸ ਕਲੱਬ ਦੇ ਦਫਤਰ ਵਿਖੇ ਹੋਇਆ, ਜਿਸ ਵਿੱਚ ਕਲੱਬ ਦੇ ਸਮੂਹ ਮੈਂਬਰਾਂ ਤੇ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ। ਸਭ ਤੋਂ ਪਹਿਲਾਂ ਕਲੱਬ ਮੈਂਬਰ ਵਿਕਾਸ ਸਿੰਗਲਾ ਨੇ ਪਿਛਲੇ 2 ਸਾਲਾਂ ਤੋਂ ਕੀਤੀਆਂ ਕਲੱਬ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ ਅਤੇ ਉਸ ਤੋਂ ਬਾਅਦ ਖਜ਼ਾਨਚੀ ਅਲੇਸਵਾਰ ਗਰਗ ਦੁਆਰਾ ਸਾਲ ਭਰ ਦੀ ਆਮਦਨ ਤੇ ਖਰਚ ਦਾ ਲੇਖਾ ਜੋਖਾ ਪੇਸ਼ ਕੀਤਾ, ਜਿਸ 'ਤੇ ਸਾਰੇ ਕਲੱਬ ਮੈਂਬਰਾਂ ਨੇ ਤਸੱਲੀ ਪ੍ਰਗਟ ਕੀਤੀ। ਮੌਜੂਦਾ ਕਾਰਜਕਾਰੀ ਭੰਗ ਕਰਦੇ ਹੋਏ ਸਰਬਸੰਮਤੀ ਨਾਲ ਕਲੱਬ ਦੀ ਨਵੀਂ ਚੋਣ ਕੀਤੀ ਗਈ। ਇਸ ਚੋਣ ਵਿੱਚ ਐਡਵੋਕੇਟ ਲੁਕੇਸ਼ ਗੁਪਤਾ ਨੂੰ ਕਲੱਬ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਕੁਸ਼ਲ ਜਿੰਦਲ ਨੂੰ ਮੀਤ ਪ੍ਰਧਾਨ, ਰਾਜੀਵ ਜਿੰਦਲ ਨੂੰ ਚੇਅਰਮੈਨ, ਅੰਕਿਤ ਗਰਗ ਨੂੰ ਸਕੱਤਰ, ਦੀਪਕ ਗਰਗ ਨੂੰ ਖਜ਼ਾਨਚੀ ਚੁਣਿਆ ਗਿਆ, ਜਦੋਂਕਿ ਅਲੇਸਵਰ ਗਰਗ ਨੂੰ ਸਹਾਇਕ ਖਜ਼ਾਨਚੀ, ਜਤਿਨ ਗਰਗ ਨੂੰ ਸਹਾਇਕ ਸਕੱਤਰ, ਲੱਕੀ ਗਰਗ ਨੂੰ ਵਾਇਸ ਚੇਅਰਮੈਨ, ਯੋਗੇਸ਼ ਜਿੰਦਲ ਨੂੰ ਪ੍ਰੈੱਸ ਸਕੱਤਰ, ਰਜਤ ਗੋਇਲ ਨੂੰ ਸੋਸ਼ਲ ਮੀਡੀਆ ਇੰਚਾਰਜ, ਨੀਰਜ ਠੇਕੇਦਾਰ ਤੇ ਰਜਤ ਗਰਗ ਨੂੰ ਕਾਨੂੰਨੀ ਸਲਾਹਕਾਰ ਚੁਣਿਆ ਗਿਆ। ਯੋਗੇਸ਼ ਗੁਪਤਾ ਨੂੰ ਸਲਾਹਕਾਰ ਤੇ ਕਾਰਜਕਾਰੀ ਮੈਂਬਰ ਚੁਣਿਆ ਗਿਆ।

ਚੋਣ ਉਪਰੰਤ ਨਵੇਂ ਬਣੇ ਕਲੱਬ ਪ੍ਰਧਾਨ ਐਡਵੋਕੇਟ ਲੁਕੇਸ਼ ਗੁਪਤਾ ਦੀ ਅਗਵਾਈ ਵਿੱਚ ਕਲੱਬ ਦੀਆਂ ਹੋਰ ਗਤੀਵਿਧੀਆਂ ਕਰਨ ਅਤੇ ਸ੍ਰੀ ਦਿਆਨੰਦ ਆਸ਼ਰਮ ਦੀ ਸਾਂਭ ਸੰਭਾਲ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਤੋਂ ਇਲਾਵਾ ਮੈਂਬਰ ਰੋਮੀ ਬਾਂਸਲ, ਆਸ਼ੂ ਮਿੱਤਲ, ਰਮਨ ਗਰਗ, ਰਾਹੁਲ ਮਿੱਤਲ, ਵਿਕਾਸ ਸਿੰਗਲਾ, ਹਨੀ ਗਰਗ, ਨਵਨੀਤ ਜਿੰਦਲ, ਸ਼ੁਭਮ ਮਹੇਸ਼ਵਰੀ, ਟੋਨੀ ਗਰਗ, ਵਿਕਾਸ ਗੋਇਲ, ਸੁਨੀਲ ਗਰਗ, ਗਗਨ ਗਰਗ, ਅਜੈ ਗਰਗ ਨੇ ਨਵੇਂ ਬਣੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ।

# ਸ੍ਰੀ ਰਾਮਲੱਲਾ ਦੇ ਰੰਗ 'ਚ ਰੰਗਣ ਲੱਗਾ ਸ਼ਹਿਰ



**ਜਗਰਾਉਂ (ਅਮਿਤ ਖੰਨਾ)**

ਅਯੋਧਿਆ ਵਿੱਚ 22 ਜਨਵਰੀ ਨੂੰ ਭਗਵਾਨ ਸ੍ਰੀ ਰਾਮ ਜੀ ਦੇ ਮੰਦਰ ਦੀ ਪ੍ਰਾਨ ਪ੍ਰਤਿਸ਼ਠਾ ਵਿੱਚ ਵੱਖ-ਵੱਖ ਮੰਦਰਾਂ, ਬਜ਼ਾਰਾਂ, ਧਰਮਸ਼ਾਲਾ ਵਿੱਚ ਕਈ ਤਰ੍ਹਾਂ ਦੇ ਧਾਰਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸ਼ਹਿਰ ਭਗਵਾਨ ਸ੍ਰੀ ਰਾਮਲੱਲਾ ਦੇ ਰੰਗ ਵਿੱਚ ਰੰਗਣਾ ਸ਼ੁਰੂ ਹੋ ਚੁੱਕਾ ਹੈ। ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜ਼ਿਲ੍ਹਾ ਸੰਯੋਜਕ ਹਰਵਿੰਦਰ ਬਾਂਸਲ ਅਤੇ ਬਜਰੰਗ ਦਲ ਦੇ ਜ਼ਿਲ੍ਹਾ ਸੰਯੋਜਕ ਹਰਸ਼ ਸਿੰਗਲਾ ਨੇ ਦੱਸਿਆ ਕਿ 21 ਜਨਵਰੀ ਨੂੰ ਭਗਵਾਨ ਸ੍ਰੀ ਰਾਮ ਲੱਲਾ ਦੇ ਮੰਦਰ ਦੀ ਪ੍ਰਾਨ ਪ੍ਰਤਿਸ਼ਠਾ ਦੇ ਉਤਸਵ ਦੀ ਖੁਸ਼ੀ ਵਿੱਚ ਪੈਦਲ ਯਾਤਰਾ ਕੱਢੀ ਜਾਵੇਗੀ, ਜੋ ਪ੍ਰਾਚੀਨ ਸ੍ਰੀ ਹਨੂੰਮਾਨ ਮੰਦਰ ਘਾਹ ਮੰਡੀ ਤੋਂ ਸ਼ੁਰੂ ਹੋ ਕੇ ਸ਼ਾਸ਼ਤਰੀ ਨਗਰ 4 ਨੰਬਰ ਗਲੀ ਸ੍ਰੀ ਸ਼ਿਵ ਮੰਦਰ ਵਿੱਚ ਸਮਾਪਤ ਹੋਵੇਗਾ। ਇਸ ਪੈਦਲ ਯਾਤਰਾ ਵਿੱਚ ਸਮੂਹ ਰਾਮ ਭਗਤ ਭਗਵਾਨ ਰਾਮ ਜੀ ਦਾ ਸੰਕੀਰਤਨ ਕਰਨਗੇ ਅਤੇ 22 ਜਨਵਰੀ ਨੂੰ ਬਜਰੰਗ ਦਲ ਤੇ ਵਿਸ਼ਵ ਹਿੰਦੂ ਪ੍ਰੀਸ਼ਦ ਵੱਲੋਂ ਅਲੱਗ-ਅਲੱਗ ਮੰਦਰਾਂ ਵਿੱਚ ਪ੍ਰੋਗਰਾਮ ਆਯੋਜਤ ਕੀਤੇ ਜਾਣਗੇ ਅਤੇ ਕਈ ਕੁਇੰਟਲ ਲੱਡੂ ਬਜ਼ਾਰਾਂ ਵਿੱਚ ਵੰਡੇ ਜਾਣਗੇ। ਰਾਮ ਭਗਤ ਨਿਤਿਕਾ ਸਿੰਗਲਾ ਨੇ ਦੱਸਿਆ ਕਿ 22 ਜਨਵਰੀ ਨੂੰ ਜਲੰਧਰ ਕਲੋਨੀ ਅੱਗੇ ਸ੍ਰੀ ਖਾਟੂ ਸ਼ਾਮ ਮਹਿਲਾ ਮੰਡਲ ਵੱਲੋਂ ਵਿਸ਼ਾਲ ਭੰਡਾਰਾ ਲਾਇਆ ਜਾਵੇਗਾ। ਗਊ ਭਗਤ ਨਵੀਨ ਗੋਇਲ ਨੇ ਦੱਸਿਆ ਕਿ ਡਿਸਪੋਜ਼ਲ ਰੋਡ ਵਾਲੀ ਗਊਸ਼ਾਲਾ ਵਿੱਚ ਵੀ ਭਗਵਾਨ ਸ੍ਰੀ ਰਾਮ ਜੀ ਦਾ ਤਿਲਕ, ਮਹਾਂ ਆਰਤੀ ਅਤੇ ਦੀਪਮਾਲਾ ਸਮੇਤ ਕਈ ਧਾਰਮਿਕ ਪ੍ਰੋਗਰਾਮ ਕੀਤੇ ਜਾਣਗੇ। ਵਾਤਾਵਰਣ ਪ੍ਰੇਮੀ ਸਤਪਾਲ ਸਿੰਘ ਨੇ ਕਿਹਾ ਕਿ 22 ਜਨਵਰੀ ਨੂੰ ਭਗਵਾਨ ਰਾਮ ਜੀ ਦੇ ਨਾਂਅ 'ਤੇ ਜਗਰਾਓਂ ਵਿੱਚ ਜਗ੍ਹਾ-ਜਗ੍ਹਾ ਰੁੱਖ ਤੇ ਟ੍ਰੀ ਗਾਰਡ ਲਾਏ ਜਾਣਗੇ, ਜਿਸ ਉੱਤੇ ਭਗਵਾਨ ਸ੍ਰੀ ਰਾਮ ਜੀ ਦਾ ਨਾਂਅ ਲਿਖਿਆ ਜਾਵੇਗਾ।

ਅਗਰਵਾਲ ਸਮਾਜ ਦੇ ਯੁਵਾ ਨੇਤਾ ਪਿਯੂਸ਼ ਗਰਗ ਨੇ ਦੱਸਿਆ ਕਿ 22 ਜਨਵਰੀ ਨੂੰ ਗੀਤਾ ਪ੍ਰਚਾਰ ਮੰਦਰ ਵਿਖੇ ਸ਼ਾਮ ਨੂੰ ਭਗਵਾਨ ਸ੍ਰੀ ਰਾਮ ਜੀ ਦੇ ਨਾਂਅ 'ਤੇ ਵਿਸ਼ਾਲ ਸੰਕੀਰਤਨ ਕੀਤਾ ਜਾਵੇਗਾ। ਜਗਰਾਉਂ ਅਗਰਵਾਲ ਸਮਾਜ ਦੇ ਪ੍ਰਧਾਨ ਅਨਮੋਲ ਗਰਗ ਨੇ ਕਿਹਾ ਕਿ 22 ਜਨਵਰੀ ਸ਼ਾਮ ਨੂੰ ਸ੍ਰੀ ਗੀਤਾ ਪ੍ਰਚਾਰ ਮੰਦਰ ਵਿੱਚ ਵਿਸ਼ਾਲ ਭੰਡਾਰੇ ਦਾ ਆਯੋਜਨ ਕੀਤਾ ਜਾਵੇਗਾ ਤੇ ਸਮੂਹ ਅਗਰਵਾਲ ਭਾਈਚਾਰਾ ਆਪਣੇ ਘਰਾਂ ਵਿੱਚ ਦੀਪਮਾਲਾ ਕਰੇਗਾ।

# ਅੰਤਰਰਾਸ਼ਟਰੀ ਹਿੰਦੂ ਪ੍ਰੀਸ਼ਦ ਰਾਸ਼ਟਰੀ ਬਜਰੰਗ ਦਲ ਦੀ ਮੀਟਿੰਗ

## 22 ਨੂੰ ਭਗਵਾਨ ਰਾਮ ਦੇ ਮੂਰਤੀ ਸਥਾਪਨਾ ਪਰਵ ਮੌਕੇ ਪੰਜਾਬ 'ਚ ਜਨਤਕ ਛੁੱਟੀ ਦੀ ਮੰਗ



**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**

ਅੰਤਰਰਾਸ਼ਟਰੀ ਹਿੰਦੂ ਪ੍ਰੀਸ਼ਦ ਰਾਸ਼ਟਰੀ ਬਜਰੰਗ ਦਲ ਧੂਰੀ ਦੀ ਮੀਟਿੰਗ ਵਿਭਾਗੀ ਪ੍ਰਧਾਨ ਵਿਮਲ ਕੁਮਾਰ ਮਿੱਤਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਫ਼ੈਸਲਾ ਕੀਤਾ ਗਿਆ ਕਿ 22 ਜਨਵਰੀ ਨੂੰ ਅਯੁੱਧਿਆ 'ਚ ਭਗਵਾਨ ਸ੍ਰੀ ਰਾਮ ਜਨਮ ਭੂਮੀ ਮੰਦਰ 'ਚ ਭਗਵਾਨ ਸ੍ਰੀ ਰਾਮ ਦੀ ਮੂਰਤੀ ਦੇ ਸਥਾਪਨਾ ਦਿਵਸ 'ਤੇ 21 ਜਨਵਰੀ ਨੂੰ ਰਾਮ ਭਗਤਾਂ ਵੱਲੋਂ ਸ੍ਰੀ ਸਨਾਤਨ ਧਰਮ ਆਸ਼ਰਮ ਧੂਰੀ ਤੋਂ ਸਵੇਰੇ 10 ਵਜੇ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾ ਰਹੀ ਹੈ, ਜਿਸ ਵਿੱਚ ਭਗਤ ਪਰਿਵਾਰ ਇਸ ਸ਼ੋਭਾ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਬੁਲਾਰਿਆਂ ਨੇ ਕਿਹਾ ਕਿ 500 ਸਾਲ ਬਾਅਦ ਹਿੰਦੂਆਂ ਦੇ ਸਭ ਤੋਂ ਮਹੱਤਵਪੂਰਨ ਸਥਾਨ ਅਯੁੱਧਿਆ ਵਿੱਚ ਭਗਵਾਨ ਸ੍ਰੀ ਰਾਮ ਦਾ ਵਿਸ਼ਾਲ ਮੰਦਰ ਬਣਾਇਆ ਜਾ ਰਿਹਾ ਹੈ, ਜਿਸ ਕਾਰਨ ਵਿਸ਼ਵ ਦਾ ਸਮੁੱਚਾ ਸਨਾਤਨੀ ਰਾਮਭਗਤ ਹਿੰਦੂ ਭਾਈਚਾਰਾ ਬਹੁਤ ਉਤਸ਼ਾਹਤ ਹੈ ਤੇ ਇਸ ਦਿਹਾੜੇ ਨੂੰ ਲੈ ਕੇ ਸੁਸਾਇਟੀ ਵੱਲੋਂ ਹਰ ਮੰਦਰ ਵਿੱਚ ਦੀਪਮਾਲਾ ਕੀਤੀ ਜਾ ਰਹੀ ਹੈ, ਥਾਂ-ਥਾਂ ਕੀਰਤਨ ਕੀਤੇ ਜਾ ਰਹੇ ਹਨ ਅਤੇ ਭੰਡਾਰੇ ਲਗਾਏ ਜਾ ਰਹੇ ਹਨ।

ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ 22 ਜਨਵਰੀ ਨੂੰ ਭਗਵਾਨ ਅਯੁੱਧਿਆ ਦੇ ਪਵਿੱਤਰ ਪ੍ਰਕਾਸ਼ ਪੁਰਬ ਮੌਕੇ ਪੂਰੇ ਪੰਜਾਬ ਵਿੱਚ ਜਨਤਕ ਛੁੱਟੀ ਦਾ ਐਲਾਨ ਕੀਤਾ ਜਾਵੇ।ਮੀਟਿੰਗ ਵਿੱਚ ਇੰਟਰਨੈਸ਼ਨਲ ਹਿੰਦੂ ਕੌਂਸਲ ਦੇ ਜ਼ਿਲ੍ਹਾ ਮੀਤ ਪ੍ਰਧਾਨ ਵੀਰ ਅੰਗਦ, ਰਾਸ਼ਟਰੀ ਬਜਰੰਗ ਦਲ ਦੇ ਜ਼ਿਲ੍ਹਾ ਮੀਤ ਪ੍ਰਧਾਨ ਸੰਜੀਵ ਸ਼ਰਮਾ, ਸਿਟੀ ਪ੍ਰਧਾਨ ਜਸਵੀਰ ਜੱਸੀ, ਮੋਹਨ ਮੁਰਾਰੀ, ਭੁਪੇਸ਼, ਰਮੇਸ਼ ਨਾਗਰ ਸਮੇਤ ਸਮੂਹ ਪ੍ਰਮੁੱਖ ਵਰਕਰ ਹਾਜ਼ਰ ਸਨ।

# ਵਿਧਾਇਕ ਦੇਵ ਮਾਨ ਨੇ ਫਾਇਰ ਬ੍ਰਿਗੇਡ ਮੁਲਾਜ਼ਮਾਂ ਨਾਲ ਕੀਤੀ ਅਹਿਮ ਮੀਟਿੰਗ



**ਨਾਭਾ (ਵਰਿੰਦਰ ਵਰਮਾ, ਤੇਜਾ ਸਿੰਘ)**-ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਨਗਰ ਕੌਂਸਲ ਵਿਖੇ ਫਾਇਰ ਬ੍ਰਿਗੇਡ ਮੁਲਾਜ਼ਮਾਂ ਨਾਲ ਅਹਿਮ ਮੀਟਿੰਗ ਕੀਤੀ। ਇਸ ਮੌਕੇ ਨਗਰ ਕੌਂਸਲ ਦੀ ਪ੍ਰਧਾਨ ਸੁਜਾਤਾ ਚਾਵਲਾ ਦੇ ਪਤੀ ਪੰਕਜ ਪੱਪੂ, ਪ੍ਰਿੰਸ ਸ਼ਰਮਾ, ਤੇਜਿੰਦਰ ਖਹਿਰਾ, ਮਾਨਟੂ ਪਾਹੂਜਾ, ਜਸਵੀਰ ਸਿੰਘ ਵਜੀਦਪੁਰ, ਹਰਮੇਸ਼ ਮੇਸ਼ੀ, ਭੁਪਿੰਦਰ ਕਲਰ ਮਾਜਰੀ ਆਦਿ ਹਾਜ਼ਰ ਸਨ। ਦੇਵ ਮਾਨ ਨੇ ਫਾਇਰ ਬ੍ਰਿਗੇਡ ਦੀ ਮੁਲਾਜ਼ਮਾਂ ਨੂੰ ਕਿਹਾ ਕਿ ਜਿਹੜਾ ਮੁਲਾਜ਼ਮ ਸਹੀ ਤਰੀਕੇ ਨਾਲ ਡਿਊਟੀ 'ਤੇ ਕੰਮ ਨਹੀਂ ਕਰਦਾ, ਡਿਊਟੀ ਵਿੱਚ ਕੋਈ ਵੀ ਕੁਤਾਹੀ ਕਰੇਗਾ ਜਾਂ ਡਿਊਟੀ ਅਫਸਰ ਦਾ ਕਹਿਣਾ ਨਹੀਂ ਮੰਨਦਾ ਤਾਂ ਉਸ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਅੱਗ ਬੁਝਾਊ ਜੰਤਰਾਂ ਦੀ ਸਬੰਧਤ ਮਹਿਕਮੇ ਦੇ ਅਧਿਕਾਰੀਆਂ ਵੱਲੋਂ ਰੋਜ਼ ਉਸ ਦੀ ਚੈਕਿੰਗ ਕਰਨੀ ਲਾਜ਼ਮੀ ਹੈ। ਦੇਵ ਮਾਨ ਨੇ ਕਿਹਾ ਕਿ ਜੇਕਰ ਕੋਈ ਅਚਾਨਕ ਹਾਦਸਾ ਹੁੰਦਾ ਹੈ ਤਾਂ ਲੋਕਾਂ ਨੂੰ ਕੋਈ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਮੀਟਿੰਗ ਦੌਰਾਨ ਫਾਇਰ ਬ੍ਰਿਗੇਡ ਸਬ ਅਫਸਰ ਪਵਿੱਤਰ ਸਿੰਘ ਨੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੂੰ ਵਿਸ਼ਵਾਸ ਦਿਵਾਇਆ ਕਿ ਸਾਰੇ ਮੁਲਾਜ਼ਮ ਇਮਾਨਦਾਰੀ ਨਾਲ ਡਿਊਟੀ ਕਰ ਰਹੇ ਹਨ। ਇਹ ਡਿਊਟੀ ਤਿੰਨ ਸ਼ਿਫਟਾਂ ਵਿੱਚ ਵੰਡੀ ਹੋਈ ਹੈ। ਉਨ੍ਹਾ ਕਿਹਾ ਕਿ ਹਰ ਮੁਲਾਜ਼ਮ ਮੌਕੇ 'ਤੇ ਹਾਜ਼ਰ ਰਹਿੰਦਾ ਹੈ। ਇਸ ਮੌਕੇ ਸਮਸ਼ੇਰ ਸਿੰਘ, ਗਗਨਦੀਪ ਸਿੰਘ, ਲਵਪ੍ਰੀਤ ਸਿੰਘ, ਜਗਬੀਰ ਸਿੰਘ, ਸਤਨਾਮ ਸਿੰਘ, ਜਰਨੈਲ ਸਿੰਘ, ਮਨਪ੍ਰੀਤ ਸਿੰਘ, ਸੁਮਿਤ ਕੁਮਾਰ, ਮਹੇਸ਼ ਕੁਮਾਰ ਰਾਏ, ਪਵਨ ਕੌਸ਼ਲ, ਕ੍ਰਿਸ਼ਨ ਕੁਮਾਰ, ਪਰਵੀਨ ਕੁਮਾਰ, ਦਵਿੰਦਰ ਸਿੰਘ, ਜਗਜੀਤ ਸਿੰਘ, ਮਨਦੀਪ ਸਿੰਘ, ਗੁਰਤੇਜ ਸਿੰਘ ਆਦਿ ਮੁਲਾਜ਼ਮ ਹਾਜ਼ਰ ਸਨ।

# ਪ੍ਰਕਾਸ਼ ਪੁਰਬ ਨੂੰ ਸਮਰਪਤ ਕੀਰਤਨ ਦਰਬਾਰ ਕਰਵਾਇਆ



**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਰਾਤ ਸਮੇਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਨਵੀਨ ਵਿਖੇ ਇੱਕ ਕੀਰਤਨ ਦਰਬਾਰ ਕਰਵਾਇਆ ਗਿਆ, ਜਿਸ ਵਿੱਚ ਮਾਤਾ ਸਾਹਿਬ ਕੌਰ ਇਸਤਰੀ ਸਤਿਸੰਗ ਸਭਾ, ਗੁਰਦੁਆਰਾ ਸਾਹਿਬ ਭਾਈ ਜਗਤਾ ਜੀ ਧਰਮਪੁਰਾ ਮੁਹੱਲਾ, ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਦਾ ਪੂਰਨ ਸਹਿਯੋਗ ਰਿਹਾ। ਲੋਕਲ ਕੀਰਤਨੀ ਸਿੰਘਾਂ ਸਮੇਤ ਮਾਤਾ ਸਾਹਿਬ ਕੌਰ ਇਸਤਰੀ ਸਤਿਸੰਗ ਸਭਾ, ਹਜ਼ੂਰੀ ਰਾਗੀ ਜਥਾ ਗੁਰਦੁਆਰਾ ਭਾਈ ਜਗਤਾ ਜੀ ਤੇ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਸਿੰਘ ਸਭਾ ਨਵੀਨ ਵੱਲੋਂ ਗੁਰਬਾਣੀ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸੇ ਦਿਨ ਗੁਰਦੁਆਰਾ ਇਲਾਕਾ ਬਾਰ੍ਹਾ ਵਿਖੇ ਸਮਾਗਮ ਦੌਰਾਨ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਧਾਰਮਿਕ ਪੁਸਤਕਾਂ ਦਾ ਫ੍ਰੀ ਸਟਾਲ ਲਗਾਇਆ ਗਿਆ।

# ਮਰਹੂਮ ਸਾਥੀ ਕੁਲਵੰਤ ਰਾਏ ਪੰਡੋਰੀ ਨੂੰ ਬਰਸੀ ਮੌਕੇ ਸ਼ਰਧਾਂਜਲੀ ਭੇਟ



**ਮਾਨਸਾ (ਆਤਮਾ ਸਿੰਘ ਪਮਾਰ)**-ਲੋਕ ਘੋਲਾਂ ਤੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਜਥੇਬੰਦੀ ਦੇ ਸਿਰਮੌਰ ਆਗੂ ਸਾਥੀ ਕੁਲਵੰਤ ਰਾਏ ਪੰਡੋਰੀ ਦੀ ਦੂਸਰੀ ਬਰਸੀ ਮਨਾਈ ਗਈ। ਇਸ ਮੌਕੇ ਸ਼ਰਧਾਂਜਲੀ ਭੇਟ ਕਰਦਿਆਂ ਆਗੂਆਂ ਨੇ ਕਿਹਾ ਕਿ ਸਾਡੇ ਉੱਘੇ ਸੰਗਰਾਮੀ ਸਾਥੀ ਕੁਲਵੰਤ ਰਾਏ ਪੰਡੋਰੀ ਦੋ ਸਾਲ ਪਹਿਲਾਂ 18 ਜਨਵਰੀ 2022 ਨੂੰ ਸਾਨੂੰ ਸਦੀਵੀਂ ਵਿਛੋੜਾ ਦੇ ਗਏ ਸਨ। ਉਨ੍ਹਾਂ ਕਿਹਾ ਕਿ ਸਾਡੀ ਜਥੇਬੰਦੀ ਅੰਦਰ ਥੰਮ ਦੀ ਹੈਸੀਅਤ ਰੱਖਦੇ ਸਾਥੀ ਕੁਲਵੰਤ ਰਾਏ ਪੰਡੋਰੀ ਦੀ ਅਮਿੱਟ ਦੇਣ ਸਾਡੇ ਮਨਾਂ 'ਤੇ ਹਮੇਸ਼ਾ ਹੀ ਉੱਕਰੀ ਰਹੇਗੀ। ਸਾਡੀ ਜਥੇਬੰਦੀ ਦੇ ਉਹ ਮੋਢੀ ਆਗੂਆਂ 'ਚੋਂ ਸਨ, ਵਰ੍ਹਿਆਂ ਬੱਧੀ ਪ੍ਰਧਾਨ ਤੇ ਜਨਰਲ ਸਕੱਤਰ ਦੇ ਪ੍ਰਮੁੱਖ ਅਹੁਦਿਆਂ 'ਤੇ ਰਹਿ ਕੇ ਉਨ੍ਹਾਂ ਨੇ ਜਥੇਬੰਦੀ ਨੂੰ ਉਸਾਰਨ, ਚਲਾਉਣ ਤੇ ਸੰਘਰਸ਼ਾਂ ਦੀ ਅਗਵਾਈ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਇੰਨਾ ਹੀ ਨਹੀਂ, ਬਰਨਾਲਾ ਇਲਾਕੇ ਅੰਦਰ ਲੜੇ ਗਏ ਹਰ ਸੰਘਰਸ਼, ਭਾਵੇਂ ਉਹ ਬੇਨਸਾਫੀ ਤੇ ਜ਼ੁਲਮ ਦੇ ਖਿਲਾਫ ਹੋਵੇ ਤੇ ਚਾਹੇ ਹੱਕ ਹਕੂਕਾਂ ਦੀ ਪ੍ਰਾਪਤੀ ਲਈ ਹੋਵੇ, ਅੰਦਰ ਉਨ੍ਹਾਂ ਨੇ ਵੱਡਮੁੱਲਾ ਯੋਗਦਾਨ ਪਾਇਆ। ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਉਨ੍ਹਾ ਨੂੰ ਯਾਦ ਕਰਦੇ ਹੋਏ ਆਪਣਾ ਝੰਡਾ ਝੁਕਾ ਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੀ ਹੋਈ ਲਾਲ ਸਲਾਮ ਕਹਿੰਦੀ ਹੈ।

ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਵਿੱਤ ਸਕੱਤਰ ਐੱਚ ਐੱਸ ਰਾਣੂ, ਚੇਅਰਮੈਨ ਦਿਲਦਾਰ ਸਿੰਘ ਚਾਹਲ, ਸਰਪ੍ਰਸਤ ਸੁਰਜੀਤ ਸਿੰਘ, ਐਡਵਾਈਜ਼ਰ ਜਸਵਿੰਦਰ ਸਿੰਘ ਭੋਗਲ, ਪ੍ਰੈੱਸ ਸਕੱਤਰ ਮਲਕੀਤ ਸਿੰਘ ਥਿੰਦ, ਮੀਤ ਪ੍ਰਧਾਨ ਸੀ ਆਰ ਸੰਕਰ, ਮੀਤ ਪ੍ਰਧਾਨ ਅਵਤਾਰ ਸਿੰਘ ਬਟਾਲਾ ਤੇ ਅਵਤਾਰ ਸਿੰਘ ਸਾਹਪੁਰ, ਸਹਾਇਕ ਸਕੱਤਰ ਨਛੱਤਰ ਸਿੰਘ ਚੀਮਾ, ਅਰਜਿੰਦਰ ਸਿੰਘ ਕੁਹਾਲੀ, ਪਲਜਿੰਦਰ ਸਿੰਘ ਆਦਿ ਸ਼ਾਮਲ ਸਨ।

# ਵਿਧਾਇਕ ਵੱਲੋਂ ਮੌਲਵੀਵਾਲਾ 'ਚ ਵਿਕਾਸ ਕਾਰਜਾਂ ਦਾ ਉਦਘਾਟਨ



ਮੌਲਵੀਵਾਲਾ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਦੇ ਹੋਏ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਵਿਧਾਨ ਸਭਾ ਹਲਕਾ ਸੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਨਜ਼ਦੀਕੀ ਪਿੰਡ ਮੌਲਵੀਵਾਲਾ ਦੀ ਗ੍ਰਾਮ ਪੰਚਾਇਤ ਸੰਤਨਗਰ ਵੱਲੋਂ ਸਰਪੰਚ ਸ੍ਰੀਮਤੀ ਸੁਖਪਾਲ ਕੌਰ ਦੀ ਅਗਵਾਈ ਵਿੱਚ ਕਰੀਬ 15 ਲੱਖ ਰੁਪਏ ਦੀ ਲਾਗਤ ਬਾਲਮੀਕ ਧਰਮਸ਼ਾਲਾ ਵਿੱਚ ਉਸਾਰੇ ਗਏ ਸ਼ੈੱਡ, ਆਂਗਣਵਾੜੀ ਸੈਂਟਰ ਦੀ ਨਵੀਂ ਇਮਾਰਤ ਅਤੇ ਪਿੰਡ ਦੀਆਂ ਗਲੀਆਂ-ਨਾਲੀਆਂ, ਸਟਰੀਟ ਲਾਈਟਾਂ ਦਾ ਰਸਮੀ ਉਦਘਾਟਨ ਕੀਤਾ ਗਿਆ। ਗ੍ਰਾਮ ਪੰਚਾਇਤ ਦਸਮੇਸ ਨਗਰ ਦੇ ਸਰਪੰਚ ਕਰਮਜੀਤ ਸਿੰਘ ਦੇ ਗ੍ਰਹਿ ਵਿਖੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਵਿਕਾਸ ਕਾਰਜਾਂ ਦੀ ਰਸਮੀ ਸ਼ੁਰੂਆਤ ਹੋ ਚੁੱਕੀ ਹੈ। ਸਿੱਖਿਆ, ਸਿਹਤ ਸੇਵਾਵਾਂ ਅਤੇ ਖੇਤਾਂ ਨੂੰ ਨਹਿਰੀ ਪਾਣੀ ਦੇਣਾ ਸਰਕਾਰ ਦੀ ਪਹਿਲ ਕਦਮੀ ਹੈ। ਉਨ੍ਹਾਂ ਦੱਸਿਆ ਕਿ ਬਹੁਤ ਜਲਦੀ ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਤਿੰਨਾਂ ਹਸਪਤਾਲਾਂ ਨੂੰ ਅਪਗ੍ਰੇਡ ਕਰਨ ਦੇ ਨਾਲ-ਨਾਲ 75 ਕਰੋੜ ਰੁਪਏ ਦੀ ਲਾਗਤ ਨਾਲ ਰਜਵਾਹਾ ਕਰਮਗੜ੍ਹ ਦਾ ਨਵੀਨੀਕਰਨ ਦਾ ਕੰਮ ਪਹਿਲੀ ਅਪ੍ਰੈਲ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਮਾਨ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਦਾ ਕਰਨ ਦੇ ਆਪਣੇ ਟੀਚੇ ਨੂੰ ਪੂਰਾ ਕਰਨ ਵਿੱਚ ਲੱਗੇ ਹੋਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਕਿਸਾਨਾਂ ਨਾਲ ਵਾਅਦਾ ਕੀਤਾ ਸੀ ਕਿ ਉਹ ਕਿਸਾਨਾਂ ਨੂੰ ਮੋਟਰਾਂ ਬੰਦ ਕਰਕੇ ਝੋਨਾ ਲੱਗਦਾ ਕਰਨਗੇ ਤੇ ਇਸ ਵਾਅਦੇ ਨੂੰ ਪੂਰਾ ਕਰਨ ਦਾ ਅਮਲ ਬੜੀ ਤੇਜ਼ੀ ਨਾਲ ਚੱਲ ਰਿਹਾ ਹੈ। ਉਨ੍ਹਾਂ ਪੰਚਾਇਤ ਵੱਲੋਂ ਕੀਤੇ ਗਏ ਵਿਕਾਸ ਕੰਮਾਂ ਦੀ ਸਲਾਘਾ ਕਰਦਿਆਂ ਕਿਹਾ ਕਿ ਆਉਣ ਵਾਲੀਆਂ ਪੰਚਾਇਤੀ ਚੋਣਾਂ ਦੌਰਾਨ ਧੜੇਬੰਦੀ ਤੋਂ ਉੱਪਰ ਉੱਠ ਕੇ ਚੰਗੀ ਸੋਚ ਵਾਲੇ ਲੋਕਾਂ ਨੂੰ ਅੱਗੇ ਲਿਆਉਣ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਸਰਕਾਰ ਪੈਸੇ ਦੀ ਕੋਈ ਕਮੀ ਨਹੀਂ ਆਉਣ ਦੇਵੇਗੀ। ਸਰਪੰਚ ਸੁਖਪਾਲ ਕੌਰ ਤੇ ਚਰਨਜੀਤ ਸਿੰਘ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਦਿਵਿਆਂਗਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਾਂਝੇ ਉਪਰਾਲਿਆਂ ਦੀ ਲੋੜ : ਵਿਧਾਇਕ



**ਮਾਨਸਾ (ਆਤਮਾ ਸਿੰਘ ਪਮਾਰ)**

ਦਿਵਿਆਂਗ ਵਿਅਕਤੀਆਂ ਦੀਆਂ ਜ਼ਰੂਰਤਾਂ ਨੂੰ ਮੁੱਖ ਰੱਖਦਿਆਂ ਉਨ੍ਹਾਂ ਨੂੰ ਲੋੜੀਂਦੇ ਉਪਰਕਣ ਮੁਹੱਈਆ ਕਰਵਾ ਕੇ ਸਮੇਂ ਦੇ ਹਾਣੀ ਬਣਾਉਣ ਲਈ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਅਲਿਮਕੋ ਅਤੇ ਵੱਖ-ਵੱਖ ਐਨ.ਜੀ.ਓਜ਼ ਦੇ ਸਹਿਯੋਗ ਨਾਲ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਜਿਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਅੰਤਰਰਾਸ਼ਟਰੀ ਦਿਵਿਆਂਗ ਦਿਵਸ ਮੌਕੇ ਕਰਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸ਼ਿਰਕਤ ਕਰਨ ਮੌਕੇ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਪਰਮਵੀਰ ਸਿੰਘ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟੀ ਦਿਵਿਆਂਗ ਦਿਵਸ ਮੌਕੇ ਹਾਜ਼ਰ ਹੋਏ ਦਿਵਿਆਂਗ ਵਿਅਕਤੀਆ ਦੀ ਰਜਿਸਟ੍ਰੇਸ਼ਨ ਕਰਕੇ ਮੁਲਾਂਕਣ ਕਰਨ ਉਪਰੰਤ 80 ਫ਼ੀਸਦੀ ਤੋਂ ਵਧੇਰੇ ਦਿਵਿਆਂਗਤਾ ਵਾਲੇ ਵਿਅਕਤੀਆਂ ਨੂੰ ਮੋਟਰਾਇਜ਼ਡ ਟ੍ਰਾਈਸਾਇਕਲ ਮੁਹੱਈਆ ਕਰਾਏ ਜਾਣਗੇ। ਇਸ ਤੋਂ ਇਲਾਵਾ ਹੋਰ ਦਿਵਿਆਂਗ ਵਿਅਕਤੀਆਂ ਨੂੰ ਉਨ੍ਹਾਂ ਦੀ ਸਰੀਰਕ ਜ਼ਰੂਰਤ ਮੁਤਾਬਕ ਲੋੜੀਂਦੇ ਉਪਰਕਣ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਸਫ਼ਰ ਕਰਨ ਅਤੇ ਕਿਤੇ ਆਉਣ-ਜਾਣ ਤੋਂ ਵਾਂਝੇ ਦਿਵਿਆਂਗ ਲੋਕਾਂ ਨੂੰ ਲੋੜੀਂਦੀ ਸਹੂਲਤ ਪ੍ਰਦਾਨ ਹੋਣ 'ਤੇ ਰਾਹਤ ਮਿਲੇਗੀ, ਇਸ ਦੇ ਲਈ ਸਾਨੂੰ ਸਭ ਨੂੰ ਰਲ-ਮਿਲ ਕੇ ਸਾਂਝੇ ਉਪਰਾਲੇ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਉਹ ਵਿਧਾਨ ਸਭਾ ਵਿੱਚ ਵੀ ਦਿਵਿਆਂਗ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਠਾਉਣਗੇ। ਡਿਪਟੀ ਕਮਿਸ਼ਨਰ ਸ੍ਰੀ ਪਰਮਵੀਰ ਸਿੰਘ ਨੇ ਕਿਹਾ ਕਿ ਸਰਕਾਰ ਦੇ ਅਦਾਰੇ ਅਲਿਮਕੋ ਵੱਲੋਂ ਦਿਵਿਆਂਗ ਲੋਕਾਂ ਪਾਸੋਂ ਪ੍ਰਾਪਤ ਦਰਖ਼ਾਸਤਾਂ ਦਾ ਮੁਲਾਂਕਣ ਕੀਤਾ ਜਾਵੇਗਾ ਤੇ ਇਸ ਉਪਰੰਤ ਇਕ ਵਿਸ਼ੇਸ਼ ਕੈਂਪ ਲਗਾ ਕੇ ਦਿਵਿਆਂਗ ਵਿਅਕਤੀਆਂ ਨੂੰ ਲੋੜੀਂਦੀ ਮਸ਼ੀਨਰੀ, ਵਹੀਕਲ ਅਤੇ ਬਨਾਉਟੀ ਅੰਗ ਮੁਹੱਈਆ ਕਰਾਏ ਜਾਣਗੇ। ਉਨ੍ਹਾਂ ਇਸ ਮੌਕੇ ਆਏ ਦਿਵਿਆਂਗ ਵਿਅਕਤੀਆਂ ਦੀਆਂ ਮੁਸ਼ਕਲਾਂ ਨੂੰ ਸੁਣਿਆ ਅਤੇ ਉਨ੍ਹਾਂ ਦੇ ਹੱਲ ਦਾ ਭਰੋਸਾ ਦਿੱਤਾ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਜਸਵੀਰ ਕੌਰ ਨੇ ਕਿਹਾ ਕਿ ਜ਼ਿਲ੍ਹੇ ਦੇ ਦਿਵਿਆਂਗ ਵਿਅਕਤੀ ਲੋੜੀਂਦੇ ਉਪਕਰਣ ਪ੍ਰਾਪਤ ਕਰਨ ਲਈ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਵਿਖੇ ਆਪਣੀ ਰਜਿਸਟ੍ਰੇਸ਼ਨ ਕਰਾ ਸਕਦੇ ਹਨ।


ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਉਪ ਮੁੱਖ ਬਿਜਲੀ ਇੰਜੀਨੀਅਰ/ਨਿਰਮਾਣ, ਉੱਤਰ ਰੇਲਵੇ, ਜਲੰਧਰ ਸ਼ਹਿਰ ਹੇਠਾਂ ਲਿਖਤ ਕੰਮ ਦੇ ਲਈ ਦੋਹਰੀ ਪੈਕੇਟ ਪ੍ਰਣਾਲੀ ਦੇ ਤਹਿਤ ਈ-ਨਿਵਿਦਾ ਮੰਗ ਕਰਦੇ ਹਨ:-

| | | | |
|---|---|---|---|
| ਕੰਮ ਦਾ ਨਾਮ ਤੇ ਸਥਾਨ | ਫਿਰੋਜਪੁਰ ਮੰਡਲ ਦੇ ਸਾਨੇਹਵਾਲ ਢੰਡਾਰੀ ਕਲਾਂ ਤੇ ਲਾਡੋਵਾਲ ਸਟੇਸ਼ਨਾਂ ਤੇ ਲੰਬੇ ਲੂਪ ਨਿਰਮਾਣ ਦੇ ਸਬੰਧ ਵਿਚ 25 ਕੇ.ਵੀ. ਏ.ਸੀ. ਸਿੰਗਲ ਫੇਜ਼ ਓ.ਐਚ.ਈ. ਦੀ ਡਿਜਾਇਨ, ਸਪਲਾਈ, ਇਰੀਕੇਸ਼ਨ ਟੇਸਟਿੰਗ, ਕਮਿਸ਼ਨਿੰਗ ਤੇ ਮਾਡਿਫਿਕੇਸ਼ਨ ਕੰਮ ਦਾ ਪ੍ਰਾਵਧਾਨ ਅਤੇ ਅਵਾਸੀ ਰੇਲਵੇ ਕਵਾਟਰ/ਰੇਲਵੇ ਸਟੇਸ਼ਨਾਂ/ਸਰਵਿਸ ਬਿਲਡਿੰਗ/ ਸੜਕ/ਸ਼ੇਡਸ ਆਦਿ ਦਾ ਬਿਜਲੀ ਪਾਵਰ ਵਾਇਰਿੰਗ ਦਾ ਡਿਜਾਈਨ, ਸਪਲਾਈ, ਇਰੀਕੇਸ਼ਨ, ਟੇਸਟਿੰਗ ਕਮਿਸ਼ਨਿੰਗ ਤੇ ਮਾਡਿਫਿਕੇਸ਼ਨ ਕੰਮ ਦਾ ਪ੍ਰਾਵਧਾਨ। | | |
| ਕੰਮ ਪੂਰਾ ਕਰਨ ਦਾ ਸਮਾਂ | 9 ਮਹੀਨੇ | ਕੰਮ ਦੀ ਅੰਦਾਜ਼ਨ ਲਾਗਤ | ₹4,84,50,115.06 |
| ਬੋਲੀ ਸੁਰੱਖਿਆ ਰਾਸ਼ੀ ਜੋ ਜਮ੍ਹਾ ਕੀਤੀ ਜਾਣੀ ਹੈ | ₹3,92,300/- | | |
| ਈ-ਨਿਵਿਦਾ ਜਮ੍ਹਾ ਕਰਨ ਅਤੇ ਈ-ਨਿਵਿਦਾ ਖੁਲਣ ਦੀ ਮਿਤੀ ਤੇ ਸਮਾਂ : | ਟੈਂਡਰ ਮਿਤੀ 09.02.2024 ਸਮਾਂ 11.30 ਵਜੇ ਤਕ ਆਈਆਰਈਪੀਐਸ ਦੀ ਵੈਬਸਾਈਟ www.ireps.gov.in 'ਤੇ ਅਪਲੋਡ ਕਰ ਸਕਦੇ ਹਨ, ਨਿਵਿਦਾਕਰਤਾਵਾਂ ਈ ਨਿਵਿਦਾ ਵਿਚ ਭਾਗ ਲੈ ਸਕਦੇ ਹਨ। ਨਿਵਿਦਾ ਮਿਤੀ 09.02.2024 ਸਮਾਂ 11:30 ਵਜੇ ਖੋਹਲੀ ਜਾਵੇਗੀ। | | |
| ਨਿਵਿਦਾ ਸੂਚਨਾ ਅਤੇ ਨਿਵਿਦਾ ਫਾਰਮ ਦੀ ਜਾਣਕਾਰੀ: | ਵਿਸਤ੍ਰਿਤ ਈ-ਟੈਂਡਰ ਸੂਚਨਾ ਉਤਰ ਰੇਲਵੇ ਵੈਬਸਾਈਟ www.nr.indianrailways.gov.in 'ਤੇ ਉਪਲਬਧ ਹੈ ਅਤੇ ਟੈਂਡਰ ਫਾਰਮ ਆਈਆਰਈਪੀਐਸ ਦੀ ਵੈਬਸਾਈਟ www.ireps.gov.in 'ਤੇ ਉਪਲਬਧ ਹੈ। ਉਪਰੋਕਤ ਟੈਂਡਰ ਫਾਰਮ ਆਈਆਰਈਪੀਐਸ ਦੀ ਵੈਬਸਾਈਟ www.ireps.gov.in 'ਤੇ ਮਿਤੀ 26.01.2024 ਤੋਂ ਮਿਤੀ 09.02.2024 ਤਕ ਜਮ੍ਹਾ ਕਰਨ ਦੇ ਲਈ ਉਪਲਬਧ ਰਹੇਗਾ। ਟੈਂਡਰਕਰਤਾ ਜੋ ਈ-ਟੈਂਡਰ ਵਿਚ ਭਾਗ ਲੈਣ ਦੇ ਇਛੁੱਕ ਹਨ ਉਨ੍ਹਾਂ ਨੂੰ ਸਲਾਹ ਦਿਤੀ ਜਾਂਦੀ ਹੈ ਕਿ ਉਪਰੋਕਤ ਵੈਬਸਾਈਟ ਤੇ ਆਪਣਾ ਈ-ਰਜਿਸਟਰੇਸ਼ਨ ਕਰਾ ਲੈਣ ਜਿਸ ਦੇ ਲਈ ਉਨ੍ਹਾਂ ਨੂੰ ਕਲਾਸ-III ਡਿਜੀਟਲ ਸਰਟੀਫਿਕੇਟ ਦੀ ਜਰੂਰਤ ਹੋਵੇਗੀ (ਜੇਕਰ ਪਹਿਲਾਂ ਤੋਂ ਉਪਲਬਧ ਨਹੀਂ ਹੈ), ਜੋ ਆਈ ਟੀ ਨਿਯਮ-2000 ਦੇ ਤਹਿਤ ਸੀਸੀਏ ਦੁਆਰਾ ਜਾਰੀ ਕੀਤੀ ਜਾਵੇਗੀ। ਉਪਰੋਕਤ ਟੈਂਡਰ ਦੇ ਹੋਰ ਸਾਰੇ ਨਿਯਮ ਤੇ ਸ਼ਰਤਾਂ ਟੈਂਡਰ ਫਾਰਮ ਵਿਚ ਦਿਤੇ ਗਏ ਹਨ। ਵਿਸਤ੍ਰਿਤ ਟੈਂਡਰ ਸੂਚਨਾ ਉਪਰੋਕਤ ਦਫਤਰ ਦੇ ਸੂਚਨਾ ਪਟ ਤੇ ਵੀ ਦੇਖੀ ਜਾ ਸਕਦੀ ਹੈ। | | |

ਫਾਰਮ ਨੰ. 17-ਬਿਜਲੀ/ਨਿ/ਕਾਮਪੋ/ਜੇਯੂਸੀ/134ਡੀ ਮਿਤੀ : 18.01.2024 216/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

20-JAN-PAGE-11.qxd 1/19/2024 9:17 PM Page 1



# ਦਿੱਲੀ ਮੋਰਚੇ ਦੀਆਂ ਤਿਆਰੀਆਂ ਨੂੰ ਲੈ ਕੇ ਕਨਵੈਨਸ਼ਨਾਂ ਜਾਰੀ : ਗੋਹਲਵੜ/ਨੂਰਦੀ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਕਿਸਾਨ ਮਜ਼ਦੂਰ ਸਘੰਰਸ਼ ਕਮੇਟੀ ਪੰਜਾਬ ਅਧੀਨ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਦੀਪ ਸਿੰਘ ਜੀ ਵੱਲੋ 18 ਜਥੇਬੰਦੀਆਂ ਵੱਲੋਂ ਦਿੱਲੀ ਸਾਝੇ ਮੋਰਚੇ ਦੀਆ ਤਿਆਰੀਆਂ ਦੇ ਸੰਬਧ ਵਿੱਚ ਕਨਵੈਨਸ਼ਨ ਪਿੰਡ ਗੋਹਲਵੜ ਗੁਰਦੁਆਰਾ ਬਾਬਾ ਅੱਛਰਾ ਸਿੰਘ ਜੀ ਦੇ ਅਸਥਾਨ ਤੇ ਜ਼ੋਨ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਪਹੁੰਚੇ ਜ਼ਿਲ੍ਹਾ ਆਗੂ ਜਰਨੈਲ ਸਿੰਘ ਨੂਰਦੀ, ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਉਤਰ ਭਾਰਤ ਦੀਆਂ 18 ਜਥੇਬੰਦੀਆਂ ਵੱਲੋਂ ਤੇ ਗੈਰ-ਰਾਜਨੀਤਕ ਸੰਯੁਕਤ ਮੋਰਚੇ ਦੀ ਕਾਲ 'ਤੇ 13 ਫ਼ਰਵਰੀ ਨੂੰ ਫਿਰ ਤੋਂ ਦਿੱਲੀ ਮੋਰਚੇ ਦਾ ਬਿਗਲ ਵੱਜ ਗਿਆ ਹੈ, ਜਿਸ ਵਿਚ ਭਾਰਤ ਦੇ ਕਿਸਾਨਾਂ, ਮਜ਼ਦੂਰਾਂ ਤੇ ਆਮ ਵਰਗ ਦੀਆਂ ਮੰਗਾਂ ਸਵਾਮੀਨਾਥਨ ਕਮਿਸ਼ਨ ਰਿਪੋਰਟ ਅਨੁਸਾਰ 23 ਫਸਲਾ ਤੇ ਐਮਐਸਪੀ ਗਾਰੰਟੀ ਕਾਨੂੰਨ ਮੋਦੀ ਸਰਕਾਰ ਨੇ ਮੰਨ ਕੇ ਵਾਅਦਾ-ਖਿਲਾਫੀ ਕੀਤੀ, ਲਖੀਮਪੁਰ ਖੀਰੀ ਕਤਲ ਕਾਂਡ, ਕਿਸਾਨਾਂ ਉਪਰ ਗੱਡੀਆ ਚਾੜ੍ਹ ਕੇ ਸ਼ਹੀਦ ਕੀਤਾ ਗਿਆ, ਦੋਸ਼ੀ ਅਜੇ ਤੱਕ ਸਲਾਖਾਂ ਤੋਂ ਬਾਹਰ ਬੇਖੌਫ ਘੁੰਮ ਰਹੇ ਹਨ।ਭਾਰਤ ਦੇ ਕਿਸਾਨਾਂ ਨੂੰ ਖੇਤੀ ਤੋਂ ਦੂਰ ਕਰਨ ਵਾਸਤੇ ਨਵੇਂ ਕਾਨੂੰਨ ਲਿਆਂਦੇ ਜਾ ਰਹੇ ਹਨ। ਕਿਸਾਨਾਂ, ਮਜ਼ਦੂਰਾਂ ਦੀ ਕਰਜ਼ਾ ਮੁਆਫੀ, ਫਸਲੀ ਬੀਮਾ ਯੋਜਨਾ, 2020 ਬਿਜਲੀ ਸੋਧ ਬਿੱਲ ਰੱਧ ਕਰਵਾਉਣ ਸਮੇਤ ਹੋਰ ਅਹਿਮ ਮੰਗਾ ਮਨਵਾਉਣ ਨੂੰ ਲੈ ਕੇ ਹੋਣ ਜਾ ਰਹੇ ਅੰਦੋਲਨ ਵਿੱਚ ਵੱਧ ਤੋਂ ਵੱਧ ਸਾਥ ਦੇਣ ਦੀ ਅਪੀਲ ਕੀਤੀ ਅਤੇ ਪਿੰਡਾਂ ਵਿੱਚ ਆਗੂਆਂ ਨੂੰ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰਕੇ ਪਿੰਡਾਂ ਵਿਚ ਵੱਡੀਆਂ ਮੀਟਿੰਗਾਂ ਤੇ ਪਿੰਡਾ ਵਿੱਚ ਟਰੈਕਟਰ ਮਾਰਚ ਕੀਤਾ ਜਾਵੇਗਾ।ਇਸ ਮੌਕੇ ਕਨਵੈਨਸ਼ਨ ਵਿੱਚ ਪਿੰਡਾਂ ਦੇ ਆਗੂ, ਜ਼ੋਨ ਖਜ਼ਾਨਚੀ ਹਰਜਿੰਦਰ ਸਿੰਘ ਪੰਡੋਰੀ ਸਿੱਧਵਾਂ, ਪ੍ਰਧਾਨ ਨਵਜੀਤ ਸਿੰਘ ਗੋਹਲਵੜ, ਪ੍ਰਧਾਨ ਗੁਰਮੀਤ ਸਿੰਘ ਐਮਾਂ ਕਲਾਂ, ਪ੍ਰਧਾਨ ਸੁੱਚਾ ਸਿੰਘ ਖੈਰਦੀਨ ਕੇ, ਪ੍ਰਧਾਨ ਧਰਮ ਸਿੰਘ ਠੱਠਗੜ੍ਹ, ਪ੍ਰਧਾਨ ਸੁਖਬੀਰ ਸਿੰਘ ਮੰਨਣ, ਪ੍ਰਧਾਨ ਹਰਜੀਤ ਸਿੰਘ ਪੰਡੋਰੀ ਰਹਿਮਾਨਾਂ, ਪ੍ਰਧਾਨ ਸਤਵਿੰਦਰ ਸਿੰਘ ਪੰਡੋਰੀ ਸਿੱਧਵਾਂ, ਪ੍ਰਧਾਨ ਪ੍ਰਗਟ ਸਿੰਘ ਪੰਡੋਰੀ ਰਣ ਸਿੰਘ, ਪ੍ਰਧਾਨ ਪਾਲ ਸਿੰਘ ਠੱਠੀ, ਪ੍ਰਧਾਨ ਹਰਪ੍ਰੀਤ ਸਿੰਘ ਢਿੱਲੋਂ ਠੱਠੀ, ਪ੍ਰਧਾਨ ਗੁਰਮੀਤ ਸਿੰਘ ਜੌਹਲ, ਪ੍ਰਧਾਨ ਅਮਰੀਕ ਸਿੰਘ ਬਾਲਾਚੱਕ, ਪ੍ਰਧਾਨ ਗੁਰਬਖਸ਼ ਸਿੰਘ ਖਾਰਾ, ਪ੍ਰਧਾਨ ਜੋਗਾ ਸਿੰਘ ਕੋਟ ਦਸੰਦੀ ਮੱਲ, ਪ੍ਰਧਾਨ ਮੇਵਾ ਸਿੰਘ ਪੰਡੋਰੀ ਤਖਤ ਮੱਲ, ਪ੍ਰਧਾਨ ਅੰਗਰੇਜ਼ ਸਿੰਘ ਦਬੁਰਜੀ, ਪ੍ਰਧਾਨ ਜਗੀਰ ਸਿੰਘ ਕੋਟਲੀ, ਪ੍ਰਧਾਨ ਬਲਜੀਤ ਸਿੰਘ ਰਟੌਲ, ਪ੍ਰਧਾਨ ਗੁਰਮੀਤ ਸਿੰਘ ਬਹਿਲਾ ਆਦਿ ਨੌਜਵਾਨ ਬੀਬੀਆਂ ਅਤੇ ਬੱਚੇ ਹਾਜ਼ਰ ਸਨ।

## ਸਤਨਾਮ ਸਿੰਘ ਮਾਂਗਾ ਸਰਾਏ ਨੂੰ ਸਦਮਾ, ਪਿਤਾ ਦਾ ਦਿਹਾਂਤ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**—ਹਲਕਾ ਮਜੀਠਾ ਦੇ ਪਿੰਡ ਮਾਂਗਾਸਰਾਏ ਤੋਂ ਸੀਨੀਅਰ ਆਪ ਆਗੂ ਸਤਨਾਮ ਸਿੰਘ ਨੂੰ ਉਸ ਵਕਤ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਜਗੀਰ ਸਿੰਘ ਦਾ ਬੀਤੇ ਦਿਨ ਅਚਾਨਕ ਦਿਹਾਂਤ ਹੋ ਗਿਆ। ਅੰਤਿਮ ਸੰਸਕਾਰ ਪਿੰਡ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਆਮ ਆਦਮੀ ਪਾਰਟੀ ਵੱਲੋਂ ਹਲਕਾ ਇੰਚਾਰਜ ਸੁਖਜਿੰਦਰ ਰਾਜ ਸਿੰਘ ਲਾਲੀ ਮਜੀਠੀਆ, ਡਾਕਟਰ ਸਤਿੰਦਰ ਕੌਰ ਗਿੱਲ, ਆਪ ਆਗੂ ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ, ਸੀਨੀਅਰ ਅਕਾਲੀ ਆਗੂ ਜਥੇਦਾਰ ਦਾਰਾ ਸਿੰਘ ਭੀਲੋਵਾਲ, ਜਰਨੈਲ ਸਿੰਘ ਗਿੱਲ ਸੈਕਟਰੀ ਦੁਧਾਲਾ, ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ, ਬਿਜਲੀ ਮੁਲਾਜ਼ਮ ਯੂਨੀਅਨ ਦੇ ਆਗੂ ਲਖਵਿੰਦਰ ਸਿੰਘ ਤਲਵੰਡੀ, ਭਾਜਪਾ ਆਗੂ ਜਸਮਿਤਰ ਸਿੰਘ ਚੁਗਾਵਾਂ, ਆਪ ਆਗੂ ਭਾਈ ਦਲੇਰ ਸਿੰਘ ਖਾਲਸਾ ਸਾਧਪੁਰ ਅਤੇ ਹੋਰ ਆਗੂਆਂ ਨੇ ਜਗੀਰ ਸਿੰਘ ਦੇ ਅਚਨਚੇਤ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸਤਨਾਮ ਸਿੰਘ ਮਾਂਗਾ ਸਰਾਏ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ। ਜਗੀਰ ਸਿੰਘ ਨਮਿੱਤ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਪਿੰਡ ਮਾਂਗਾ ਸਰਾਏ ਵਿਖੇ 27 ਜਨਵਰੀ ਨੂੰ ਪਾਏ ਜਾਣਗੇ।

# ਸੈਰ ਸਪਾਟਾ ਉਦਯੋਗ ਨੂੰ ਵਧਾਉਣ ਲਈ ਸੋਸ਼ਲ ਮੀਡੀਆ ਬਲਾਗਰ ਨੂੰ ਅੱਗੇ ਆਉਣ ਦਾ ਸੱਦਾ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਅੰਮ੍ਰਿਤਸਰ ਵਿੱਚ ਸੈਰ ਸਪਾਟਾ ਸਨਅਤ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਸੋਸ਼ਲ ਮੀਡੀਆ ਬਲਾਗਰ ਅਤੇ ਇਨਫਲੂਐਂਸਰ (ਪ੍ਰਭਾਵਕ) ਨੂੰ ਸੱਦਾ ਦਿੱਤਾ ਹੈ ਕਿ ਉਹ ਅੱਗੇ ਆਉਣ ਤਾਂ ਜੋ ਅੰਮ੍ਰਿਤਸਰ ਨੂੰ ਸੈਰ ਸਪਾਟਾ ਸਨਅਤ ਵਿੱਚ ਹੋਰ ਉੱਪਰ ਚੁੱਕਿਆ ਜਾ ਸਕੇ।ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਇਕ ਧਾਰਮਿਕ ਤੇ ਇਤਿਹਾਸਿਕ ਸ਼ਹਿਰ ਹੈ ਅਤੇ ਅੰਮ੍ਰਿਤਸਰ ਵਿੱਚ ਰੋਜ਼ਾਨਾ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਆਉਂਦੇ ਹਨ ਪਰ ਦਰਸ਼ਨ ਕਰਕੇ ਦੂਸਰੇ ਦਿਨ ਹੀ ਵਾਪਸ ਚਲੇ ਜਾਂਦੇ ਹਨ ਕਿਉਂਕਿ ਉਨਾਂ ਨੂੰ ਅੰਮ੍ਰਿਤਸਰ ਦੀਆਂ ਹੋਰ ਇਤਿਹਾਸਿਕ ਥਾਵਾਂ ਬਾਰੇ ਇੰਨੀ ਜਾਣਕਾਰੀ ਪ੍ਰਾਪਤ ਨਹੀਂ ਹੁੰਦੀ। ਉਨਾਂ ਕਿਹਾ ਕਿ ਅੱਜ ਦਾ ਯੁੱਗ ਸ਼ੋਸ਼ਲ ਮੀਡੀਆ ਦਾ ਯੁੱਗ ਹੈ ਅਤੇ ਸੋਸ਼ਲ ਮੀਡੀਆ ਰਾਹੀਂ ਵੱਧ ਤੋਂ ਵੱਧ ਪ੍ਰਚਾਰ ਕਰਕੇ ਲੋਕਾਂ ਨੂੰ ਅੰਿਤਸਰ ਦੀਆਂ ਹੋਰ ਇਤਿਹਾਸਿਕ ਥਾਵਾਂ ਪ੍ਰਤੀ ਜਾਗਰੂਕ ਕੀਤਾ ਜਾ ਸਕਦਾ ਹੈ: ਉਨ੍ਹਾਂ ਕਿਹਾ ਕਿ ਸ਼ੋਸ਼ਲ ਮੀਡੀਆ ਬਲੌਗਰ ਪ੍ਰਸ਼ਾਸਨ ਵਲੋਂ ਕਿਸੇ ਵੀ ਤਰ੍ਹਾਂ ਦੀ ਮੱਦਦ ਲਈ ਮੋਬਾਇਲ ਫੋਨ ਨੰਬਰ 91156-39012 (ਸਕਸ਼ਮ ਨਾਲ) 'ਤੇ ਸੰਪਰਕ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਯਾਤਰੂਆਂ ਨੂੰ ਇੱਥੇ ਇਕ ਤੋਂ ਵੱਧ ਦਿਨ ਰੋਕਣ ਲਈ ਅੰਮ੍ਰਿਤਸਰ ਦੀਆਂ ਇਤਿਹਾਸਿਕ ਅਤੇ ਵਿਰਾਸਤੀ ਇਮਾਰਤਾਂ ਨੂੰ ਉਜਾਗਰ ਕੀਤਾ ਜਾਵੇਗਾ। ਉਨਾਂ ਕਿਹਾ ਕਿ ਇਸ ਨਾਲ ਦੇਸ਼ ਵਿਦੇਸ਼ ਤੋਂ ਆਉਣ ਵਾਲੇ ਸੈਲਾਨੀਆਂ ਵਿੱਚ ਅੰਮ੍ਰਿਤਸਰ ਦੇ ਇਤਿਹਾਸ ਪ੍ਰਤੀ ਜਾਣਕਾਰੀ ਪ੍ਰਾਪਤ ਕਰਨ ਦੀ ਉਤਸੁਕਤਾ ਪੈਦਾ ਹੋਵੇਗੀ ਅਤੇ ਸੈਲਾਨੀ ਪੰਜਾਬ ਤੇ ਪੰਜਾਬੀਅਤ ਬਾਰੇ ਜਾਣ-ਸਮਝ ਸਕਣਗੇ।ਡੀਸੀ ਕਿਹਾ ਕਿ ਸਾਡੀ ਯੋਜਨਾ ਅੰਮ੍ਰਿਤਸਰ ਨੂੰ 'ਡੈਸਟੀਨੇਸ਼ਨ ਵੈਡਿੰਗ' ਵਜੋਂ ਵਿਕਸਤ ਕਰਨਰ ਦੀ ਹੈ, ਤਾਂ ਜੋ ਦੇਸ਼ ਵਿਦੇਸ਼ਾਂ ਤੋਂ ਸੈਲਾਨੀ ਇਥੇ ਆ ਕੇ ਜਿਆਦਾ ਸਮਾਂ ਰੁੱਕ ਸਕਣ, ਜਿਸ ਨਾਲ ਅੰਮ੍ਰਿਤਸਰ ਦੀ ਆਰਥਿਕਤਾ ਨੂੰ ਵੱਡਾ ਹੁਲਾਰਾ ਮਿਲੇਗਾ। ਉਨਾਂ ਦੱਸਿਆ ਕਿ ਡੈਸਟੀਨੇਸ਼ਨ ਵੈਡਿੰਗ ਵਜੋਂ ਵੱਖ ਵੱਖ ਥਾਵਾਂ ਤੇ ਵਿਚਾਰ ਚਰਚਾ ਚੱਲ ਰਹੀ ਹੈ ਅਤੇ ਜਲਦ ਹੀ ਅੰਮ੍ਰਿਤਸਰ ਵਿਖੇ ਵੈਡਿੰਗ ਡੈਸਟੀਨੇਸ਼ਨ ਵਜੋਂ ਇੱਕ ਕੇਂਦਰ ਸਥਾਪਿਤ ਕੀਤਾ ਜਾਵੇਗਾ।ਉਨ੍ਹਾਂ ਨੇ ਦੱਸਿਆ ਕਿ ਦੇਸ਼ ਭਰ ਦੀਆਂ ਕਲਾਕ੍ਰਿਤਾਂ ਦੇ ਵਿਕਰੀ ਕੇਂਦਰ ਲਈ ਅੰਮ੍ਰਿਤਸਰ ਵਿੱਚ 'ਯੂਨਿਟੀ ਮਾਲ' ਬਣਾਉਣ ਦੀ ਵੀ ਤਿਆਰੀ ਕੀਤੀ ਜਾ ਰਹੀ ਹੈ। ਉਨਾਂ ਕਿਹਾ ਕਿ ਇਸ ਮਾਲ ਵਿੱਚ 'ਮੇਡ ਇਨ ਇੰਡੀਆ' ਮੁਹਿੰਮ ਨੂੰ ਉਤਸ਼ਾਹਿਤ ਕਰਨ ਲਈ ਦੇਸ਼ ਭਰ ਦੀਆਂ ਕਲਾ ਕਿਰਤਾਂ ਨੂੰ ਇਕ ਛੱਤ ਹੇਠ ਵੇਚਣ ਲਈ ਵੱਡਾ ਸ਼ਾਪਿੰਗ ਮਾਲ ਬਣਾਇਆ ਜਾਵੇਗਾ, ਜਿਸ ਨੂੰ ਯੂਨੀਟੀ ਮਾਲ ਦਾ ਨਾਮ ਦਿੱਤਾ ਗਿਆ ਹੈ। ਉਨਾਂ ਦੱਸਿਆ ਕਿ ਪੰਜਾਬ ਦੇ 23 ਜ਼ਿਲ੍ਹਿਆਂ ਨੂੰ ਇਕ -ਇਕ ਸਟਾਲ ਪੱਕੇ ਤੌਰ ਤੇ ਦਿੱਤਾ ਜਾਵੇਗਾ। ਜਿਥੇ ਉਹ ਆਪੋ ਆਪਣੇ ਸੂਬੇ ਅਤੇ ਜਿਲ੍ਹੇ ਦੇ ਮਿਆਰੀ ਉਤਪਾਦਾਂ ਦੀ ਵਿਕਰੀ ਕਰ ਸਕਣਗੇ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਦੇਸ਼ ਦੇ 36 ਰਾਜ ਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ਾਂ ਨੂੰ ਇਕ ਇਕ ਵੱਡਾ ਹਾਲ ਵਿਕਰੀ ਕੇਂਦਰ ਵਜੋਂ ਦਿੱਤਾ ਜਾਵੇਗਾ।

## ਅਣਪਛਾਤਿਆਂ ਨੇ ਨੌਜਵਾਨ ਨੂੰ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰਿਆ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਪਿੰਡ ਗਲਾਲੀਪੁਰ 'ਚ ਅਣਪਛਾਤੇ ਵਿਅਕਤੀਆਂ ਵੱਲੋਂ ਪੈਂਤੀ ਸਾਲਾ ਨੌਜਵਾਨ ਨੂੰ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦੇਣ ਦੀ ਖਬਰ ਸਾਹਮਣੇ ਆਈ ਹੈ। ਮ੍ਰਿਤਕ ਨੌਜਵਾਨ ਦੀ ਪਛਾਣ ਸੁਖਪ੍ਰੀਤ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਪਿੰਡ ਹਰੀਕੇ ਵਜੋਂ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਨੌਜਵਾਨ ਪਿਛਲੇ ਛੇ ਕੁ ਮਹੀਨਿਆਂ ਤੋਂ ਪਿੰਡ ਗਲਾਲੀਪੁਰ 'ਚ ਆਪਣੀ ਭੂਆ ਅਮਰਜੀਤ ਕੌਰ ਪਤਨੀ ਪ੍ਰਗਟ ਸਿੰਘ ਕੋਲ ਰਹਿ ਰਿਹਾ ਸੀ। ਇਸ ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਨੌਜਵਾਨ ਦੇ ਪਿਤਾ ਗੁਰਚਰਨ ਸਿੰਘ ਨੇ ਦੱਸਿਆ ਕਿ ਉਸ ਦੇ ਪੁੱਤਰ ਸੁਖਪ੍ਰੀਤ ਸਿੰਘ ਨੂੰ ਅਣਪਛਾਤੇ ਵਿਅਕਤੀਆਂ ਨੇ ਗਲਾਲੀਪੁਰ ਦੇ ਖੇਤਾਂ ਵਿੱਚ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ। ਇਸ ਮੌਕੇ ਗੁਰਚਰਨ ਸਿੰਘ ਨੇ ਦੱਸਿਆ ਕਿ ਕੁਝ ਕੁ ਵਿਅਕਤੀਆਂ ਨਾਲ ਉਨ੍ਹਾਂ ਦੀ ਪੁਰਾਣੀ ਰੰਜਿਸ਼ ਚੱਲ ਰਹੀ ਹੈ ਅਤੇ ਉਨ੍ਹਾਂ ਨੂੰ ਸ਼ੱਕ ਹੈ ਕਿ ਸੁਖਪ੍ਰੀਤ ਸਿੰਘ ਦਾ ਕਤਲ ਉਨ੍ਹਾਂ ਵਿਅਕਤੀਆਂ ਨੇ ਹੀ ਕੀਤਾ ਹੈ। ਇਸ ਮੌਕੇ ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੇ ਨੌਜਵਾਨ ਪੁੱਤਰ ਦਾ ਕਤਲ ਕਰਨ ਵਾਲਿਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕੀਤਾ ਜਾਵੇ। ਉਧਰ ਮੌਕੇ 'ਤੇ ਪਹੁੰਚੇ ਚੌਕੀ ਮਾਣੋਚਾਹਲ ਦੇ ਇੰਚਾਰਜ ਸਬ ਇੰਸਪੈਕਟਰ ਨਰੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਮ੍ਰਿਤਕ ਸੁਖਪ੍ਰੀਤ ਸਿੰਘ ਦੀ ਲਾਸ਼ ਨੂੰ ਪਿੰਡ ਦੇ ਖੇਤਾਂ ਵਿੱਚੋਂ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਤਰਨ ਤਾਰਨ ਵਿਖੇ ਭੇਜ ਦਿੱਤਾ ਗਿਆ ਹੈ ਅਤੇ ਮ੍ਰਿਤਕ ਨੌਜਵਾਨ ਦੇ ਪਰਿਵਾਰਕ ਮੈਂਬਰਾਂ ਦੇ ਬਿਆਨ ਕਲਮਬੰਦ ਕੀਤੇ ਜਾ ਰਹੇ ਹਨ। ਇਸ ਮੌਕੇ ਸਬ ਇੰਸਪੈਕਟਰ ਨਰੇਸ਼ ਕੁਮਾਰ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਸੁਖਪ੍ਰੀਤ ਸਿੰਘ 'ਤੇ ਠਾਣਾ ਹਰੀਕੇ 'ਚ ਧਾਰਾ 302 ਤਹਿਤ ਮੁਕੱਦਮਾ ਦਰਜ ਹੈ ਅਤੇ ਉਹ ਪਿਛਲੇ ਛੇ ਮਹੀਨਿਆਂ ਤੋਂ ਪੁਲਸ ਨੂੰ ਲੋੜੀਂਦਾ ਸੀ।

## ਵੀ ਐੱਲ ਸੀ ਸੀ ਵੱਲੋਂ ਦੋਹਰੇ ਲਾਭ ਵਾਲੇ ਫੇਸ਼ਵਾਸ ਸੀਰਮ ਦੀ ਰੇਂਜ ਲਾਂਚ

**ਚੰਡੀਗੜ੍ਹ/ ਲੁਧਿਆਣਾ** : ਵੀਐੱਲਸੀਸੀ, ਸੁੰਦਰਤਾ ਅਤੇ ਤੰਦਰੁਸਤੀ ਉਦਯੋਗ ਵਿੱਚ ਮੋਹਰੀ ਅਤੇ ਭਾਰਤ ਦੇ ਚਿਹਰੇ ਦੇ ਮਾਹਰ ਨੇ ਸੈਲੀਸਿਲਿਕ ਐਸਿਡ ਸੀਰਮ, ਵਿਟਾਮਿਨ ਸੀ ਸੀਰਮ ਅਤੇ ਹਾਈਲੂਰੋਨਿਕ ਐਸਿਡ ਸੀਰਮ ਨਾਲ ਸੰਚਾਲਿਤ 8 ਵਿਲੱਖਣ ਰੂਪਾਂ ਦੇ ਨਾਲ ਭਾਰਤ ਦੀ ਪਹਿਲੀ ਸੀਰਮ ਫੇਸਵਾਸ ਰੇਂਜ ਪੇਸ਼ ਕੀਤੀ ਹੈ। ਫੇਸ਼ਵਾਸ ਦੇ ਅੰਦਰ ਇਨਫਿਊਜ਼ ਕੀਤੇ ਗਏ ਇਨ੍ਹਾਂ ਸੀਰਮ ਦੀ ਸ਼ਕਤੀ ਨਾਲ ਇਹ ਲਾਭਾਂ ਨਾਲ ਸਮਝੌਤਾ ਕੀਤੇ ਬਿਨਾਂ ਅਤੇ ਸਮੇਂ, ਪੈਸੇ ਅਤੇ ਮਿਹਨਤ ਦੀ ਬੱਚਤ ਕੀਤੇ ਬਿਨਾਂ ਇੱਕ ਵੱਖਰੇ ਸੀਰਮ ਐਪਲੀਕੇਸ਼ਨ ਦੀ ਜ਼ਰੂਰਤ ਨੂੰ ਬਦਲ ਦਿੰਦਾ ਹੈ। ਵੀਐੱਲਸੀਸੀ ਗਰੁੱਪ ਦੇ ਸੀਈਓ ਵਿਕਾਸ ਗੁਪਤਾ ਨਵੀਂ ਰੇਂਜ ਦੀ ਸ਼ੁਰੂਆਤ ਤੇ ਬੋਲਦੇ ਹੋਏ ਕਿਹਾ ਕਿ ਨਵੀਨਤਾ ਪ੍ਰਤੀ ਸਾਡੀ ਵਚਨਬੱਧਤਾ ਸਾਡੇ ਦੁਆਰਾ ਹਾਲ ਹੀ ਵਿੱਚ ਲਾਂਚ ਕੀਤੀ ਗਈ ਸ਼ਾਨਦਾਰ ਰੇਂਜ ਵਿੱਚ ਸਪੱਸ਼ਟ ਹੈ ਜਿਸਦਾ ਉਦੇਸ਼ ਸਕਿਨਕੇਅਰ ਰੁਟੀਨ ਨੂੰ ਸਰਲ ਬਣਾਉਣਾ ਅਤੇ ਵਿਅਕਤੀਆਂ ਦੁਆਰਾ ਸਕਿਨਕੇਅਰ ਨੂੰ ਸਮਝਣ ਅਤੇ ਅਭਿਆਸ ਕਰਨ ਦੇ ਤਰੀਕੇ ਨੂੰ ਮੁੜ ਪਰਿਭਾਸ਼ਿਤ ਕਰਨਾ ਹੈ।

## ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਠੱਗੀ ਮਾਰਨ ਵਾਲੇ ਏਜੰਟ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਦੀਨਾਨਗਰ ਪੁਲਿਸ ਨੇ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਠੱਗੀ ਮਾਰਨ ਵਾਲੇ ਇਕ ਏਜੰਟ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਦੀਨਾਨਗਰ ਪੁਲਿਸ ਨੇ ਇਹ ਮਾਮਲਾ ਮੁਕੱਦਮਾ ਬਾਅਦ ਇੰਨਕੁਆਰੀ ਉਪ ਪੁਲਿਸ ਕਪਤਾਨ ਪੀ.ਬੀ.ਆਈ. ਹੋਮੋਸਾਈਡ ਫੋਰੈਂਸਿਕ ਗੁਰਦਾਸਪੁਰ ਦਰਜ ਰਜਿਸਟਰ ਕੀਤਾ ਗਿਆ ਹੈ। ਜਾਂਚ ਦੌਰਾਨ ਪਾਇਆ ਕਿ ਦੋਸ਼ੀ ਨੀਰਜ ਕੁਮਾਰ ਪੁੱਤਰ ਖੁਰਸ਼ੀਦ ਮਸੀਹ ਧਾਰੀਵਾਲ ਨੇ ਪੀੜਤ ਸ਼ੁਦੇਸ ਕੁਮਾਰ ਪੁੱਤਰ ਬ੍ਰਿਜ ਲਾਲ ਵਾਸੀ ਆਰੀਆ ਨਗਰ ਦੀਨਨਾਗਰ ਦੇ ਲੜਕੇ ਸੰਦੀਪ ਕੁਮਾਰ ਨੂੰ ਵਿਦੇਸ਼ ਅਮਰੀਕਾ ਭੇਜਣ ਦਾ ਝਾਂਸਾ ਦੇ ਕੇ ਪੀੜਤ ਨਾਲ 6 ਲੱਖ ਰੁਪਏ ਦੀ ਠੱਗੀ ਮਾਰ ਕੇ ਧੋਖਾਧੜੀ ਕੀਤੀ ਹੈ। ਥਾਣਾ ਦੀਨਾਨਗਰ ਪੁਲਿਸ ਨੇ ਉਕਤ ਏਜੰਟ ਖ਼ਿਲਾਫ਼ 420, 13 ਪੰਜਾਬ ਟਰੈਵਲ ਪ੍ਰੋਫੈਸ਼ਨਲ 2014 ਐਕਟ ਤਹਿਮ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਸ਼ਕਤੀ ਪੰਪ ਨੇ ਅਯੁੱਧਿਆ 'ਚ ਓਪਨ ਵੇਲ ਪੰਪ ਲਗਾਏ

**ਚੰਡੀਗੜ੍ਹ** : ਪੰਪਿੰਗ ਉਦਯੋਗ ਦੇ ਮੋਹਰੀ ਬ੍ਰਾਂਡ ਸ਼ਕਤੀ ਪੰਪ ਨੂੰ ਦੇਸ਼ ਅਤੇ ਦੁਨੀਆ 'ਚ ਪਵਿੱਤਰ ਸ਼ਹਿਰ ਅਯੁੱਧਿਆ 'ਚ ਓਪਨ ਵੇਲ ਪੰਪ ਲਗਾਉਣ ਦਾ ਮੌਕਾ ਮਿਲਿਆ ਹੈ। ਰਾਮ ਕੀ ਪੈੜੀ ਦੇ ਪਵਿੱਤਰ ਸਥਾਨ ਤੇ ਸਥਾਪਤ 10 ਓਪਨ ਵੇਲ ਪੰਪ, ਟਿਕਾਊ ਅਤੇ ਉੱਚ ਪ੍ਰਦਰਸ਼ਨ ਅਯੁੱਧਿਆ ਦੀਆਂ ਪਾਣੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਲਈ ਤਿਆਰ ਹਨ। ਆਪਣੀ ਮਜ਼ਬੂਤੀ ਅਤੇ ਕੁਸ਼ਲਤਾ ਲਈ ਜਾਣੇ ਜਾਂਦੇ, ਸ਼ਕਤੀ ਪੰਪ ਦੇ ਓਪਨ ਵੇਲ ਵਾਲੇ ਯੂਨਿਟ ਵੱਖ-ਵੱਖ ਸਥਿਤੀਆਂ ਵਿੱਚ ਭਰੋਸੇਯੋਗ ਹੱਲ ਪ੍ਰਦਾਨ ਕਰਨ ਲਈ ਕੰਪਨੀ ਦੀ ਵਚਨਬੱਧਤਾ ਦਾ ਪ੍ਰਮਾਣ ਹਨ। ਅਯੁੱਧਿਆ ਵਿੱਚ ਇਨ੍ਹਾਂ ਪੰਪਾਂ ਦੀ ਚੋਣ ਮਹੱਤਵਪੂਰਨ ਸੱਭਿਆਚਾਰਕ ਅਤੇ ਧਾਰਮਿਕ ਕੇਂਦਰਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਸਹਾਇਤਾ ਕਰਨ ਲਈ ਕੰਪਨੀ ਦੇ ਸਮਰਪਣ ਦੇ ਅਨੁਸਾਰ ਹੈ। ਸ਼ਕਤੀ ਪੰਪ ਇੰਡੀਆ ਲਿਮਟਿਡ ਦੇ ਚੇਅਰਮੈਨ ਦਿਨੇਸ਼ ਪਾਟੀਦਾਰ ਨੇ ਆਪਣਾ ਉਤਸ਼ਾਹ ਜ਼ਾਹਰ ਕਰਦੇ ਹੋਏ ਕਿਹਾ ਕਿ ਸ਼ਕਤੀ ਪੰਪਾਂ ਦੀ ਸਥਾਪਨਾ ਅਯੁੱਧਿਆ ਦੀਆਂ ਪਾਣੀ ਦੀਆਂ ਲੋੜਾਂ ਦੇ ਭਰੋਸੇਮੰਦ ਅਤੇ ਕੁਸ਼ਲ ਹੱਲ ਪ੍ਰਦਾਨ ਕਰਨ ਦੀ ਸਾਡੀ ਵਚਨਬੱਧਤਾ ਦਾ ਪ੍ਰਤੀਕ ਹੈ।

## ਸਟਾਰ ਹੈਲਥ ਐਂਡ ਅਲਾਈਡ ਇੰਸ਼ੋਰੈਂਸ ਵੱਲੋਂ 8 ਕਰੋੜ ਰੁਪਏ ਦੇ ਦਾਅਵਿਆਂ ਦਾ ਨਿਪਟਾਰਾ

**ਪਟਿਆਲਾ** : ਸਟਾਰ ਹੈਲਥ ਐਂਡ ਅਲਾਈਡ ਇੰਸ਼ੋਰੈਂਸ, ਭਾਰਤ ਦੀ ਮੋਹਰੀ ਸਟੈਂਡਅਲੋਨ ਹੈਲਥ ਇੰਸੋਰੈਂਸ ਕੰਪਨੀ ਨੇ ਐਲਾਨ ਕੀਤਾ ਹੈ ਕਿ ਉਸਨੇ ਪਿਛਲੇ 8 ਮਹੀਨਿਆਂ ਯਾਨੀ ਅਪ੍ਰੈਲ 2023 ਤੋਂ ਨਵੰਬਰ 2023 ਦਰਮਿਆਨ ਪਟਿਆਲਾ ਵਿੱਚ 8 ਕਰੋੜ ਰੁਪਏ ਦੇ ਦਾਅਵਿਆਂ ਦਾ ਨਿਪਟਾਰਾ ਕੀਤਾ ਹੈ। ਕੰਪਨੀ ਨੇ ਨੈੱਟਵਰਕ ਹਸਪਤਾਲਾਂ ਲਈ ਦਾਅਵੇ ਦੇ ਨਿਪਟਾਰੇ ਵਜੋਂ 7 ਕਰੋੜ ਰੁਪਏ ਅਤੇ ਗੈਰ-ਨੈੱਟਵਰਕ ਹਸਪਤਾਲਾਂ ਲਈ ਦਾਅਵੇ ਦੇ ਨਿਪਟਾਰੇ ਵਜੋਂ 1 ਕਰੋੜ ਰੁਪਏ ਦਾ ਭੁਗਤਾਨ ਕੀਤਾ। ਕਲੇਮ ਸੈਟਲਮੈਂਟ ਤੇ ਟਿੱਪਣੀ ਕਰਦੇ ਹੋਏ ਸਟਾਰ ਹੈਲਥ ਐਂਡ ਅਲਾਈਡ ਇੰਸ਼ੋਰੈਂਸ ਕੰਪਨੀ ਲਿਮਟਿਡ ਦੇ ਚੀਫ ਕਲੇਮ ਅਫਸਰ ਸਨਥ ਕੁਮਾਰ ਕੇ ਨੇ ਕਿਹਾ ਕਿ ਸਾਨੂੰ ਇਹ ਐਲਾਨ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਪਟਿਆਲਾ ਸ਼ਹਿਰ ਵਿੱਚ ਸਟਾਰ ਹੈਲਥ ਨੇ ਕਲੇਮ ਸੈਟਲਮੈਂਟ ਅਤੇ ਕੈਸ਼ਲੈੱਸ ਇਲਾਜ ਨੂੰ ਮਨਜ਼ੂਰੀ ਦੇ ਦਿੱਤੀ ਹੈ। ਪਿਛਲੇ 8 ਮਹੀਨਿਆਂ ਦੌਰਾਨ ਪਟਿਆਲਾ ਵਿੱਚ ਮਰਦਾਂ ਅਤੇ ਔਰਤਾਂ ਦੋਵਾਂ ਦੁਆਰਾ ਜਮ੍ਹਾ ਕੀਤੇ ਗਏ ਦਾਅਵਿਆਂ ਦੀ ਇੱਕ ਮਜ਼ਬੂਤ ਅਤੇ ਲਗਭਗ ਬਰਾਬਰ ਮਾਤਰਾ।

# ਜੀ ਐੱਨ ਡੀ ਯੂ ਦੇ ਗੋਲਡਨ ਜੁਬਲੀ ਸੈਂਟਰ ਵੱਲੋਂ ਸਟਾਰਟ-ਅੱਪ ਜਾਗਰੂਕਤਾ ਪ੍ਰੋਗਰਾਮ ਆਯੋਜਿਤ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਗੋਲਡਨ ਜੁਬਲੀ ਸੈਂਟਰ ਫਾਰ ਇੰਟਰਪਰਿਨਿਓਰਸ਼ਿਪ ਐਂਡ ਇਨੋਵੇਸ਼ਨ ਵੱਲੋਂ ਸਟਾਰਟ-ਅੱਪ ਜਾਗਰੂਕਤਾ ਪ੍ਰੋਗਰਾਮ ਦੀ ਮੇਜ਼ਬਾਨੀ ਕੀਤੀ ਗਈ ਜਿਸ ਦਾ ਮੁੱਖ ਉਦੇਸ਼ ਉੱਦਮਤਾ ਨੂੰ ਉਤਸ਼ਾਹਤ ਕਰਨਾ ਸੀ। ਇਸ ਪ੍ਰੋਗਰਾਮ ਵਿਚ ਉਦਯੋਗ ਦੇ ਮਾਹਰਾਂ ਅਤੇ ਵਿਸ਼ੇਸ਼ ਬੁਲਾਰਿਆਂ ਨੇ ਸ਼ਮੂਲੀਅਤ ਕੀਤੀ। ਇਸ ਸਮਾਗਮ ਦਾ ਉਦੇਸ਼ ਉਦਯੋਗ ਖੇਤਰ ਵਿੱਚ ਨਵੀਨਤਾ ਅਤੇ ਉੱਦਮਤਾ ਨੂੰ ਵਧਾਉਣਾ ਹੈ। ਇਸ ਸਟਾਰਟਅੱਪ ਪ੍ਰੋਗਰਾਮ ਵਿਚ 19 ਰਜਿਸਟਰਡ ਸਟਾਰਟਅੱਪ ਅਤੇ ਹੋਰ ਉੱਦਮੀਆਂ ਸਮੇਤ ਲਗਭਗ 40 ਵਿਅਕਤੀਆਂ ਨੇ ਭਾਗ ਲਿਆ। ਇਸ ਵਿਚ ਇਨੋਵੇਸ਼ਨ ਮਿਸ਼ਨ ਪੰਜਾਬ ਤੋਂ ਆਦਿਰਾਜ ਅਤੇ ਆਸ਼ੂਤੋਸ਼, ਸਟਾਰਟ-ਅੱਪ ਪੰਜਾਬ ਦੇ ਸਲਿਲ ਕਪਲਸ਼ ਅਤੇ ਸ਼ਿਆਮ ਸੁੰਦਰ, ਸਟਾਰਟਅਪ ਈਕੋਸਿਸਟਮ ਤੋਂ ਅਨਮੋਲ ਨੇ ਆਪਣੇ ਵਿਚਾਰ ਅਤੇ ਅਨੁਭਵ ਸਾਂਝੇ ਕੀਤੇ। ਉਨ੍ਹਾਂ ਨੇ ਭਾਗ ਲੈਣ ਵਾਲਿਆਂ ਨੂੰ ਸੂਬੇ ਵਿੱਚ ਸਟਾਰਟਅੱਪਸ ਅਤੇ ਉੱਦਮੀ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਕੀਤੀਆਂ ਗਈਆਂ ਵੱਖ-ਵੱਖ ਪਹਿਲਕਦਮੀਆਂ ਬਾਰੇ ਜਾਣੂ ਕਰਵਾਇਆ, ਜਿਸ ਨਾਲ ਵੱਖ ਵੱਖ ਖੇਤਰਾਂ ਵਿੱਚ ਚੁਣੌਤੀਆਂ ਅਤੇ ਮੌਕਿਆਂ ਦੀ ਵਿਆਪਕ ਸਮਝ ਪ੍ਰਦਾਨ ਨੂੰ ਵਿਚਾਰਿਆ ਗਿਆ। ਵਾਈਸ ਚਾਂਸਲਰ ਪ੍ਰੋ. (ਡਾ.) ਜਸਪਾਲ ਸਿੰਘ ਸੰਧੂ ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਉਨ੍ਹਾਂ ਨੇ ਭਾਗ ਲੈਣ ਵਾਲਿਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਰਜਿਸਟਰਾਰ ਪ੍ਰੋ. (ਡਾ.) ਕਰਨਜੀਤ ਸਿੰਘ ਕਾਹਲੋਂ ਨੇ ਇਸ ਸਟਾਰਟਅਪ ਪ੍ਰੋਗਰਾਮ ਕਰਾਉਣ 'ਤੇ ਵਿਭਾਗ ਦੀ ਸ਼ਲਾਘਾ ਕੀਤੀ।

ਪ੍ਰੋ. ਸੰਧੂ ਨੇ ਨਵੀਨ ਉੱਦਮੀ ਖੇਤਰਾਂ ਦੇ ਵਿਕਾਸ ਵਿਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਸਮਾਜਿਕ ਲੋੜਾਂ ਅਤੇ ਦੇਸ਼ ਦੀ ਭਲਾਈ ਲਈ ਆਪਣੀਆਂ ਸੰਭਾਵਨਾਵਾਂ ਨੂੰ ਪਛਾਨਣ ਦੀ ਅਪੀਲ ਕੀਤੀ। ਇਸ ਤੋਂ ਪਹਿਲਾਂ ਪ੍ਰੋ. (ਡਾ.) ਪ੍ਰਤਾਪ ਕੁਮਾਰ ਪਾਤੀ, ਕੋਆਰਡੀਨੇਟਰ ਨੇ ਸਾਰਿਆਂ ਨੂੰ ਜੀ ਆਇਆਂ ਆਖਦਿਆਂ ਕੇਂਦਰ ਦੀਆਂ ਗਤੀਵਿਧੀਆਂ ਤੋਂ ਜਾਣੂ ਕਰਵਾਇਆ। ਪ੍ਰੋ. ਪਾਤੀ ਨੇ ਕਿਹਾ ਕਿ ਸਟਾਰਟ-ਅੱਪ ਜਾਗਰੂਕਤਾ ਪ੍ਰੋਗਰਾਮ ਨੇ ਇਕ ਅਜਿਹੇ ਪਲੇਟਫਾਰਮ ਵਜੋਂ ਕੰਮ ਕੀਤਾ ਹੈ ਜਿੱਥੇ ਚਾਹਵਾਨ ਉੱਦਮੀਆਂ, ਉਦਯੋਗ ਦੇ ਨੁਮਾਇੰਦਿਆਂ ਅਤੇ ਅਕਾਦਮਿਕ ਮਾਹਿਰਾਂ ਦੇ ਵਿਚਾਰਾਂ ਅਤੇ ਸੂਝ ਦਾ ਆਦਾਨ-ਪ੍ਰਦਾਨ ਹੋਇਆ ਹੈ। ਇਸ ਵਿਚ ਨਵੀਨਤਾ, ਰਚਨਾਤਮਕਤਾ ਅਤੇ ਉੱਦਮਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਤੋਂ ਇਕ ਅਤੇ ਵੱਡੇ ਤੋਂ ਛੋਟੇ ਵਿਚਾਰਾਂ ਨੂੰ ਵਿਚਾਰਿਆ ਗਿਆ। ਉਨ੍ਹਾਂ ਕਿਹਾ ਕਿ ਕੋਸ਼ਿਸ਼ ਕੀਤੀ ਜਾਵੇਗੀ ਕਿ ਕੇਂਦਰ ਵੱਲੋਂ ਅਜਿਹੇ ਪ੍ਰੋਗਰਾਮ ਵੱਧ ਤੋਂ ਵੱਧ ਕਰਵਾਏ ਜਾਣ। ਇਸ ਮੌਕੇ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰ, ਡਾ. ਕੁਲਦੀਪ ਸਿੰਘ, ਡਾ. ਰਾਜਦੀਪ ਸਿੰਘ ਸੋਹਲ, ਡਾ: ਸਵਾਤੀ ਮਹਿਤਾ ਅਤੇ ਡਾ. ਅਮਨਦੀਪ ਸਿੰਘ ਹਾਜ਼ਰ ਸਨ।

# ਸੁਨੀਲ ਜਾਖੜ ਨੇ ਸਰਪੰਚ ਸੋਨੂੰ ਚੀਮਾ ਦੇ ਪਰਿਵਾਰ ਨਾਲ ਦੁੱਖ ਵੰਡਾਇਆ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਭਾਰਤੀ ਜਨਤਾ ਪਾਰਟੀ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਸ਼ੁੱਕਰਵਾਰ ਨੂੰ ਅੱਡਾ ਝਬਾਲ ਵਿਖੇ ਪਿਛਲੇ ਦਿਨੀ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀਆਂ ਮਾਰ ਕੇ ਕਤਲ ਕੀਤੇ ਗਏ ਸਰਪੰਚ ਸੋਨੂ ਚੀਮਾ ਦੇ ਗ੍ਰਹਿ ਵਿਖੇ ਪਰਿਵਾਰ ਨਾਲ ਦੁੱਖ ਪ੍ਰਗਟ ਕਰਨ ਲਈ ਪਹੁੰਚੇ।ਇਸ ਸਮੇਂ ਉਨ੍ਹਾਂ ਨੇ ਸਰਪੰਚ ਸੋਨੂੰ ਚੀਮਾ ਦੇ ਛੋਟੇ ਭਰਾ ਸਰਪੰਚ ਮੋਨੂੰ ਚੀਮਾ ਅਤੇ ਪਰਿਵਾਰਿਕ ਮੈਂਬਰਾਂ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਪੰਜਾਬ ਵਿੱਚ ਕੋਈ ਵੀ ਸੁਰੱਖਿਤ ਨਹੀਂ ਹੈ, ਜੇਲਾਂ ਵਿੱਚ ਬੈਠ ਕੇ ਕੁਝ ਗਲਤ ਕਿਸਮ ਦੇ ਲੋਕ ਰਾਜ ਚਲਾ ਰਹੇ ਹਨ।ਪੰਜਾਬ ਵਿੱਚ ਹਾਹਾਕਾਰ ਮੱਚੀ ਪਈ ਆ, ਲੋਕਾਂ ਨੂੰ ਨਿੱਤ ਫਿਰੌਤੀਆਂ ਦੇ ਫੋਨ ਆ ਰਹੇ ਹਨ ਕਤਲ ਅਤੇ ਡਕੈਤੀਆਂ ਰੋਜ਼ਾਨਾ ਹੋ ਰਹੀਆਂ ਹਨ ਤੇ ਪੰਜਾਬ ਸਰਕਾਰ ਹੱਥ ਤੇ ਹੱਥ ਧਰ ਕੇ ਬੈਠੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਖੁਦ ਹੀ ਜਾਗਰੂਕ ਹੋ ਕੇ ਇਸ ਸਰਕਾਰ ਦੇ ਵਿਰੁੱਧ ਆਵਾਜ਼ ਬੁਲੰਦ ਕਰਨੀ ਪਏਗੀ।ਇਸ ਸਮੇਂ ਉਨ੍ਹਾਂ ਦੇ ਨਾਲ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਮੀਆਂਵਿੰਡ,ਅਨੂਪ ਸਿੰਘ ਭੁੱਲਰ ਹਲਕਾ ਖੇਮਕਰਨ, ਹਰਪ੍ਰੀਤ ਸਿੰਘ ਹੈਪੀ ਸਿੰਧਬਾਜ ਤਰਨਤਾਰਨ, ਸਰਪੰਚ ਸਰਵਨ ਸਿੰਘ ਸੋਹਲ, ਕਾਮਰੇਡ ਦਵਿੰਦਰ ਸੋਹਲ, ਵਿੱਕੀ ਝਬਾਲ ਖ਼ੁਰਦ, ਕਾਮਰੇਡ ਅਸ਼ੋਕ ਸੋਹਲ, ਯਾਦਵਿੰਦਰ ਸਿੰਘ ਯਾਦੋ ਗੰਡੀਵਿੰਡ ਅਤੇ ਇਲਾਕੇ ਦੀਆ ਬਹੁਤ ਸਾਰੀਆਂ ਪਰਮੁੱਖ ਹਸਤੀਆਂ ਹਾਜ਼ਰ ਸਨ।

# ਗੁਰਪ੍ਰੀਤ ਸਿੰਘ ਬਣਾਂਵਾਲੀ ਵੱਲੋਂ ਸਹਿਕਾਰੀ ਖੰਡ ਮਿੱਲ ਪਨਿਆੜ ਦਾ ਦੌਰਾ

## ਸਹਿਕਾਰਤਾ ਵਿਭਾਗ ਨਾਲ ਸਬੰਧਤ ਅਦਾਰਿਆਂ ਦੀ ਪ੍ਰਗਤੀ ਦਾ ਕੀਤਾ ਰੀਵਿਊ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਪੰਜਾਬ ਵਿਧਾਨ ਸਭਾ ਦੀ ਸਹਿਕਾਰਤਾ ਸੰਬਧੀ ਵਿਸ਼ੇਸ਼ ਕਮੇਟੀ ਦੇ ਚੇਅਰਮੈਨ ਵਿਧਾਇਕ ਸ. ਗੁਰਪ੍ਰੀਤ ਸਿੰਘ ਬਣਾਂਵਾਲੀ ਵੱਲੋਂ ਅੱਜ ਸਹਿਕਾਰੀ ਖੰਡ ਮਿੱਲ, ਪਨਿਆੜ (ਗੁਰਦਾਸਪੁਰ) ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੇ ਸਹਿਕਾਰੀ ਖੰਡ ਮਿੱਲ ਦੇ ਚੱਲ ਰਹੇ ਅੱਪ-ਗਰੇਡੇਸ਼ਨ ਪ੍ਰੋਜੈਕਟ ਦਾ ਜਾਇਜ਼ਾ ਲਿਆ ਅਤੇ ਨਾਲ ਹੀ ਉਨ੍ਹਾਂ ਨੇ ਸਹਿਕਾਰਤਾ ਵਿਭਾਗ ਦੇ ਵੱਖ-ਵੱਖ ਅਦਾਰਿਆਂ ਦੀ ਕਾਰਗੁਜ਼ਾਰੀ ਦਾ ਰੀਵਿਊ ਵੀ ਕੀਤਾ।ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਉੱਘੇ ਜਨਤਕ ਆਗੂ ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸ਼ਮਸ਼ੇਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ, ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਦਾਸਪੁਰ ਜਸਪ੍ਰੀਤ ਸਿੰਘ ਅਤੇ ਸਰਬਜੀਤ ਸਿੰਘ ਜਨਰਲ ਮੈਨੇਜਰ ਸਹਿਕਾਰੀ ਖੰਡ ਮਿੱਲ ਪਨਿਆੜ ਤੋਂ ਇਲਾਵਾ ਸਹਿਕਾਰਤਾ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।ਸਹਿਕਾਰੀ ਖੰਡ ਮਿੱਲ, ਪਨਿਆੜ ਦੇ ਕਾਨਫ਼ਰੰਸ ਹਾਲ ਵਿੱਚ ਸਹਿਕਾਰਤਾ ਸੰਬਧੀ ਵਿਸ਼ੇਸ਼ ਕਮੇਟੀ ਦੇ ਚੇਅਰਮੈਨ ਵਿਧਾਇਕ ਸ. ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਸਹਿਕਾਰਤਾ ਵਿਭਾਗ ਦੇ ਵੱਖ-ਵੱਖ ਅਦਾਰਿਆਂ ਸਹਿਕਾਰੀ ਖੰਡ ਮਿੱਲ, ਸਹਿਕਾਰੀ ਬੈਂਕ, ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ, ਮਾਰਕਫੈੱਡ, ਮਿਲਕਫੈੱਡ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨਾਲ ਸਹਿਕਾਰੀ ਅਦਾਰਿਆਂ ਦੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣ ਬਾਰੇ ਵੀ ਵਿਸਥਾਰ ਵਿੱਚ ਵਿਚਾਰ ਚਰਚਾ ਕੀਤੀ। ਇਸ ਉਪਰੰਤ ਉਨ੍ਹਾਂ ਨੇ ਸਹਿਕਾਰੀ ਖੰਡ ਮਿੱਲ ਦੀ ਅਪਗਰੇਡੇਸ਼ਨ ਸਬੰਧੀ ਚੱਲ ਰਹੇ ਪ੍ਰੋਜੈਕਟ ਦਾ ਨਿਰੀਖਣ ਵੀ ਕੀਤਾ।ਬਣਾਂਵਾਲੀ ਨੇ ਕਿਹਾ ਕਿ ਸਹਿਕਾਰਤਾ ਵਿਭਾਗ ਸੂਬੇ ਦੀ ਕਿਸਾਨੀ ਦੀ ਰੀੜ੍ਹ ਦੀ ਹੱਡੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਹਿਕਾਰਤਾ ਲਹਿਰ ਨੂੰ ਮਜ਼ਬੂਤ ਕਰਨ ਲਈ ਯਤਨ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ ਪੰਜਾਬ ਵਿਧਾਨ ਸਭਾ ਵੱਲੋਂ ਉਨ੍ਹਾਂ ਦੀ ਚੇਅਰਮੈਨਸ਼ਿਪ ਵਿੱਚ ਸਹਿਕਾਰਤਾ ਸੰਬਧੀ ਇਕ ਵਿਸ਼ੇਸ਼ ਕਮੇਟੀ ਗਠਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਪਨਿਆੜ ਅਤੇ ਬਟਾਲਾ ਸਹਿਕਾਰੀ ਖੰਡ ਮਿੱਲਾਂ ਨੂੰ ਅਪਗਰੇਡ ਕੀਤਾ ਜਾ ਰਿਹਾ ਹੈ ਅਤੇ ਨਾਲ ਹੀ ਏਥੇ ਪਾਵਰ ਜਨਰੇਸ਼ਨ ਅਤੇ ਈਥਾਨੋਲ ਦੇ ਪ੍ਰੋਜੈਕਟ ਵੀ ਲਗਾਏ ਜਾ ਰਹੇ ਹਨ, ਜਿਸ ਸਦਕਾ ਇਹ ਦੋਵੇਂ ਖੰਡ ਮਿੱਲਾਂ ਮੁਨਾਫ਼ੇ ਵਿੱਚ ਹੋ ਜਾਣਗੀਆਂ। ਉਨ੍ਹਾਂ ਕਿਹਾ ਕਿ ਕਮੇਟੀ ਵੱਲੋਂ ਰਿਪੋਰਟ ਵਿੱਚ ਆਪਣੀਆਂ ਸਾਰੀਆਂ ਸਿਫ਼ਾਰਸ਼ਾਂ ਨੂੰ ਦਰਜ ਕਰਕੇ ਮਾਣਯੋਗ ਵਿਧਾਨ ਸਭਾ ਦੇ ਸਨਮੁੱਖ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਸਹਿਕਾਰਤਾ ਲਹਿਰ ਨਾਲ ਜੁੜੇ ਕਿਸਾਨਾਂ ਅਤੇ ਸੂਬਾ ਵਾਸੀਆਂ ਨੂੰ ਵੀ ਸੱਦਾ ਦਿੱਤਾ ਹੈ ਕਿ ਜੇਕਰ ਉਨ੍ਹਾਂ ਕੋਲ ਵੀ ਸਹਿਕਾਰਤਾ ਲਹਿਰ ਨੂੰ ਮਜ਼ਬੂਤ ਕਰਨ ਲਈ ਕੋਈ ਸੁਝਾਅ ਹਨ ਤਾਂ ਉਹ ਕਮੇਟੀ ਨਾਲ ਜ਼ਰੂਰ ਸਾਂਝੇ ਕਰਨ।ਇਸ ਮੌਕੇ ਆਈਪੀਐੱਸ ਭਾਟੀਆ, ਸ਼ੂਗਰ ਮਿੱਲ ਪਨਿਆੜ, ਰੋਹਿਤ ਗਿੱਲ, ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ, ਸੁਰਿੰਦਰ ਸਿੰਘ, ਏਜੀਐੱਮ. ਪੀਏਡੀਬੀ ਬੈਂਕ ਗੁਰਦਾਸਪੁਰ, ਕਵਿਤਾ ਬੇਦੀ, ਜ਼ਿਲ੍ਹਾ ਮੈਨੇਜਰ ਸਹਿਕਾਰੀ ਬੈਂਕ ਗੁਰਦਾਸਪੁਰ, ਮਨਿੰਦਰ ਸਿੰਘ, ਡੀ. ਐੱਮ. ਮਿਲਕਫੈੱਡ ਅਤੇ ਬਲਸੋਤਰਾ ਜਨਰਲ ਮੈਨੇਜਰ ਵੇਰਕਾ ਮਿਲਕ ਪਲਾਂਟ ਗੁਰਦਾਸਪੁਰ ਵੀ ਹਾਜ਼ਰ ਸਨ।

# ਗਣਤੰਤਰ ਦਿਵਸ ਦੀਆਂ ਤਿਆਰੀਆਂ ਸੰਬਧੀ ਰਿਹਰਸਲਾਂ ਜ਼ੋਰਾਂ 'ਤੇ



**ਬਟਾਲਾ, (ਡਾ. ਮਲਵਿੰਦਰ ਸਿੰਘ)**-ਗਣਤੰਤਰ ਦਿਵਸ ਮਨਾਉਣ ਦੀਆਂ ਤਿਆਰੀਆਂ ਪੂਰੇ ਜੋਸ਼ ਤੇ ਉਤਸ਼ਾਹ ਨਾਲ ਕੀਤੀਆਂ ਜਾ ਰਹੀਆਂ ਹਨ। ਡਾ. ਸ਼ਾਇਰੀ ਭੰਡਾਰੀ, ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਤੀਸ਼ ਕੁਮਾਰ, ਨਾਇਬ ਤਹਿਸੀਲਦਾਰ ਵਲੋਂ ਸ਼ਿਵ ਕੁਮਾਰ ਬਟਾਲਵੀ ਸੱਭਿਆਚਾਰਕ ਕੇਂਦਰ ਬਟਾਲਾ ਵਿਖੇ ਚੱਲ ਰਹੀਆਂ ਰਿਹਰਸਲਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਸ਼ਸ਼ੀ ਭੂਸ਼ਨ ਵਰਮਾ ਐੱਮਡੀਐੱਫਸੀ ਵਰਮਾ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਭੰਡਾਰੀ ਗੇਟ ਬਟਾਲਾ, ਨੀਟਾ ਭਾਟੀਆ, ਡਾ. ਸਤਿੰਦਰਜੀਤ ਕੋਰ ਤੇ ਸਕੂਲਾਂ ਦੇ ਨੁਮਾਇੰਦੇ ਮੌਜੂਦ ਸਨ। ਗਣਤੰਤਰ ਦਿਵਸ ਮੌਕੇ ਪੇਸ਼ ਕੀਤੇ ਜਾਣ ਵਾਲੇ ਸੱਭਿਆਚਰਕ ਸਮਾਗਮ ਲਈ ਚੱਲ ਰਹੀਆਂ ਰਿਹਰਸਲਾਂ ਵਿਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵਲੋਂ ਦੇਸ਼ ਭਗਤੀ ਤੇ ਅਧਾਰਿਤ ਸ਼ਾਨਦਾਰ ਕੋਰੀਓਗ੍ਰਾਫੀ, ਸੋਲੋ ਡਾਂਸ ਤੇ ਭੰਗੜਾ ਦੀਆਂ ਪੇਸ਼ਕਾਰੀਆਂ ਦਿੱਤੀਆਂ ਗਈਆਂ। ਇਸ ਮੌਕੇ ਨਾਇਬ ਤਹਿਸੀਲਦਾਰ ਸਤੀਸ਼ ਕੁਮਾਰ ਨੇ ਸਬੰਧਿਤ ਸਕੂਲਾਂ ਦੇ ਇੰਚਾਰਜਾਂ ਨੂੰ ਹੋਰ ਸਖ਼ਤ ਮਿਹਨਤ ਨਾਲ ਬੱਚਿਆਂ ਦੀ ਤਿਆਰੀ ਕਰਵਾਉਣ ਲਈ ਕਿਹਾ। ਉਨਾਂ ਦੱਸਿਆ ਕਿ 22 ਜਨਵਰੀ ਨੂੰ ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸੱਭਿਆਚਾਰਕ ਕੇਂਦਰ ਬਟਾਲਾ ਵਿਖੇ ਸਵੇਰੇ 10.00 ਵਜੇ ਦੁਬਾਰਾ ਰਿਹਰਸਲ ਹੋਵੇਗੀ ਤੇ ਟੀਮਾਂ ਦੀ ਚੋਣ ਕੀਤੀ ਜਾਵੇਗੀ। ਉਨਾਂ ਦੱਸਿਆ ਕਿ 24 ਜਨਵਰੀ ਨੂੰ ਸਮਾਗਮ ਵਾਲੀ ਥਾਂ ਰਾਜੀਵ ਗਾਂਧੀ ਸਟੇਡੀਅਮ, ਪੋਲੀਟੈਕਨਿਕ ਕਾਲਜ ਬਟਾਲਾ ਵਿਖੇ ਫੁੱਲ ਡਰੈੱਸ ਰਿਹਰਸਲ ਸਵੇਰੇ 10 ਵਜੇ ਹੋਵੇਗੀ।

# ਰਾਸ਼ਟਰੀ ਕਿਸ਼ੋਰ ਸਵਾਸਥ ਪ੍ਰੋਗਰਾਮ ਤਹਿਤ ਵਰਕਸ਼ਾਪ ਦਾ ਆਯੋਜਨ



**ਗੁਰਦਾਸਪੁਰ (ਦਿਨੇਸ਼ ਕੁਮਾਰ)**-ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਟ੍ਰੇਨਿੰਗ ਹਾਲ ਗੁਰਦਾਸਪੁਰ ਵਿਖੇ ਰਾਸ਼ਟਰੀ ਕਿਸ਼ੋਰ ਸਵਾਸਥ ਪ੍ਰੋਗ੍ਰਾਮ ਤਹਿਤ ਇਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਹਫਤਾਵਾਰੀ ਆਇਰਨ, ਫੋਲਿਕ ਸਪਲੀਮੈਂਟੇਸ਼ਨ ਅਤੇ ਨੈਸ਼ਨਲ ਡੀਵਰਮਿੰਗ ਦਿਵਸ ਸੰਬੰਧੀ ਵਿਸਤਾਰ ਨਾਲ ਚਰਚਾ ਕੀਤੀ ਗਈ।ਵਰਕਸ਼ਾਪ ਵਿਚ ਸਿਹਤ ਵਿਭਾਗ ਤੋ ਇਲਾਵਾ ਸਿਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਨੁਮਾਉਂਦੇ ਵੀ ਸ਼ਾਮਲ ਹੋਏ।ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਅਰਵਿੰਦ ਮਨਚੰਦਾ ਨੇ ਕਿਹਾ ਕਿ ਅਨੀਮੀਆ ਮਤਲਬ ਖੂਨ ਦੀ ਕਮੀ ਮਾਵਾਂ ਦੀ ਮੌਤ ਦਰ ਦਾ ਮੁਖ ਕਾਰਨ ਹੈ।ਆਇਰਨ ਦੀ ਕਮੀ ਦੇ ਲੱਛਣ ਦੱਸਦੇ ਹੋਏ ਉਨ੍ਹਾਂ ਕਿਹਾ ਕਿ ਖੂਨ ਦੀ ਕਮੀ ਦੇ ਲੱਛਣ ਪਛਾਣੇ ਜਾਣ ਲਈ ਜ਼ਰੂਰੀ ਟੈਸਟ ਕਰਵਾਏ ਜਾਣ।ਆਇਰਨ ਦੀ ਕਮੀ ਹੋਣ ਤੇ ਤੁਰੰਤ ਆਇਰਨ ਸਪਲੀਮੈਂਟੇਸ਼ਨ ਦਿਤਾ ਜਾਵੇ, ਤਾਂ ਜੋ ਖੂਨ ਦੀ ਕਮੀ ਦੂਰ ਹੋਵੇ।ਖੂਨ ਦੀ ਕਮੀ ਦੂਰ ਕਰਨ ਲਈ ਜ਼ਰੂਰੀ ਖੁਰਾਕ ਦਿੱਤੀ ਜਾਵੇ।ਸਕੂਲਾਂ ਵਿਚ ਬੱਚਿਆਂ ਨੂੰ ਆਇਰਨ ਦੀਆਂ ਗੋਲੀਆਂ ਦਿੱਤੀਆਂ ਜਾਣ।ਸਕੂਲ ਹੈਲਥ ਕਲੀਨਿਕ ਦੇ ਡਾ. ਭਾਵਨਾ ਸ਼ਰਮਾ ਨੇ ਕਿਹਾ ਕਿ ਫਰਵਰੀ ਮਹੀਨੇ ਨੈਸ਼ਨਲ ਡੀਵਾਰਮਿੰਗ ਮਨਾਇਆ ਜਾਵੇਗਾ।ਸਮੂਹ ਸਕੂਲੀ ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਮੁਕਤੀ ਲਈ ਦਵਾਈ ਖੁਆਈ ਜਾਵੇਗੀ।ਸਕੂਲੀ ਬੱਚਿਆਂ ਨੂੰ ਸਾਲ ਵਿਚ ਦੋ ਵਾਰ ਪੇਟ ਦੇ ਕੀੜਿਆਂ ਤੋਂ ਮੁਕਤੀ ਲਈ ਦਵਾਈ ਦਿੱਤੀ ਜਾਵੇ। ਡਬਲਓਐੱਚਓ ਦੇ ਸਰਵੀਲੈਂਸ ਅਫਸਰ ਡਾ. ਇਸ਼ੀਤਾ ਨੇ ਕਿਹਾ ਕਿ ਸਮੂਹ ਬੱਚਿਆਂ ਅਤੇ ਗਰਭਵਤੀ ਮਾਵਾਂ ਦਾ 100 ਫੀਸਦੀ ਟੀਕਾਕਰਨ ਕੀਤਾ ਜਾਵੇ।ਇਸ ਮੌਕੇ ਮਾਸ ਮੀਡੀਆ ਅਫਸਰ ਗੁਰਿੰਦਰ ਕੌਰ, ਸੰਦੀਪ ਸਿੰਘ, ਜੋਤੀ ਆਦਿ ਸ਼ਾਮਲ ਸਨ।

# ਏਸ਼ੀਆਈ ਖੇਡਾਂ ਲਈ ਤਿਆਰੀ ਕਰਨ ਵਾਲੇ 58 ਖਿਡਾਰੀਆਂ ਨੂੰ 8-8 ਲੱਖ ਰੁਪਏ ਭੇਟ



**ਬਟਾਲਾ (ਡਾ. ਮਲਵਿੰਦਰ ਸਿੰਘ)**—ਪੰਜਾਬ ਸਰਕਾਰ ਵਲੋਂ ਖੇਡਾਂ ਨੂੰ ਉਤਸ਼ਾਹਤ ਕਰਕੇ ਨੌਜਵਾਨਾਂ ਨੂੰ ਖੇਡਾਂ ਵਿੱਚ ਚੰਗੀ ਕਾਰੁਜ਼ਗਾਰੀ ਦਿਖਾਉਣ ਲਈ ਲਗਾਤਾਰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਸੂਬੇ ਅੰਦਰ ਖੇਡ ਸੱਭਿਆਚਾਰਕ ਨੂੰ ਜ਼ੋਰ-ਸ਼ੋਰ ਨਾਲ ਪ੍ਰਫੁੱਲਤ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਬਟਾਲਾ ਦੇ ਨੌਜਵਾਨ ਵਿਧਾਇਕ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਗੁਰਦਾਸਪੁਰ ਤੋਂ ਰਾਹੁਲ ਵਸ਼ਿਸ਼ਟ, ਜਿਸ ਵਲੋਂ 'ਆਲ ਇੰਡੀਆ 47ਵੀਆਂ ਸੀਨੀਅਰ ਨੈਸ਼ਨਲ ਪਾਵਰ ਲਿਫਟਿੰਗ ਚੈਂਪੀਅਨਸ਼ਿਪ' ਵਿੱਚ ਸੋਨੇ ਦਾ ਤਮਗਾ ਹਾਸਲ ਕੀਤਾ ਸੀ, ਨੂੰ ਸਨਮਾਨਿਤ ਕਰਦਿਆਂ ਕੀਤਾ। ਉਨ੍ਹਾਂ ਰਾਹੁਲ ਵਸ਼ਿਸ਼ਟ ਨੂੰ ਮੁਬਾਰਕਬਾਦ ਦਿੰਦਿਆਂ ਉਨਾਂ ਕਿਹਾ ਕਿ ਉਸਨੇ ਜ਼ਿਲੇ ਅਤੇ ਪੰਜਾਬ ਦਾ ਨਾਮ ਰੋਸ਼ਨ ਕੀਤਾ ਹੈ, ਜਿਸ ਉੱਪਰ ਸਾਰਿਆਂ ਨੂੰ ਮਾਣ ਹੈ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਏਸ਼ੀਆਈ ਖੇਡਾਂ ਲਈ ਤਿਆਰੀ ਕਰਨ ਵਾਲੇ 58 ਖਿਡਾਰੀਆਂ ਨੂੰ 8-8 ਲੱਖ ਰੁਪਏ ਦਿੱਤੇ ਗਏ ਹਨ।

ਹੁਣ ਉਲੰਪਿਕ ਦੀਆਂ ਤਿਆਰੀਆਂ ਲਈ ਖਿਡਾਰੀਆਂ ਨੂੰ 15-15 ਲੱਖ ਰੁਪਏ ਦਿੱਤੇ ਜਾਣਗੇ ਤਾਂ ਜੋ ਖਿਡਾਰੀ ਸਹੀ ਢੰਗ ਨਾਲ ਤਿਆਰੀ ਕਰ ਸਕਣ। ਉਨਾਂ ਕਿਹਾ ਕਿ ਸੂਬੇ ਦੇ ਕੋਚਾਂ ਨੂੰ ਵੀ ਜੋਰ-ਸ਼ੋਰ ਨਾਲ ਖਿਡਾਰੀਆਂ ਨੂੰ ਸਿਖਲਾਈ ਦੇਣ ਦੀ ਅਪੀਲ ਕੀਤੀ ਗਈ ਹੈ। ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਹਲਕਾ ਬਟਾਲਾ ਅੰਦਰ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਦੇ ਮੰਤਵ ਨਾਲ ਖੇਡ ਸਟੇਡੀਅਮ ਉਸਾਰੇ ਜਾ ਰਹੇ ਹਨ ਅਤੇ ਖੇਡਾਂ ਦਾ ਸਾਮਾਨ ਦਿੱਤਾ ਜਾ ਰਿਹਾ ਹੈ ਤਾਂ ਜੋ ਨੌਜਵਾਨ ਸਮਾਜਿਕ ਬੁਰਾਈ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵੱਲ ਵੱਧ ਤੋਂ ਵੱਧ ਆਉਣ। ਉਨਾਂ ਕਿਹਾ ਕਿ ਯੂਥ ਕਲੱਬਾਂ ਨੂੰ ਵੱਧ ਤੋਂ ਵੱਧ ਮਦਦ ਦੇ ਕੇ ਖਿਡਾਰੀਆਂ ਨੂੰ ਖੇਡਣ ਦੇ ਮੌਕੇ ਪ੍ਰਦਾਨ ਕਰਵਾਏ ਜਾ ਰਹੇ ਹਨ।

# ਅਲਿਮਕੋ ਦੀ ਸਹਾਇਤਾ ਨਾਲ ਦਿਵਿਆਂਗਜਨਾਂ ਨੂੰ ਵੰਡੇ ਜਾਣਗੇ ਸਹਾਇਕ ਉਪਕਰਨ : ਡੀ ਸੀ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਅਲਿਮਕੋ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਸਹਾਇਤਾ ਨਾਲ ਦਿਵਿਆਂਗਜਨਾਂ ਅਤੇ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਮੈਡੀਕਲ ਅਸੈਸਮੈਂਟ ਕੈਂਪ 16 ਅਕਤੂਬਰ ਤੋਂ 22 ਅਕਤੂਬਰ 2023 ਨੂੰ ਵੱਖ-ਵੱਖ ਥਾਵਾਂ ਤੇ ਲਗਾਏ ਗਏ ਸਨ ਅਤੇ ਇਸ ਮੌਕੇ ਬਜ਼ੁਰਗਾਂ ਅਤੇ ਦਿਵਿਆਂਗਜਨਾਂ ਦੀ ਮੈਡੀਕਲ ਅਸੈਸਮੈਂਟ ਕੀਤੀ ਗਈ ਸੀ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਦੱਸਿਆ ਕਿ ਵੱਖ-ਵੱਖ ਥਾਵਾਂ ਤੇ ਲਗਾਏ ਗਏ ਕੈਂਪਾਂ ਵਿੱਚ ਜਿਨ੍ਹਾਂ ਦਿਵਿਆਂਗਜਨਾਂ ਅਤੇ ਬਜ਼ੁਰਗਾਂ ਦੀ ਮੈਡੀਕਲ ਅਸੈਸਮੈਂਟ ਕੀਤੀ ਗਈ ਸੀ ਨੂੰ ਹੁਣ 22 ਤੋਂ 24 ਜਨਵਰੀ ਤੱਕ ਵੱਖ-ਵੱਖ ਥਾਵਾਂ ਤੇ ਕੈਂਪ ਲਗਾ ਕੇ ਸਹਾਇਕ ਉਪਕਰਨਾਂ ਦੀ ਵੰਡ ਕੀਤੀ ਜਾਵੇਗੀ।ਉਨ੍ਹਾਂ ਵਧੇਰੇ ਜਾਣਕਾਰੀ ਦਿੰਦਿਆ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਲਬਾਗ, ਅਟਾਰੀ ਅਤੇ ਮਜੀਠਾ ਵਿਖੇ ਲਗਾਏ ਗਏ ਅਸੈਸਮੈਂਟ ਕੈਂਪ ਧਾਰਕਾਂ ਨੂੰ 22 ਜਨਵਰੀ ਨੂੰ ਸਰਕਾਰੀ ਸੀਨੀਅਰ ਸਕੂਲ ਸੈਕੰਡਰੀ ਗੋਲਬਾਗ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਜਨਾਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਮਦਾਸ ਦੇ ਅਸੈਸਮੈਂਟ ਧਾਰਕਾਂ ਦਾ ਕੈਂਪ 23 ਜਨਵਰੀ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਜਨਾਲਾ ਵਿਖੇ ਲਗਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਹੀ 29 ਜਨਵਰੀ ਨੂੰ ਰਘੂਨਾਥ ਡਲੀਆਨਾ ਮੰਦਿਰ ਜੰਡਿਆਲਾ ਗੁਰੂ ਅਤੇ ਮਾਤਾ ਗੰਗਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ ਦੇ ਮੈਡੀਕਲ ਅਸੈਸਮੈਂਟ ਕੈਂਪ ਧਾਰਕਾਂ ਦਾ ਕੈਂਪ ਜੰਡਿਆਲਾ ਗੁਰੂ ਵਿਖੇ ਹੀ ਲਗਾਇਆ ਜਾਵੇਗਾ।ਥੋਰੀ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਨੂੰ ਲਗਾਉਣ ਲਈ ਵੱਖ-ਵੱਖ ਅਧਿਕਾਰੀਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ। ਡਿਪਟੀ ਕਮਿਸ਼ਨਰ ਨੇ ਸੈਕਟਰੀ ਰੈਡ ਕਰਾਸ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਨ੍ਹਾਂ ਕੈਂਪਾਂ ਵਿੱਚ ਵੀਲ੍ਹ ਚੇਅਰਾਂ ਦਾ ਪ੍ਰਬੰਧ ਜ਼ਰੂਰ ਕੀਤਾ ਜਾਵੇ ਤਾਂ ਜੋ ਆਉਣ ਵਾਲੇ ਦਿਵਿਆਂਗਜਨਾਂ ਨੂੰ ਕੋਈ ਮੁਸ਼ਕਿਲ ਨਾ ਆਵੇ।ਉਨ੍ਹਾਂ ਦਿਵਿਆਂਗਜਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇਨਾਂ ਕੈਂਪਾਂ ਵਿੱਚ ਜ਼ਰੂਰ ਪੁੱਜਣ ਅਤੇ ਆਪੋ ਆਪਣੇ ਸਹਾਇਕ ਉਪਕਰਨ ਪ੍ਰਾਪਤ ਕਰਨ।

# ਮਾਮੂਲੀ ਤਕਰਾਰ ਹੋਣ 'ਤੇ ਦੁਕਾਨਦਾਰ ਦਾ ਕਤਲ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪੁਲਸ ਥਾਣਾ ਧਾਰੀਵਾਲ ਅਧੀਨ ਪੈਂਦੇ ਪਿੰਡ ਕਲਿਆਣਪੁਰ ਵਿੱਚ ਬੁੱਧਵਾਰ ਦੇਰ ਸ਼ਾਮ ਨੂੰ ਇਕ ਦੁਕਾਨਦਾਰ ਨਾਲ ਮਾਮੂਲੀ ਤਕਰਾਰ ਹੋਣ 'ਤੇ ਗੋਲੀ ਚਲਾ ਕੇ ਫਰਾਰ ਹੋਏ ਦੋ ਨੌਜਵਾਨਾਂ ਨੂੰ ਪੁਲਸ ਨੇ ਕਾਬੂ ਕਰਕੇ ਉਨ੍ਹਾਂ ਕੋਲੋਂ ਇਕ ਪਿਸਟਲ 32 ਬੋਰ ਸਮੇਤ ਮੈਗਜ਼ੀਨ ਅਤੇ ਇਕ ਖੋਲ ਬਰਾਮਦ ਕੀਤਾ ਹੈ। ਜੋਗਿੰਦਰਪਾਲ ਪੁੱਤਰ ਅੱਛਰ ਦਾਸ ਵਾਸੀ ਕਲਿਆਣਪੁਰ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਹ ਆਪਣੇ ਪਿੰਡ ਵਿੱਚ ਮੰਦਿਰ ਵਾਲੀ ਗਲੀ ਵਿਖੇ ਕਰਿਆਨੇ ਦੀ ਦੁਕਾਨ ਕਰਦਾ ਹੈ। ਬੀਤੇ ਕੱਲ੍ਹ ਉਹ ਦੇਰ ਸ਼ਾਮ ਨੂੰ ਦੁਕਾਨ ਬੰਦ ਕਰਕੇ ਘਰ ਵਿੱਚ ਕਰੀਬ 8.45 ਵਜ਼ੇ ਖਾਣਾ ਖਾ ਰਿਹਾ ਸੀ ਕਿ ਉਸਨੂੰ ਗੇਟ ਭੰਨਣ ਦੀ ਆਵਾਜ਼ ਸੁਣਾਈ ਦਿੱਤੀ ਤਾਂ ਉਸ ਨੇ ਬਾਹਰ ਦੇਖਿਆ ਕਿ ਮੋਟਰਸਾਈਕਲ ਤੇ ਸਵਾਰ ਆਏ ਦੋ ਨੌਜਵਾਨਾਂ ਮਲਕੀਤ ਸਿੰਘ ਉਰਫ ਕੀਪਾ ਪੁੱਤਰ ਸਰਵਨ ਸਿੰਘ ਵਾਸੀ ਕਲਿਆਣਪੁਰ ਅਤੇ ਸ਼ਰਨਜੀਤ ਸਿੰਘ ਉਰਫ ਸੰਨੀ ਪੁੱਤਰ ਅਵਤਾਰ ਸਿੰਘ ਵਾਸੀ ਸੰਧਵਾਂ ਨੇ ਉਸ ਕੋਲੋਂ ਸਿਗਰਟਾਂ ਦੀ ਮੰਗ ਕੀਤੀ ਤਾਂ ਉਸ ਨੇ ਸਿਗਰਟਾਂ ਦੇਣ ਤੋਂ ਮਨ੍ਹਾ ਕਰਕੇ ਗੇਟ ਬੰਦ ਕਰ ਲਿਆ ਜਿਸ 'ਤੇ ਉਨ੍ਹਾਂ ਨੇ ਉਸ ਨੂੰ ਗਾਲੀ ਗਲੋਚ ਕਰਨਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਉਸ (ਜੋਗਿੰਦਰਪਾਲ) ਦਾ ਲੜਕਾ ਪਲਵਿੰਦਰ ਅਤੇ ਹੋਰ ਲੋਕ ਵੀ ਇਕੱਠੇ ਹੋ ਗਏ ਤਾਂ ਮਲਕੀਤ ਸਿੰਘ ਉਰਫ ਕੀਪਾ ਮੋਟਰਸਾਇਕਲ ਸਟਾਰਟ ਕਰਕੇ ਦੌੜਨ ਲੱਗਾ ਤਾਂ ਉਸਦੇ ਸਾਥੀ ਨੌਜਵਾਨ ਨੇ ਸ਼ਰਨਜੀਤ ਸਿੰਘ ਉਰਫ਼ ਸੰਨੀ ਨੇ ਆਪਣੀ ਡੱਬ ਵਿੱਚੋਂ ਪਿਸਟਲ ਕੱਢ ਕੇ ਸੰਦੀਪ ਭੱਟੀ ਉਰਫ ਸੇਵਾ ਮਸੀਹ ਵੱਲ ਮਾਰ ਦੇਣ ਦੀ ਨੀਅਤ ਨਾਲ ਫਾਇਰ ਕੀਤਾ ਪਰ ਉਹ ਬਚ ਗਿਆ ਅਤੇ ਉੱਕਤ ਦੋਵੇਂ ਜਣੇ ਮੌਕੇ ਤੋਂ ਫਰਾਰ ਹੋ ਗਏ। ਥਾਣਾ ਧਾਰੀਵਾਲ ਦੇ ਐੱਸਐੱਚਐੱਚਓ ਸਰਬਜੀਤ ਸਿੰਘ ਚਾਹਲ ਨੇ ਦੱਸਿਆ ਕਿ ਜੋਗਿੰਦਰਪਾਲ ਦੇ ਬਿਆਨਾਂ ਦੇ ਆਧਾਰ ਤੇ ਮਲਕੀਤ ਸਿੰਘ ਉਰਫ ਕੀਪਾ ਪੁੱਤਰ ਸਰਵਣ ਸਿੰਘ ਵਾਸੀ ਕਲਿਆਣਪੁਰ ਅਤੇ ਸ਼ਰਨਜੀਤ ਸਿੰਘ ਉਰਫ ਸੰਨੀ ਪੁੱਤਰ ਅਵਤਾਰ ਸਿੰਘ ਵਾਸੀ ਸੰਧਵਾਂ ਦੇ ਖਿਲਾਫ਼ ਜੁਰਮ 336,506, 34 ਭ.ਦ ਵਾਧਾ ਜੁਰਮ 307 ਭ.ਦ, 25/27-54-59 ਅਸਲਾ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਦੋਵਾਂ ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਇੱਕ ਪਿਸਟਲ 32 ਬੋਰ ਸਮੇਤ ਮੈਗਜ਼ੀਨ ਅਤੇ ਇੱਕ ਖੋਲ ਬਰਾਮਦ ਕੀਤਾ ਹੈ।

# ਤਹਿਸੀਲ ਕੰਪਲੈਕਸ ਵਿਖੇ ਨਵੇਂ ਸਾਲ ਦੀ ਆਮਦ ਨੂੰ ਲੈ ਕੇ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਤਹਿਸੀਲ ਕੰਪਲੈਕਸ ਵਿਖੇ ਐੱਸਡੀਐੱਮ ਦਫ਼ਤਰ ਅਤੇ ਤਹਿਸੀਲ ਦਫਤਰ ਦੇ ਸਮੂਹ ਕਰਮਚਾਰੀਆਂ ਵੱਲੋਂ ਡੇਰਾ ਬਾਬਾ ਨਾਨਕ ਦੇ ਐੱਸਡੀਐੱਮ ਅਸ਼ਵਨੀ ਅਰੋੜਾ ਅਤੇ ਤਹਿਸੀਲਦਾਰ ਹਰਸਿਮਰਨ ਸਿੰਘ ਦੀ ਅਗਵਾਈ ਹੇਠ ਨਵੇਂ ਸਾਲ ਦੀ ਆਮਦ ਨੂੰ ਲੈ ਕੇ ਗੁਰੂ ਦਾ ਓਟ ਆਸਰਾ ਲੈਣ ਅਤੇ ਸਰਬੱਤ ਦੇ ਭਲੇ ਲਈ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ।ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਪੈਣ ਉਪਰੰਤ ਭਾਈ ਇੰਦਰਦੀਪ ਸਿੰਘ ਕੀਰਤਨੀ ਜਥਾ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਕੀਰਤਨੀਏ ਜਥੇ ਵੱਲੋਂ ਰਸ ਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਭਾਈ ਸਰਬਜੀਤ ਸਿੰਘ ਗ੍ਰੰਥੀ ਸਿੰਘ ਉਦੋਵਾਲੀ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਕਥਾ ਵਿਚਾਰਾਂ ਰਾਹੀਂ ਸੰਗਤ ਨੂੰ ਗੁਰੂ ਨਾਮ ਨਾਲ ਜੋੜਿਆ ਗਿਆ।ਇਸ ਮੌਕੇ ਤਹਿਸੀਲਦਾਰ ਸਿਮਰਨਜੀਤ ਸਿੰਘ ਅਤੇ ਐਡਵੋਕੇਟ ਬਲਰਾਜ ਸਿੰਘ ਰੰਧਾਵਾ ਨੇ ਕਿਹਾ ਕਿ ਅੱਜ ਨਵੇਂ ਸਾਲ ਦੇ ਮੌਕੇ ਸਮੂਹ ਐੱਸਡੀਐੱਮ ਦਫਤਰ, ਤਹਿਸੀਲ ਦਫਤਰ, ਫਰਦ ਕੇਂਦਰ ਦੇ ਕਰਮਚਾਰੀਆਂ, ਵਸੀਕਾ ਨਵੀਸਾਂ ਅਤੇ ਤਹਿਸੀਲ ਦੇ ਸਮੂਹ ਵਕੀਲਾਂ ਵੱਲੋਂ ਤਹਿਸੀਲ ਕੰਪਲੈਕਸ ਵਿਖੇ ਗੁਰੂ ਮਹਾਰਾਜ ਦੇ ਚਰਨ ਪਵਾਏ ਗਏ ਹਨ ਤੇ ਗੁਰੂ ਦਾ ਓਟ ਆਸਰਾ ਲਿਆ ਹੈ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਹੈ ਤਾਂ ਜੋ ਗੁਰੂ ਮਹਾਰਾਜ ਸਾਰਾ ਸਾਲ ਆਪਣੇ ਦਾਸਾਂ 'ਤੇ ਮੇਹਰ ਭਰਿਆਂ ਹੱਥ ਰੱਖਣ।ਇਸ ਮੌਕੇ ਪ੍ਰਬੰਧਕਾਂ ਵੱਲੋਂ ਗੁਰੂ ਘਰ ਦੇ ਕੀਰਤਨੀਏ ਜਥੇ ਸਮੇਤ ਐੱਸਡੀਐੱਮ ਅਸ਼ਵਨੀ ਅਰੋੜਾ ਤੇ ਤਹਿਸੀਲਦਾਰ ਹਰਸਿਮਰਨ ਸਿੰਘ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਸਾਹਿਬ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਨਾਇਬ ਤਹਿਸੀਲਦਾਰ ਅਵਤਾਰ ਸਿੰਘ, ਬਲਾਕ ਪ੍ਰਧਾਨ ਪਟਵਾਰੀ ਇੰਦਰਜੀਤ ਸਿੰਘ, ਰੋਸ਼ਨ ਸਿੰਘ ਕਾਨੂੰਗੋ, ਦਲਜੀਤ ਰਾਏ ਕਾਨੂੰਗੋ, ਕਾਨੂੰਗੋ ਜਸਵੰਤ ਸਿੰਘ ਦਾਲਮ, ਰੀਡਰ ਸਰਬਜੀਤ ਸਿੰਘ, ਪਟਵਾਰੀ ਮੁਖਤਾਰ ਸਿੰਘ, ਪਟਵਾਰੀ ਹਰਪ੍ਰੀਤ ਸਿੰਘ ਲਾਲੀ, ਪਟਵਾਰੀ ਹਰਪ੍ਰੀਤ ਸਿੰਘ ਫੌਜੀ, ਪਟਵਾਰੀ ਹਰਜੀਤ ਰਾਏ, ਪਟਵਾਰੀ ਨਵਜੋਤ ਸਿੰਘ, ਪਟਵਾਰੀ ਐੱਸਪੀ ਸਿੰਘ, ਪਟਵਾਰੀ ਦੀਪਇੰਦਰਜੀਤ ਸਿੰਘ, ਪਟਵਾਰੀ ਸੁਖਦੇਵ ਸਿੰਘ, ਪਟਵਾਰੀ ਸੁਰਿੰਦਰ ਪਾਲ, ਪਟਵਾਰੀ ਗੁਰਪਿੰਦਰ ਸਿੰਘ, ਪਟਵਾਰੀ ਤਰਨਜੋਤ ਸਿੰਘ, ਪਟਵਾਰੀ ਸੰਜੀਵ ਕੁਮਾਰ, ਪਟਵਾਰੀ ਪਰਮਿੰਦਰ ਸਿੰਘ, ਮੋਟਰ ਵਹੀਕਲ ਕਲਰਕ ਜਸਵਿੰਦਰ ਸਿੰਘ, ਐਡਵੋਕੇਟ ਰਾਜੂ ਪੰਡਿਤ, ਐਡਵੋਕੇਟ ਰਾਜਨ ਬੇਦੀ, ਸਿਕੰਦਰ ਸਿੰਘ, ਬਲਜੀਤ ਸਿੰਘ, ਹਰਜਿੰਦਰ ਸਿੰਘ, ਸਟੈਨੋ ਸੰਜੀਵ ਸ਼ਰਮਾ, ਸੁਪਰਡੈਂਟ ਮੈਡਮ ਸੁਖਵਿੰਦਰ ਕੌਰ, ਮੈਡਮ ਰੁਪਿੰਦਰ ਕੌਰ , ਰੀਡਰ ਮੈਡਮ ਰਾਜਦੀਪ ਕੌਰ, ਮੈਡਮ ਸੁਖਵਿੰਦਰ ਕੌਰ, ਮੈਡਮ ਜਸਵਿੰਦਰ ਕੌਰ, ਰਜਿਸਟਰੀ ਕਲਰਕ ਮੈਡਮ ਰਾਜਮੀਤ ਕੌਰ, ਮੈਡਮ ਕੁਲਵਿੰਦਰ ਕੌਰ, ਨਿਰਮਲ ਸ਼ਰਮਾ ਵਸੀਕਾ, ਜਗਜੀਤ ਸਿੰਘ ਸੋਹਲ ਵਸੀਕਾ, ਰਘੁਵਿੰਦਰ ਸ਼ਰਮਾ, ਗਗਨਦੀਪ ਸਿੰਘ ਸੋਹਲ, ਪ੍ਰਿਤਪਾਲ, ਹਰੀਸ਼ ਕੁਮਾਰ, ਬਲਰਾਜ ਸਿੰਘ, ਕਪਿਲ, ਸਤਬੀਰ ਸਿੰਘ, ਹਰਦੀਪ ਸਿੰਘ, ਅਮਨ ਕੁਮਾਰ ਸਮੇਤ ਐੱਸਡੀਐੱਮ ਦਫ਼ਤਰ, ਤਹਿਸੀਲ ਦਫਤਰ ਦੇ ਸਮੂਹ ਕਰਮਚਾਰੀ ਹਾਜ਼ਰ ਸਨ।ਇਸ ਮੌਕੇ ਪ੍ਰਬੰਧਕਾਂ ਵੱਲੋਂ ਸੰਗਤਾਂ ਲਈ ਲੰਗਰ ਵੀ ਲਗਾਇਆ ਗਿਆ।

19-Jan-PAGE-12.qxd 1/19/2024 9:13 PM Page 1



## ਗ਼ਦਰੀ ਭਾਈ ਸੰਤੋਖ ਸਿੰਘ ਧਰਦਿਓ ਯਾਦਗਾਰੀ ਸਨਮਾਨ ਸਮਾਰੋਹ ਭਲਕੇ



**ਜਲੰਧਰ (ਕੇਸਰ)**—ਗ਼ਦਰੀ ਭਾਈ ਸੰਤੋਖ ਸਿੰਘ ਧਰਦਿਓ ਯਾਦਗਾਰੀ ਸਨਮਾਨ ਸਮਾਰੋਹ 21 ਜਨਵਰੀ 2024 ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਸਾਹਿਤ ਕਲਾ ਕੇਂਦਰ ਦੇ ਪ੍ਰਧਾਨ ਡਾ. ਗੋਪਾਲ ਸਿੰਘ ਬੁੱਟਰ ਨੇ ਦੱਸਿਆ ਕਿ ਕੇਂਦਰ ਵੱਲੋਂ ਇਪਸਾ ਆਸਟਰੇਲੀਆ ਦੇ ਸਹਿਯੋਗ ਨਾਲ ਦਿੱਤਾ ਜਾਣ ਵਾਲਾ ਇਸ ਸਾਲ ਦਾ ਗ਼ਦਰੀ ਭਾਈ ਸੰਤੋਖ ਸਿੰਘ ਧਰਦਿਓ ਯਾਦਗਾਰੀ ਪੁਰਸਕਾਰ ਉੱਘੇ ਗਲਪਕਾਰ ਅਤੇ ਚਿੰਤਕ ਡਾਕਟਰ ਜਸਵਿੰਦਰ ਸਿੰਘ ਅਤੇ ਉੱਘੀ ਸਾਹਿਤ ਚਿੰਤਕ ਡਾਕਟਰ ਧਨਵੰਤ ਕੌਰ ਨੂੰ ਉਨ੍ਹਾਂ ਦੇ ਪੰਜਾਬੀ ਸ਼ਬਦ ਸਭਿਆਚਾਰ ਲਈ ਕੀਤੇ ਮਹੱਤਵਪੂਰਨ ਕਾਰਜ ਦੇ ਸਨਮਾਨ ਹਿਤ ਦੇਣ ਦਾ ਫ਼ੈਸਲਾ ਕੀਤਾ ਹੈ। ਵਰਣਨਯੋਗ ਹੈ ਕਿ ਗ਼ਦਰੀ ਭਾਈ ਸੰਤੋਖ ਸਿੰਘ ਧਰਦਿਓ ਪੁਰਸਕਾਰ ਹਰ ਸਾਲ ਸਮਾਜਕ ਮਨੁੱਖੀ ਜੀਵਨ ਦੇ ਕਿਸੇ ਲੋਕ ਹਿਤੈਸ਼ੀ ਖੇਤਰ ਨਾਲ ਪੂਰੀ ਵਚਨਬੱਧਤਾ ਸਹਿਤ ਜੁੜੀਆਂ ਹਸਤੀਆਂ ਨੂੰ ਦਿੱਤਾ ਜਾਂਦਾ ਹੈ। ਇਸ ਇਨਾਮ ਵਿੱਚ ਯਾਦਗਾਰੀ ਚਿੰਨ੍ਹ ਤੇ ਦੁਸ਼ਾਲੇ ਦੇ ਨਾਲ ਇੱਕੀ-ਇੱਕੀ ਹਜ਼ਾਰ ਰੁਪਏ ਦੀ ਨਕਦ ਰਾਸ਼ੀ ਵੀ ਸ਼ਾਮਲ ਹੈ।ਇਸ ਸਮਾਗਮ ਵਿੱਚ ਪ੍ਰਸਿੱਧ ਪੰਜਾਬੀ ਕਵੀ ਅਤੇ ਚਿੰਤਕ ਪ੍ਰੋ.ਕੁਲਵੰਤ ਸਿੰਘ ਔਜਲਾ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਨਗੇ ਅਤੇ ਉਨ੍ਹਾਂ ਦੇ ਨਾਲ ਪੰਜਾਬੀ ਕਾਵਿ ਚਿੰਤਨ ਦੇ ਨਾਮਵਰ ਹਸਤਾਖ਼ਰ ਪ੍ਰੋਫ਼ੈਸਰ ਡਾਕਟਰ ਬਲਜੀਤ ਕੌਰ, ਖ਼ਾਲਸਾ ਦੀਵਾਨ ਸੁਸਾਇਟੀ ਐਬਟਸਫੋਰਡ ਕੈਨੇਡਾ ਦੇ ਦਰਸ਼ਨ ਸਿੰਘ ਮਾਹਲ ਅਤੇ ਸੇਵਾ-ਮੁਕਤ ਫ਼ੂਡ ਸਪਲਾਈ ਕਮਿਸ਼ਨਰ ਅਤੇ ਸਾਹਿਤ ਚਿੰਤਕ ਡਾ.ਮੱਖਣ ਸਿੰਘ ਗੁੱਜਰਾਂਵਾਲੀਆ ਬਤੌਰ ਵਿਸ਼ੇਸ਼ ਮਹਿਮਾਨ ਪ੍ਰਧਾਨਗੀ ਮੰਡਲ ਵਿੱਚ ਸੁਸ਼ੋਭਿਤ ਹੋਣਗੇ। ਸਮਾਗਮ ਦੇ ਆਰੰਭ ਵਿੱਚ ਕੇਂਦਰ ਦੇ ਸਰਪ੍ਰਸਤ ਇੰਜ.ਸੀਤਲ ਸਿੰਘ ਸੰਘਾ ਸਵਾਗਤੀ ਸ਼ਬਦਾਂ ਨਾਲ ਹਾਜ਼ਰੀਨ ਨੂੰ ਜੀ ਆਇਆਂ ਨੂੰ ਕਹਿਣਗੇ।ਸਨਮਾਨ ਸਮਾਰੋਹ ਦੇ ਦੂਜੇ ਭਾਗ ਵਿੱਚ ਹਾਜ਼ਰ ਸ਼ਾਇਰ ਆਪਣੀ ਸ਼ਾਇਰੀ ਪ੍ਰਸਤੁਤ ਕਰਨਗੇ। ਸਮਾਗਮ ਦਾ ਮੰਚ ਸੰਚਾਲਨ ਕੇਂਦਰ ਦੇ ਜਨਰਲ ਸਕੱਤਰ ਨਰਿੰਦਰ ਪਾਲ ਕੰਗ ਕਰਨਗੇ।

# ਹੋਲਾ ਮਹੱਲਾ ਦੌਰਾਨ ਅਧਿਕਾਰੀ ਸੇਵਾ ਦੀ ਭਾਵਨਾ ਨਾਲ ਕੰਮ ਕਰਨ : ਡਿਪਟੀ ਕਮਿਸ਼ਨਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਹੋਲਾ ਮਹੱਲਾ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸ੍ਰੀ ਅਨੰਦਪੁਰ ਸਾਹਿਬ ਵਿੱਚ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਨੇ ਕਿਹਾ ਹੈ ਕਿ ਸਾਰੇ ਵਿਭਾਗਾਂ ਦੇ ਅਧਿਕਾਰੀ ਹੋਲਾ ਮਹੱਲਾ ਮੌਕੇ ਸੇਵਾ ਦੀ ਭਾਵਨਾ ਨਾਲ ਕੰਮ ਕਰਨ। ਦੇਸ਼ ਵਿਦੇਸ਼ ਤੋਂ ਲੱਖਾਂ ਸੰਗਤਾਂ ਗੁਰੂ ਘਰਾਂ ਵਿੱਚ ਨਤਮਸਤਕ ਹੋਣ ਲਈ ਕੀਰਤਪੁਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਆਉਂਦੀਆਂ ਹਨ, ਜਿਨ੍ਹਾਂ ਨੂੰ ਲੋੜੀਦੀਆਂ ਸਹੂਲਤਾਂ ਉਪਲੱਬਧ ਕਰਵਾਉਣ ਲਈ ਸਾਰੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾਣ।

ਉਪ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਮੀਟਿੰਗ ਹਾਲ ਵਿੱਚ ਹੋਲਾ ਮਹੱਲਾ ਲਈ ਕੀਤੇ ਜਾਣ ਵਾਲੇ ਪ੍ਰਬੰਧਾਂ ਸਬੰਧੀ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੱਖਾਂ ਸ਼ਰਧਾਲੂ ਹੋਲਾ ਮਹੱਲਾ ਮੌਕੇ ਪਵਿੱਤਰ ਤੇ ਇਤਿਹਾਸਕ ਗੁਰੂਧਾਮਾਂ ਦੇ ਦਰਸ਼ਨਾਂ ਲਈ ਇੱਥੇ ਪੁੱਜਦੇ ਹਨ। ਜਿਸ ਦੀਆਂ ਤਿਆਰੀਆਂ ਸਬੰਧੀ ਇਹ ਮੀਟਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਲਈ ਸਿਹਤ ਸਹੂਲਤਾਂ, ਸ਼ਟਲ ਬੱਸ ਸਰਵਿਸ, ਬੇਬੀ ਫੀਡਿੰਗ ਰੂਮ, ਟਾਇਲਟ ਬਲਾਕ, ਪੀਣ ਵਾਲਾ ਸਾਫ ਪਾਣੀ, ਨਿਰਵਿਘਨ ਬਿਜਲੀ ਸਪਲਾਈ, ਪਾਰਕਿੰਗ ਦੇ ਸੁਚਾਰੂ ਪ੍ਰਬੰਧ ਕੀਤੇ ਜਾਣਗੇ। ਟ੍ਰੈਫਿਕ ਦੀ ਵਿਵਸਥਾ ਵੀ ਢੁਕਵੇਂ ਢੰਗ ਨਾਲ ਕੀਤੀ ਜਾਵੇਗੀ। ਉਨ੍ਹਾ ਨੇ ਕਿਹਾ ਕਿ ਹੋਲਾ ਮਹੱਲਾ ਦੌਰਾਨ ਸੰਗਤਾਂ ਦੀ ਸਹੂਲਤ ਲਈ ਸਾਰੇ ਵਿਭਾਗਾ ਵੱਲੋਂ ਪੂਰੀ ਮਿਹਨਤ ਤੇ ਲਗਨ ਨਾਲ ਕੰਮ ਕੀਤਾ ਜਾਵੇ। ਉਨ੍ਹਾਂ ਨੇ ਦੱਸਿਆ ਕਿ ਹੋਲਾ ਮਹੱਲਾ ਦੌਰਾਨ ਨਿਰਵਿਘਨ ਬਿਜਲੀ ਸਪਲਾਈ, ਸੜਕਾਂ ਤੇ ਰੋਸ਼ਨੀ ਦੇ ਪ੍ਰਬੰਧ ਕੀਤੇ ਜਾਣਗੇ। ਸਿੰਗਲ ਯੂਜ਼ ਪਲਾਸਟਿਕ ਦੀ ਵਰਤੋ ਰੋਕਣ, ਕੂੜਾ ਪ੍ਰਬੰਧਨ ਲਈ ਵਿਆਪਕ ਯੋਜਨਾ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਤੋ ਉਨ੍ਹਾਂ ਦੀ ਕਾਰਗੁਜਾਰੀ ਜਾਨਣ ਉਪਰੰਤ ਜਰੂਰੀ ਨਿਰਦੇਸ਼ ਜਾਰੀ ਕੀਤੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮੁੱਚੇ ਮੇਲਾ ਖੇਤਰ ਨੂੰ ਸੈਕਟਰਾਂ ਵਿੱਚ ਵੰਡਿਆ ਗਿਆ ਹੈ। ਸ੍ਰੀ ਅਨੰਦਪੁਰ ਸਾਹਿਬ ਵਿਚ 11 ਸੈਕਟਰ ਅਤੇ ਕੀਰਤਪੁਰ ਸਾਹਿਬ ਵਿੱਚ 3 ਸੈਕਟਰ ਹੋਣਗੇ। ਮੇਲੇ ਦੌਰਾਨ ਸਿਵਲ ਅਤੇ ਪੁਲਸ ਵਿਭਾਗ ਦਾ ਸਾਂਝਾ ਕੰਟਰੋਲ ਰੂਮ ਪੁਲਸ ਥਾਣਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਣਾਇਆ ਜਾਵੇਗਾ। ਹਰ ਸੈਕਟਰ ਵਿੱਚ ਸਬ-ਕੰਟਰੋਲ ਰੂਮ ਸਥਾਪਿਤ ਹੋਵੇਗਾ ਜਿੱਥੇ ਆਰਜੀ ਸਿਹਤ ਡਿਸਪੈਂਸਰੀਆਂ ਵਿੱਚ ਸਿਹਤ ਸਹੂਲਤਾਂ 24 ਘੰਟੇ ਰਾਊਂਡ ਦੀ ਕਲਾਕ ਸ਼ਰਧਾਲੂਆਂ ਨੂੰ ਮਿਲਣਗੀਆਂ। ਉਨ੍ਹਾਂ ਨੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਨੂੰ ਆਉਣ ਵਾਲੀਆਂ ਲਿੰਕ ਸੜਕਾਂ ਤੇ ਮੁੱਖ ਮਾਰਗਾਂ ਦੀ ਮੁਰੰਮਤ ਦਾ ਕੰਮ ਹੋਲਾ ਮਹੱਲਾ ਤੋਂ ਪਹਿਲਾਂ ਮੁਕੰਮਲ ਹੋ ਜਾਵੇਗਾ। ਮੇਲਾ ਖੇਤਰ ਵਿੱਚ ਅੰਦਰੂਨੀ ਸੜਕਾਂ, ਗਲੀਆਂ, ਨਾਲੀਆਂ, ਸੀਵਰੇਜ ਅਤੇ ਜਲ ਸਪਲਾਈ ਨਿਰਵਿਘਨ ਸੁਚਾਰੂ ਚਲਦੀ ਰਹੇਗੀ। ਰੈੱਡ ਕਰਾਸ ਵੱਲੋਂ ਵੀ ਐਂਬੂਲੈਂਸਾਂ ਸਥਾਪਿਤ ਕੀਤੀਆਂ ਜਾਣਗੀਆਂ। ਆਮ ਸੰਗਤਾਂ ਨੂੰ ਪਲਾਸਟਿਕ ਮੁਕਤ ਹੋਲਾ ਮੁਹੱਲਾ ਮਨਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨਾਂ ਨੇ ਕਿਹਾ ਕਿ ਮੇਲਾ ਖੇਤਰ ਦੀ ਵਿਆਪਕ ਸਫਾਈ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਲੰਗਰਾਂ ਲਈ ਕਲੋਰੀਨੇਸ਼ਨ ਕੀਤਾ ਪਾਣੀ, ਸੰਗਤਾਂ ਲਈ ਪਾਖਾਨੇ ਅਤੇ ਪੀਣ ਵਾਲਾ ਸਾਫ ਪਾਣੀ ਉਪਲਬਧ ਕਰਵਾਇਆ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਧਿਕਾਰੀ ਸੇਵਾ ਦੀ ਭਾਵਨਾ ਨਾਲ ਕੰਮ ਕਰਨ।ਸੜਕਾਂ ਦੇ ਆਲੇ-ਦੁਆਲੇ ਨਾਜਾਇਜ ਕਬਜੇ ਨਹੀਂ ਹੋਣਗੇ।ਪਾਰਕਿੰਗ ਥਾਵਾਂ ਉੱਤੇ ਸਾਰੀਆਂ ਬੁਨਿਆਦੀ ਸਹੂਲਤਾਂ ਉਪਲਬਧ ਹੋਣਗੀਆਂ।

ਇਸ ਮੌਕੇ ਇਸ ਮੌਕੇ ਸੀਨੀਅਰ ਪੁਲਸ ਕਪਤਾਨ ਰੂਪਨਗਰ ਗੁਲਨੀਤ ਸਿੰਘ ਖੁਰਾਣਾ, ਰਾਜਪਾਲ ਸਿੰਘ ਹੁੰਦਲ ਸੁਪਰਡੰਟ ਪੁਲਸ , ਸਹਾਇਕ ਕਮਿਸ਼ਨਰ (ਜ) ਅਰਵਿੰਦਰਪਾਲ ਸਿੰਘ ਸੋਮਲ, ਐਸ.ਡੀ.ਐਮ. ਸ੍ਰੀ ਚਮਕੌਰ ਸਾਹਿਬ ਸ.ਅਮਰੀਕ ਸਿੰਘ ਸਿੱਧੂ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਬਲਜਿੰਦਰ ਸਿੰਘ ਗਰੇਵਾਲ, ਮੁੱਖ ਖੇਤੀਬਾੜੀ ਅਫਸਰ ਗੁਰਬਚਨ ਸਿੰਘ, ਤਹਿਸੀਲਦਾਰ ਸ੍ਰੀ ਅਨੰਦਪੁਰ ਸਾਹਿਬ ਸੰਦੀਪ ਕੁਮਾਰ, ਡੀ.ਐਸ.ਪੀ. ਸ੍ਰੀ ਅਨੰਦਪੁਰ ਸਾਹਿਬ ਸ਼੍ਰੀ ਅਜੈ ਕੁਮਾਰ, ਜ਼ਿਲ੍ਹਾ ਫੂਡ ਸਪਲਾਈ ਅਫ਼ਸਰ ਸਤਵੀਰ ਸਿੰਘ, ਡੀ.ਐਚ.ਓ. ਡਾ. ਜਗਜੀਤ ਕੌਰ, ਐਸ.ਐਮ.ਓ. ਡਾ. ਚਰਨਜੀਤ ਕੁਮਾਰ, ਐਸ.ਐਚ.ਓ. ਸ੍ਰੀ ਅਨੰਦਪੁਰ ਸਾਹਿਬ ਹਰਕੀਰਤ ਸਿੰਘ, ਬੀ.ਡੀ.ਪੀ.ਓ. ਸ੍ਰੀ ਅੰਨਦਪੁਰ ਸਾਹਿਬ ਇਸ਼ਾਨ ਚੌਧਰੀ, ਬੀ.ਡੀ.ਪੀ.ਓ ਨੂਰਪੁਰ ਬੇਦੀ ਦਰਸ਼ਨ ਸਿੰਘ, ਲੋਕ ਨਿਰਮਾਣ ਵਿਭਾਗ ਤੋਂ ਕਾਰਜਕਾਰੀ ਇੰਜਨੀਅਰ ਦਵਿੰਦਰ ਮੱਲ, ਜਨਰਲ ਮੈਨੇਜਰ ਪੰਜਾਬ ਰੋਡਵੇਜ਼ ਰੂਪਨਗਰ ਪਰਮਵੀਰ ਸਿੰਘ, ਸੀ.ਡੀ.ਪੀ.ਓ. ਨੂਰਪੁਰ ਬੇਦੀ ਰਜਿੰਦਰਪਾਲ ਕੌਰ, ਡਿਪਟੀ ਡੀ.ਐਮ.ਓ. ਸੁਰਿੰਦਰਪਾਲ, ਏ.ਐਫ.ਐਸ.ਓ ਫੂਡ ਸਪਲਾਈ ਕੁਲਜੀਤ ਸਿੰਘ, ਜ਼ਿਲ੍ਹਾ ਸਿੱਖਿਆ ਅਫਸਰ (ਐਲੀ.) ਸ਼ਾਲੂ ਮਹਿਰਾ, ਡਿਪਟੀ ਜ਼ਿਲ੍ਹਾ ਸਿੱਖਿਆ ਅਫਸਰ ਸੁਰਿੰਦਰਪਾਲ ਸਿੰਘ, ਐਕਸੀਅਨ ਹਰਜੀਤਪਾਲ ਸਿੰਘ, ਐਸ.ਡੀ.ਓ ਨੰਗਲ ਲਕਸ਼ਦੀਪ, ਬਾਗ਼ਬਾਨੀ ਵਿਭਾਗ ਤੋਂ ਰਜੇਸ਼ ਕੁਮਾਰ, ਡੀ.ਆਈ.ਸੀ. ਬਲਵਿੰਦਰ ਸਿੰਘ, ਜੇ.ਈ. ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਚਰਨ ਸਿੰਘ, ਐਮ.ਸੀ. ਸ੍ਰੀ ਅਨੰਦਪੁਰ ਸਾਹਿਬ ਤੋਂ ਮਦਨ ਲਾਲ, ਐਮ.ਸੀ. ਨੰਗਲ ਤੋਂ ਸੁਪਰਡੰਟ ਖੁਸ਼ਬੀਰ ਸਿੰਘ, ਪਸ਼ੂ ਪਾਲਣ ਅਫ਼ਸਰ ਡਾ. ਮੁਹੰਮਦ ਜਮੀਲ, ਸੀ ਐਸ ਰੂਪਨਗਰ ਰਣਜੀਤ ਸਿੰਘ, ਐਸ ਡੀ ਓ ਵਾਟਰ ਸਪਲਾਈ ਪਰਮਬੀਰ ਸਿੰਘ, ਬੀਪੀਈਓ ਝੱਜ ਜੈਸਮੀਨ ਕੌਰ ਬੇਦੀ, ਲੋਕ ਨਿਰਮਾਣ ਵਿਭਾਗ ਤੋਂ ਜੇ ਈ ਸੁਖਬੀਰ ਸਿੰਘ, ਵਣ ਰੇਂਜ ਅਫ਼ਸਰ ਸ੍ਰੀ ਅਨੰਦਪੁਰ ਸਾਹਿਬ ਸੁਖਬੀਰ ਸਿੰਘ, ਮਾਰਕਫੈੱਡ ਰੋਪੜ ਤੋਂ ਗੁਰਜੀਤ ਸਿੰਘ, ਡਿਪਟੀ ਇੰਸਪੈਕਟਰ ਡੀ.ਡੀ.ਆਈ. ਦਵਿੰਦਰ ਸਿੰਘ, ਮੱਛੀ ਪਾਲਣ ਤੋਂ ਸੰਦੀਪ ਵਸ਼ਿਸ਼ਟ, ਵਿਨੋਦ ਸ਼ਰਮਾ, ਜੀ.ਐਸ.ਆਈ. ਸੁਖਪ੍ਰੀਤ ਸਿੰਘ, ਐਸ.ਡੀ.ਓ. ਨੰਗਲ ਲਾਭਦੀਪ ਸਿੰਘ, ਡੀ. ਆਈ.ਸੀ. ਬਲਿੰਦਰ ਸਿੰਘ, ਸਰਬਜੀਤ ਸਿੰਘ, ਐਕਸਾਈਜ਼ ਇੰਸਪੈਕਟਰ ਜਸਪਾਲ ਸਿੰਘ, ਖਾਲਸਾ ਕਾਲਜ ਤੋਂ ਪ੍ਰੋ. ਸੰਦੀਪ ਕੁਮਾਰ, ਪੰਜਾਬ ਰੋਡਵੇਜ਼ ਤੋਂ ਅਮਿਤ ਅਰੋੜਾ, ਪਨਸਪ ਰੂਪਨਗਰ ਤੋਂ ਭਾਵਨਾ ਕੁਮਾਰੀ, ਬੀ.ਐਸ.ਐਨ.ਐਲ. ਤੋਂ ਪ੍ਰਮੋਦ ਕੌਸ਼ਲ, ਐਨ.ਐਚ.ਏ.ਆਈ. ਤੋਂ ਗੁਰਵਿੰਦਰ ਸਿੰਘ ਅਤੇ ਕਰਮਬੀਰ ਸਿੰਘ, ਡੀ.ਡੀ.ਐਫ. ਗਿਰਜਾ ਸ਼ੰਕਰ, ਵਿਰਾਸਤ ਏ ਖਾਲਸਾ ਤੋਂ ਰਾਜੇਸ਼ ਸ਼ਰਮਾ ਅਤੇ ਜੰਗਲਾਤ ਵਿਭਾਗ ਤੋਂ ਭੁਪਿੰਦਰ ਸਿੰਘ ਆਦਿ ਹਾਜ਼ਰ ਸਨ।



## ਡੇਅਰੀ ਵਿਕਾਸ ਵਿਭਾਗ ਵੱਲੋਂ ਰਾਸ਼ਟਰੀ ਪਸ਼ੂ ਧਨ ਮਿਸ਼ਨ ਅਧੀਨ ਬਲਾਕ ਪੱਧਰੀ ਸੈਮੀਨਾਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਡੇਅਰੀ ਵਿਕਾਸ ਵਿਭਾਗ,ਪੰਜਾਬ ਅਤੇ ਰਾਸ਼ਟਰੀ ਪਸ਼ੂ ਧਨ ਮਿਸ਼ਨ ਦੀਆਂ ਸਕੀਮਾਂ ਸੰਬੰਧੀ ਪਿੰਡ ਮਿੱਠੇਵਾਲ ਡਾਕਖਾਨਾ ਭੀਖੋਵਾਲ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਬਲਾਕ ਪੱਧਰੀ ਸੈਮੀਨਾਰ ਕਰਵਾਇਆ ਗਿਆ,ਜਿਸ ਵਿੱਚ ਪਿੰਡ ਮਿੱਠੇਵਾਲ ਅਤੇ ਆਲੇ-ਦੁਆਲੇ ਦੇ ਪਿੰਡਾਂ ਦੇ ਲਗਭੱਗ 220 ਕਿਸਾਨਾਂ ਨੇ ਭਾਗ ਲਿਆ। ਇਸ ਸੈਮੀਨਾਰ ਦਾ ਉਦਘਾਟਨ ਮੁੱਖ ਮਹਿਮਾਨ ਡਾ. ਰਵਜੋਤ ਸਿੰਘ ਦੇ ਨੁਮਾਇੰਦੇ ਪ੍ਰਦੀਪ ਸੈਣੀ ਵਲੋਂ ਕੀਤਾ ਗਿਆ। ਉਨ੍ਹਾਂ ਨੇ ਡੇਅਰੀ ਵਿਭਾਗ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਦੁੱਧ ਉਤਪਾਦਕਾਂ ਨੂੰ ਵਿਭਾਗ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਹੁਸ਼ਿਆਰਪੁਰ ਹਰਵਿੰਦਰ ਸਿੰਘ ਨੇ ਫਾਰਮਰਾਂ ਨੂੰ ਡੇਅਰੀ ਦੀਆਂ ਸਕੀਮਾਂ ਜਿਵੇਂ ਕਿ ਡੀਡੀ ਕੈਟਲਸ਼ੈਡ, ਮਿਲਕਿੰਗ ਮਸ਼ੀਨ ਆਦਿ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਕਿਹਾ। ਸੈਮੀਨਾਰ ਦੌਰਾਨ ਰਾਸ਼ਟਰੀ ਪਸ਼ੂ ਧਨ ਮਿਸ਼ਨ ਸੰਬਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਤਾਂ ਜੋ ਮਿਲਣ ਵਾਲੀਆਂ ਸਹੂਲਤਾਂ ਜਿਵੇਂ ਕਿ ਹਾਈਟੈਕ ਮਸ਼ੀਨਰੀ,ਚਾਰਾ ਪ੍ਰਬੰਧਨ,ਸਾਈਲੇਜ ਬੇਲਰ ਅਤੇ ਰੈਪਰ ਮਸ਼ੀਨ,ਟੀ.ਐਮ.ਆਰ ਆਦਿ 'ਤੇ ਮਿਲ ਰਹੀ 50 ਫੀਸਦੀ ਰਿਆਇਤ ਦਾ ਵੱਧ ਤੋਂ ਵੱਧ ਫਾਇਦਾ ਲਿਆ ਜਾ ਸਕੇ, ਉਥੇ ਬੈਂਕਾਂ ਦੇ ਨੁਮਾਇੰਦਿਆਂ ਨੇ ਮੁਦਰਾ ਅਤੇ ਸਟੈਂਡਅਪ ਅਧੀਨ ਮਿਲ ਰਹੀਆਂ ਕਰਜ਼ਾ ਯੋਜਨਾਵਾਂ ਸੰਬੰਧੀ ਜਾਗਰੂਕ ਕੀਤਾ ।ਇਸ ਸੈਮੀਨਾਰ ਵਿੱਚ ਸ਼ਾਮਲ ਹੋਏ ਡੇਅਰੀ ਉਤਪਾਦਕਾਂ ਨੂੰ ਰਜਿਸਟ੍ਰੇਸ਼ਨ ਸਮੇਂ ਲਿਟਰੇਚਰ ਕਿੱਟ, ਚਾਹ ਅਤੇ 2 ਕਿਲੋ ਮਿਨਰਲ ਮਿਕਚਰ ਪ੍ਰਤੀ ਫਾਰਮਰ ਅਤੇ ਦੁਪਿਹਰ ਦਾ ਖਾਣਾ ਮੁਫਤ ਮੁਹੱਈਆ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਵਿਭਾਗਾਂ ਅਤੇ ਕੰਪਨੀਆਂ ਵਲੋਂ ਆਪਣੇ ਸਟਾਲ ਲਗਾਏ ਗਏ। ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਹੁਸ਼ਿਆਰਪੁਰ ਤੇ ਸਮੂਹ ਸਟਾਫ ਵਲੋਂ ਡੇਅਰੀ ਫਾਰਮਰਾਂ ਅਤੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਸਮੇਂ ਫੈਕਲਟੀ ਮੈਂਬਰ, ਸਰਪੰਚ ਮਿੱਠੇਵਾਲ ਨੀਲਮ ਰਾਣੀ, ਸਰਪੰਚ ਮਹਿੰਦੀਪੁਰ ਕੁਲਵੰਤ ਕੌਰ, ਸਰਪੰਚ ਗੋਬਿੰਦਪੁਰ ਸੰਦੀਪ ਕੌਰ, ਜਤਿੰਦਰ ਸਿੰਘ ਮਹਿੰਦੀਪੁਰ ਸਰਪੰਚ ਮੁਰਾਦਪੁਰ ਅਮਨਦੀਪ ਸਿੰਘ ਅਤੇ ਸੁਖਦੇਵ ਸਿੰਘ ਬਸੀ ਮੁੱਦਾ ਆਦਿ ਮੋਹਤਬਰਾਂ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ ।

# 26 ਦੇ ਟ੍ਰੈਕਟਰ ਮਾਰਚ ਸਬੰਧੀ ਸਮੂਹ ਜਥੇਬੰਦੀਆਂ ਨੇ ਰੂਪ-ਰੇਖਾ ਉਲੀਕੀ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ ਵਿਖੇ ਸੰਯੁਕਤ ਕਿਸਾਨ ਮੋਰਚਾ ਵਿੱਚ ਸ਼ਾਮਿਲ ਕਿਸਾਨ ਤੇ ਮਜਦੂਰ ਜਥੇਬੰਦੀਆਂ ਤੇ ਹੋਰ ਸਹਿਯੋਗੀ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਬਲਵਿੰਦਰ ਸਿੰਘ ਭੁੱਲਰ ਕਿਰਤੀ ਕਿਸਾਨ ਯੂਨੀਅਨ, ਕਾਮਰੇਡ ਬਲਦੇਵ ਸਿੰਘ ਭਾਰਤ ਨਿਰਮਾਣ ਮਿਸਤਰੀ ਮਜਦੂਰ ਯੂਨੀਅਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਖ-ਵੱਖ ਮੁੱਦਿਆਂ ਅਤੇ ਮੰਗਾਂ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੰਯੁਕਤ ਮੋਰਚਾ ਭਾਰਤ ਦੇ ਸੱਦੇ 'ਤੇ 26 ਜਨਵਰੀ ਨੂੰ ਟ੍ਰੈਕਟਰ ਮਾਰਚ ਕਰਨ ਸਬੰਧੀ ਵੀ ਸਮੂਹ ਜਥੇਬੰਦੀਆਂ ਵੱਲੋਂ ਰੂਪਰੇਖਾ ਉਲੀਕੀ ਗਈ ਅਤੇ ਇਸ ਟਰੈਕਟਰ ਮਾਰਚ ਨੂੰ ਸਫਲ ਬਣਾਉਣ ਲਈ ਵੱਖ-ਵੱਖ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਰਸ਼ਪਾਲ ਸਿੰਘ ਕਿਰਤੀ ਕਿਸਾਨ ਯੂਨੀਅਨ ਪੰਜਾਬ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਅਤੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਨੀਤੀਆਂ ਦੇ ਸਿੱਟੇ ਵਜੋਂ ਅੱਜ ਸਾਡਾ ਦੇਸ਼ ਗੰਭੀਰ ਸੰਕਟ ਵਿੱਚੋਂ ਗੁਜਰ ਰਿਹਾ ਹੈ। ਗਰੀਬੀ ਦਾ ਖਤਰਨਾਕ ਹੱਦ ਤੱਕ ਵਧਣਾ, ਵਸਤੂਆਂ ਦੀ ਮੰਗ ਦਾ ਘਟਨਾ, ਕੌਮੀ ਅਰਥਚਾਰੇ ਦਾ ਲਗਾਤਾਰ ਮੱਠਾ ਪੈਣਾ, ਉਦਯੋਗੀਕਰਨ ਅਤੇ ਦੇਸ ਦੇ ਉਦਯੋਗਿਕ ਆਧਾਰ ਦਾ ਸੁੰਗੜਨਾ, ਘਰੇਲੂ ਛੋਟੇ ਅਤੇ ਦਰਮਿਆਨੇ ਉਦਯੋਗਾਂ ਦਾ ਵਿਨਾਸ਼, ਸਵੈ ਨਿਰਭਰਤਾ ਦਾ ਨੁਕਸਾਨ ਅਤੇ ਵਾਧਾ ਬੋਝ ਇਸ ਦੀਆਂ ਅਲਾਮਤਾਂ ਹਨ। ਉਹਨਾਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਅਤੇ ਅਤ ਅਮੀਰ ਪੱਖੀ ਨੀਤੀਆਂ ਕਰਕੇ ਦੇਸ ਦੇ ਇੱਕ ਪ੍ਰਤੀਸ਼ਤ ਅਮੀਰ ਲੋਕਾਂ ਕੋਲ ਦੇਸ਼ ਦੀ 40 ਪ੍ਰਤੀਸ਼ਤ ਪੂੰਜੀ ਇਕੱਤਰ ਹੋ ਗਈ ਹੈ ਇਸ ਦੇ ਉਲਟ ਅਤ ਗਰੀਬ ਲੋਕਾਂ ਕੋਲ ਇਹ ਪੂੰਜੀ 13 ਤੋਂ ਘੱਟ ਕੇ ਕੇਵਲ 3 ਪ੍ਰਤੀਸ਼ਤ ਰਹਿ ਗਈ ਹੈ। ਉਹਨਾਂ ਹੋਰ ਵੀ ਕਿਸਾਨ ਅਤੇ ਮਜਦੂਰ ਪੱਖੀ ਮੰਗਾਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਸੰਯੁਕਤ ਕਿਸਾਨ ਮੋਰਚੇ ਦੇ ਕਨਵੀਨਰ ਐਡਵੋਕੇਟ ਰਜਿੰਦਰ ਸਿੰਘ ਰਾਣਾ, ਬਲਵਿੰਦਰ ਸਿੰਘ ਭੁੱਲਰ, ਅਮਰਜੀਤ ਸਿੰਘ ਟਿੱਬਾ, ਕਾਮਰੇਡ ਬਲਦੇਵ ਸਿੰਘ, ਮਾਸਟਰ ਚਰਨ ਸਿੰਘ , ਸੁੱਚਾ ਸਿੰਘ ਮਿਰਜਾਪੁਰ ਆਦਿ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪਿਛਲੇ ਸਮੇਂ ਵਿੱਚ ਕਿਸਾਨਾਂ ਦੇ ਵਿਸ਼ਾਲ ਅੰਦੋਲਨ ਨੇ ਮੋਦੀ ਨੂੰ ਝੁਕਾ ਕੇ ਰੱਖ ਦਿੱਤਾ ਅਤੇ ਉਸ ਨੂੰ ਸਾਰੇ ਬਿੱਲ ਵਾਪਸ ਲੈਣੇ ਪਏ। ਇਸੇ ਤਰ੍ਹਾਂ ਹੀ ਟਰੱਕ ਆਪਰੇਟਰਾਂ ਦੀ ਹੜਤਾਲ ਨੇ 24 ਘੰਟੇ ਵਿੱਚ ਹੀ ਮੋਦੀ ਨੂੰ ਹਾਰ ਦੇ ਦਿੱਤੀ। ਇੱਕਮੁੱਠਤਾ ਤੇ ਠਰੰਮੇ ਦੇ ਨਾਲ ਅਤੇ ਸੂਝ ਬੂਝ ਦੇ ਨਾਲ ਅੰਦੋਲਨ ਚਲਾ ਕੇ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਭਾਂਝ ਦਿੱਤੀ ਜਾ ਸਕਦੀ ਹੈ । ਇਸ ਲਈ ਸੰਯੁਕਤ ਕਿਸਾਨ ਮੋਰਚਾ ਤੇ ਕੇਂਦਰੀ ਟਰੇਡ ਯੂਨੀਅਨ ਨੇ ਸਾਂਝਾ ਮੰਚ ਬਣਾ ਕੇ ਲਗਾਤਾਰ ਅੰਦੋਲਨ ਵਿੱਢੇ ਹਨ। ਹੁਣ ਸਮਾਂ ਬਹੁਤ ਹੀ ਗੰਭੀਰ ਹੈ ਕਿਉਂਕਿ ਚੋਣਾਂ ਸਿਰ 'ਤੇ ਆ ਰਹੀਆਂ ਹਨ ਤੇ ਇਸ ਲਈ ਸੰਵਿਧਾਨ ਨੂੰ ਬਚਾਉਣਾ ਤੇ ਦੇਸ਼ ਨੂੰ ਬਚਾਉਣਾ ਬਹੁਤ ਵੱਡਾ ਕੰਮ ਹੋ ਗਿਆ ਹੈ। ਇਸ ਦੇ ਮੱਦੇਨਜ਼ਜਰ ਸਾਂਝੇ ਮੰਚ ਵੱਲੋਂ ਲਏ ਗਏ ਫੈਸਲੇ ਮੁਤਾਬਕ 26 ਜਨਵਰੀ 2024 ਨੂੰ ਸਾਰੇ ਦੇਸ਼ ਦੇ ਜ਼ਿਲ੍ਹਾ ਹੈੱਡ ਕੁਆਰਟਰਾਂ 'ਤੇ ਪ੍ਰਦਰਸ਼ਨ ਕੀਤੇ ਜਾ ਰਹੇ ਹਨ ਜਿਸ ਵਿੱਚ ਟ੍ਰੈਕਟਰ ਮਾਰਚ ਕਰਕੇ ਪ੍ਰਦਰਸ਼ਨ ਰਾਹੀਂ ਜੋਰਦਾਰ ਆਵਾਜ ਬੁਲੰਦ ਕਰਕੇ ਕੇਂਦਰ ਦੀ ਸੁੱਤੀ ਸਰਕਾਰ ਨੂੰ ਜਗਾਇਆ ਜਾਵੇਗਾ। ਉਨਾਂ ਸਮੂਹ ਇਲਾਕੇ ਦੇ ਕਿਸਾਨਾਂ ਮਜਦੂਰਾਂ ਤੇ ਹੋਰ ਵਰਗਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਮਹਾਨ ਜਨ ਅੰਦੋਲਨ ਵਿੱਚ ਹੁਮ ਹੁਮਾ ਕੇ ਸ਼ਾਮਿਲ ਹੋ ਕੇ ਸੁਲਤਾਨਪੁਰ ਲੋਧੀ ਦੇ ਇਲਾਕੇ ਵਿੱਚੋਂ ਚੱਲ ਕੇ 12 ਵਜੇ ਕਪੂਰਥਲਾ ਪਹੁੰਚਣ ਵਾਲੇ ਟ੍ਰੈਕਟਰ ਮਾਰਚ ਦਾ ਹਿੱਸਾ ਬਣਿਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਬਾਜਵਾ, ਹਰਜਿੰਦਰ ਸਿੰਘ ਟਿੱਬਾ, ਸੁਖਦੇਵ ਸਿੰਘ ਅਮਰਕੋਟ, ਸੰਤਾ ਸਿੰਘ, ਕੇਵਲ ਸਿੰਘ, ਹਰਬੰਸ ਸਿੰਘ, ਮਦਨ ਲਾਲ ਕੰਡਾ, ਮੁਖਤਿਆਰ ਸਿੰਘ, ਜਗਜੀਤ ਸਿੰਘ, ਸੁਰਜੀਤ ਸਿੰਘ ਠੱਟਾ, ਸੁਖਵੰਤ ਸਿੰਘ ਮੋਖੇ, ਜੀਤ ਸਿੰਘ, ਮੰਗਲ ਸਿੰਘ, ਪਰਮਜੀਤ ਸਿੰਘ ਰਾਮਪੁਰ ਜਗੀਰ, ਹਰਪ੍ਰੀਤ ਸਿੰਘ, ਗੁਰਮੀਤ ਸਿੰਘ ਚੱਕ ਕੋਟਲਾ, ਵਿਸ਼ਵਜੋਤ ਸਿੰਘ ਚੱਕ ਕੋਟਲਾ ,ਜਥੇਦਾਰ ਇੰਦਰ ਸਿੰਘ ਲਾਟੀਆਂਵਾਲ, ਕੁਲਦੀਪ ਸਿੰਘ ਡਿਪਟੀ ਆਦਿ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਅਤੇ ਮਜਦੂਰ ਆਗੂ ਹਾਜਰ ਸਨ।

## ਜਰਮਨੀ ਦੀ ਰਿਸਰਚ 'ਵਰਸਿਟੀ ਐੱਫ ਐੱਚ ਐੱਮ ਤੇ ਐੱਲ ਪੀ ਯੂ 'ਚ ਕਰਾਰ



**ਜਲੰਧਰ (ਸ਼ੈਲੀ ਐਲਬਰਟ)**- ਜਰਮਨੀ ਦੀ ਰਿਸਰਚ ਯੂਨੀਵਰਸਿਟੀ ਫਚੋਸਚੁਲ ਡੇਸ ਮਿਟਲਸਟੈਂਡਸ (ਐਫ਼ ਐਚ ਐਮ) ਦੀ ਤਿੰਨ ਮੈਂਬਰੀ ਹਾਈ-ਪ੍ਰੋਫਾਈਲ ਟੀਮ ਨੇ ਸਹਿਯੋਗੀ ਉਦੇਸ਼ਾਂ ਲਈ ਹਾਲ ਹੀ 'ਚ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਦਾ ਦੌਰਾ ਕੀਤਾ। ਜਰਮਨ ਟੀਮ ਨੇ ਸਮੂਹਿਕ ਯਤਨਾਂ ਲਈ ਐਲ ਪੀ ਯੂ ਦੇ ਸੰਸਥਾਪਕ ਚਾਂਸਲਰ ਅਤੇ ਭਾਰਤੀ ਸੰਸਦ (ਰਾਜ ਸਭਾ) ਦੇ ਮਾਨਯੋਗ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਨਾਲ ਮੁਲਾਕਾਤ ਕੀਤੀ।ਆਪਸੀ ਗੱਲਬਾਤ ਲਈ ਸਹਿਮਤੀ ਦਿੰਦੇ ਹੋਏ, ਡਾ. ਮਿੱਤਲ ਨੇ ਸਾਂਝਾ ਕੀਤਾ ਕਿ ਵੱਕਾਰੀ ਅੰਤਰਰਾਸ਼ਟਰੀ ਸਹਿਯੋਗਾਂ ਦੇ ਨਾਲ, ਐਲ ਪੀ ਯੂ ਗਿਆਨ ਪ੍ਰਸਾਰ ਦੇ ਨਵੀਨਤਾਕਾਰੀ ਤਰੀਕਿਆਂ ਨੂੰ ਭਰਪੂਰ ਕਰਕੇ ਹੋਣਹਾਰ ਵਿਦਿਆਰਥੀਆਂ ਲਈ ਵਿਸ਼ਵਵਿਆਪੀ ਮੌਕਿਆਂ ਨੂੰ ਨਿਯਮਤ ਤੌਰ 'ਤੇ ਵਧਾ ਰਿਹਾ ਹੈ। ਐਫ ਐਚ ਐਮ ਦੀ ਟੀਮ ਵਿੱਚ ਵਾਈਸ-ਚਾਂਸਲਰ (ਖੋਜ ਅਤੇ ਵਿਕਾਸ) ਪ੍ਰੋਫੈਸਰ ਡਾ. ਵੋਲਕਰ ਵਿਟਬਰਗ, ਪ੍ਰੋ. ਵਾਈਸ ਚਾਂਸਲਰ (ਅੰਤਰਰਾਸ਼ਟਰੀ) ਪ੍ਰੋ. ਡਾ. ਹੈਬਿਲ ਟੋਰਸਟਨ ਫਿਸ਼ਰ ਅਤੇ ਐਂਗਲੋ ਜਰਮਨ ਡਾਕਟੋਰਲ ਸਕੂਲ (ਏ ਜੀ ਡੀ ਐਸ) ਦੇ ਸੀ ਈ ਓ, ਪ੍ਰੋ. ਡਾ: ਰਿਚਰਡ ਮਰਕ ਸ਼ਾਮਲ ਸਨ।

ਮਹਿਮਾਨ ਟੀਮ ਨੇ ਐਲ ਪੀ ਯੂ ਦੀਆਂ ਅੰਤਰ-ਰਾਸ਼ਟਰੀ ਰਿਲੇਸ਼ਨਜ਼ ਖੋਜ ਅਤੇ ਵਿਕਾਸ ਅਤੇ ਵੱਕਾਰੀ ਸਹਿਯੋਗ 'ਚ ਸ਼ਾਮਲ ਹੋਰ ਅਕਾਦਮਿਕ ਇਕਾਈਆਂ ਦੀਆਂ ਟੀਮਾਂ ਨਾਲ ਆਪਸੀ ਸਮਝ ਲਈ ਮਹੱਤਵਪੂਰਨ ਡੂੰਘਾਈ ਨਾਲ ਚਰਚਾ ਕੀਤੀ।ਦੋਵੇਂ ਧਿਰਾਂ ਵਿਦਿਆਰਥੀ ਅਤੇ ਫੈਕਲਟੀ ਐਕਸਚੇਂਜ ਪ੍ਰੋਗਰਾਮਾਂ, ਸਾਂਝੇ ਖੋਜ ਦੇ ਮੌਕਿਆਂ ਅਤੇ ਪ੍ਰਕਾਸ਼ਨਾਂ, ਨਿਰੰਤਰ ਸਿੱਖਿਆ ਅਤੇ ਪੇਸ਼ੇਵਰ ਵਿਕਾਸ, ਸੈਮੀਨਾਰਾਂ/ਕਾਨਫ਼ਰੰਸਾਂ 'ਚ ਭਾਗੀਦਾਰੀ ਅਤੇ ਸਬੰਧਤ ਮਾਮਲਿਆਂ ਲਈ ਮਹੱਤਵਪੂਰਨ ਸਮਝੌਤਿਆਂ ਤੇ ਹਸਤਾਖਰ ਕੀਤੇ। ਯੂਰਪੀਅਨ ਯੂਨੀਅਨ ਦੇ ਦ੍ਰਿਸ਼ਟੀਕੋਣ ਤੋਂ, ਐਫ ਐਚ ਐਮ ਖੋਜ ਤੀਬਰ ਯੂਨੀਵਰਸਿਟੀਆਂ ਵਿੱਚੋਂ ਇੱਕ ਹੈ।ਐਲ ਪੀ ਯੂ ਦੀ ਨੁਮਾਇੰਦਗੀ ਕਰਦੇ ਹੋਏ ਵਾਈਸ ਪ੍ਰੈਜ਼ੀਡੈਂਟ ਡਾ. ਅਮਨ ਮਿੱਤਲ ਨੇ ਦੱਸਿਆ ਕਿ ਦੇਸ਼ ਦੀ ਨਵੀਨਤਮ ਸਿੱਖਿਆ ਨੀਤੀ ਦੇ ਅਨੁਸਾਰ, ਐਲ ਪੀ ਯੂ ਹਮੇਸ਼ਾ ਸਿੱਖਿਆ ਦੇ ਅੰਤਰਰਾਸ਼ਟਰੀਕਰਨ ਲਈ ਵਚਨਬੱਧ ਹੈ।ਐਲ ਪੀ ਯੂ 'ਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਸਮੁੱਚਾ ਫਾਇਦਾ ਲੈਣ ਲਈ ਕੋਈ ਵੀ ਅੰਤਰਰਾਸ਼ਟਰੀ ਸਰਹੱਦ ਰੁਕਾਵਟ ਨਹੀਂ ਹੈ।

ਇਸ ਤੋਂ ਇਲਾਵਾ, ਵਿਸ਼ਵ ਦੀਆਂ ਚੋਟੀ ਦੀਆਂ ਯੂਨੀਵਰਸਿਟੀਆਂ ਨਾਲ ਕੰਮ ਕਰਨਾ ਵਿਦਿਆਰਥੀਆਂ ਅਤੇ ਸਹਿਯੋਗੀ ਸੰਸਥਾਵਾਂ ਦੇ ਫੈਕਲਟੀ ਦੋਵਾਂ ਨੂੰ ਸੱਚਮੁੱਚ ਵਿਸ਼ਵ ਅਨੁਭਵ ਪ੍ਰਦਾਨ ਕਰਦਾ ਹੈ।

## ਮੇਹੁਲ ਖੰਨਾ ਬਣਿਆ ਯੂ ਜੀ ਸੀ ਨੈੱਟ ਦਾ ਟਾਪਰ



**ਜਲੰਧਰ (ਰਾਜੇਸ਼ ਥਾਪਾ)**-ਡਿਸਟ੍ਰਿਕਟ ਬਾਰ ਐਸੋਸੀਏਸ਼ਨ ਦਾ ਮੈਂਬਰ ਵਕੀਲ ਮੇਹੁਲ ਖੰਨਾ ਨੇ ਆਪਣੀ ਜ਼ਿੰਦਗੀ ਦਾ ਇੱਕ ਅਹਿਮ ਮੁਕਾਮ ਹਾਸਿਲ ਕਰਦੇ ਯੂ ਜੀ ਸੀ ਨੈਟ ਦੀ ਪ੍ਰੀਖਿਆ ਪਾਸ ਕੀਤੀ ਅਤੇ ਆਪਣੇ ਮਾਪਿਆਂ ਅਧਿਆਪਕਾਂ ਤੇ ਵਕੀਲ ਭਾਈਚਾਰੇ ਦਾ ਮਾਣ ਵਧਾਇਆ ।ਮੇਹੁਲ ਖੰਨਾ ਨੇ ਦੱਸਿਆ ਕਿ ਉਹਨਾਂ ਨੇ ਐਲਐਲਬੀ ਦੀ ਡਿਗਰੀ ਕੇਸੀਐਲ ਇੰਸਟੀਚਿਊਟ ਆਫ ਲਾਅ ਕਾਲਜ ਤੋਂ ਪ੍ਰਾਪਤ ਕੀਤੀ ਅਤੇ ਐਲ ਐਲ ਐਮ ਦੀ ਡਿਗਰੀ ਲੱਧੇਵਾਲੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਪ੍ਰਾਪਤ ਕੀਤੀ ਤੇ ਇਹ ਮੁਕਾਮ ਰੋਜ਼ਾਨਾ 16 ਘੰਟੇ ਤੋਂ ਵੱਧ ਪੜ੍ਹ ਕੇ ਹਾਸਲ ਕੀਤਾ ਹੈ ।ਇੱਥੇ ਵਰਨਣਯੋਗ ਹੈ ਕਿ ਮੇਹੁਲ ਖੰਨਾ ਜਲੰਧਰ ਦੇ ਨਿਊ ਰਸੀਲਾ ਨਗਰ ਦਾ ਰਹਿਣ ਵਾਲਾ ਹੈ ਅਤੇ ਆਮ ਪਰਵਾਰ ਨਾਲ ਸਬੰਧ ਰੱਖਦਾ ਹੈ।ਇਸ ਮੌਕੇ 'ਤੇ ਬਾਰ ਐਸੋਸੀਏਸ਼ਨ ਜਲੰਧਰ ਦੇ ਪ੍ਰਧਾਨ ਇਧੱਤਿਆ ਜੈਨ, ਸੀਨੀਅਰ ਐਡਵੋਕੇਟ ਰਜਿੰਦਰ ਮੰਡ ,ਗੁਰਜੀਤ ਸਿੰਘ ਕਾਹਲੋ ,ਪਰਮਿੰਦਰ ਸਿੰਘ ਢਿੱਲੋਂ ,ਵਰੁਣ ਖੰਨਾ ਹਰਪ੍ਰੀਤ ਸਿੰਘ ਜੂਨੀਅਰ ਵਾਈਸ ਪ੍ਰਧਾਨ ਸੰਗੀਤਾ ਸੋਨੀ ਅਤੇ ਹੋਰਨਾਂ ਨੇ ਉਹਨਾਂ ਨੂੰ ਗੁਲਦਸਤਾ ਦੇ ਕੇ ਸਨਮਾਨਿਤ ਕੀਤਾ ਤੇ ਅਗਲੇ ਸਫਰ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਮੌਲੀ ਬੈਦਵਾਣ ਦੀ ਟੀਮ ਨੇ ਮਨਾਣਾ ਨੂੰ ਹਰਾ ਕੇ ਇੱਕ ਲੱਖ ਦਾ ਨਗਦ ਇਨਾਮ ਜਿੱਤਿਆ

**ਐਸ.ਏ.ਐਸ.ਨਗਰ(ਮੁਹਾਲੀ)**-ਸ਼ਹੀਦ ਭਗਤ ਸਿੰਘ ਸਪੋਰਟਸ ਐਂਡ ਵੈਲਫ਼ੇਅਰ ਕਲੱਬ ਮੁਹਾਲੀ ਵੱਲੋਂ ਇੱਥੋਂ ਦੇ ਸੈਕਟਰ 81 ਵਿਖੇ ਕਰਵਾਏ ਗਏ ਪੰਜਵੇਂ ਸਾਲਾਨਾ ਕਬੱਡੀ ਕੱਪ ਦੇ ਇੱਕ ਪਿੰਡ ਓਪਨ ਮੁਕਾਬਲਿਆਂ ਵਿੱਚ ਮੌਲੀ ਬੈਦਵਾਣ ਦੀ ਟੀਮ ਨੇ ਮਨਾਣਾ ਦੀ ਟੀਮ ਨੂੰ ਹਰਾ ਕੇ ਇੱਕ ਲੱਖ ਦਾ ਨਗਦ ਇਨਾਮ ਜਿੱਤਿਆ। ਉੱਪ ਜੇਤੂ ਟੀਮ ਨੂੰ 71 ਹਜ਼ਾਰ ਦੀ ਰਾਸ਼ੀ ਭੇਂਟ ਕੀਤੀ ਗਈ। ਕਬੱਡੀ ਕੱਪ ਵਿੱਚ ਦਰਜਨਾਂ ਟੀਮਾਂ ਨੇ ਸ਼ਮੂਲੀਅਤ ਕੀਤੀ ਅਤੇ ਸੈਂਕੜੇ ਦਰਸ਼ਕਾਂ ਨੇ ਦੋ ਦਿਨ ਚੱਲੇ ਕਬੱਡੀ ਕੱਪ ਦਾ ਆਨੰਦ ਮਾਣਿਆ। ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਹਲਕਾ ਵਿਧਾਇਕ ਕੁਲਵੰਤ ਸਿੰਘ ਨੇ ਕੀਤੀ। ਉਨ੍ਹਾਂ ਕਲੱਬ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਹਰ ਤਰ੍ਹਾਂ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ। ਕਲੱਬ ਦੇ ਪ੍ਰਧਾਨ ਮਾਸਟਰ ਭੁਪਿੰਦਰ ਸਿੰਘ ਭਿੰਦਾ ਕੁੰਭੜਾ, ਚੇਅਰਮੈਨ ਗੁਰਵਿੰਦਰ ਸਿੰਘ, ਮੱਖਣ ਕਜਹੇੜੀ, ਸਰਤਾਜ ਸਿੰਘ ਗਿੱਲ, ਮਾਸਟਰ ਸੁਖਵਿੰਦਰ ਸਿੰਘ, ਮਾਸਟਰ ਹਰਬੰਸ ਸਿੰਘ, ਜਗਤਾਰ ਸਿੰਘ ਗਿੱਲ ਚਿੱਲਾ, ਰਵਿੰਦਰ ਸਿੰਘ ਬਿੰਦਾ ਕਜਹੇੜੀ, ਹਰਜੋਤ ਗੱਬਰ ਮੌਲੀ ਬੈਦਵਾਣ, ਮਾਸਟਰ ਅਮਰਜੀਤ ਸਿੰਘ ਕੁੰਭੜਾ, ਫੂਲਰਾਜ ਸਿੰਘ ਮੁਹਾਲੀ, ਕਰਮਜੀਤ ਸਿੰਘ ਢੇਲਪੁਰ ਆਦਿ ਦੀ ਅਗਵਾਈ ਹੇਠ ਹੋਏ ਇਸ ਕਬੱਡੀ ਕੱਪ ਦੇ ਪਹਿਲੇ ਦਿਨ ਦੀਆਂ ਖੇਡਾਂ ਦਾ ਉਦਘਾਟਨ ਬੀਕੇ ਗੋਇਲ ਸਰਪੰਚ ਮੌਲੀ ਬੈਦਵਾਣ ਅਤੇ ਅਮਰਾਓ ਸਿੰਘ ਬੈਦਵਾਣ ਯੂਕੇ ਨੇ ਕੀਤਾ। ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਨਿਗਮ ਦੇ ਕੌਂਸਲਰ ਸਰਬਜੀਤ ਸਿੰਘ ਸਮਾਣਾ ਨੇ ਕੀਤੀ।

ਪਹਿਲੇ ਦਿਨ ਹੋਏ ਮੁਕਾਬਲਿਆਂ ਵਿੱਚ 42 ਕਿਲੋ ਵਿੱਚ ਕੁਡਿਆਲਾ (ਮੋਗਾ) ਫ਼ਸਟ, ਮੌਲੀ ਬੈਦਵਾਣ ਸੈਕਿੰਡ, 47 ਕਿਲੋ ਬਾਬਾ ਦੀਪ ਸਿੰਘ ਕਲੱਬ ਬੰਨਮਾਜਰਾ ਫ਼ਸਟ, ਮੌਲੀ ਬੈਦਵਾਣ ਸੈਕਿੰਡ, 55 ਕਿਲੋ ਵਿੱਚ ਮੌਲੀ ਬੈਦਵਾਣ ਫ਼ਸਟ, ਮਾਣਕਪੁਰ ਖੇੜਾ ਸੈਕਿੰਡ, 62 ਕਿਲੋ ਵਿੱਚ ਬਨੂੜ ਫਸਟ ਅਤੇ ਮੰਦਵਾੜਾ ਸੈਕਿੰਡ ਰਹੇ। ਗੋਲਾ ਸੁੱਟਣ ਵਿੱਚ ਅਮਰਿੰਦਰ ਸਿੰਘ ਕੁਰੜਾ ਨੇ ਪਹਿਲਾ, ਚਰਨਜੀਤ ਸਿੰਘ ਮਨੌਲੀ ਨੇ ਦੂਜਾ ਅਤੇ ਸੁਖਮਨਪ੍ਰੀਤ ਸਿੰਘ ਮੁਹਾਲੀ ਨੇ ਤੀਜਾ ਸਥਾਨ ਹਾਸਿਲ ਕੀਤਾ। ਦੂਜੇ ਦਿਨ ਦੀਆਂ ਖੇਡਾਂ ਦਾ ਉਦਘਾਟਨ ਬਲਾਕ ਸਮਿਤੀ ਮੈਂਬਰ ਅਵਤਾਰ ਸਿੰਘ ਮੌਲੀ ਅਤੇ ਰਾਜਿੰਦਰ ਸਿੰਘ ਯੂਐਸਏ ਤੇ ਕੁਲਦੀਪ ਸਿੰਘ ਕਜਹੇੜੀ ਨੇ ਕੀਤਾ। ਇੱਕ ਪਿੰਡ ਪਿਓਰ ਵਿੱਚ ਮੌਲੀ ਬੈਦਵਾਣ ਨੇ ਪਹਿਲਾ ਅਤੇ ਬੁੜੈਲ ਨੇ ਦੂਜਾ ਸਥਾਨ ਜਿੱਤਿਆ। ਹਰਜੋਤ ਭੰਡਾਲ ਬੈਸਟ ਰੇਡਰ ਅਤੇ ਪੰਮਾ ਮਨਾਣਾ ਬੈਸਟ ਜਾਫ਼ੀ ਐਲਾਨੇ ਗਏ ਤੇ ਦੋਹਾਂ ਨੂੰ 21-21 ਹਜ਼ਾਰ ਦਾ ਨਗਦ ਇਨਾਮ ਦਿੱਤਾ ਗਿਆ।ਕਬੱਡੀ ਕੱਪ ਵਿੱਚ ਸਰਤਾਜ ਸਿੰਘ ਗਿੱਲ ਨੇ ਆਪਣੇ ਸਵਰਗੀ ਪਿਤਾ ਸੁਖਦੇਵ ਸਿੰਘ ਗਿੱਲ ਦੀ ਯਾਦ ਵਿੱਚ ਇੱਕ ਲੱਖ ਅਤੇ ਰਾਜਿੰਦਰ ਸਿੰਘ, ਤੇਜਿੰਦਰ ਸਿੰਘ, ਗੁਰਮਿੰਦਰ ਸਿੰਘ, ਅਮਰਿੰਦਰ ਸਿੰਘ (ਸਾਰੇ ਵਾਸੀ ਅਮਰੀਕਾ) ਨੇ ਆਪਣੀ ਸਵਰਗੀ ਮਾਤਾ ਬਲਵੰਤ ਕੌਰ ਦੀ ਯਾਦ ਵਿੱਚ ਡੇਢ ਲੱਖ ਦੀ ਰਾਸ਼ੀ ਭੇਂਟ ਕੀਤੀ। ਪ੍ਰਧਾਨ ਭੁਪਿੰਦਰ ਸਿੰਘ ਕੁੰਭੜਾ ਦੀ ਅਗਵਾਈ ਹੇਠ ਜੇਤੂ ਟੀਮਾਂ, ਕੋਚਾਂ, ਮੋਹਤਬਰਾਂ ਦਾ ਸਨਮਾਨ ਕੀਤਾ ਗਿਆ। ਕਬੱਡੀ ਕੱਪ ਵਿੱਚ ਡੀਐਸਪੀ ਹਰਸਿਮਰਤ ਸਿੰਘ ਬੱਲ ਸਮੇਤ ਸ਼ਹਿਰ ਦੇ ਕਈਂ ਕੌਂਸਲਰਾਂ, ਸਰਪੰਚਾਂ-ਪੰਚਾਂ ਨੇ ਵੀ ਖ਼ਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।

# ਸੂਬੇ 'ਚ ਉਦਯੋਗ ਤੇ ਨਿਵੇਸ਼ ਦੇ ਵੱਡੇ ਦਾਅਵੇ ਫਿੱਕੇ : ਅਰਵਿੰਦ ਖੰਨਾ

**ਚੰਡੀਗੜ੍ਹ, ( ਗੁਰਜੀਤ ਬਿੱਲਾ )**- ਪੰਜਾਬ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਦੇ ਡਗਮਗਾ ਰਹੇ ਅਰਥਚਾਰੇ ਨੂੰ ਸੰਭਾਲਣ ਵਿਚ ਭਗਵੰਤ ਮਾਨ ਦੀ ਅਗੁਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਨਾਕਾਮ ਸਾਬਿਤ ਹੋਈ ਹੈ। ਉਨ੍ਹਾਂ ਕਿਹਾ ਕਿ ਵਿੱਤੀ ਸਾਧਨਾਂ ਨਾਲ ਸਬੰਧਤ ਦੋ ਵਿਭਾਗਾਂ ਦੇ ਸਰਵੇ ਵਿਚ ਮੁੱਖ ਮੰਤਰੀ ਭਗਵੰਤ ਮਾਨ ਦੇ ਸੂਬੇ ਨੂੰ ਉਦਯੋਗ ਅਤੇ ਨਿਵੇਸ਼ ਦੇ ਵੱਡੇ ਦਾਅਵੇ ਫਿੱਕੇ ਨਜ਼ਰ ਆ ਰਹੇ ਹਨ। ਸਰਵੇ ਮੁਤਾਬਿਕ ਪੰਜਾਬ ਸਰਕਾਰ ਦੇ ਪਹਿਲੇ ਸਾਲ ਵਿੱਚ ਨਿਵੇਸ਼ ਵਿੱਚ 85 ਫੀਸਦੀ ਦੀ ਗਿਰਾਵਟ ਦਾ ਖੁਲਾਸਾ ਕੀਤਾ ਗਿਆ ਹੈ।ਖੰਨਾ ਨੇ ਕਿਹਾ ਕਿ ਕਿਸੇ ਵੀ ਸੂਬੇ ਦੇ ਮਜਬੂਤ ਵਿੱਤੀ ਸਾਧਨ ਹੀ ਉਸਦੀ ਖੁਸ਼ਹਾਲੀ ਜਾਂ ਵਿਕਾਸ ਨੂੰ ਪ੍ਰਫੁਲਿਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਕਾਨੂੰਨ-ਵਿਵਸਥਾ ਅਤੇ ਸੁਖਾਲਾ ਮਾਹੌਲ ਹੀ ਉਦਯੋਗ ਲਗਾਉਣ ਵਾਲੀਆਂ ਨੂੰ ਪ੍ਰੇਰਿਤ ਕਰਦਾ ਹੈ, ਜਦੋਂਕਿ ਸੂਬੇ ਦੇ ਮੌਜੂਦਾ ਹਾਲਾਤਾਂ ਦੌਰਾਨ ਸਰਕਾਰ ਇਨ੍ਹਾਂ ਵਿੱਚੋਂ ਕਿਤੇ ਵੀ ਸਹੀ ਨਜ਼ਰ ਨਹੀਂ ਆ ਰਹੀ। ਖੰਨਾ ਨੇ ਕਿਹਾ ਕਿ ਪੰਜਾਬ ਵਿੱਚ ਵੱਡੇ ਬਦਲਾਵ ਦਾ ਨਾਰਾ ਦੇਣ ਵਾਲੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਪ ਮੁੱਖੀ ਅਰਵਿੰਦ ਕੇਜਰੀਵਾਲ ਕਰਜਈ ਹੋ ਰਹੇ ਪੰਜਾਬ ਦੇ ਮਾਲੀਏ ਨੂੰ ਪੰਜਾਬ ਦੀ ਬਿਹਤਰੀ ਦੀ ਬਜਾਏ ਆਪਣੀ ਰਾਜਨੀਤੀਕ ਸਾਖ ਨੂੰ ਚਮਕਾਉਣ ਵਿਚ ਖਰਚ ਰਹੇ ਹਨ। ਉਨ੍ਹਾਂ ਕਿਹਾ ਕਿ ਕਰਜੇ ਕਾਰਨ ਅੱਜ ਖੁਸ਼ਹਾਲ ਪੰਜਾਬ ਬਰਬਾਦੀ ਕੰਢੇ ਖੜ੍ਹਾ ਹੈ ਅਤੇ ਭਗਵੰਤ ਮਾਨ ਲੋਕਾਂ ਨੂੰ ਦੱਸਣ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਸਿਰ ਚੜ੍ਹ ਰਹੇ ਵੱਡੇ ਕਰਜੇ ਦਾ ਭੁਗਤਾਨ ਕੌਣ ਕਰੇਗਾ।ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ 'ਚ ਕਾਨੂੰਨ-ਵਿਵਸਥਾ ਦਾ ਜਿਸ ਤਰ੍ਹਾਂ ਦਾ ਮਾਹੌਲ ਹੈ, ਉਨ੍ਹਾਂ ਹਾਲਾਤਾਂ ਵਿੱਚ ਪੰਜਾਬ ਅੰਦਰ ਕੌਣ ਨਿਵੇਸ਼ ਕਰੇਗਾ ? ਉਨ੍ਹਾਂ ਕਿਹਾ ਕਿ ਵਪਾਰੀ ਅਜਿਹੀ ਥਾਂ ਉੱਤੇ ਹੀ ਨਿਵੇਸ਼ ਕਰਦੇ ਨੇ ਜਿੱਥੇ ਉਨ੍ਹਾਂ ਨੂੰ ਆਪਣੀ ਜਾਨ-ਮਾਲ ਦੀ ਰਾਖੀ ਲੱਗੇ, ਜਿੱਥੇ ਉਹ ਆਪਣੇ ਆਪ ਨੂੰ ਸੁਰੱਖਿਅਤ ਸਮਝਣ। ਦੋ ਗੱਲਾਂ ਉੱਤੇ ਹੀ ਸਨਅਤਕਾਰਾਂ ਨਿਵੇਸ਼ ਕਰਦੇ ਨੇ ਇੱਕ ਤਾਂ ਚੰਗਾ ਇੰਫ਼ਰਾਸਟਰਕਚਰ ਅਤੇ ਦੂਜੇ ਚੰਗੀ ਕਨੂੰਨ ਵਿਵਸਥਾ, ਜੋਕਿ ਦੋਵੇਂ ਹੀ ਸਰਕਾਰ ਦੇਣ ਵਿੱਚ ਨਕਾਮ ਹੋਈ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਨੂੰ ਕੇਜਰੀਵਾਲ ਨਾਲ ਪੂਰੇ ਭਾਰਤ ਦੇ ਦੌਰੇ ਕਰਨ ਦੀ ਬਜਾਏ ਕਾਨੂੰਨ-ਵਿਵਸਥਾ ਨੂੰ ਸੁਧਾਰਨ ਅਤੇ ਉਦਯੋਗ ਦੀਆਂ ਚਿੰਤਾਵਾਂ ਨੂੰ ਦੂਰ ਕਰਨ 'ਤੇ ਧਿਆਨ ਦੇਣਾ ਚਾਹੀਦਾ ਹੈ।

## ਐੱਸ ਜੀ ਪੀ ਸੀ ਚੋਣਾਂ : ਪ੍ਰਸ਼ਾਸਨ ਵੱਲੋਂ ਲਾਏ ਵਿਸ਼ੇਸ਼ ਕੈਂਪਾਂ 'ਚ 27890 ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ



**ਜਲੰਧਰ( ਸ਼ੈਲੀ ਐਲਬਰਟ)**:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ ਸਬੰਧੀ ਵੋਟਰ ਰਜਿਸਟ੍ਰੇਸ਼ਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 14 ਅਤੇ 17 ਜਨਵਰੀ ਨੂੰ ਜਲੰਧਰ ਦੇ ਹਰੇਕ ਗੁਰਦੁਆਰਾ ਸਾਹਿਬ ਵਿੱਚ ਲਗਾਏ ਗਏ ਵਿਸ਼ੇਸ਼ ਕੈਂਪਾਂ ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ ਵਿੱਚ 27890 ਯੋਗ ਵਿਅਕਤੀਆਂ ਵੱਲੋਂ ਨਵੇਂ ਵੋਟਰਾਂ ਵਜੋਂ ਰਜਿਸਟ੍ਰੇਸ਼ਨ ਕਰਵਾਈ ਗਈ।ਸ਼ੁੱਕਰਵਾਰ ਨੂੰ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਸਾਰੇ ਗੁਰਦੁਆਰਿਆਂ ਵਿੱਚ ਵਿਸ਼ੇਸ਼ ਕੈਂਪ ਲਗਾਏ ਗਏ ਸਨ, ਜਿੱਥੇ ਸਬੰਧਤ ਖੇਤਰ ਦੇ ਸਮੂਹ ਬੀ.ਐਲ.ਓਜ਼ ਅਤੇ ਪਟਵਾਰੀਆਂ ਵੱਲੋਂ ਮੌਜੂਦ ਰਹਿ ਕੇ ਰਜਿਸਟ੍ਰੇਸ਼ਨ ਫਾਰਮ ਪ੍ਰਾਪਤ ਕੀਤੇ ਗਏ। ਉਨ੍ਹਾਂ ਦੱਸਿਆ ਕਿ 14 ਜਨਵਰੀ ਨੂੰ 10205 ਅਤੇ 17 ਜਨਵਰੀ ਨੂੰ 17685 ਵੋਟਰ ਰਜਿਸਟ੍ਰੇਸ਼ਨ ਫਾਰਮ ਪ੍ਰਾਪਤ ਕੀਤੇ ਗਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਐਸ.ਜੀ.ਪੀ.ਸੀ. ਦੇ ਛੇ ਹਲਕੇ ਹਨ, ਜਿਨ੍ਹਾਂ ਵਿੱਚ ਫਿਲੌਰ, ਨਕੋਦਰ, ਸ਼ਾਹਕੋਟ, ਆਦਮਪੁਰ, ਜਲੰਧਰ ਸ਼ਹਿਰ ਅਤੇ ਕਰਤਾਰਪੁਰ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਰਜਿਸਟ੍ਰੇਸ਼ਨ ਵਿੱਚ ਵਾਧਾ ਕਰਨ ਲਈ ਪ੍ਰਸ਼ਾਸਨ ਵੱਲੋਂ 10 ਜਨਵਰੀ ਨੂੰ 15 ਦਿਨਾ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਸੀ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਯੋਗ ਵੋਟਰਾਂ ਦੀ ਸਹੂਲਤ ਲਈ ਹੋਰ ਕੈਂਪ ਲਗਾਏ ਜਾਣਗੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੀ.ਐਲ.ਓਜ਼ ਅਤੇ ਪਟਵਾਰੀਆਂ ਨੂੰ ਲੋੜੀਂਦੀ ਗਿਣਤੀ ਵਿੱਚ ਵੋਟਰ ਰਜਿਸਟ੍ਰੇਸ਼ਨ ਫਾਰਮ ਮੁਹੱਈਆ ਕਰਵਾਏ ਜਾ ਚੁੱਕੇ ਹਨ ਅਤੇ Jalandhar.nic.in. ਤੋਂ ਵੀ ਡਾਊਨਲੋਡ ਕੀਤੇ ਜਾ ਸਕਦੇ ਹਨ।ਉਨ੍ਹਾਂ ਸਮੂਹ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰਾਂ ਨੂੰ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਅਨਾਊਂਸਮੈਂਟ ਕਰਵਾਉਣ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ ਤਾਂ ਜੋ ਵੱਧ ਤੋਂ ਵੱਧ ਲੋਕ ਐਸ.ਜੀ.ਪੀ.ਸੀ.ਚੋਣਾਂ ਲਈ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਵਾ ਸਕਣ। ਉਨ੍ਹਾਂ ਲੋਕਾਂ ਨੂੰ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਵਾਉਣ ਲਈ ਜਾਗਰੂਕ ਕਰਨ ਲਈ ਸਿੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਤੋਂ ਵੀ ਸਹਿਯੋਗ ਦੀ ਮੰਗ ਕੀਤੀ।

## ਪੀ ਸੀ ਐੱਮ ਐੱਸ ਡੀ ਕਾਲਜ ਦੀ ਚਾਂਦਨੀ ਨੇ ਚੋਟੀ ਦਾ ਸਥਾਨ ਹਾਸਲ ਕੀਤਾ




**ਜਲੰਧਰ ( ਇਕਬਾਲ ਸਿੰਘ ਉੱਭੀ )** ਪੀ.ਸੀ.ਐਮ.ਐਸ.ਡੀ ਕਾਲਜ ਫ਼ਾਰ ਵੂਮੈਨ ਦੀ ਵਿਦਿਆਰਥਣ ਚਾਂਦਨੀ ਨੇ ਪੈਨਕੈਕ ਸਿਲੇਟ ਇੰਟਰ-ਕਾਲਜ ਚੈਂਪੀਅਨਸ਼ਿਪ 2023-24 ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਉਸ ਦੀਆਂ ਬੇਮਿਸਾਲ ਪ੍ਰਾਪਤੀਆਂ ਵਿੱਚ ਨਾ ਸਿਰਫ਼ ਇਹ ਜਿੱਤ ਸ਼ਾਮਲ ਹੈ ਬਲਕਿ ਆਲ-ਇੰਡੀਆ ਇੰਟਰ-ਯੂਨੀਵਰਸਿਟੀ ਪੈਨਕੈਕ ਸਿਲਾਟ ਵਿੱਚ ਇੱਕ ਪ੍ਰਸਿੱਧ ਸਥਾਨ ਪ੍ਰਾਪਤ ਕਰਨਾ ਵੀ ਸ਼ਾਮਲ ਹੈ। ਉਸਦੀ ਸਫਲਤਾ ਦਾ ਜਸ਼ਨ ਮਨਾਉਂਦੇ ਹੋਏ, ਪ੍ਰਧਾਨ ਨਰੇਸ਼ ਬੁਧੀਆ , ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ , ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰ ਅਤੇ ਪ੍ਰਿੰਸੀਪਲ ਪ੍ਰੋ. ਡਾ. ਪੂਜਾ ਪਰਾਸ਼ਰ ਨੇ ਚਾਂਦਨੀ ਨੂੰ ਅਤੇ ਵਿਭਾਗ ਦੇ ਸਮਰਪਿਤ ਫੈਕਲਟੀ ਮੈਂਬਰਾਂ ਨੂੰ ਦਿਲੋਂ ਵਧਾਈ ਦਿੱਤੀ। ਉਹਨਾਂ ਨੇ ਸਰੀਰਕ ਸਿੱਖਿਆ ਵਿਭਾਗ ਦੇ ਅਜਿਹੇ ਸ਼ਾਨਦਾਰ ਪ੍ਰਦਰਸ਼ਨਾਂ ਵਿੱਚ ਲਗਾਤਾਰ ਸਫਲਤਾ ਲਈ ਆਸ਼ਾਵਾਦ ਜ਼ਾਹਰ ਕੀਤਾ ਅਤੇ ਚਾਂਦਨੀ ਨੂੰ ਆਗਾਮੀ ਆਲ-ਇੰਡੀਆ ਇੰਟਰ-ਯੂਨੀਵਰਸਿਟੀ ਈਵੈਂਟ ਵਿੱਚ ਬਹੁਤ ਉਤਸ਼ਾਹ ਨਾਲ ਵਧੀਆ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕੀਤਾ।

## ਸੋਮਵਾਰ ਨੂੰ ਭਗਵਾਨ ਰਾਮ ਦੇ ਰੰਗ 'ਚ ਰੰਗਿਆ ਜਾਵੇਗਾ ਫਗਵਾੜਾ : ਅਨੀਤਾ ਸੋਮ ਪ੍ਰਕਾਸ਼

**ਫਗਵਾੜਾ ( ਡਾ. ਰਮਨ, ਢੱਡਾ )** ਅਯੋਧਿਆ ਸਥਿਤ ਭਗਵਾਨ ਰਾਮ ਦੀ ਜਨਮ ਭੂਮੀ 'ਤੇ ਬਣੇ ਵਿਸ਼ਾਲ ਮੰਦਿਰ 'ਚ 22 ਜਨਵਰੀ ਨੂੰ ਹੋਣ ਵਾਲੀ ਪ੍ਰਾਣ ਪ੍ਰਤਿਸ਼ਠਾ ਮੌਕੇ ਫਗਵਾੜਾ ਵਿਖੇ ਸ਼੍ਰੀ ਰਾਧਾ ਕ੍ਰਿਸ਼ਨ ਸੇਵਾ ਸਮਿਤੀ ਵੱਲੋਂ ਕੌਮੀ ਸੇਵਕ ਰਾਮ ਲੀਲਾ ਤਿਉਹਾਰ ਕਮੇਟੀ ਦੇ ਸਹਿਯੋਗ ਨਾਲ ਸਜਾਈ ਜਾ ਰਹੀ ਵਿਸ਼ਾਲ ਸ਼ੋਭਾ ਯਾਤਰਾ 'ਚ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ ਵੀ ਖਾਸ ਤੌਰ 'ਤੇ ਸ਼ਾਮਿਲ ਹੋਣਗੇ। ਇਹ ਜਾਣਕਾਰੀ ਉਹਨਾਂ ਦੀ ਧਰਮ ਪਤਨੀ ਅਤੇ ਸਮਾਜ ਸੇਵਿਕਾ ਸ਼੍ਰੀਮਤੀ ਅਨੀਤਾ ਸੋਮ ਪ੍ਰਕਾਸ਼ ਨੇ ਦਿੱਤੀ। ਉਹਨਾਂ ਸ਼ੋਭਾ ਨੂੰ ਲੈ ਕੇ ਵਿਸ਼ੇਸ਼ ਉਤਸ਼ਾਹ ਦਰਸਾਇਆ ਅਤੇ ਕਿਹਾ ਕਿ ਸੋਮਵਾਰ ਨੂੰ ਉਹ ਖੁਦ ਵੱਡੀ ਗਿਣਤੀ 'ਚ ਔਰਤਾਂ ਦੇ ਨਾਲ ਸ਼ੋਭਾ ਯਾਤਰਾ ਦਾ ਹਿੱਸਾ ਬਣਨਗੇ ਅਤੇ ਫਗਵਾੜਾ ਨੂੰ ਪੂਰੀ ਤਰ੍ਹਾਂ ਭਗਵਾਨ ਰਾਮ ਦੇ ਰੰਗ 'ਚ ਰੰਗਿਆ ਜਾਵੇਗਾ। ਉਹਨਾਂ ਸਮੂਹ ਫਗਵਾੜਾ ਵਾਸੀਆਂ ਨੂੰ ਪੁਰਜ਼ੋਰ ਅਪੀਲ ਵੀ ਕੀਤੀ ਕਿ 22 ਜਨਵਰੀ ਨੂੰ ਸਵੇਰੇ ਠੀਕ 11 ਵਜੇ ਮੌਨੀ ਬਾਬਾ ਮੰਦਿਰ ਪੁਰਾਣੀ ਦਾਨਾ ਮੰਡੀ ਪਹੁੰਚਣ ਅਤੇ ਵਿਸ਼ਾਲ ਸ਼ੋਭਾ ਯਾਤਰਾ ਦਾ ਵਿਚ ਸ਼ਾਮਲ ਹੋ ਕੇ ਭਗਵਾਨ ਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ। ਇਹ ਸ਼ੋਭਾ ਯਾਤਰਾ ਸੈਂਟਰਲ ਟਾਊਨ, ਗੁਰੂ ਹਰਗੋਬਿੰਦ ਨਗਰ, ਗੁੜ ਮੰਡੀ ਰੋਡ, ਗਾਂਧੀ ਚੌਕ, ਬਾਂਸਾਵਾਲਾ ਬਾਜ਼ਾਰ, ਗਊਸ਼ਾਲਾ ਬਾਜ਼ਾਰ, ਸਰਾਏ ਰੋਡ, ਬੰਗਾ ਰੋਡ ਤੋਂ ਹੁੰਦੀ ਹੋਈ ਅਖੀਰ ਸ਼੍ਰੀ ਹਨੂੰਮਾਨਗੜ੍ਹੀ ਮੰਦਿਰ ਜੀਟੀ ਰੋਡ ਫਗਵਾੜਾ ਵਿਖੇ ਪਹੁੰਚੇਗੀ। ਸ਼ੋਭਾ ਯਾਤਰਾ ਦੌਰਾਨ ਕੀਰਤਨ ਮੰਡਲੀਆਂ ਭਗਵਾਨ ਸ੍ਰੀ ਰਾਮ ਜੀ ਦੇ ਭਜਨਾਂ ਦਾ ਗੁਣਗਾਨ ਕਰਨਗੀਆਂ। ਭਗਵਾਨ ਰਾਮ ਦੇ ਜੀਵਨ 'ਤੇ ਆਧਾਰਿਤ ਸੁੰਦਰ ਝਾਕੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਹੋਣਗੀਆਂ। ਇਸ ਸ਼ੋਭਾ ਯਾਤਰਾ ਦਾ ਜਿੱਥੇ ਪੂਰੇ ਰਸਤੇ ਵਿੱਚ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਕਰਕੇ ਸ਼ਾਨਦਾਰ ਸਵਾਗਤ ਕੀਤਾ ਜਾਵੇਗਾ, ਉੱਥੇ ਹੀ ਸੰਗਤਾਂ ਦੀ ਸੇਵਾ ਲਈ ਵੱਖ-ਵੱਖ ਸੰਸਥਾਵਾਂ ਅਤੇ ਮਾਰਕੀਟ ਕਮੇਟੀਆਂ ਵੱਲੋਂ ਲੰਗਰ ਪ੍ਰਸ਼ਾਦ ਦੇ ਸਟਾਲ ਵੀ ਲਗਾਏ ਜਾਣਗੇ। ਸ਼ੋਭਾ ਯਾਤਰਾ ਦੀ ਸਮਾਪਤੀ ਸਮੇਂ ਸ਼੍ਰੀ ਹਨੂੰਮਾਨਗੜ੍ਹੀ ਮੰਦਿਰ ਵਿਖੇ ਲੰਗਰ ਦਾ ਖਾਸ ਪ੍ਰਬੰਧ ਕੀਤਾ ਜਾਵੇਗਾ।

## ਐੱਸ ਸੀ ਬੀ ਸੀ ਇੰਪਲਾਈਜ਼ ਫੈਡਰੇਸ਼ਨ ਜਥੇਬੰਦੀ ਵੱਲੋਂ ਨਵੇਂ ਸਾਲ ਦਾ ਕੈਲੰਡਰ ਜਾਰੀ



**ਹੁਸ਼ਿਆਰਪੁਰ (ਓ ਪੀ ਰਾਣਾ )** ਐਸਸੀ ਬੀਸੀ ਇੰਪਲਾਈਜ ਵੈਲਫੇਅਰ ਫੈਡਰੇਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਪਾਲ ਅਤੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਬੋਦਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜਥੇਬੰਦੀ ਦੀ ਜ਼ਿਲ੍ਹਾ ਹੁਸ਼ਿਆਰਪੁਰ ਇਕਾਈ ਦੁਆਰਾ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਧੁੱਗਾ ਦੀ ਅਗਵਾਈ ਵਿੱਚ ਜਥੇਬੰਦੀ ਦਾ 2024 ਦਾ ਕੈਲੰਡਰ ਜਾਰੀ ਕੀਤਾ ਗਿਆ। ਇਸ ਮੌਕੇ ਭਰਵੇਂ ਇਕੱਠ ਵਿੱਚ ਜਥੇਬੰਦੀ ਦੀਆਂ ਸੰਵਿਧਾਨਿਕ ਮੰਗਾਂ ਅਤੇ ਸਮਾਜ ਦੇ ਹੋਰ ਭੱਖਦੇ ਮਸਲਿਆਂ ਤੇ ਚਰਚਾ ਕੀਤੀ ਗਈ। ਜਥੇਬੰਦੀ ਦੁਆਰਾ 85ਵੀਂ ਸੋਧ ਨੂੰ ਲਾਗੂ ਕਰਨ ਅਤੇ 10-10-14 ਨੂੰ ਜਾਰੀ ਕੀਤੇ ਗੈਰ ਸੰਵਿਧਾਨਿਕ ਪੱਤਰ ਨੂੰ ਵਾਪਸ ਲੈਣ ਦੀ ਮੰਗ ਕੀਤੀ ਗਈ। ਜਥੇਬੰਦੀ ਦੀਆਂ ਸੰਵਿਧਾਨਿਕ ਮੰਗਾਂ ਜਦ ਤੱਕ ਮੰਨੀਆਂ ਨਹੀਂ ਜਾਂਦੀਆਂ ਤਦ ਤੱਕ ਲਗਾਤਾਰ ਸੰਘਰਸ਼ਸ਼ੀਲ ਰਹਿਣ ਦਾ ਅਹਿਦ ਕੀਤਾ ਗਿਆ। ਇਸ ਮੌਕੇ ਜਰਨੈਲ ਸਿੰਘ, ਸੁਰਜੀਤ ਰਾਜਾ, ਲੈਕਚਰਾਰ ਬਲਦੇਵ ਕੁਮਾਰ, ਲੈਕਚਰਾਰ ਲਖਵਿੰਦਰ ਰਾਮ, ਲੈਕਚਰਾਰ ਪੂਰਨ ਸਿੰਘ ,ਲੈਕਚਰਾਰ ਬਲਜੀਤ ਕੁਮਾਰ, ਲੈਕਚਰ ਲਖਵੀਰ ਸਿੰਘ, ਸੰਦੀਪ ਕੁਮਾਰ, ਪ੍ਰਿਤਪਾਲ ਸਿੰਘ ,ਬਲਵਿੰਦਰ ਧੂਤ ,ਤੇਜਾ ਪੰਡੋਰੀ , ਲੈਕਚਰਾਰ ਪਰਮਜੀਤ ਸਿੰਘ ,ਲੈਕਚਰਾਰ ਸੰਜੀਵ ਕੁਮਾਰ, ਗੁਰ ਕਿਰਨਜੀਤ ਸਿੰਘ ,ਗੁਲਜਾਰੀ ਲਾਲ , ਸ਼ਸ਼ੀ ਕੁਮਾਰ ,ਸੁਖਦੇਵ ਸਿੰਘ, ਸੁਰਜੀਤ ਸਿੰਘ, ਐਸ ਡੀ ਓ ਤਰਸੇਮ ਸਿੰਘ, ਕੁਲਦੀਪ ਕੁਮਾਰ, ਲੈਕਚਰਾਰ ਸੰਦੀਪ, ਯੋਧਾ ਮੱਲ, ਪਾਲ ਸਿੰਘ ,ਸੋਹਣ ਸਿੰਘ ,ਜਸਬੀਰ ਸਿੰਘ ਪ੍ਰਧਾਨ ਭੂੰਗਾ 1 ,ਗੁਰਮੁਖ ਸਿੰਘ ਡੱਫਰ ,ਜਸਪਾਲ ਸਿੰਘ ਭੂੰਗਾ 2 ,ਬਲਵੰਤ ਸਿੰਘ ,ਬਲਵਿੰਦਰ ਸਿੰਘ, ਕੁਲਵੰਤ ਟਾਂਡਾ, ਸੁਖਬੀਰ ਸਿੰਘ ,ਰਿੰਕੂ ਭਾਟੀਆ, ਲਖਵੀਰ ਲਮੀਨ, ਗੁਰਦਰਸ਼ਨ ਤਲਵਾੜਾ, ਪ੍ਰਵੀਨ ਕੁਮਾਰ, ਰਾਜੀਵ ਮਲਹੋਤਰਾ, ਲੈਕਚਰਾਰ ਬਲਜੀਤ ਸਿੰਘ ਤਹਿਸੀਲ ਪ੍ਰਧਾਨ ਦਸੂਹਾ, ਸੁਰਿੰਦਰ ਸਿੰਘ ਦਸੂਹਾ, ਜਗਦੀਪ ਰੋਮੀ ਦਸੂਹਾ 2,ਜਸਬੀਰ ਬੋਦਲ ,ਲਖਵਿੰਦਰ ਕੈਰੀ, ਕਸ਼ਮੀਰ ਸਿੰਘ ,ਦਲਜੀਤ ਪੱਸੀ ਕੰਢੀ ਆਦਿ ਹਾਜਰ ਸਨ।

# 'ਮੇਰਾ ਵੇਲਾ ਮੇਰੇ ਗੀਤ' ਗੀਤ ਸੰਗ੍ਰਹਿ ਲੋਕ ਅਰਪਣ




**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**— ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਵਿਹੜੇ ਟੀਮ ਰੂਹ ਇੰਟਰਨੈਸ਼ਨਲ ਦੇ ਸਹਿਯੋਗ ਨਾਲ ਮਿਤੀ 18.01.2024 ਨੂੰ ਜਰਨੈਲ ਹੁਸ਼ਿਆਰਪੁਰੀ ਦੇ ਗੀਤ ਸੰਗ੍ਰਹਿ 'ਮੇਰਾ ਵੇਲਾ ਮੇਰੇ ਗੀਤ' ਨੂੰ ਲੋਕ ਅਰਪਣ ਅਤੇ ਵਿਚਾਰ ਚਰਚਾ ਆਯੋਜਿਤ ਕੀਤੀ ਗਈ। ਸਮਾਗਮ ਦੇ ਆਰੰਭ ਵਿੱਚ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਸਮੂਹ ਪ੍ਰਧਾਨਗੀ ਮੰਡਲ, ਸਾਹਿਤਕਾਰਾਂ ਅਤੇ ਪਤਵੰਤੇ ਸੱਜਣਾਂ ਨੂੰ 'ਜੀ ਆਇਆਂ ਨੂੰ' ਕਿਹਾ ਗਿਆ। ਉਨ੍ਹਾਂ ਨੇ ਜਰਨੈਲ ਹੁਸ਼ਿਆਰਪੁਰੀ ਨੂੰ ਗੀਤ ਸੰਗ੍ਰਹਿ 'ਮੇਰਾ ਵੇਲਾ ਮੇਰੇ ਗੀਤ' ਲਈ ਮੁਬਾਰਕਬਾਦ ਦਿੰਦਿਆਂ ਗੀਤਾਂ ਦੇ ਸਾਹਿਤਕ ਅਤੇ ਇਤਿਹਾਸਕ ਮਹੱਤਵ ਬਾਰੇ ਵਿਸਥਾਰਤ ਰੌਸ਼ਨੀ ਪਾਈ। ਉਨ੍ਹਾਂ ਆਖਿਆ ਕਿ ਹਥਲੀ ਪੁਸਤਕ ਸਮੁੱਚੇ ਰੂਪ ਵਿਚ ਉਸਾਰੂ ਅਤੇ ਲੋਕ ਹਿੱਤਾਂ ਦੀ ਬਾਤ ਪਾਉਂਦੀ ਹੈ। ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਭਾਸ਼ਾ ਵਿਭਾਗ ਪੰਜਾਬ ਦੁਆਰਾ ਕੀਤੇ ਜਾ ਰਹੇ ਕੰਮਾਂ ਅਤੇ ਜ਼ਿਲ੍ਹਾ ਭਾਸ਼ਾ ਦਫ਼ਤਰ ਮੋਹਾਲੀ ਦੀਆਂ ਪ੍ਰਾਪਤੀਆਂ ਤੋਂ ਵੀ ਹਾਜ਼ਰੀਨ ਨੂੰ ਜਾਣੂ ਕਰਵਾਇਆ ਗਿਆ। ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਗੀਤ ਸੰਗ੍ਰਹਿ 'ਮੇਰਾ ਵੇਲਾ ਮੇਰੇ ਗੀਤ' ਨੂੰ ਲੋਕ ਅਰਪਣ ਕਰਨ ਉਪਰੰਤ ਵਿਚਾਰ ਚਰਚਾ ਦੀ ਪ੍ਰਧਾਨਗੀ ਕਰ ਰਹੇ ਸ਼੍ਰੀ ਜੇ.ਬੀ.ਗੋਇਲ ਵੱਲੋਂ ਆਖਿਆ ਗਿਆ ਕਿ ਇਹ ਪੁਸਤਕ ਜ਼ਿੰਦਗੀ ਦੀ ਊਰਜਾ ਨਾਲ ਭਰਪੂਰ ਹੈ। ਲੇਖਕ ਨੂੰ ਲੋਕ ਮਨਾਂ ਨੂੰ ਪੜ੍ਹਨ ਦੀ ਜਾਂਚ ਹੈ ਇਸੇ ਲਈ ਇਹ ਗੀਤ ਰੂਹ 'ਚੋਂ ਫੁੱਟਦੇ ਹਨ। ਮੁੱਖ ਮਹਿਮਾਨ ਸ਼੍ਰੀ ਜੇ.ਆਰ.ਕੁੰਡਲ ਵੱਲੋਂ ਆਖਿਆ ਗਿਆ ਕਿ ਸਾਹਿਤ ਉਹੀ ਜਿਉਂਦਾ ਹੈ ਜੋ ਸਮੇਂ ਦੇ ਸੱਚ ਨਾਲ ਜੁੜਿਆ ਹੋਵੇ ਅਤੇ ਸਰਬਕਾਲੀ ਹੋਵੇ।'ਮੇਰਾ ਵੇਲਾ ਮੇਰੇ ਗੀਤ' ਇਸੇ ਭਾਂਤ ਦੀ ਰਚਨਾ ਹੈ। ਵਿਸ਼ੇਸ਼ ਮਹਿਮਾਨ ਡਾ.ਦਵਿੰਦਰ ਦਮਨ ਅਨੁਸਾਰ ਹਥਲੀ ਪੁਸਤਕ ਵਿਚਲੇ ਸਰਲ ਦਿੱਖ ਵਾਲੇ ਗੀਤਾਂ ਦੇ ਪਿੱਛੇ ਬੜਾ ਵੱਡਾ ਸੱਭਿਆਚਾਰਕ ਕੈਨਵਸ ਫੈਲਿਆ ਹੋਇਆ ਹੈ। ਪਰਚਾ ਲੇਖਕ ਮਨਮੋਹਨ ਸਿੰਘ ਦਾਊਂ ਵੱਲੋਂ 'ਮੇਰਾ ਵੇਲਾ ਮੇਰੇ ਗੀਤ' ਲੋਕ-ਕਾਵਿ ਪਰੰਪਰਾ ਦਾ ਸੰਦਲੀ ਸ਼ਰਬਤੀ ਗਲਾਸ' ਵਿਸ਼ੇ 'ਤੇ ਪ੍ਰਭਾਵ ਪੂਰਨ ਪਰਚਾ ਪੜ੍ਹਦੇ ਹੋਏ ਕਿਹਾ ਕਿਜਰਨੈਲ ਹੁਸ਼ਿਆਰਪੁਰੀ ਕੋਲ ਪੰਜਾਬੀ ਸੱਭਿਆਚਾਰ ਦੇ ਸੰਦੂਕ ਦੀਆਂ ਚਾਬੀਆਂ ਹਨ, ਜਿਸ ਨੂੰ ਜਦੋਂ ਉਹ ਖੋਲ੍ਹਦਾ ਹੈ ਤਾਂ 'ਮੇਰਾ ਪਿੰਡ' ਪੁਸਤਕ ਚੇਤੇ ਕਰਵਾ ਦਿੰਦਾ ਹੈ। ਜਰਨੈਲ ਹੁਸ਼ਿਆਰਪੁਰੀ ਵੱਲੋਂ ਹਥਲੀ ਪੁਸਤਕ ਦੀ ਸਿਰਜਣਾ ਬਾਬਤ ਆਖਿਆ ਗਿਆ ਕਿ ਪੰਜਾਬ ਅਤੇ ਪੰਜਾਬੀਅਤ ਮੈਨੂੰ ਧੂਹ ਪਾਉਂਦੀ ਹੈ। ਇਸੇ ਭਾਵ 'ਚੋਂ ਉਪਜੇ ਵਲਵਲਿਆਂ ਨੂੰ ਮੈਂ ਗੀਤਾਂ ਦੇ ਰੂਪ ਵਿਚ ਕਲਮਬੱਧ ਕੀਤਾ ਹੈ। ਵਿਚਾਰ ਚਰਚਾ ਨੂੰ ਅੱਗੇ ਤੋਰਦਿਆਂ ਬਲਕਾਰ ਸਿੰਘ ਸਿੱਧੂ ਨੇ ਆਖਿਆ ਕਿ ਇਨ੍ਹਾਂ ਰਚਨਾਵਾਂ ਵਿਚ ਪ੍ਰਗੀਤਾਮਕਤਾ ਮੌਜੂਦ ਹੈ। ਨਾਲ ਹੀ ਇਸ ਪੁਸਤਕ ਵਿਚ ਥਾਂ-ਥਾਂ ਸਾਡੇ ਚੇਤਿਆਂ ਵਿੱਚੋਂ ਕਿਰ ਗਈ ਵਿਰਾਸਤੀ ਸ਼ਬਦਾਵਲੀ ਦੇ ਝਲਕਾਰੇ ਮਿਲਦੇ ਹਨ। ਡਾ. ਸਵੈਰਾਜ ਸਿੰਘ ਸੰਧੂ ਨੇ ਆਖਿਆ ਕਿ ਇਸ ਕਿਤਾਬ ਵਿਚ ਵਾਰਿਸ ਦੀ ਹੀਰ ਵਾਂਗ ਪੰਜਾਬੀ ਲੋਕ ਵਿਰਸਾ ਸਮਾਇਆ ਹੋਇਆ ਹੈ। ਇਨ੍ਹਾਂ ਗੀਤਾਂ ਵਿਚ ਲੋਕਗੀਤ ਬਣਨ ਦੀ ਸਮਰੱਥਾ ਹੈ। ਡਾ. ਦਿਲਬਾਗ ਸਿੰਘ ਨੇ ਆਖਿਆ ਕਿ 'ਮੇਰਾ ਵੇਲਾ ਮੇਰੇ ਗੀਤ' ਸਿਰਲੇਖ ਹੀ ਇਸ ਵਿਚਲੀਆਂ ਰਚਨਾਵਾਂ ਦੀ ਸਾਰਥਕਤਾ ਦਾ ਜਾਮਨ ਹੈ। ਸ਼੍ਰੀ ਨਵ ਵਰਿੰਦਰ ਸਿੰਘ ਵੱਲੋਂ ਲੇਖਕ ਨੂੰ ਪੁਸਤਕ ਦੀ ਮੁਬਾਰਕਬਾਦ ਦਿੰਦਿਆਂ ਸ੍ਰੋਤਿਆਂ ਨੂੰ ਅਜੋਕੀ ਤਕਨਾਲੋਜੀ ਦੇ ਸਮੇਂ ਵਿਚ ਪੁਸਤਕ ਨਾਲ ਜੁੜਨ ਦੀ ਅਪੀਲ ਕੀਤੀ ਗਈ। ਇਸ ਮੌਕੇ ਅਮਰ ਵਿਰਦੀ, ਕੁਲਬੀਰ ਸੈਣੀ, ਸ਼੍ਰੀਮਤੀ ਦੀਪਕ ਰਿਖੀ, ਐੱਸ.ਪੀ.ਦੁੱਗਲ, ਸੰਦੀਪ ਕੰਬੋਜ ਅਤੇ ਸ਼੍ਰੀ ਦੀਪਕ ਰਿਖੀ ਵੱਲੋਂ 'ਮੇਰਾ ਵੇਲਾ ਮੇਰੇ ਗੀਤ' ਪੁਸਤਕ ਵਿਚਲੇ ਗੀਤਾਂ ਨੂੰ ਆਪਣੀ ਖ਼ੂਬਸੂਰਤ ਅਤੇ ਬੁਲੰਦ ਅਵਾਜ਼ ਤੇ ਅੰਦਾਜ਼ ਵਿਚ ਪੇਸ਼ ਕੀਤਾ ਗਿਆ।

ਸਮੂਹ ਬੁਲਾਰਿਆਂ ਵੱਲੋਂ ਦਫ਼ਤਰ ਜ਼ਿਲ੍ਹਾ ਭਾਸ਼ਾ ਅਫਸਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੋਹਾਲੀ ਦੀ ਕਾਰਜ ਸ਼ੈਲੀ ਅਤੇ ਸੁਹਜਮਈ ਦਿੱਖ ਦੀ ਸ਼ਲਾਘਾ ਕਰਦਿਆਂ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਇੰਜ. ਐੱਸ.ਐੱਸ.ਕਾਲੜਾ, ਮਨਜੀਤ ਕੌਰ ਮੀਤ, ਅਮਰਾਓ ਸਿੰਘ ਯੂ.ਕੇ., ਅਮਰਜੀਤ ਸਿੰਘ, ਸਰਪੰਚ ਬੀ.ਕੇ.ਗੋਇਲ, ਦਰਸ਼ਨ ਸਿੰਘ, ਗੁਰਪ੍ਰੀਤ ਸਿੰਘ, ਰਣਜੀਤ ਸਿੰਘ ਮਾਨ, ਡਾ. ਮੇਘਾ ਸਿੰਘ, ਨਿਰਮਲ ਸਿੰਘ ਬਾਸੀ, ਨਰਿੰਦਰ ਪਾਲ ਸਿੰਘ, ਅਜਮੇਰ ਸਾਗਰ, ਗੁਰਮੀਤ ਸਿੰਗਲ, ਤੇਜਪਾਲ ਰਾਣਾ, ਸੁਖਪ੍ਰੀਤ ਕੌਰ, ਮਨਜੀਤ ਸਿੰਘ, ਜਪਨੀਤ ਕੌਰ ਵੱਲੋਂ ਵੀ ਸ਼ਿਰਕਤ ਕੀਤੀ ਗਈ।

ਸਮਾਗਮ ਦੇ ਅੰਤ ਵਿੱਚ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਹਾਲੀ ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਮੁੱਖ ਮਹਿਮਾਨਾਂ ਅਤੇ ਬੁਲਾਰਿਆਂ ਨੂੰ ਸਨਮਾਨ ਚਿੰਨ੍ਹ ਭੇਂਟ ਕੀਤੇ ਅਤੇ ਹੋਰ ਪਤਵੰਤੇ ਸੱਜਣਾਂ ਦਾ ਇਸ ਸਮਾਗਮ ਵਿੱਚ ਪਹੁੰਚਣ ਲਈ ਧੰਨਵਾਦ ਕੀਤਾ ਗਿਆ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਦਰਸ਼ਨ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਹਾਲੀ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ।